@Qpatrika @qaumipatrika punjabi instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Punjabi National Daily

Qaumi Patrika NO.1

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Tuesday, 4 June 2024

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਮੰਗਲਵਾਰ 4 ਜੂਨ 2024, 21 ਜੇਠ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 42, ਅੰਕ 195, qpatrika@gmail.com ਫੋਨ : 9971359517 www.qaumipatrika.org

## ਐਗਜਿਟ ਪੋਲ ਨੂੰ ਰਾਹੁਲ ਨੇ ਦੱਸਿਆ 'ਮੋਦੀ ਮੀਡੀਆ' ਪੋਲ, ਮੂਸ਼ੇਵਾਲਾ ਦੇ ਗੀਤ 295 ਨੂੰ ਲੈ ਕੇ ਕਹੀ ਇਹ ਗੱਲ

ਨਵੀਂ ਦਿੱਲੀ 3 ਜੂਨ। ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਐਗਜ?ਿਟ ਪੋਲ ਨੂੰ 'ਕਲਪਣਾ' ਕਰਾਰ ਦਿੰਦੇ ਹੋਏ ਕਿਹਾ ਕਿ ਇਸ ਪੋਲ 'ਚ ਸੱਚਾਈ ਨਹੀਂ ਹੈ ਅਤੇ ਇਹ 'ਮੋਦੀ ਮੀਡੀਆ' ਦਾ ਕਾਲਪਨਿਕ ਪੋਲ ਹੈ। ਕਾਂਗਰਸ ਨੇਤਾ ਨੇ ਕਿਹਾ ਕਿ ਇਹ ਐਗਜ?ਿਟ ਪੋਲ ਨਹੀਂ ਸਗੋਂ ਮੋਦੀ ਮੀਡੀਆ ਪੋਲ ਹੈ ਅਤੇ ਇਸ 'ਚ



ਕੋਈ ਸੱਚਾਈ ਨਹੀਂ ਹੈ। ਉਨ੍ਹਾਂ ਦਾ ਦਾਅਵਾ ਹੈ ਕਿ ਚਾਰ ਜੂਨ ਨੂੰ ਸਾਹਮਣੇ ਆ ਰਹੇ ਚੋਣ ਨਤੀਜੇ ਇੰਡੀਆ ਸਮੂਹ 295 ਸੀਟਾਂ ਜਿੱਤ ਰਿਹਾ ਹੈ। ਰਾਹੁਲ ਨੇ ਕਿਹਾ,"ਇਸ ਦਾ ਨਾਂ ਐਗਜ?ਿਟ ਪੋਲ ਨਹੀਂ ਮੋਦੀ ਮੀਡੀਆ ਪੋਲ ਹੈ। ਇਹ ਮੋਦੀ ਜੀ ਦਾ ਪੋਲ ਹੈ। ਇਹ ਅਟਕਲਾਂ ਹਨ। ਸਿੱਧੂ ਮੂਸੇਵਾਲਾ ਦਾ ਗੀਤ ਸੁਣਿਆ ਹੈ ਤੁਸੀਂ, 295, ਅਸੀਂ 295 ਸੀਟਾਂ ਜਿੱਤ ਰਹੇ ਹਾਂ।"

## ਤਾਜ ਐਕਸਪ੍ਰੈਸ ਨੂੰ ਲੱਗੀ ਭਿਆਨਕ ਅੱਗ, ਯਾਤਰੀਆਂ 'ਚ ਮਚੀ ਹਫੜਾ-ਦਫੜੀ

ਨਵੀਂ ਦਿੱਲੀ 3 ਜੂਨ। ਦੱਖਣੀ-ਪੂਰਬੀ ਦਿੱਲੀ ਦੇ ਸਰਿਤਾ ਵਿਹਾਰ ਇਲਾਕੇ ਵਿਚ ਸੋਮਵਾਰ ਨੂੰ ਤਾਜ ਐਕਸਪ੍ਰੈਸ ਦੇ ਚਾਰ ਡੱਬਿਆਂ ਨੂੰ ਅੱਗ ਲੱਗ ਗਈ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਦਿੱਲੀ ਫਾਇਰ ਸਰਵਿਸ (ਡੀਐਫਐਸ) ਦੇ ਇੱਕ



ਅਧਿਕਾਰੀ ਨੇ ਕਿਹਾ, "ਸਾਨੂੰ ਸਾਮ 4.24 ਵਜੇ ਤਾਜ ਐਕਸਪ੍ਰੈਸ ਦੇ ਚਾਰ ਡੱਬਿਆਂ ਵਿੱਚ ਅੱਗ ਲੱਗਣ ਦੀ ਸੂਚਨਾ ਮਿਲੀ। ਅਧਿਕਾਰੀ ਨੇ ਦੱਸਿਆ ਕਿ ਅੱਗ ਬੁਝਾਉਣ ਲਈ ਅੱਠ ਫਾਇਰ ਟੈਂਡਰ ਮੌਕੇ 'ਤੇ ਭੇਜੇ ਗਏ ਹਨ ਅਤੇ ਅੱਗ 'ਤੇ ਕਾਬੂ ਪਾਉਣ ਦੀ ਕੋਸ?ਿਸ ਕੀਤੀ ਜਾ ਰਹੀ ਹੈ। ਅਧਿਕਾਰੀਆਂ ਨੇ ਦੱਸਿਆ ਕਿ ਅਜੇ ਤੱਕ ਕਿਸੇ ਜਾਨੀ ਨੁਕਸਾਨ ਦੀ ਸੂਚਨਾ ਨਹੀਂ ਮਿਲੀ ਹੈ।

## ਨੈਸ਼ਨਲ ਹਾਈਵੇਅ 'ਤੇ ਸਫਰ ਹੋਇਆ ਮਹਿੰਗਾ, ਜਲੰਧਰ ਤੋਂ ਦਿੱਲੀ ਜਾਣ ਵਾਲਿਆਂ ਨੂੰ ਦੇਣਾ ਪਵੇਗਾ ਵਾਧੂ ਟੋਲ

ਫਿਲੌਰ, 3 ਜੂਨ। ਇਕ ਵਾਰ ਫਿਰ ਨੈਸ਼ਨਲ ਹਾਈਵੇਅ 'ਤੇ ਸਫਰ ਮਹਿੰਗਾ ਹੋਣ ਜਾ ਰਿਹਾ ਹੈ। ਜਲੰਧਰ ਤੋਂ ਦਿੱਲੀ ਅਤੇ ਦਿੱਲੀ ਤੋਂ ਜਲੰਧਰ ਸਫਰ ਕਰਨ ਵਾਲੇ ਲੋਕਾਂ 'ਤੇ ਟੋਲ ਟੈਕਸ ਦੀ ਗਾਜ ਡਿੱਗਣ ਜਾ ਰਹੀ ਹੈ। ਨੈਸ਼ਨਲ ਹਾਈਵੇਅ ਅਥਾਰਿਟੀ ਆਫ ਇੰਡੀਆ ਵੱਲੋਂ ਜਾਰੀ ਨਵੀਂ ਰੇਟ ਲਿਸਟ ਵਿਚ ਲਗਭਗ 5 ਫੀਸਦੀ ਦਾ ਵਾਧਾ ਕੀਤਾ ਗਿਆ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਲਾਡੋਵਾਲ ਟੋਲ ਪਲਾਜਾ ਦੇ ਮੈਨੇਜਰ ਨੇ ਦੱਸਿਆ ਕਿ ਨਵੇਂ ਰੇਟ ਲਿਸਟ ਵਿਚ ਮਾਮੂਲੀ ਵਾਧਾ ਕੀਤਾ ਗਿਆ ਹੈ ਅਤੇ ਅੱਜ ਤੋਂ ਨਵੀਂ ਰੇਟ ਲਿਸਟ ਦੇ ਹਿਸਾਬ ਨਾਲ ਟੋਲ ਕੱਟੇਗਾ। ਜਾਣਕਾਰੀ ਅਨੁਸਾਰ ਕਾਰ ਦੇ ਪੁਰਾਣੇ ਰੇਟ ਇਕ ਪਾਸੇ ਦਾ 215 ਰੁਪਏ, ਆਉਣ-ਜਾਣ ਦਾ 325 ਰੁਪਏ ਤੇ ਮਹੀਨਾਵਾਰ ਪਾਸ 7175 ਰੁਪਏ ਸੀ। ਨਵੇਂ ਰੇਟ ਵਿਚ ਇਕ ਪਾਸੇ ਦਾ 220 ਰੁਪਏ, ਆਉਣ-ਜਾਣ ਦਾ 330 ਰੁਪਏ ਅਤੇ ਮਹੀਨਾਵਾਰ ਪਾਸ 7360 ਰੁਪਏ ਦਾ ਹੋਵੇਗਾ। ਇਸੇ ਤਰ੍ਹਾਂ ਲਾਈਟ ਵ੍ਹੀਕਲ ਦੇ ਪੁਰਾਣੇ ਰੇਟ ਇਕ ਪਾਸੇ ਦਾ 350 ਰੁਪਏ, ਆਉਣ-ਜਾਣ ਦਾ 520 ਰੁਪਏ ਅਤੇ ਮਹੀਨਾਵਾਰ ਪਾਸ 11590 ਰੁਪਏ ਸੀ। ਨਵੇਂ ਰੇਟ ਵਿਚ ਇਕ ਪਾਸੇ ਦਾ 355 ਰੁਪਏ ਰੁਪਏ, ਆਉਣ-ਜਾਣ ਦਾ 535 ਰੁਪਏ ਅਤੇ ਮਹੀਨਾਵਾਰ ਪਾਸ 11885 ਰੁਪਏ ਦਾ ਹੋਵੇਗਾ। ਬੱਸ-ਟਰੱਕ ਦੇ ਐਕਸਲ ਦੇ ਪੁਰਾਣੇ ਰੇਟ ਇਕ ਪਾਸੇ ਦਾ 730 ਰੁਪਏ, ਆਉਣ-ਜਾਣ ਦਾ 1095 ਰੁਪਏ ਅਤੇ ਮਹੀਨਾਵਾਰ ਪਾਸ 24285 ਰੁਪਏ ਸੀ। ਨਵੇਂ ਰੇਟ ਵਿਚ ਇਕ ਪਾਸੇ ਦਾ 745 ਰੁਪਏ, ਆਉਣ-ਜਾਣ ਦਾ 1120 ਰੁਪਏ ਅਤੇ ਮਹੀਨਾਵਾਰ ਪਾਸ 24905 ਰੁਪਏ ਦਾ ਹੋਵੇਗਾ। ਤਿੰਨ ਐਕਸਲ ਵਾਹਨਾਂ ਦੇ ਪੁਰਾਣੇ ਰੇਟ ਇਕ ਪਾਸੇ ਦਾ 795 ਰੁਪਏ, ਆਉਣ-ਜਾਣ ਦਾ 1190 ਰੁਪਏ ਅਤੇ ਮਹੀਨਾਵਾਰ ਪਾਸ 26490 ਰੁਪਏ ਸੀ। ਨਵੇਂ ਰੇਟ ਵਿਚ ਇਕ ਪਾਸੇ ਦਾ 815 ਰੁਪਏ, ਆਉਣ-ਜਾਣ ਦਾ 1225 ਰੁਪਏ ਅਤੇ ਮਹੀਨਾਵਾਰ ਪਾਸ 27170 ਰੁਪਏ ਦਾ ਹੋਵੇਗਾ। ਹੈਵੀ ਕੰਸਟ੍ਰਕਸ਼ਨ ਮਸ਼ੀਨਰੀ ਫੋਰ ਐਕਸਲ ਵਾਹਨਾਂ ਦੇ ਪੁਰਾਣੇ ਰੇਟ ਇਕ ਪਾਸੇ ਦਾ 1140 ਰੁਪਏ, ਆਉਣ-ਜਾਣ ਦਾ 1715 ਰੁਪਏ ਤੇ ਮਹੀਨਾਵਾਰ ਪਾਸ 38085 ਰੁਪਏ ਸੀ।

# ਐਗਜਿਟ ਪੋਲ 'ਤੇ ਪਹਿਲੀ ਵਾਰ ਆਇਆ ਸੋਨੀਆ ਗਾਂਧੀ ਦਾ ਰਿਐਕਸ਼ਨ

ਸਿਮੀ ਕੌਰ ਬੱਬਰ

ਨਵੀਂ ਦਿੱਲੀ 3 ਜੂਨ। ਕਾਂਗਰਸ ਸੰਸਦੀ ਦਲ ਦੀ ਮੁਖੀ ਸੋਨੀਆ ਗਾਂਧੀ ਨੇ ਸੋਮਵਾਰ ਨੂੰ ਕਿਹਾ ਕਿ ਉਨ੍ਹਾਂ ਨੂੰ ਪੂਰੀ ਉਮੀਦ ਹੈ ਕਿ ਲੋਕ ਸਭਾ ਚੋਣਾਂ ਦੇ ਅਸਲ ਨਤੀਜੇ 'ਐਗਜ?ਿਟ ਪੋਲ' ਦੇ ਅਨੁਮਾਨ ਤੋਂ ਬਿਲਕੁੱਲ ਉਲਟ ਹੋਣਗੇ। ਸੋਨੀਆ ਨੇ ਕਿਹਾ,"ਸਾਨੂੰ ਉਡੀਕ ਕਰਨੀ ਹੋਵੇਗੀ। ਬਸ, ਇੰਤਜਾਰ ਕਰੋ ਅਤੇ ਦੇਖੋ।" ਉਨ੍ਹਾਂ ਕਿਹਾ,"ਸਾਨੂੰ ਪੂਰੀ ਉਮੀਦ ਹੈ ਕਿ ਐਗਜ?ਿਟ ਪੋਲ 'ਚ ਜੋ ਦਿਖਾਇਆ ਜਾ ਰਿਹਾ ਹੈ? ਨਤੀਜੇ ਉਸ ਦੇ ਬਿਲਕੁੱਲ ਉਲਟ ਹੋਣਗੇ।" ਜ?ਿਆਦਾਤਰ 'ਐਗਜ?ਿਟ ਪੋਲ' 'ਚ ਲੋਕ ਸਭਾ ਚੋਣਾਂ 'ਚ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਰਾਸ਼ਟਰੀ ਜਨਤਾਂਤਰਿਕ ਗਠਜੋੜ (ਰਾਜਗ) ਨੂੰ ਬੰਪਰ ਬਹੁਮਤ ਮਿਲਣ ਦੀ ਭਵਿੱਖਬਾਣੀ ਜਾਹਰ ਕੀਤੀ ਗਈ ਹੈ। 'ਇੰਡੀਆ ਟੀਵੀ-ਸੀ.ਐੱਨ.ਐੱਕਸ' ਐਗਜ?ਿਟ ਪੋਲ ਦੇ ਅਨੁਮਾਨਾਂ



ਅਨੁਸਾਰ, ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਾਲੀ ਰਾਸ਼ਟਰੀ ਜਨਤਾਂਤਰਿਕ ਗਠਜੋੜ (ਐੱਨ.ਡੀ.ਏ.) ਲੋਕ ਸਭਾ ਦੀਆਂ ਕੁੱਲ 543 ਲੋਕ ਸਭਾ ਸੀਟਾਂ 'ਚੋਂ 371-401 ਸੀਟਾਂ ਜਿੱਤ ਸਕਦੀ ਹੈ। ਇਕੱਲੇ ਭਾਜਪਾ ਨੂੰ 319 ਤੋਂ 339 ਸੀਟਾਂ ਮਿਲਣ ਦਾ ਅਨੁਮਾਨ ਹੈ। ਜੇਕਰ ਅਜਿਹਾ ਹੁੰਦਾ ਹੈ ਤਾਂ ਐੱਨ.ਡੀ.ਏ. ਸੰਸਦ 'ਚ ਲਗਭਗ ਤਿੰਨ-ਚੌਥਾਈ ਬਹੁਮਤ ਤੱਕ ਪਹੁੰਚ ਸਕਦੀ ਹੈ। 'ਇੰਡੀਆ ਟੀਵੀ-ਸੀ.ਐੱਨ.ਐੱਕਸ' ਐਗਜ?ਿਟ ਪੋਲ ਦੇ ਅਨੁਮਾਨਾਂ ਅਨੁਸਾਰ, ਲੋਕ ਸਭਾ ਚੋਣਾਂ 2024 ਦੇ ਨਤੀਜਿਆਂ 'ਚ ਵਿਰੋਧੀ ਗਠਜੋੜ 'ਇੰਡੀਆ' ਬਲਾਕ ਨੂੰ 109-139 ਸੀਟਾਂ ਮਿਲ ਸਕਦੀਆਂ ਹਨ, ਜਦੋਂ ਕਿ ਆਜਾਦ ਅਤੇ ਹੋਰ ਨੂੰ 28 ਤੋਂ 38 ਸੀਟਾਂ ਮਿਲ ਸਕਦੀਆਂ ਹਨ। ਵੋਟ ਸ਼ੇਅਰ ਦੀ ਗੱਲ ਕਰੀਏ ਤਾਂ ਐੱਨ.ਡੀ.ਏ. ਨੂੰ 46 ਫੀਸਦੀ ਅਤੇ 'ਇੰਡੀਆ' ਨੂੰ 40 ਫੀਸਦੀ ਵੋਟ ਮਿਲ ਸਕਦਾ ਹੈ। ਪਾਰਟੀ ਦੇ ਹਿਸਾਬ ਨਾਲ ਭਾਜਪਾ ਨੂੰ 41 ਫੀਸਦੀ, ਕਾਂਗਰਸ ਨੂੰ 21 ਫੀਸਦੀ ਅਤੇ ਹੋਰ ਨੂੰ 38 ਫੀਸਦੀ ਵੋਟ ਮਿਲ ਸਕਦਾ ਹੈ।

## ਹਰਿਆਣਾ 'ਚ 91 ਵੋਟਿੰਗ ਕੇਂਦਰਾਂ 'ਚ ਹੋਵੇਗੀ ਵੋਟਾਂ ਦੀ ਗਿਣਤੀ, ਤਿਆਰੀਆਂ ਮੁਕੰਮਲ

ਚੰਡੀਗੜ੍ਹ 3 ਜੂਨ। ਹਰਿਆਣਾ ਵਿਚ ਲੋਕ ਸਭਾ ਚੋਣਾਂ ਦੀਆਂ 10 ਸੀਟਾਂ ਅਤੇ ਕਰਨਾਲ ਵਿਧਾਨ ਸਭਾ ਸੀਟ 'ਤੇ ਜ?ਿਮਨੀ ਚੋਣ ਲਈ 25 ਮਈ ਨੂੰ ਪਈਆਂ ਵੋਟਾਂ ਦੀ ਗਿਣਤੀ ਮੰਗਲਵਾਰ ਸਵੇਰੇ 8 ਵਜੇ ਸ਼ੁਰੂ ਹੋਵੇਗੀ। ਇਸ ਲਈ ਪ੍ਰਦੇਸ਼ 'ਚ ਕੁੱਲ 92 ਵੋਟਿੰਗ ਕੇਂਦਰ ਬਣਾਏ ਗਏ ਹਨ। ਰਿਟਰਨਿੰਗ ਅਧਿਕਾਰੀ ਮੁਤਾਬਕ ਵੋਟਿੰਗ ਕੇਂਦਰਾਂ 'ਤੇ ਪੋਸਟਲ ਬੈਲਟ ਦੀ ਗਿਣਤੀ ਗਿਣਤੀ ਤੋਂ ਪਹਿਲਾਂ ਸ਼ੁਰੂ ਕੀਤੀ ਜਾਵੇਗੀ। ਮੁੱਖ ਚੋਣ ਅਧਿਕਾਰੀ ਅਨੁਰਾਗ ਅਗਰਵਾਲ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ। ਅਗਰਵਾਲ ਨੇ ਦੱਸਿਆ ਕਿ ਮੀਡੀਆ ਕਰਮੀਆਂ ਦੀ ਸਹੂਲਤ ਲਈ ਹਰੇਕ ਵੋਟਿੰਗ ਕੇਂਦਰ 'ਤੇ ਮੀਡੀਆ ਸੈਂਟਰ ਬਣਾਏ ਗਏ ਹਨ। ਇਸ ਤੋਂ ਇਲਾਵਾ ਮੁੱਖ ਚੋਣ ਅਧਿਕਾਰ ਦਫਤਰ, ਚੰਡੀਗੜ੍ਹ ਵਿਚ ਵੀ ਵੱਖ ਤੋਂ ਮੀਡੀਆ ਸੈਂਟਰ ਬਣਾਇਆ ਗਿਆ ਹੈ। ਹਰਿਆਣਾ ਵਿਚ ਵੋਟਿੰਗ ਫੀਸਦੀ 64.80 ਫੀਸਦੀ ਦਰਜ ਕੀਤੀ ਗਈ ਹੈ। ਅਗਰਵਾਲ ਨੇ ਦੱਸਿਆ ਕਿ ਵੋਟ ਦੀ ਗਿਣਤੀ ਦੀ ਪ੍ਰਕਿਰਿਆ ਨੂੰ ਸ਼ਾਂਤੀਪੂਰਨ ਸੰਪੰਨ ਕਰਾਉਣ ਲਈ ਸਾਰੀਆਂ ਜਰੂਰੀ ਤਿਆਰੀਆਂ ਪੂਰੀਆਂ ਕਰ ਲਈਆਂ ਗਈਆਂ ਹਨ। ਚੋਣ ਕਮਿਸ਼ਨ ਨੇ ਵੋਟਾਂ ਦੀ ਗਿਣਤੀ ਦੀ ਪ੍ਰਕਿਰਿਆ ਦੀ ਨਿਗਰਾਨੀ ਲਈ ਸਾਰੇ ਵੋਟਿੰਗ ਕੇਂਦਰਾਂ 'ਤੇ ਵੋਟਾਂ ਦੀ ਗਿਣਤੀ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਸ?ਿਕਾਇਤ ਲਈ ਟੋਲ ਫਰੀ ਨੰਬਰ 0172-1950, ਕੰਟਰੋਲ ਰੂਮ ਦੇ ਟੈਲੀਫੋਨ 0172-2701362 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਚੋਣ ਨਤੀਜਿਆਂ ਤੋਂ ਪਹਿਲਾਂ ਚੋਣ ਕਮਿਸ਼ਨਰ ਦੀ ਪ੍ਰੈੱਸ ਕਾਨਫਰੰਸ

ਏਜੰਸੀਆਂ

ਨਵੀਂ ਦਿੱਲੀ 3 ਜੂਨ। ਲੋਕ ਸਭਾ ਚੋਣਾਂ 2024 ਦੇ ਚੋਣ ਨਤੀਜੇ ਭਲਕੇ ਯਾਨੀ ਕਿ 4 ਜੂਨ ਨੂੰ ਆਉਣਗੇ। 7 ਪੜਾਵਾਂ 'ਚ ਲੋਕ ਸਭਾ ਚੋਣਾਂ ਲਈ ਵੋਟਿੰਗ ਹੋਈ। ਨਤੀਜਿਆਂ ਤੋਂ ਪਹਿਲਾਂ ਚੋਣ ਕਮਿਸ਼ਨ ਨੇ ਅੱਜ ਯਾਨੀ ਕਿ ਸੋਮਵਾਰ ਦਿੱਲੀ ਵਿਖੇ ਪ੍ਰੈੱਸ ਕਾਨਫਰੰਸ ਕੀਤੀ। 7 ਪੜਾਅ ਦੀ ਚੋਣ ਪ੍ਰਕਿਰਿਆ ਬਾਰੇ ਗੱਲ ਕਰਦਿਆਂ ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਕਿਹਾ ਕਿ ਭਾਰਤ ਦੀਆਂ ਚੋਣਾਂ ਇਤਿਹਾਸਕ ਰਹੀਆਂ। 64 ਕਰੋੜ ਤੋਂ ਵੱਧ ਵੋਟਰਾਂ ਨੇ ਵੋਟਾਂ ਪਾਈਆਂ। ਔਰਤਾਂ ਨੇ ਵੱਧ-ਚੜ੍ਹ ਕੇ ਵੋਟਿੰਗ 'ਚ ਹਿੱਸਾ ਲਿਆ। 31 ਕਰੋੜ ਤੋਂ ਵੱਧ ਮਹਿਲਾ ਵੋਟਰਾਂ ਨੇ ਵੋਟ ਪਾਈ। ਅਸੀਂ ਵੋਟਿੰਗ ਦੌਰਾਨ ਵਿਸ਼ਵ ਰਿਕਾਰਡ ਬਣਾਇਆ। ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਕਿਹਾ ਕਿ ਸਾਰੇ ਵੋਟਰਾਂ ਨੂੰ ਸਲਾਮ ਹੈ। 85 ਤੋਂ ਉੱਪਰ ਦੇ ਵੋਟਰਾਂ ਨੇ ਰਿਕਾਰਡ ਵੋਟਿੰਗ ਕੀਤੀ। ਸੋਸਲ ਮੀਡੀਆ 'ਤੇ ਕੁਝ ਲੋਕਾਂ ਵੱਲੋਂ ਚੋਣ ਕਮਿਸਨਰਾਂ ਨੂੰ 'ਗੁੰਮਸੁਦਾ ਸੱਜਣ' ਦਾ ਨਾਂ ਦਿੱਤੇ ਜਾਣ ਬਾਰੇ ਮੁੱਖ ਚੋਣ ਕਮਿਸਨਰ ਨੇ ਕਿਹਾ, "ਅਸੀਂ ਹਮੇਸਾ ਇੱਥੇ ਸੀ, ਕਦੇ ਗੁੰਮ ਨਹੀਂ ਹੋਏ।" ਚੋਣ ਕਮਿਸ਼ਨਰ ਮੁਤਾਬਕ ਦੁਨੀਆ ਦੀ ਸਭ ਤੋਂ ਵੱਡੀ ਵੋਟਿੰਗ ਪ੍ਰਕਿਰਿਆ 'ਚ 68,000





ਤੋਂ ਵੱਧ ਨਿਗਰਾਨੀ ਦਲ, ਡੇਢ ਕਰੋੜ ਤੋਂ ਵੱਧ ਵੋਟਰ ਅਤੇ ਸੁਰੱਖਿਆ ਕਰਮੀ ਸ਼ਾਮਲ ਰਹੇ। ਉਨ੍ਹਾਂ ਕਿਹਾ ਕਿ ਲੋਕ ਸਭਾ ਚੋਣਾਂ 2024 ਲਈ ਕਰੀਬ 4 ਲੱਖ ਵਾਹਨਾਂ, 135 ਵਿਸ਼ੇਸ਼ ਟਰੇਨਾਂ ਅਤੇ 1,692 ਫਲਾਈਟਾਂ ਦਾ ਇਸਤੇਮਾਲ ਕੀਤਾ ਗਿਆ। ਭਾਰਤੀ ਚੋਣਾਂ ਦੀ ਸਫਲਤਾ ਦਾ ਵਿਸਥਾਰ ਨਾਲ ਜ?ਿਕਰ ਕਰਦਿਆਂ ਚੋਣ ਕਮਿਸ਼ਨਰ ਨੇ ਸਾਰਿਆਂ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਕਿਹਾ ਕਿ ਵੱਡੇ ਬਰੈਂਡ ਤੋਂ ਲੈ ਕੇ ਸਟਾਰਟਅੱਪ ਤੱਕ ਸਾਰਿਆਂ ਨੇ ਯੋਗਦਾਨ ਪਾਇਆ। ਵੋਟਿੰਗ ਕਰਮੀਆਂ ਦੇ ਸਾਹਮਣੇ ਆਉਣ ਵਾਲੀਆਂ ਮੁਸ਼ਕਲਾਂ ਦਾ ਜ?ਿਕਰ ਕਰਦਿਆਂ ਮੁੱਖ ਚੋਣ ਕਮਿਸ਼ਨਰ ਨੇ ਪ੍ਰੈੱਸ ਕਾਨਫਰੰਸ ਦੌਰਾਨ ਇਕ ਵੀਡੀਓ ਵੀ ਵਿਖਾਈ। ਫਿਰ ਉਨ੍ਹਾਂ ਨੇ ਕਿਹਾ ਕਿ ਵੋਟਿੰਗ ਕਰਮੀ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰ ਕੇ ਵੋਟ ਕਰਾਉਣ ਜਾਂਦੇ ਹਨ। ਜਦੋਂ ਉਨ੍ਹਾਂ ਦੀ ਵਫਾਦਾਰੀ 'ਤੇ ਸਵਾਲ ਚੁੱਕੇ ਜਾਂਦੇ ਹਨ, ਤਾਂ ਸੋਚੋ ਉਨ੍ਹਾਂ ਦੇ ਦਿਲ 'ਤੇ ਕੀ ਬੀਤਦੀ ਹੋਵੇਗੀ। ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਕਿਹਾ ਕਿ ਇਸ ਵਾਰ ਦੀਆਂ ਲੋਕ ਸਭਾ ਚੋਣਾਂ 'ਚ ਜੰਮੂ-ਕਸ਼ਮੀਰ ਵਿਚ ਵੋਟ ਫੀਸਦੀ ਪਿਛਲੇ 4 ਦਹਾਕਿਆਂ ਵਿਚ ਸਭ ਤੋਂ ਵੱਧ ਹੈ। ਘਾਟੀ ਵਿਚ 58 ਫੀਸਦੀ ਅਤੇ ਜੰਮੂ 'ਚ 51 ਫੀਸਦੀ ਵੋਟਿੰਗ ਹੋਈ।

## ਕਤਲ ਕੇਸ 'ਚ ਅਰੁਣ ਗਵਲੀ ਦੀ ਸਮੇਂ ਤੋਂ ਪਹਿਲਾਂ ਰਿਹਾਈ 'ਤੇ ਸੁਪਰੀਮ ਕੋਰਟ ਨੇ ਲਗਾਈ ਰੋਕ

ਨਵੀਂ ਦਿੱਲੀ 3 ਜੂਨ। ਸੁਪਰੀਮ ਕੋਰਟ ਨੇ ਸੋਮਵਾਰ ਕਤਲ ਕੇਸ 'ਚ ਉਮਰ ਕੈਦ ਦੀ ਸਜਾ ਕੱਟ ਰਹੇ ਗੈਂਗਸਟਰ ਅਰੁਣ ਗਵਲੀ ਦੀ ਸਮੇਂ ਤੋਂ ਪਹਿਲਾਂ ਰਿਹਾਈ 'ਤੇ ਅਗਲੇ ਹੁਕਮਾਂ ਤੱਕ ਰੋਕ ਲਾ ਦਿੱਤੀ ਹੈ। ਜਸਟਿਸ ਅਰਵਿੰਦ ਕੁਮਾਰ ਤੇ ਸੰਦੀਪ ਮਹਿਤਾ ਦੇ ਵੋਕੇਸ਼ਨਲ ਬੈਂਚ ਨੇ ਬੰਬੇ ਹਾਈ ਕੋਰਟ ਦੇ ਨਾਗਪੁਰ ਬੈਂਚ ਦੇ 5 ਅਪ੍ਰੈਲ ਦੇ ਉਸ ਹੁਕਮ ਨੂੰ ਲਾਗੂ ਕਰਨ 'ਤੇ ਰੋਕ ਲਾ ਦਿੱਤੀ ਸੀ, ਜਿਸ ਨੇ ਸੂਬੇ ਦੇ ਅਧਿਕਾਰੀਆਂ ਨੂੰ 2006 ਦੀ ਮੁਆਫੀ ਨੀਤੀ ਅਧੀਨ ਗਵਲੀ ਦੀ ਸਮੇਂ ਤੋਂ ਪਹਿਲਾਂ ਰਿਹਾਈ ਦੀ ਅਰਜੀ 'ਤੇ ਵਿਚਾਰ ਕਰਨ ਦਾ ਹੁਕਮ ਦਿੱਤਾ ਸੀ। ਮਹਾਰਾਸਟਰ ਸਰਕਾਰ ਵੱਲੋਂ ਪੇਸ ਹੋਏ ਸੀਨੀਅਰ ਵਕੀਲ ਰਾਜਾ ਠਾਕਰੇ ਨੇ ਅਦਾਲਤ ਨੂੰ ਹਾਈ ਕੋਰਟ ਦੇ 5 ਅਪ੍ਰੈਲ ਦੇ ਹੁਕਮ 'ਤੇ ਰੋਕ ਲਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਗਵਲੀ ਸੂਬੇ ਦੀ 2006 ਦੀ ਛੋਟ ਦੀ ਨੀਤੀ ਅਧੀਨ ਲਾਭ ਮੰਗ ਰਿਹਾ ਹੈ ਜੋ ਕਤਲ ਦੇ ਇਕ ਕੇਸ 'ਚ ਉਮਰ



ਕੈਦ ਦੀ ਸਜਾ ਕਟ ਰਿਹਾ ਹੈ। ਹਾਈ ਕੋਰਟ ਦੀ ਨਾਗਪੁਰ ਬੈਂਚ ਨੇ ਗਵਲੀ ਦੀ ਉਸ ਪਟੀਸਨ ਨੂੰ ਪ੍ਰਵਾਨ ਕਰ ਲਿਆ ਸੀ, ਜਿਸ 'ਚ ਉਸ ਨੇ 10 ਜਨਵਰੀ, 2006 ਦੀ ਮੁਆਫੀ ਨੀਤੀ ਦੇ ਆਧਾਰ 'ਤੇ ਸੂਬਾ ਸਰਕਾਰ ਨੂੰ ਸਮੇਂ ਤੋਂ ਪਹਿਲਾਂ ਰਿਹਾਈ ਲਈ ਨਿਰਦੇਸ ਦੇਣ ਦੀ ਮੰਗ ਕੀਤੀ ਸੀ। ਇਹ 31 ਅਗਸਤ, 2012 ਨੂੰ ਦੋਸ਼ ਸਿੱਧੀ ਤੱਕ ਲਾਗੂ ਸੀ।

## ਬੈਂਗਲੁਰੂ ਨੇ ਤੋੜਿਆ ਜੂਨ 'ਚ ਇੱਕ ਦਿਨ ਵਿਚ ਸਭ ਤੋਂ ਵੱਧ ਮੀਂਹ ਦਾ 133 ਸਾਲ ਦਾ ਰਿਕਾਰਡ

ਬੈਂਗਲੁਰੂ 3 ਜੂਨ। ਬੈਂਗਲੁਰੂ 'ਚ ਐਤਵਾਰ ਨੂੰ ਰਿਕਾਰਡ ਬਾਰਿਸ ਹੋਈ ਅਤੇ ਸਹਿਰ ਨੇ ਜੂਨ 'ਚ ਇਕ ਦਿਨ 'ਚ ਸਭ ਤੋਂ ਜ?ਿਆਦਾ ਬਾਰਿਸ ਦਾ 133 ਸਾਲ ਪੁਰਾਣਾ ਰਿਕਾਰਡ ਤੋੜ ਦਿੱਤਾ। ਕਰਨਾਟਕ ਦੀ ਰਾਜਧਾਨੀ ਵਿਚ 2 ਜੂਨ ਨੂੰ 111.1 ਮਿਲੀਮੀਟਰ ਬਾਰਿਸ ਦਰਜ ਕੀਤੀ ਗਈ, ਜੋ ਕਿ ਚੱਲ ਰਹੇ ਤੂਫਾਨ ਕਾਰਨ ਕਰਨਾਟਕ ਵਿੱਚ ਦੱਖਣ-ਪੱਛਮੀ ਮਾਨਸੂਨ ਦੀ ਸੁਰੂਆਤ ਦੇ ਨਾਲ ਮੇਲ ਖਾਂਦਾ ਹੈ। 16 ਜੂਨ 1891 ਨੂੰ ਸਹਿਰ ਵਿੱਚ 101.6 ਮਿਲੀਮੀਟਰ ਵਰਖਾ ਹੋਈ ਸੀ। ਮੌਸਮ ਵਿਭਾਗ ਨੇ 3 ਤੋਂ 5 ਜੂਨ ਤੱਕ ਬੱਦਲ ਛਾਏ ਰਹਿਣ ਅਤੇ ਰੁਕ-ਰੁਕ ਕੇ ਮੀਂਹ ਜਾਂ ਗਰਜ ਨਾਲ ਮੀਂਹ ਪੈਣ ਦੀ ਭਵਿੱਖਬਾਣੀ ਕਰਦੇ ਹੋਏ ਯੈਲੋ ਅਲਰਟ ਜਾਰੀ ਕੀਤਾ ਹੈ। ਇਸ ਸਮੇਂ ਦੌਰਾਨ, ਤਾਪਮਾਨ ਵੱਧ ਤੋਂ ਵੱਧ 31-32 ਡਿਗਰੀ ਸੈਲਸੀਅਸ ਤੋਂ ਲੈ ਕੇ ਘੱਟੋ-ਘੱਟ 20-21 ਡਿਗਰੀ ਸੈਲਸੀਅਸ ਤੱਕ ਰਹਿਣ ਦੀ ਸੰਭਾਵਨਾ ਹੈ। ਇਹ ਇੱਕ ਵਿਕਾਸਸੀਲ ਕਹਾਣੀ ਹੈ।

## ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਨੇ ਪ੍ਰਧਾਨ ਮੰਤਰੀ ਮੋਦੀ ਨਾਲ ਕੀਤੀ ਮੁਲਾਕਾਤ

ਨਵਦੀਪ ਸਿੰਘ ਸਾਹਨੀ

ਨਵੀਂ ਦਿੱਲੀ 3 ਜੂਨ। ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਨੇ ਲੋਕ ਸਭਾ ਚੋਣਾਂ ਦੇ ਨਤੀਜੇ ਆਉਣ ਤੋਂ ਇਕ ਦਿਨ ਪਹਿਲੇ ਸੋਮਵਾਰ ਨੂੰ ਇੱਥੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕੀਤੀ। ਇਸ ਮੁਲਾਕਾਤ ਦੌਰਾਨ ਦੋਵੇਂ ਸੀਨੀਅਰ ਨੇਤਾਵਾਂ ਵਿਚਾਲੇ ਕੀ ਗੱਲ ਹੋਈ, ਇਸ ਬਾਰੇ ਅਧਿਕਾਰਤ ਰੂਪ ਨਾਲ ਕੋਈ ਜਾਣਕਾਰੀ ਨਹੀਂ ਦਿੱਤੀ ਗਈ ਹੈ। ਨਿਤੀਸ਼ ਕੁਮਾਰ ਦੀ ਅਗਵਾਈ ਵਾਲਾ ਜਨਤਾ ਦਲ (ਯੂਨਾਈਟੇਡ), ਰਾਸ਼ਟਰੀ ਜਨਤਾਂਤਰਿਕ ਗਠਜੋੜ (ਰਾਜਗ) ਦਾ ਹਿੱਸਾ ਹੈ। ਮੰਨਿਆ ਜਾ ਰਿਹਾ ਹੈ ਕਿ ਬਿਹਾਰ 'ਚ ਜਨਤਾ ਦਲ (ਯੂ) ਦੀ ਲੋਕਪ੍ਰਿਯਤਾ 'ਚ ਹਾਲ ਦੇ ਸਾਲਾਂ 'ਚ ਕੁਝ ਗਿਰਾਵਟ ਆਈ ਹੈ। ਇਸ ਦੇ ਬਾਵਜੂਦ ਕੁਮਾਰ ਦੀ ਅਗਵਾਈ ਵਾਲੀ ਇਹ ਪਾਰਟੀ ਇਕ ਮੁੱਖ ਰਾਜਨੀਤਕ ਤਾਕਤ ਹੈ। ਲੋਕ ਸਭਾ ਚੋਣਾਂ 'ਚ ਇਸ ਵਾਰ ਬਿਹਾਰ 'ਚ



ਰਾਜਗ ਨੇ ਇਕੱਠੇ ਚੋਣਾਂ ਲੜੀਆਂ ਹਨ। ਇਸ ਗਠਜੋੜ 'ਚ ਭਾਜਪਾ ਅਤੇ ਜਨਤਾ ਦਲ (ਯੂ) ਤੋਂ ਇਲਾਵਾ ਚਿਰਾਗ ਪਾਸਵਾਨ ਅਤੇ ਪਸ਼ੂਪਤੀ ਪਾਰਸ ਦੀ ਅਗਵਾਈ ਵਾਲੀ ਲੋਕ ਜਨਸ਼ਕਤੀ ਪਾਰਟੀ (ਲੋਜਪਾ), ਸਾਬਕਾ ਮੁੱਖ ਮੰਤਰੀ ਜੀਤਨ ਰਾਮ ਮਾਂਝੀ ਦੀ ਅਗਵਾਈ ਵਾਲੀ ਹਿੰਦੁਸਤਾਨੀ ਆਵਾਮ ਮੋਰਚਾ (ਹਮ) ਅਤੇ ਸਾਬਕਾ ਕੇਂਦਰੀ ਮੰਤਰੀ ਉਪੇਂਦਰ ਕੁਸ਼ਵਾਹਾ ਦੀ ਅਗਵਾਈ ਵਾਲਾ ਰਾਸ਼ਟਰੀ ਲੋਕ ਮੋਰਚਾ ਸ਼ਾਮਲ ਹਨ। ਉੱਥੇ ਹੀ ਵਿਰੋਧੀ ਗਠਜੋੜ ਦੀ ਅਗਵਾਈ ਪ੍ਰਦੇਸ਼ 'ਚ ਰਾਸ਼ਟਰੀ ਜਨਤਾ ਦਲ ਕਰ ਰਿਹਾ ਹੈ। ਇਸ 'ਚ ਕਾਂਗਰਸ ਅਤੇ ਖੱਬੇਪੱਖੀ ਪਾਰਟੀਆਂ ਸ਼ਾਮਲ ਹਨ। ਨਿਤੀਸ਼ ਕੁਮਾਰ ਸਾਲ 2005 ਤੋਂ ਹੀ ਬਿਹਾਰ ਦੀ ਕਮਾਨ ਸੰਭਾਲਦੇ ਰਹੇ ਹਨ। ਬਿਹਾਰ ਵਿਧਾਨ ਸਭਾ 'ਚ ਅੰਕੜਿਆਂ ਦੇ ਲਿਹਾਜ ਨਾਲ ਰਾਜਦ ਅਤੇ ਭਾਜਪਾ ਤੋਂ ਬਾਅਦ ਉਨ੍ਹਾਂ ਦੀ ਪਾਰਟੀ ਤੀਜੇ ਸਥਾਨ 'ਤੇ ਹੈ।

## ਭਲਕੇ ਹੋਣ ਵਾਲੀ ਵੋਟਾਂ ਦੀ ਗਿਣਤੀ ਤੋਂ ਪਹਿਲਾਂ ਕਸ਼ਮੀਰ 'ਚ ਸੁਰੱਖਿਆ ਦੇ ਸਖਤ ਇੰਤਜਾਮ

ਸ਼੍ਰੀਨਗਰ 3 ਜੂਨ। ਕਸ਼ਮੀਰ ਦੇ ਤਿੰਨ ਲੋਕ ਸਭਾ ਸੀਟਾਂ 'ਤੇ ਵੋਟਾਂ ਦੀ ਗਿਣਤੀ ਲਈ ਸੁਰੱਖਿਆ ਦੇ ਸਖਤ ਇੰਤਜਾਮ ਕੀਤੇ ਗਏ ਹਨ ਅਤੇ ਘਾਟੀ 'ਚ ਮੁੱਖ ਥਾਵਾਂ 'ਤੇ ਐਡੀਸ਼ਨਲ ਸੁਰੱਖਿਆ ਕਰਮੀਆਂ ਨੂੰ ਤਾਇਨਾਤ ਕੀਤਾ ਗਿਆ ਹੈ। ਵੋਟਾਂ ਦੀ ਗਿਣਤੀ ਮੰਗਲਵਾਰ ਨੂੰ ਹੋਵੇਗੀ। ਅਧਿਕਾਰੀਆਂ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਸ਼੍ਰੀਨਗਰ, ਬਾਰਾਮੂਲਾ ਅਤੇ ਅਨੰਤਨਾਗ ਚ ਵੋਟਿੰਗ ਕੇਂਦਰਾਂ ਦੇ ਨੇੜੇ-ਤੇੜੇ ਤਿੰਨ ਪੱਧਰੀ ਸੁਰੱਖਿਆ ਵਿਵਸਥਾ ਕੀਤੀ ਗਈ ਹੈ ਤਾਂ ਕਿ ਇਹ ਯਕੀਨੀ ਕੀਤਾ ਜਾ ਸਕੇ ਕਿ ਕੋਈ ਵਿਅਕਤੀ ਕੰਪਲੈਕਸ 'ਚ ਪ੍ਰਵੇਸ਼ ਨਾ ਕਰ ਸਕੇ। ਸੰਬੰਧਤ ਚੋਣ ਖੇਤਰਾਂ 'ਚ ਵੋਟਿੰਗ ਸਮਾਪਤੀ ਦੇ ਬਾਅਦ ਤੋਂ ਹੀ ਉਨ੍ਹਾਂ ਸਟਰਾਂਗ ਰੂਮ ਦੇ ਨੇੜੇ-ਤੇੜੇ ਸਖਤ ਨਿਗਰਾਨੀ ਰੱਖੀ ਜਾ ਰਹੀ ਹੈ, ਜਿੱਥੇ ਇਲੈਕਟ੍ਰਾਨਿਕ ਵੋਟਿੰਗ ਮਸ਼ੀਨ (ਈ.ਵੀ.ਐੱਮ.) ਰੱਖੀ ਗਈ ਹੈ। ਕੇਂਦਰ ਸ਼ਾਸਿਤ ਪ੍ਰਦੇਸ਼ ਜੰਮੂ ਅਤੇ ਕਸ਼ਮੀਰ ਦੀ 5 ਸੰਸਦੀ ਸੀਟਾਂ ਲਈ ਵੋਟਿੰਗ 19 ਅਪ੍ਰੈਲ ਤੋਂ 25 ਮਈ ਵਿਚਾਲੇ 5 ਪੜਾਵਾਂ 'ਚ ਹੋਈਆਂ ਸਨ। ਵੋਟਾਂ ਦੀ ਗਿਣਤੀ ਤੋਂ ਪਹਿਲੇ ਚੋਣ ਖੇਤਰਾਂ ਦੇ ਰਿਟਰਨਿੰਗ ਅਧਿਕਾਰੀਆਂ ਨੇ ਚੋਣ ਲੜਨ ਵਾਲੇ ਉਮੀਦਵਾਰਾਂ, ਚੋਣ ਏਜੰਟਾਂ ਅਤੇ ਰਾਜਨੀਤਕ ਦਲਾਂ ਦੇ ਪ੍ਰਤੀਨਿਧੀਆਂ ਨਾਲ ਬੈਠਕਾਂ ਕੀਤੀਆਂ ਹਨ।

# ਕੀ ਮਮਤਾ ਤੇ ਪਟਨਾਇਕ ਬੰਗਾਲ ਤੇ ਓਡਿਸ਼ਾ 'ਚ ਭਾਜਪਾ ਨੂੰ ਰੋਕ ਸਕਣਗੇ !

ਤੇਜਿੰਦਰ ਕੌਰ ਬੱਬਰ

ਨੈਸ਼ਨਲ ਡੈਸਕ 3 ਜੂਨ। ਮਮਤਾ ਬੈਨਰਜੀ ਦੇ ਤੇਵਰ ਤੇ ਉਨ੍ਹਾਂ ਦੀ ਰਣਨੀਤੀ ਵੇਖ ਕੇ ਤਾਂ ਲੱਗਾ ਸੀ ਕਿ ਉਹ ਲੋਕ ਸਭਾ ਚੋਣਾਂ ਵਿਚ ਵੀ ਵਿਧਾਨ ਸਭਾ ਚੋਣਾਂ ਵਰਗਾ ਕਮਾਲ ਦਿਖਾਉਣ ਦਾ ਇੰਤਜਾਮ ਕਰ ਚੁੱਕੀ ਹੈ ਪਰ ਇਹ ਕੀ, ਉਨ੍ਹਾਂ ਲਈ ਤਾਂ 2019 'ਚ ਜਿੱਤੀਆਂ ਸੀਟਾਂ ਦਾ ਅੰਕੜਾ ਬਰਕਰਾਰ ਰੱਖ ਸਕਣਾ ਵੀ ਮੁਸ਼ਕਲ ਲੱਗ ਰਿਹਾ ਹੈ। ਇਸੇ ਤਰ੍ਹਾਂ ਓਡਿਸ਼ਾ 'ਚ ਵੀ ਮੁੱਖ ਮੰਤਰੀ ਨਵੀਨ ਪਟਨਾਇਕ ਦੇ ਸਾਹਮਣੇ ਸੂਬੇ ਵਿਚ ਸੱਤਾ ਨੂੰ ਬਰਕਰਾਰ ਰੱਖਣਾ ਅਤੇ ਲੋਕ ਸਭਾ ਚੋਣਾਂ ਵਿਚ ਆਪਣੀਆਂ ਸੀਟਾਂ ਬਣਾਈ ਰੱਖਣ ਦੀ ਵੱਡੀ ਚੁਣੌਤੀ ਸਾਹਮਣੇ ਹੈ, ਹਾਲਾਂਕਿ 4 ਜੂਨ ਨੂੰ ਚੋਣ ਨਤੀਜੇ ਆਉਣ 'ਤੇ ਤਸਵੀਰ ਸਪਸ਼ਟ ਹੋ ਜਾਵੇਗੀ। 2014 'ਚ 34 ਲੋਕ ਸਭਾ ਸੀਟਾਂ 'ਤੇ ਕਾਬਜ ਮਮਤਾ ਬੈਨਰਜੀ ਨੇ 2019 'ਚ ਵੀ 22 ਸੀਟਾਂ ਜਿੱਤੀਆਂ ਸਨ ਅਤੇ ਭਾਜਪਾ ਨੂੰ 18 ਸੀਟਾਂ 'ਤੇ ਰੋਕ ਦਿੱਤਾ ਸੀ। ਤ੍ਰਿਣਮੂਲ ਕਾਂਗਰਸ ਦੇ ਹਿੱਸੇ ਵਿਚ ਸਿਰਫ 11 ਤੋਂ 14 ਸੀਟਾਂ ਹੀ ਮਿਲਦੀਆਂ ਲੱਗ ਰਹੀਆਂ ਹਨ। ਐਗਜ?ਿਟ ਪੋਲ ਮੁਤਾਬਕ ਕਾਂਗਰਸ ਨੂੰ 0-2 ਸੀਟਾਂ ਮਿਲ ਸਕਦੀਆਂ ਹਨ। ਓਡਿਸ਼ਾ ਦੀ ਗੱਲ ਕੀਤੀ ਜਾਵੇ ਤਾਂ ਐੱਨ. ਡੀ. ਏ. ਦੇ ਹਿੱਸੇ ਵਿਚ 18 ਤੋਂ 20 ਸੀਟਾਂ ਜਾਂਦੀਆਂ ਲੱਗ ਰਹੀਆਂ ਹਨ ਅਤੇ 2014 ਵਿਚ 21 'ਚੋਂ 20 ਸੀਟਾਂ 'ਤੇ ਕਬਜਾ ਕਰ ਲੈਣ ਵਾਲੀ ਮੁੱਖ ਮੰਤਰੀ ਨਵੀਨ ਪਟਨਾਇਕ ਦੀ ਪਾਰਟੀ ਬੀਜਦ ਦੇ ਖਾਤੇ ਵਿਚ 0-2 ਸੀਟਾਂ ਹੀ ਜਮ੍ਹਾ ਹੁੰਦੀਆਂ ਲੱਗ ਰਹੀਆਂ ਹਨ। 2019 'ਚ 8 ਸੀਟਾਂ ਦੇ ਨੁਕਸਾਨ ਨਾਲ 12 'ਤੇ ਪਹੁੰਚੀ ਭਾਜਪਾ ਨੂੰ 10 ਸੀਟਾਂ ਦਾ ਨੁਕਸਾਨ ਹੋਣਾ ਕਿਸੇ ਵੀ ਤਰ੍ਹਾਂ



ਚੰਗਾ ਸਿਆਸੀ ਸੰਕੇਤ ਨਹੀਂ ਹੈ। ਹੁਣ ਤਾਂ ਲੈ ਦੇ ਕੇ ਨਵੀਨ ਪਟਨਾਇਕ ਦੀਆਂ ਸਾਰੀਆਂ ਉਮੀਦਾਂ ਓਡਿਸ਼ਾ ਵਿਧਾਨ ਸਭਾ ਚੋਣਾਂ ਦੇ ਨਤੀਜਿਆਂ 'ਤੇ ਟਿਕੀਆਂ ਹੋਈਆਂ ਹਨ। 2019 'ਚ ਭਾਜਪਾ ਨੇ ਇਕ ਝਟਕੇ ਨਾਲ ਮਮਤਾ ਬੈਨਰਜੀ ਦੀ ਬੰਗਾਲ ਦੀ ਕੰਧ 'ਚ ਸੰਨ੍ਹ ਲਾ ਦਿੱਤੀ ਸੀ ਅਤੇ ਲੋਕ ਸਭਾ ਸੀਟਾਂ ਦੀ ਹਿੱਸੇਦਾਰੀ ਵਿਚ ਬਸ ਥੋੜ੍ਹਾ ਹੀ ਪਿੱਛੇ ਰਹੀ ਸੀ। ਮਮਤਾ ਬੈਨਰਜੀ ਨੇ 2021 ਦੀਆਂ ਵਿਧਾਨ ਸਭਾ ਚੋਣਾਂ ਵਿਚ ਕੈਂਪੇਨ ਲਈ ਪ੍ਰਸ਼ਾਂਤ ਕਿਸ਼ੋਰ ਦੀ ਮਦਦ ਲਈ ਸੀ ਅਤੇ ਭਾਜਪਾ ਨੂੰ 100 ਸੀਟਾਂ ਤਕ ਵੀ ਨਹੀਂ ਪਹੁੰਚਣ ਦਿੱਤਾ ਸੀ। ਭਾਜਪਾ ਨੇ ਤਾਂ ਬੰਗਾਲ ਦੀ ਹਾਰ ਤੋਂ ਸਬਕ ਲਿਆ ਅਤੇ ਮਿਸ਼ਨ ਵਿਚ ਜੁਟੀ ਰਹੀ ਪਰ ਮਮਤਾ ਬੈਨਰਜੀ ਨੂੰ ਅਹਿਸਾਸ ਤਕ ਨਾ ਹੋਇਆ। ਜੇ ਮਮਤਾ ਬੈਨਰਜੀ ਕਾਂਗਰਸ ਦਾ ਤਿਰਸਕਾਰ ਨਾ ਕਰਦੀ ਤਾਂ ਉਨ੍ਹਾਂ ਦੇ ਹਿੱਸੇ ਵਿਚ 2 ਸੀਟਾਂ ਤਾਂ ਵਧ ਹੀ ਸਕਦੀਆਂ ਸਨ। ਅੱਜ ਦੀ ਤਰੀਕ ਵਿਚ ਵੇਖੀਏ ਤਾਂ ਮਮਤਾ ਬੈਨਰਜੀ ਦੇ ਮੁਕਾਬਲੇ ਨਵੀਨ ਪਟਨਾਇਕ ਹੁਣ ਵੀ ਬਿਹਤਰ ਸਥਿਤੀ ਵਿਚ ਲੱਗਦੇ ਹਨ, ਬਸ਼ਰਤੇ ਕਿ ਉਹ ਓਡਿਸ਼ਾ ਦੀ ਸੱਤਾ ਵਿਚ ਜੇ ਵਾਪਸੀ ਕਰਨ 'ਚ ਕਾਮਯਾਬ ਰਹਿੰਦੇ ਹਨ ਪਰ ਲੋਕ ਸਭਾ ਚੋਣਾਂ ਵਿਚ ਭਾਜਪਾ ਨੂੰ ਰੋਕ ਸਕਣ 'ਚ ਉਹ ਅਸਮਰੱਥ ਹੋ ਸਕਦੇ ਹਨ। ਓਡਿਸ਼ਾ ਦੀ ਸੱਤਾ 'ਚ ਬਣੇ ਰਹਿਣ ਲਈ ਨਵੀਨ ਪਟਨਾਇਕ ਨੇ ਕਈ ਤਰਕੀਬਾਂ ਅਪਣਾਈਆਂ ਹਨ। ਨਾ ਤਾਂ ਉਨ੍ਹਾਂ ਕਦੇ ਅਰਵਿੰਦ ਕੇਜਰੀਵਾਲ ਤੇ ਮਮਤਾ ਬੈਨਰਜੀ ਵਾਂਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਅਮਿਤ ਸ਼ਾਹ ਨਾਲ ਉਲਝਣ ਦੀ ਕੋਸ਼ਿਸ਼ ਕੀਤੀ ਅਤੇ ਨਾ ਹੀ ਨਿਤੀਸ਼ ਕੁਮਾਰ ਵਾਂਗ ਕਦੇ ਨੇੜੇ-ਕਦੇ ਦੂਰ ਹੁੰਦੇ ਰਹੇ। ਜਦੋਂ ਤਕ ਓਡਿਸ਼ਾ ਵਿਧਾਨ ਸਭਾ ਦੇ ਨਤੀਜੇ ਨਹੀਂ ਆ ਜਾਂਦੇ, ਸ਼ੱਕ ਦਾ ਲਾਭ ਤਾਂ ਉਨ੍ਹਾਂ ਨੂੰ ਦੇਣਾ ਹੀ ਪਵੇਗਾ ਅਤੇ ਉਨ੍ਹਾਂ ਸੰਭਾਵਨਾਵਾਂ ਨੂੰ ਵੀ ਉਸ ਵੇਲੇ ਤਕ ਖਾਰਜ ਨਹੀਂ ਕੀਤਾ ਜਾ ਸਕਦਾ ਜਿਨ੍ਹਾਂ ਬਾਰੇ ਚਰਚਾ ਸੀ ਕਿ ਭਾਜਪਾ ਦੇ ਨਾਲ ਇਕ ਖਾਸ ਅੰਡਰਸਟੈਂਡਿੰਗ ਤਹਿਤ ਦੋਵਾਂ ਪਾਰਟੀਆਂ ਨੇ ਇਕ-ਦੂਜੇ ਨੂੰ ਗ੍ਰੀਨ ਕੋਰੀਡੋਰ ਵਰਗੀ ਸਹੂਲਤ ਮੁਹੱਈਆ ਕਰਵਾਈ ਹੋਈ ਹੈ।

## ਕੋਲਕਾਤਾ ਜਾਣ ਵਾਲੀ ਇੰਡੀਗੋ ਦੀ ਫਲਾਈਟ 'ਚ ਬੰਬ ਹੋਣ ਦੀ ਧਮਕੀ

ਚੇਨਈ 3 ਜੂਨ। ਉਡਾਣਾਂ ਵਿਚ ਬੰਬ ਹੋਣ ਦੀ ਧਮਕੀ ਮਿਲਣ ਦਾ ਸਿਲਸਿਲਾ ਥੰਮਣ ਦਾ ਨਾਂ ਨਹੀਂ ਲੈ ਰਿਹਾ। ਚੇਨਈ ਤੋਂ ਕੋਲਕਾਤਾ ਜਾਣ ਵਾਲੇ 'ਇੰਡੀਗੋ' ਦੇ ਇਕ ਜਹਾਜ ਵਿਚ ਸੋਮਵਾਰ ਨੂੰ ਸਵੇਰੇ ਬੰਬ ਰੱਖੇ ਹੋਣ ਦੀ ਸੂਚਨਾ ਮਿਲਣ ਮਗਰੋਂ ਉਡਾਣ ਸੇਵਾ 'ਚ 2 ਘੰਟੇ ਦੀ ਦੇਰੀ ਹੋਈ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਇੱਥੇ ਥੁਰਾਈਪੱਕਮ ਸਥਿਤ ਇੰਡੀਗੋ ਕਾਲ ਸੈਂਟਰ 'ਤੇ ਸੂਚਨਾ ਮਿਲਣ ਮਗਰੋਂ ਅਧਿਕਾਰੀ ਜਹਾਜ ਨੂੰ ਇਕ ਵੱਖਰੀ ਥਾਂ 'ਤੇ ਲੈ ਗਏ ਅਤੇ ਸੁਰੱਖਿਆ ਜਾਂਚ ਕੀਤੀ। ਅਧਿਕਾਰੀਆਂ ਮੁਤਾਬਕ ਸੁਰੱਖਿਆ ਪ੍ਰਕਿਰਿਆਵਾਂ ਪੂਰੀਆਂ ਹੋਣ ਮਗਰੋਂ ਜਹਾਜ ਨੂੰ ਸਵੇਰੇ 10.30 ਵਜੇ ਰਵਾਨਾ ਹੋਣ ਦੀ ਆਗਿਆ ਦਿੱਤੀ ਗਈ ਹੈ। ਦੱਸ ਦੇਈਏ ਕਿ ਪਿਛਲੇ 6 ਦਿਨਾਂ ਵਿਚ ਤੀਜਾ ਮਾਮਲਾ ਹੈ, ਜਦੋਂ ਫਲਾਈਟ 'ਚ ਬੰਬ ਹੋਣ ਦੀ ਧਮਕੀ ਮਿਲੀ ਹੈ। 28 ਮਈ ਨੂੰ ਦਿੱਲੀ ਤੋਂ ਵਾਰਾਣਸੀ ਜਾ ਰਹੀ ਇੰਡੀਗੋ ਦੀ ਇਕ ਉਡਾਣ ਵਿਚ ਵੀ ਬੰਬ ਹੋਣ ਦੀ ਧਮਕੀ ਮਿਲੀ ਸੀ। ਸੂਤਰਾਂ ਮੁਤਾਬਕ ਸਵੇਰੇ 10.08 ਵਜੇ ਪੂਰਨ ਐਮਰਜੈਂਸੀ ਘੋਸ਼ਿਤ ਕਰ ਦਿੱਤੀ ਗਈ ਅਤੇ ਜਹਾਜ 10.19 ਵਜੇ ਹਵਾਈ ਅੱਡੇ 'ਤੇ ਉਤਰਿਆ। ਪੈਰਿਸ ਤੋਂ ਮੁੰਬਈ ਜਾਣ ਵਾਲੀ ਇਸ ਫਲਾਈਟ ਵਿਚ 294 ਯਾਤਰੀ ਅਤੇ ਚਾਲਕ ਦਲ ਦੇ 12 ਮੈਂਬਰ ਸਵਾਰ ਸਨ। ਬਿਆਨ ਵਿਚ





ਕਿਹਾ ਗਿਆ ਕਿ ਉਸ ਤੋਂ ਬਾਅਦ ਜਹਾਜ ਨੂੰ ਮੁੰਬਈ ਦੇ ਕੌਮਾਂਤਰੀ ਹਵਾਈ ਅੱਡੇ 'ਤੇ ਐਮਰਜੈਂਸੀ ਸਥਿਤੀ ਵਿਚ ਉਤਾਰਿਆ ਗਿਆ ਅਤੇ ਹਵਾਬਾਜੀ ਕੰਪਨੀ ਸਾਰੀ ਜਰੂਰੀ ਜਾਂਚ ਲਈ ਸੁਰੱਖਿਆ ਏਜੰਸੀਆਂ ਨਾਲ ਸਹਿਯੋਗ ਕਰ ਰਹੀਆਂ ਹਨ। ਉਂਝ 24 ਘੰਟਿਆਂ ਦੇ ਅੰਦਰ ਉਡਾਣਾਂ ਵਿਚ ਬੰਬ ਦੀ ਜੋ ਦੋ ਧਮਕੀਆਂ ਮਿਲੀਆਂ, ਉਨ੍ਹਾਂ ਵਿਚ ਇਕ ਹੀ ਤਰ੍ਹਾਂ ਦੀ ਸਮਾਨਤਾ ਹੈ। ਦੋਵੇਂ ਹੀ ਧਮਕੀਆਂ ਜਹਾਜਾਂ ਦੇ ਪਖਾਨਿਆਂ ਵਿਚ ਮਿਲੀਆਂ।

# ਜਲੰਧਰ 'ਚ ਦਰਦਨਾਕ ਹਾਦਸਾ: ਸਵੀਮਿੰਗ ਪੂਲ ਤੱਕ 13 ਸਾਲਾ ਬੱਚੇ ਨੂੰ ਖਿੱਚ ਲਿਆਈ ਮੌਤ, ਤੜਫ-ਤੜਫ ਕੇ ਨਿਕਲੀ ਜਾਨ

ਜਲੰਧਰ 3 ਜੂਨ। ਥਾਣਾ ਲਾਂਬੜਾ ਅਧੀਨ ਪੈਂਦੇ ਪਿੰਡ ਨਾਹਲਾਂ ਨੇੜੇ ਸਥਿਤ ਬਿਨਾਂ ਲਾਇਸੈਂਸ ਚਲਾਏ ਜਾ ਰਹੇ ਸਵੀਮਿੰਗ ਪੂਲ ਵਿਚ ਦੇਰ ਸ਼ਾਮ ਨਹਾਉਣ ਸਮੇਂ ਇਕ ਬੱਚੇ ਦੀ ਡੁੱਬਣ ਨਾਲ ਮੌਤ ਹੋ ਗਈ। ਘਟਨਾ ਦਾ ਪਤਾ ਲੱਗਦੇ ਹੀ ਇਲਾਕੇ ਵਿਚ ਸੋਗ ਦੀ ਲਹਿਰ ਫੈਲ ਗਈ ਅਤੇ ਸਵੀਮਿੰਗ ਪੂਲ ਦੇ ਗੇਟ 'ਤੇ ਲੋਕਾਂ ਦੀ ਭੀੜ ਇਕੱਠੀ ਹੋ ਗਈ। ਇਸ ਦੀ ਜਾਣਕਾਰੀ ਥਾਣਾ ਲਾਂਬੜਾ ਦੀ ਪੁਲਸ ਨੂੰ ਦਿੱਤੀ ਗਈ ਤਾਂ ਏ. ਐੱਸ. ਆਈ. ਨਿਰੰਜਣ ਸਿੰਘ ਪੁਲਸ ਪਾਰਟੀ ਨਾਲ ਮੌਕੇ 'ਤੇ ਪੁੱਜੇ। ਜਾਣਕਾਰੀ ਦਿੰਦਿਆਂ ਏ. ਐੱਸ. ਆਈ. ਨਿਰੰਜਣ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਦੇਰ ਸ਼ਾਮ ਸੂਚਨਾ ਮਿਲੀ ਸੀ ਕਿ ਪਿੰਡ ਨਾਹਲਾਂ ਵਿਚ ਸਵੀਮਿੰਗ ਪੂਲ 'ਤੇ ਨਹਾਉਣ ਆਏ ਬੱਚਿਆਂ ਵਿਚੋਂ ਇਕ 13 ਸਾਲਾ ਬੱਚੇ ਮਾਧਵ ਪੁੱਤਰ ਭੀਮ ਬਹਾਦਰ ਨਿਵਾਸੀ ਬਸਤੀ ਦਾਨਿਸ਼ਮੰਦਾਂ ਦੀ ਡੁੱਬਣ ਨਾਲ ਮੌਤ ਹੋ ਗਈ ਹੈ। ਏ. ਐੱਸ. ਆਈ. ਨੇ ਦੱਸਿਆ ਕਿ ਮਾਧਵ ਘਰੋਂ ਸਕੂਲ ਪੜ੍ਹਨ ਲਈ ਗਿਆ ਸੀ ਪਰ ਸ਼ਾਮੀਂ 4 ਵਜੇ ਉਹ ਪਿੰਡ ਨਾਹਲਾਂ ਨੇੜੇ ਸਥਿਤ ਸਵੀਮਿੰਗ ਪੂਲ ਵਿਚ ਆਪਣੇ 2 ਦੋਸਤਾਂ ਨਾਲ ਨਹਾਉਣ ਚਲਾ ਗਿਆ। ਦੱਸਿਆ ਜਾ ਰਿਹਾ ਹੈ ਕਿ ਮਾਧਵ ਨਹਾਉਣ ਸਮੇਂ ਸਵੀਮਿੰਗ ਪੂਲ 'ਤੇ ਭੰਗੜਾ ਪਾ ਰਿਹਾ ਸੀ ਅਤੇ ਉਸ ਨੇ ਇਸ ਤੋਂ ਬਾਅਦ ਸਵੀਮਿੰਗ ਪੂਲ ਵਿਚ ਛਾਲ ਮਾਰੀ ਪਰ ਬਾਹਰ ਨਹੀਂ ਆਇਆ। ਜਦੋਂ ਕਾਫੀ ਸਮੇਂ ਤਕ ਆਪਣੇ ਘਰ ਨਾ ਪੁੱਜਾ ਤਾਂ ਉਸ ਦੇ ਪਰਿਵਾਰਕ ਮੈਂਬਰਾਂ ਨੇ ਉਸ ਦੀ ਭਾਲ ਸ਼ੁਰੂ ਕੀਤੀ। ਇਸੇ ਦੌਰਾਨ ਮਾਧਵ ਦੇ ਦੋਸਤਾਂ ਨੇ ਉਸ ਦੇ ਘਰ ਪਹੁੰਚ ਕੇ ਉਸ ਦੇ ਕੱਪੜੇ ਦਿੰਦਿਆਂ ਦੱਸਿਆ ਕਿ ਉਹ ਸਵੀਮਿੰਗ ਪੂਲ ਵਿਚ ਨਹਾਉਣ ਗਏ ਸਨ ਕਿ ਨਹਾਉਣ ਸਮੇਂ ਮਾਧਵ ਨੇ ਸਵੀਮਿੰਗ ਪੂਲ ਵਿਚ ਛਾਲ ਮਾਰੀ ਪਰ ਉਹ ਬਾਹਰ ਨਹੀਂ ਨਿਕਲਿਆ। ਉਹ ਕਾਫੀ ਦੇਰ ਤਕ ਉਸ ਨੂੰ ਆਵਾਜਾਂ ਮਾਰਦੇ ਰਹੇ ਪਰ ਜਦੋਂ ਉਹ ਬਾਹਰ ਨਾ ਨਿਕਲਿਆ ਤਾਂ ਉਹ ਉਸ ਦੇ ਕੱਪੜੇ ਲੈ ਕੇ ਉਥੋਂ ਆ ਗਏ। ਇਹ ਸੁਣ ਕੇ ਮਾਧਵ ਦੇ ਮਾਤਾ-ਪਿਤਾ ਦੇ ਪੈਰਾਂ ਹੇਠੋਂ ਜਮੀਨ ਖਿਸਕ ਗਈ ਅਤੇ ਉਹ ਤੁਰੰਤ ਸਵੀਮਿੰਗ ਪੂਲ 'ਤੇ ਪੁੱਜੇ ਅਤੇ ਆਪਣੇ ਬੱਚੇ ਦੀ ਲਾਸ਼ ਵੇਖ ਕੇ ਸੁੰਨ ਹੋ ਗਏ। ਇਸ ਸਬੰਧ ਵਿਚ ਜਦੋਂ ਸਵੀਮਿੰਗ ਪੂਲ ਦੇ ਮਾਲਕ ਬਲਜੀਤ ਸਿੰਘ ਲੱਡੂ ਨਾਲ ਗੱਲ ਕੀਤੀ ਤਾਂ ਉਸ ਨੇ ਦੱਸਿਆ ਕਿ ਉਸ ਨੇ ਲਗਭਗ 6 ਵਜੇ ਬੱਚਿਆਂ ਅਤੇ ਬਾਕੀ ਆਏ ਹੋਏ ਲੋਕਾਂ ਨੂੰ ਕਿਹਾ ਕਿ ਸਵੀਮਿੰਗ ਪੂਲ ਬੰਦ ਕਰਨ ਦਾ ਸਮਾਂ ਹੋ ਗਿਆ ਹੈ ਅਤੇ ਤੁਸੀਂ ਬਾਹਰ ਆ ਜਾਓ। ਇੰਨਾ ਕਹਿਣ ਤੋਂ ਬਾਅਦ ਉਹ ਸਵੀਮਿੰਗ ਪੂਲ ਨੂੰ ਬੰਦ ਕਰਨ ਦੀ ਤਿਆਰੀ ਵਿਚ ਜੁਟ ਗਿਆ। ਇਸੇ ਦੌਰਾਨ ਬੱਚੇ ਦੇ ਮਾਪੇ ਆ ਗਏ। ਉਨ੍ਹਾਂ



ਦੱਸਿਆ ਕਿ ਉਨ੍ਹਾਂ ਦਾ ਬੱਚਾ ਮਾਧਵ ਸਵੀਮਿੰਗ ਪੂਲ ਵਿਚ ਨਹਾਉਣ ਆਇਆ ਸੀ ਪਰ ਉਹ ਘਰ ਵਾਪਸ ਨਹੀਂ ਪੁੱਜਾ। ਇਸ ਤੋਂ ਬਾਅਦ ਉਨ੍ਹਾਂ ਜਦੋਂ ਸਵੀਮਿੰਗ ਪੂਲ ਦੀ ਜਾਂਚ ਕੀਤੀ ਤਾਂ ਉਸ ਵਿਚੋਂ ਮਾਧਵ ਦੀ ਲਾਸ਼ ਬਰਾਮਦ ਹੋਈ। ਇਸ ਤੋਂ ਬਾਅਦ ਥਾਣਾ ਲਾਂਬੜਾ ਦੀ ਪੁਲਸ ਨੂੰ ਸੂਚਿਤ ਕੀਤਾ ਅਤੇ ਮੌਕੇ 'ਤੇ ਆਈ ਪੁਲਸ ਨੇ ਮਾਧਵ ਦੀ ਲਾਸ਼ ਨੂੰ ਕਬਜੇ ਵਿਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਵਿਚ ਭੇਜ ਦਿੱਤਾ। ਮਿਲੀ ਜਾਣਕਾਰੀ ਅਨੁਸਾਰ ਬੀਤੇ ਦਿਨ ਪੈ ਰਹੀ ਗਰਮੀ ਕਾਰਨ ਦਾਨਿਸ਼ਮੰਦਾਂ ਤੋਂ 3 ਬੱਚੇ ਪਿੰਡ ਨਾਹਲਾਂ ਨੇੜੇ ਸਥਿਤ ਇਕ ਸਵੀਮਿੰਗ ਪੂਲ ਵਿਚ ਨਹਾਉਣ ਗਏ ਸਨ। ਦੱਸਿਆ ਜਾ ਰਿਹਾ ਹੈ ਕਿ ਇਹ ਸਵੀਮਿੰਗ ਪੂਲ ਬਿਨਾਂ ਲਾਇਸੈਂਸ ਦੇ ਚਲਾਇਆ ਜਾ ਰਿਹਾ ਹੈ, ਜਿਸ ਦਾ ਮਾਲਕ ਬਲਜੀਤ ਸਿੰਘ ਲੱਡੂ ਹੈ। ਇਹ ਨਾਜਾਇਜ ਸਵੀਮਿੰਗ ਪੂਲ ਉੱਚੀ ਪਹੁੰਚ ਕਾਰਨ ਬੇਖੌਫ ਚਲਾਇਆ ਜਾ ਰਿਹਾ ਸੀ। ਇਹ ਵੀ ਦੱਸਿਆ ਜਾ ਰਿਹਾ ਹੈ ਕਿ ਇਸ ਸਵੀਮਿੰਗ ਪੂਲ ਵਿਚ ਨਹਾਉਣ ਗਏ ਬੱਚਿਆਂ ਦੀ ਕੋਈ ਪਰਚੀ ਜਾਂ ਰਸੀਦ ਨਹੀਂ ਕੱਟੀ ਗਈ ਸੀ, ਜਦਕਿ ਸਵੀਮਿੰਗ ਪੂਲ ਵਿਚ ਨਹਾਉਣ ਵਾਲੇ ਹੋਰਨਾਂ ਲੋਕਾਂ ਦੀ ਪਰਚੀ ਕੱਟੀ ਜਾਂਦੀ ਹੈ। ਇਨ੍ਹਾਂ ਬੱਚਿਆਂ ਦੀ ਪਰਚੀ ਨਾ ਕੱਟਣਾ ਵੀ ਸਵਾਲਾਂ ਦੇ ਘੇਰੇ ਵਿਚ ਹੈ। ਇਸ ਤੋਂ ਖਦਸ਼ਾ ਜਤਾਇਆ ਜਾ ਰਿਹਾ ਹੈ ਕਿ ਇਸ ਘਟਨਾ ਦੇ ਪਿੱਛੇ ਕਿਤੇ ਕਿਸੇ ਦੀ ਕੋਈ ਸਾਜਿਸ਼ ਤਾਂ ਨਹੀਂ।

## ਐਕਸਾਈਜ਼ ਵਿਭਾਗ ਦੀ ਵੱਡੀ ਕਾਰਵਾਈ, 3500 ਲਿਟਰ ਲਾਹਨ, 3 ਭੱਠੀਆਂ ਅਤੇ ਹੋਰ ਸਮਾਨ ਬਰਾਮਦ

ਸਮਾਣਾ 3 ਜੂਨ। ਲੋਕ ਸਭਾ ਚੋਣਾਂ ਨੂੰ ਧਿਆਨ ਵਿਚ ਰੱਖਦੇ ਹੋਏ ਐਕਸਾਈਜ਼ ਵਿਭਾਗ ਵੱਲੋਂ ਪਿੰਡ ਮਰੋੜੀ ਨੇੜੇ ਲੰਘਦੇ ਘੱਗਰ ਦਰਿਆ 'ਤੇ ਚਲਾਏ ਗਏ ਇਕ ਸਰਚ ਅਭਿਆਨ ਤਹਿਤ ਨਾਜਾਇਜ਼ ਸ਼ਰਾਬ ਤਿਆਰ ਕਰਨ ਲਈ ਦਰਿਆ ਦੇ ਘਾਟ ਤੇ ਜ਼ਮੀਨ ਵਿਚ ਦਬਾ ਕੇ ਰੱਖੀ 3500 ਲਿਟਰ ਲਾਹਨ, ਭੱਠੀਆਂ ਅਤੇ ਕੁਝ ਹੋਰ ਸਮਾਨ ਬਰਾਮਦ ਹੋਇਆ। ਇਸ ਸੰਬਧ ਵਿਚ ਐਕਸਾਈਜ਼ ਵਿਭਾਗ ਸਮਾਣਾ ਦੇ ਇੰਸਪੈਕਟਰ ਹਰਸਿਮਰਨ



ਸਿੰਘ ਨੇ ਦੱਸਿਆ ਕਿ ਵਿਭਾਗ ਨੂੰ ਪ੍ਰਾਪਤ ਗੁਪਤ ਜਾਣਕਾਰੀ ਦੇ ਆਧਾਰ 'ਤੇ ਉਨ੍ਹਾਂ ਨੇ ਏ.ਐੱਸ.ਆਈ. ਲਖਵਿੰਦਰ ਸਿੰਘ ਅਤੇ ਹੈੱਡ ਕਾਂਸਟੇਬਲ ਤਾਲਿਬ ਖਾਨ ਦੀ ਆਪਣੀ ਟੀਮ ਅਤੇ ਮਵੀ ਕਲਾਂ ਪੁਲਸ ਚੌਂਕੀ ਦੇ ਏ.ਐੱਸ.ਆਈ. ਰਣਜੀਤ ਸਿੰਘ ਦੀ ਟੀਮ ਨੂੰ ਨਾਲ ਲੈ ਕੇ ਘੱਗਰ ਦਰਿਆ ਦੇ ਕੁਮਾਰ ਘਾਟ ਅਤੇ ਸਰਚ ਅਭਿਆਨ ਚਲਾਇਆ। ਇਸ ਦੌਰਾਨ ਨਾਜਾਇਜ਼ ਸ਼ਰਾਬ ਤਿਆਰ ਕਰਨ ਲਈ 15 ਪਲਾਸਟਿਕ ਤਰਪਾਲਾ ਵਿਚ ਬੰਨ੍ਹ ਕੇ ਜ਼ਮੀਨ ਵਿਚ ਦਬਾਈ ਕਰੀਬ 3500 ਲਿਟਰ ਲਾਹਨ, ਇਕ ਚਲਦੀ ਅਤੇ ਦੋ ਬੰਦ ਭੱਠੀਆਂ, ਪਲਾਸਟਿਕ ਡਰੰਮ, ਕੋਲਾ 4-5 ਗੁੜ ਦੇ ਕੱਟੇ ਸਣੇ ਹੋਰ ਸਮਾਨ ਵੀ ਬਰਾਮਦ ਕੀਤਾ। ਕਾਫੀ ਭਾਲ ਦੇ ਬਾਵਜੂਦ ਲਾਹਨ ਅਤੇ ਸਮਾਨ ਦੇ ਮਾਲਕ ਸੰਬੰਧੀ ਕੋਈ ਜਾਣਕਾਰੀ ਨਾ ਮਿਲਣ 'ਤੇ ਆਪਰੇਸ਼ਨ ਟੀਮ ਨੇ ਬਰਾਮਦ ਸਮਾਨ ਪੁਲਸ ਦੇ ਹਵਾਲੇ ਕਰਕੇ ਦਰਿਆ ਤੋਂ ਬਰਾਮਦ ਲਾਹਨ ਨੂੰ ਉਥੇ ਹੀ ਨਸ਼ਟ ਕਰ ਦਿੱਤਾ। ਅਧਿਕਾਰੀ ਦੇ ਅਨੁਸਾਰ ਚੋਣਾਂ ਦੇ ਬਾਅਦ ਵੀ ਇਹ ਅਭਿਆਨ ਜਾਰੀ ਰਹੇਗਾ।

## ਸਰਹਿੰਦ ਨਹਿਰ ਕਿਨਾਰੇ ਫਿਰ ਵਾਪਰਿਆ ਵੱਡਾ ਹਾਦਸਾ, 23 ਸਾਲ ਦੀ ਉਮਰ 'ਚ ਜਹਾਨੋਂ ਤੁਰ ਗਿਆ ਪੁੱਤ

ਮਾਛੀਵਾੜਾ ਸਾਹਿਬ 3 ਜੂਨ। ਲੰਘੀ 24 ਮਈ ਨੂੰ ਸਰਹਿੰਦ ਨਹਿਰ ਕਿਨਾਰੇ ਵਾਪਰੇ ਭਿਆਨਕ ਸੜਕ ਹਾਦਸੇ ਵਿਚ 4 ਸ਼ਰਧਾਲੂਆਂ ਦੀ ਮੌਤ ਨਾਲ ਛਾਈ ਸੋਗ ਦੀ ਲਹਿਰ 'ਚੋਂ ਲੋਕ ਅਜੇ ਉੱਭਰੇ ਹੀ ਨਹੀਂ ਸਨ ਕਿ ਫਿਰ ਦੇਰ ਰਾਤ ਇਸ ਸੜਕ ਉੱਪਰ ਇਕ ਹੋਰ ਦਰਦਨਾਕ ਸੜਕ ਹਾਦਸਾ ਵਾਪਰ ਗਿਆ ਜਿਸ ਵਿਚ ਨੌਜਵਾਨ ਨਿਖਿਲ ਸ਼ਰਮਾ (23) ਵਾਸੀ ਨੂਰਪੁਰ ਬੇਦੀ ਦੀ ਮੌਤ ਹੋ ਗਈ ਜਦਕਿ ਉਸਦਾ ਇਕ ਸਾਥੀ ਅਕਾਸ਼ਦੀਪ ਗੰਭੀਰ ਰੂਪ ਵਿਚ ਜਖ਼ਮੀ ਹੋ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਨਿਖਿਲ ਸ਼ਰਮਾ ਜੋ ਕਿ ਰੈਡੀਮੇਡ ਦੀ ਦੁਕਾਨ ਕਰਦਾ ਹੈ ਜੋ ਕੱਲ੍ਹ ਆਪਣੇ ਸਾਥੀ ਅਕਾਸ਼ਦੀਪ



ਨਾਲ ਕਾਰ 'ਤੇ ਸਵਾਰ ਹੋ ਕੇ ਲੁਧਿਆਣਾ ਵਿਖੇ ਦੁਕਾਨ ਦਾ ਸਮਾਨ ਖਰੀਦਣ ਜਾ ਰਹੇ ਸਨ। ਰਾਤ ਕਰੀਬ 9 ਵਜੇ ਜਦੋਂ ਉਹ ਰੋਪੜ ਤੋਂ ਸਰਹਿੰਦ ਨਹਿਰ ਕਿਨਾਰੇ ਬਣੀ ਸੜਕ 'ਤੇ ਜਦੋਂ ਪਵਾਤ ਪੁਲ ਨੇੜੇ ਪੁੱਜੇ ਤਾਂ ਇਕ ਟ੍ਰੈਕਟਰ-ਟਰਾਲੀ ਜਿਸ ਵਿਚ ਲੱਕੜ ਭਰੀ ਹੋਈ ਸੀ ਅਤੇ ਉਨ੍ਹਾਂ ਦੀ ਕਾਰ ਉਸਦੇ ਪਿੱਛੇ ਜਾ ਟਕਰਾਈ। ਇਸ ਟ੍ਰੈਕਟਰ-ਟਰਾਲੀ ਵਿਚ ਲੱਕੜ ਬਾਹਰ ਤੱਕ ਭਰੀ ਹੋਈ ਸੀ ਅਤੇ ਪਿੱਛੇ ਕੋਈ ਵੀ ਰਿਫਲੈਕਟਰ ਨਹੀਂ ਲੱਗਿਆ ਸੀ। ਟ੍ਰੈਕਟਰ-ਟਰਾਲੀ ਚਾਲਕ ਨੇ ਅਚਾਨਕ ਬ੍ਰੇਕ ਲਗਾ ਦਿੱਤੀ ਜਿਸ ਕਾਰਨ ਪਿੱਛੋਂ ਆ ਰਹੀ ਨਿਖਿਲ ਸ਼ਰਮਾ ਦੀ ਕਾਰ ਇਸ ਨਾਲ ਟਕਰਾ ਗਈ। ਇਸ ਹਾਦਸੇ ਵਿਚ ਨਿਖਿਲ ਸ਼ਰਮਾ ਅਤੇ ਉਸਦੇ ਨਾਲ ਬੈਠਾ ਸਾਥੀ ਅਕਾਸ਼ਦੀਪ ਗੰਭੀਰ ਰੂਪ ਵਿਚ ਜਖ਼ਮੀ ਹੋ ਗਏ ਜਿਨ੍ਹਾਂ ਨੂੰ ਇਲਾਜ ਲਈ ਸਮਰਾਲਾ ਹਸਪਤਾਲ ਲਿਆਂਦਾ ਗਿਆ। ਇਲਾਜ ਦੌਰਾਨ ਡਾਕਟਰਾਂ ਨੇ ਨਿਖਿਲ ਸ਼ਰਮਾ ਨੂੰ ਮ੍ਰਿਤਕ ਐਲਾਨ ਦਿੱਤਾ ਜਦਕਿ ਅਕਾਸ਼ਦੀਪ ਦੀ ਗੰਭੀਰ ਹਾਲਤ ਨੂੰ ਦੇਖਦਿਆਂ ਉਸ ਨੂੰ ਚੰਡੀਗੜ੍ਹ ਰੈਫ਼ਰ ਕਰ ਦਿੱਤਾ ਗਿਆ। ਮਾਛੀਵਾੜਾ ਪੁਲਸ ਵਲੋਂ ਮ੍ਰਿਤਕ ਨਿਖਿਲ ਸ਼ਰਮਾ ਦਾ ਪੋਸਟ ਮਾਰਟਮ ਕਰਵਾਉਣ ਉਪਰੰਤ ਵਾਰਿਸਾ ਨੂੰ ਸੌਂਪ ਦਿੱਤਾ ਗਿਆ ਅਤੇ ਟ੍ਰੈਕਟਰ-ਟਰਾਲੀ ਨੂੰ ਕਬਜ਼ੇ 'ਚ ਲੈ ਕੇ ਉਸਦੇ ਚਾਲਕ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

## ਚੋਰ ਗਿਰੋਹ ਨੇ 8 ਕਿਸਾਨਾਂ ਦੇ ਖੇਤਾਂ 'ਚ ਟ੍ਰਾਂਸਫਾਰਮਰਾਂ ਦੀ ਭੰਨ੍ਹ-ਤੋੜ ਕਰ ਤਾਂਬਾ ਤੇ ਤੇਲ ਚੋਰੀ ਕਰ ਕੀਤਾ ਲੱਖਾਂ ਦਾ ਨੁਕਸਾਨ

ਭਵਾਨੀਗੜ੍ਹ 3 ਜੂਨ। ਸਥਾਨਕ ਇਲਾਕੇ 'ਚ ਸਰਗਰਮ ਚੋਰ ਗਿਰੋਹ ਵੱਲੋਂ ਬੀਤੀ ਰਾਤ ਫਿਰ ਪਿੰਡ ਕਪਿਆਲ ਵਿਖੇ ਅੱਧੀ ਦਰਜ਼ਨ ਤੋਂ ਵੱਧ ਕਿਸਾਨਾਂ ਦੇ ਖੇਤਾਂ 'ਚ ਲੱਗੇ ਬਿਜਲੀ ਸਪਲਾਈ ਵਾਲੇ ਟ੍ਰਾਂਸਫਾਰਮਰਾਂ ਦੀ ਭੰਨ੍ਹ-ਤੋੜ ਕਰਕੇ ਤਾਂਬਾ, ਤੇਲ ਅਤੇ ਹੋਰ ਕੀਮਤੀ ਸਮਾਨ ਚੋਰੀ ਕਰਕੇ ਕਿਸਾਨਾਂ ਦਾ ਲੱਖਾਂ ਰੁਪਏ ਦਾ ਨੁਕਸਾਨ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ। ਇਸ ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਕਪਿਆਲ ਦੇ ਕਿਸਾਨ ਮਨਜੀਤ ਸਿੰਘ ਪੁੱਤਰ ਹਾਕਮ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਚੋਰ ਗਿਰੋਹ ਨੇ ਪਿੰਡ ਕਪਿਆਲ ਤੋਂ ਪਿੰਡ ਘਨੌੜ ਜੱਟਾਂ ਨੂੰ ਜਾਂਦੇ ਸੂਏ ਵਾਲੇ ਰਸਤੇ ਉਪਰ ਸਥਿਤ ਉਸ ਦੇ ਖੇਤ 'ਚ ਲੱਗੇ ਬਿਜਲੀ ਸਪਲਾਈ ਵਾਲੇ ਟ੍ਰਾਂਸਫਾਰਮਰ ਨੂੰ ਖੰਭਿਆ ਤੋਂ ਹੇਠਾ ਉਤਾਰ ਕੇ ਉਸ ਦੀ ਭੰਨ੍ਹ-ਤੋੜ ਕਰਕੇ ਇਸ 'ਚੋਂ ਤਾਂਬਾ, ਤੇਲ ਦੇ ਹੋਰ ਕੀਮਤੀ ਸਮਾਨ ਚੋਰੀ ਕਰ ਲਿਆ। ਇਸੇ ਹੀ ਤਰ੍ਹਾਂ ਇਥੇ ਹੀ ਸਥਿਤ ਅਮਰਜੀਤ ਸਿੰਘ ਪੁੱਤਰ ਅਮਰੀਕ ਸਿੰਘ, ਬਿੰਦਰ ਸਿੰਘ ਪੁੱਤਰ ਸਾਬਕਾ ਸਰਪੰਚ ਹਰਕੀਰਤ ਸਿੰਘ, ਭਗਵੰਤ ਸਿੰਘ, ਭੂਰਾ ਸਿੰਘ ਸਾਰੇ ਵਾਸੀ ਪਿੰਡ ਕਪਿਆਲ ਅਤੇ ਗੋਰਾ ਸਿੰਘ, ਮਿੱਠੂ ਸਿੰਘ ਤੇ ਇੰਦਰਜੀਤ ਸਿੰਘ ਸਾਬਕਾ ਸਰਪੰਚ ਵਾਸੀ ਪਿੰਡ ਰਾਮਗੜ੍ਹ ਸਮੇਤ 8 ਕਿਸਾਨਾਂ ਦੇ ਖੇਤਾਂ 'ਚੋਂ ਵੀ ਚੋਰ ਗਿਰੋਹ ਨੇ ਟ੍ਰਾਂਸਫਾਰਮਰਾਂ ਦੀ ਭੰਨ੍ਹ-ਤੋੜ ਕਰਕੇ ਤਾਂਬਾ, ਤੇਲ ਅਤੇ ਹੋਰ ਕੀਮਤੀ ਸਮਾਨ ਚੋਰੀ ਕੀਤਾ ਹੋਇਆ ਸੀ। ਕਿਸਾਨਾਂ ਨੇ ਦੱਸਿਆ ਕਿ ਇਸ ਘਟਨਾ ਨਾਲ ਹਰ ਕਿਸਾਨ ਦਾ ਸਵਾ ਲੱਖ ਰੁਪਏ ਤੋਂ ਵੱਧ ਦਾ ਨੁਕਸਾਨ ਹੋ ਜਾਣ ਕਾਰਨ 10 ਲੱਖ ਰੁਪਏ ਤੋਂ ਵੱਧ ਦਾ ਨੁਕਸਾਨ ਹੋ ਗਿਆ ਹੈ। ਕਿਸਾਨਾਂ ਨੇ ਤਿੱਖਾ ਰੋਸ ਜਾਹਿਰ ਕਰਦੇ ਕਿਹਾ ਕਿ ਇਲਾਕੇ 'ਚ ਸਰਗਰਮ ਚੋਰ ਗਿਰੋਹ ਵੱਲੋਂ ਲਗਾਤਾਰ ਸਾਡੇ ਖੇਤਾਂ ਨੂੰ ਆਪਣਾ ਨਿਸ਼ਾਨਾ ਬਣਾ ਕੇ ਮੋਟਰਾਂ ਦੀਆਂ ਤਾਰਾਂ, ਸਟਾਰਟਰ ਅਤੇ ਟ੍ਰਾਂਸਫਾਰਮਰਾਂ ਦੀ ਭੰਨ੍ਹ-ਤੋੜ ਕਰਕੇ ਕੀਮਤੀ ਸਮਾਨ ਚੋਰੀ ਕਰਨ ਦੀਆਂ ਘਟਨਾਵਾਂ ਨੂੰ ਅੰਜ਼ਾਮ ਦਿੱਤੇ ਜਾਣ ਕਾਰਨ ਸਾਡੀ ਨੀਂਦ ਹਰਾਮ ਕਰਕੇ ਰੱਖ ਦਿੱਤੀ ਹੈ। ਕਿਸਾਨਾਂ ਨੇ ਕਿਹਾ ਕਿ ਇਕ ਪਾਸੇ ਤਾਂ ਭਗਵੰਤ ਸਿੰਘ, ਭੂਰਾ ਸਿੰਘ ਸਾਰੇ ਵਾਸੀ ਪਿੰਡ ਕਪਿਆਲ ਅਤੇ ਗੋਰਾ ਸਿੰਘ, ਮਿੱਠੂ ਸਿੰਘ ਤੇ ਇੰਦਰਜੀਤ ਸਿੰਘ ਸਾਬਕਾ ਸਰਪੰਚ ਵਾਸੀ ਪਿੰਡ ਰਾਮਗੜ੍ਹ ਸਮੇਤ 8 ਕਿਸਾਨਾਂ ਦੇ ਖੇਤਾਂ 'ਚੋਂ ਵੀ ਚੋਰ





ਪੁਲਸ ਵੱਲੋਂ ਚੋਣਾਂ ਦੇ ਮੱਦੇਨਜ਼ਰ ਸ਼ਹਿਰ ਤੇ ਪਿੰਡਾਂ 'ਚ ਅਮਨ ਕਾਨੂੰਨ ਦੀ ਸਥਿਤੀ ਬਣਾਏ ਰੱਖਣ ਲਈ ਫਲੈਗ ਮਾਰਚ ਕਰਕੇ ਪੁਲਸ ਦੇ ਪੂਰੀ ਤਰ੍ਹਾਂ ਦੱਸਿਆ ਕਿ ਬੀਤੀ ਰਾਤ ਚੋਰ ਗਿਰੋਹ ਨੇ ਪਿੰਡ ਕਪਿਆਲ ਤੋਂ ਪਿੰਡ ਘਨੌੜ ਜੱਟਾਂ ਨੂੰ ਜਾਂਦੇ ਸੂਏ ਵਾਲੇ ਰਸਤੇ ਉਪਰ ਸਥਿਤ ਉਸ ਦੇ ਖੇਤ 'ਚ ਲੱਗੇ ਬਿਜਲੀ ਸਪਲਾਈ ਵਾਲੇ ਟ੍ਰਾਂਸਫਾਰਮਰ ਨੂੰ ਖੰਭਿਆ ਤੋਂ ਹੇਠਾ ਉਤਾਰ ਕੇ ਉਸ ਦੀ ਭੰਨ੍ਹ-ਤੋੜ ਕਰਕੇ ਇਸ 'ਚੋਂ ਤਾਂਬਾ, ਤੇਲ ਦੇ ਹੋਰ ਕੀਮਤੀ ਸਮਾਨ ਚੋਰੀ ਕਰ ਲਿਆ। ਇਸੇ ਹੀ ਤਰ੍ਹਾਂ ਇਥੇ ਹੀ ਸਥਿਤ ਅਮਰਜੀਤ ਸਿੰਘ ਪੁੱਤਰ ਅਮਰੀਕ ਸਿੰਘ, ਬਿੰਦਰ ਸਿੰਘ ਪੁੱਤਰ ਸਾਬਕਾ ਸਰਪੰਚ ਹਰਕੀਰਤ ਸਿੰਘ, ਗਿਰੋਹ ਨੇ ਟ੍ਰਾਂਸਫਾਰਮਰਾਂ ਦੀ ਭੰਨ੍ਹ-ਤੋੜ ਕਰਕੇ ਤਾਂਬਾ, ਤੇਲ ਅਤੇ ਹੋਰ ਕੀਮਤੀ ਮੁਸਤੈਦ ਹੋਣ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਹਨ ਅਤੇ ਦੂਜੇ ਪਾਸੇ ਚੋਣਾਂ ਦੇ ਐਲਾਨ ਤੋਂ ਬਾਅਦ ਇਲਾਕੇ ਅੰਦਰ ਹੁਣ ਤੱਕ ਚੋਰੀ ਦੀਆਂ ਕਈ ਘਟਨਾਵਾਂ ਵਾਪਰ ਚੁੱਕੀਆਂ ਹਨ। ਕਿਸਾਨਾਂ ਨੇ ਮੰਗ ਕੀਤੀ ਕਿ ਝੋਨੇ ਦੀ ਫ਼ਸਲ ਦੀ ਪੈਦਾਵਾਰ ਦੇ ਸਜੀਨ ਨੂੰ ਧਿਆਨ 'ਚ ਰੱਖਦੇ ਹੋਏ ਸਰਕਾਰ ਵੱਲੋਂ ਆਪਣੇ ਖਰਚੇ ਉਪਰ ਘਟਨਾ ਦਾ ਸ਼ਿਕਾਰ ਹੋਏ ਕਿਸਾਨਾਂ ਦੇ ਖੇਤਾਂ 'ਚ ਤੁਰੰਤ ਇਹ ਟ੍ਰਾਂਸਫਾਰਮਰ ਰਖਾਏ ਜਾਣ ਅਤੇ ਇਨ੍ਹਾਂ ਚੋਰ ਗਿਰੋਹ ਨੂੰ ਕਾਬੂ ਕਰਕੇ ਇਨ੍ਹਾਂ ਵਿਰੁਧ ਸਖ਼ਤ ਕਾਰਵਾਈ ਕੀਤੀ ਜਾਵੇ।

## ਜੋਤ ਦੀ ਬੱਤੀ ਤੋਂ ਲੱਗੀ ਘਰ 'ਚ ਅੱਗ, ਲੱਖਾਂ ਦਾ ਨੁਕਸਾਨ

ਮੋਰਿੰਡਾ 3 ਜੂਨ। ਸਥਾਨਕ ਐੱਲ.ਆਈ.ਸੀ. ਦਫਤਰ ਨੇੜੇ ਇਕ ਘਰ 'ਚ ਅੱਗ ਲੱਗਣ ਨਾਲ ਲੱਖਾਂ ਰੁਪਏ ਦਾ ਸਾਮਾਨ ਸੜਕੇ ਸੁਆਹ ਹੋ ਗਿਆ, ਜਦਕਿ ਕੋਈ ਜਾਨੀ ਨੁਕਸਾਨ ਹੋਣ ਤੋਂ ਬਚਾਅ ਰਿਹਾ। ਇਸ ਅੱਗ ਲੱਗਣ ਦੀ ਸੂਚਨਾ ਮਿਲਦਿਆਂ ਹੀ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਕੁਝ ਹੀ ਸਮੇਂ ਵਿਚ ਘਟਨਾ ਸਥਾਨ 'ਤੇ ਪਹੁੰਚ ਗਈਆਂ ਅਤੇ ਅੱਗ 'ਤੇ ਕਾਬੂ ਪਾਇਆ, ਨਹੀਂ ਤਾਂ ਹੋਰ ਵੀ ਨੁਕਸਾਨ ਹੋ ਸਕਦਾ ਸੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਘਰ ਦੇ ਮਾਲਕ ਧਰਮੇਸ ਚਾਵਲਾ ਨੇ ਦੱਸਿਆ ਕਿ ਘਰ 'ਚ ਉਨ੍ਹਾਂ ਦੇ ਬੱਚੇ ਵੱਲੋਂ ਜੋਤ ਜਗਾਈ ਗਈ ਸੀ, ਜਿਸ ਦੀ ਬੱਤੀ ਤੋਂ ਅਚਾਨਕ ਕਿਸੇ ਤਰ੍ਹਾਂ ਅੱਗ ਲੱਗ ਗਈ ਅਤੇ ਕਮਰੇ 'ਚ ਪਿਆ ਫਰਿੱਜ ਅਤੇ ਹੋਰ ਕੀਮਤੀ ਸਾਮਾਨ ਸੜ ਕੇ ਸੁਆਹ ਹੋ ਗਿਆ। ਉਨ੍ਹਾਂ ਦੱਸਿਆ ਕਿ ਇਸ ਅੱਗ ਦੀ



ਘਟਨਾ ਨਾਲ ਉਨ੍ਹਾਂ ਦਾ ਲਗਭਗ 3 ਲੱਖ ਰੁਪਏ ਦਾ ਨੁਕਸਾਨ ਹੋਇਆ। ਅੱਗ ਲੱਗਣ ਦੀ ਜਾਣਕਾਰੀ ਮਿਲਦਿਆਂ ਹੀ ਆਂਡ-ਗੁਆਂਡ ਦੇ ਲੋਕਾਂ ਨੇ ਵੀ ਅੱਗ ਬੁਝਾਉਣ 'ਚ ਮਦਦ ਕੀਤੀ। ਜਦਕਿ ਫਾਇਰ ਬ੍ਰਿਗੇਡ ਨੂੰ ਸੂਚਨਾ ਮਿਲਣ 'ਤੇ ਕੁਝ ਮਿੰਟਾਂ 'ਚ ਹੀ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਵੀ ਮੌਕੇ 'ਤੇ ਪਹੁੰਚ ਗਈਆਂ ਤੇ ਅੱਗ 'ਤੇ ਕਾਬੂ ਪਾ ਲਿਆ ਗਿਆ। ਉਧਰ ਇਸ ਸਬੰਧੀ ਵਿਧਾਨ ਸਭਾ ਹਲਕਾ ਖਰੜ ਦੇ ਇੰਚਾਰਜ ਅਤੇ ਸੀਨੀਅਰ ਕਾਂਗਰਸੀ ਆਗੂ ਵਿਜੇ ਸਰਮਾ ਟਿੰਕੂ ਤੇ ਮੌਕੇ 'ਤੇ ਪਹੁੰਚੇ ਕੌਂਸਲਰ ਰਕੇਸ ਕੁਮਾਰ ਬੱਗਾ, ਯੂਥ ਆਗੂ ਹਰਪਿੰਦਰ ਸਿੰਘ ਰਾਣਾ, ਗੁਰਦਿੱਤਾ ਅਤੇ ਹੋਰਨਾਂ ਮੁਹੱਲਾ ਵਾਸੀਆਂ ਨੇ ਫਾਇਰ ਬ੍ਰਿਗੇਡ ਕਰਮਚਾਰੀਆਂ ਦੀ ਮੁਸੱਕਤ ਦੇਖਦਿਆਂ ਜਿੱਥੇ ਉਨ੍ਹਾਂ ਦੀ ਪ੍ਰਸੰਸਾ ਕੀਤੀ ਉੱਥੇ ਹੀ ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਫਾਇਰ ਬ੍ਰਿਗੇਡ ਕਰਮੀਆਂ ਨੂੰ ਪੱਕਾ ਕੀਤਾ ਜਾਵੇ।

## ਕਪੂਰਥਲਾ 'ਚ ਵਿਅਕਤੀ ਦਾ ਬੇਰਹਿਮੀ ਨਾਲ ਕਤਲ, ਖ਼ੂਨ ਨਾਲ ਲਥਪਥ ਲਾਸ਼ ਵੇਖ ਧਾਹਾਂ ਮਾਰ ਰੋਇਆ ਪਰਿਵਾਰ

ਕਪੂਰਥਲਾ 3 ਜੂਨ। ਕਪੂਰਥਲਾ ਦੇ ਪਿੰਡ ਭੰਡਾਲ ਬੇਟ ਵਿੱਚ ਅੱਜ ਸਵੇਰੇ ਇਕ ਵਿਅਕਤੀ ਦੀ ਖੂਨ ਨਾਲ ਲਥਪਥ ਲਾਸ਼ ਮਿਲੀ ਹੈ, ਜਿਸ ਕਾਰਨ ਦਹਿਸਤ ਦਾ



ਮਾਹੌਲ ਬਣ ਗਿਆ ਹੈ। ਲਾਸ ਸਬੰਧੀ ਸੂਚਨਾ ਮਿਲਣ ਤੋਂ ਬਾਅਦ ਥਾਣਾ ਢਿੱਲਵਾਂ ਦੀ ਪੁਲਸ ਅਤੇ ਡੀ. ਐੱਸ. ਪੀ. ਭੁਲੱਥ ਸੁਰਿੰਦਰ ਪਾਲ ਆਪਣੀ ਟੀਮ ਸਮੇਤ ਮੌਕੇ 'ਤੇ ਪਹੁੰਚੇ ਅਤੇ ਲਾਸ ਨੂੰ ਕਬਜੇ 'ਚ ਲੈ ਕੇ ਜਾਂਚ ਸੁਰੂ ਕਰ ਦਿੱਤੀ ਹੈ। ਹਾਲਾਂਕਿ ਅਜੇ ਤੱਕ ਕਤਲ ਦੇ ਕਾਰਨ ਅਤੇ ਕਾਤਲ ਦਾ ਖੁਲਾਸਾ ਨਹੀਂ ਹੋਇਆ ਹੈ। ਇਸ ਦੀ ਪੁਸਟੀ ਕਰਦਿਆਂ ਥਾਣਾ ਢਿੱਲਵਾਂ ਦੇ ਮੁਖੀ ਅਨੁਸਾਰ ਲਾਸ ਦੀ ਹਾਲਤ ਨੂੰ ਵੇਖਦੇ ਹੋਏ ਸਾਰੇ ਤੱਥਾਂ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਹੈ ਕਿ ਜਲਦ ਹੀ ਕਾਤਲ ਨੂੰ ਫੜ ਲਿਆ ਜਾਵੇਗਾ। ਪ੍ਰਾਪਤ ਜਾਣਕਾਰੀ ਅਨੁਸਾਰ ਅੱਜ ਸਵੇਰੇ ਲੋਕਾਂ ਨੇ ਪਿੰਡ ਭੰਡਾਲ ਬੇਟ ਦੇ ਪਸੂ ਹਸਪਤਾਲ ਕੰਪਲੈਕਸ ਵਿਚ ਇਕ 40 ਸਾਲਾ ਵਿਅਕਤੀ ਮਨਜੀਤ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਨੂਰਪੁਰ ਜਨੂਹਾ ਦੀ ਖ਼ੂਨ ਨਾਲ ਲਥਪਥ ਲਾਸ ਵੇਖੀ। ਇਸ ਸਬੰਧੀ ਪੁਲਸ ਨੂੰ ਸੂਚਨਾ ਦੇਣ ਤੋਂ ਬਾਅਦ ਥਾਣਾ ਢਿੱਲਵਾਂ ਦੇ ਐੱਸ. ਐੱਚ. ਓ. ਸੁਖਵੀਰ ਸਿੰਘ ਅਤੇ ਡੀ. ਐੱਸ. ਪੀ. ਸੁਰਿੰਦਰ ਪਾਲ ਅਤੇ ਉਨ੍ਹਾਂ ਦੀ ਟੀਮ ਨੇ ਮੌਕੇ 'ਤੇ ਪਹੁੰਚ ਕੇ ਲਾਸ ਨੂੰ ਕਬਜੇ 'ਚ ਲੈ ਕੇ ਜਾਂਚ ਸੁਰੂ ਕਰ ਦਿੱਤੀ ਹੈ। ਮਨਜੀਤ ਸਿੰਘ ਦੇ ਭਰਾ ਸਰਬਜੀਤ ਨੂੰ ਫੜ ਲਿਆ ਜਾਵੇਗਾ। ਪ੍ਰਾਪਤ ਜਾਣਕਾਰੀ ਅਨੁਸਾਰ ਅੱਜ ਸਵੇਰੇ ਲੋਕਾਂ ਨੇ ਪਿੰਡ ਭੰਡਾਲ ਬੇਟ ਦੇ ਪਸੂ ਹਸਪਤਾਲ ਕੰਪਲੈਕਸ ਵਿਚ ਇਕ 40 ਸਾਲਾ ਵਿਅਕਤੀ ਮਨਜੀਤ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਨੂਰਪੁਰ ਜਨੂਹਾ ਦੀ ਖ਼ੂਨ ਨਾਲ ਲਥਪਥ ਸਿੰਘ ਨੇ ਦੱਸਿਆ ਕਿ ਉਸ ਦਾ ਭਰਾ ਮਨਜੀਤ ਸਿੰਘ ਕੱਲ੍ਹ ਤੋਂ ਕਿਸੇ ਕੰਮ ਲਈ ਗਿਆ ਹੋਇਆ ਸੀ ਅਤੇ ਰਾਤ ਤੋਂ ਘਰ ਨਹੀਂ ਆਇਆ। ਸਵੇਰੇ ਕਿਸੇ ਪਿੰਡ ਵਾਸੀ ਨੇ ਸੂਚਨਾ ਦਿੱਤੀ, ਜਿਸ ਤੋਂ ਬਾਅਦ ਉਹ ਮੌਕੇ 'ਤੇ ਪਹੁੰਚੇ ਅਤੇ ਖ਼ੂਨ ਨਾਲ ਲਥਪਥ ਹਾਲਤ 'ਚ ਵੇਖ ਕੇ ਪੁਲਸ ਨੂੰ ਸੂਚਨਾ ਦਿੱਤੀ। ਉਸ ਨੇ ਪੁਲੀ ਨੂੰ ਦੱਸਿਆ ਕਿ ਉਸ ਦੇ ਭਰਾ ਮਨਜੀਤ ਸਿੰਘ ਦਾ ਕੁਝ ਅਣਪਛਾਤੇ ਵਿਅਕਤੀਆਂ ਨੇ ਕਤਲ ਕਰ ਦਿੱਤਾ ਹੈ। ਮ੍ਰਿਤਕ ਮਨਜੀਤ ਸਿੰਘ ਦੇ ਸਿਰ ਅਤੇ ਮੂੰਹ 'ਤੇ ਤੇਜਧਾਰ ਹਥਿਆਰਾਂ ਨਾਲ ਡੂੰਘੇ ਜਖਮ ਹਨ।

## ਗਰਮੀ ਦੌਰਾਨ ਪਾਣੀ ਦੀ ਕਿੱਲਤ ਨਾਲ ਨਜਿੱਠਣ ਲਈ ਲੁਧਿਆਣਾ ਨਗਰ ਨਿਗਮ ਨੇ ਜਾਰੀ ਕੀਤੀਆਂ ਸਖਤ ਹਦਾਇਤਾਂ

ਲੁਧਿਆਣਾ 3 ਜੂਨ। ਭਿਆਨਕ ਗਰਮੀ ਦੌਰਾਨ ਆ ਰਹੀ ਪਾਣੀ ਦੀ ਕਿੱਲਤ ਦੀ ਸਮੱਸਿਆ ਨੂੰ ਹੱਲ ਕਰਨ ਲਈ ਨਗਰ ਨਿਗਮ ਨੇ ਫੈਸਲਾ ਕੀਤਾ ਹੈ ਕਿ ਮਹਾਨਗਰ ਦੇ ਲੋਕ ਸ਼ਾਮ ਨੂੰ ਹੀ ਪੌਦਿਆਂ ਨੂੰ ਪਾਣੀ ਦੇ ਸਕਣਗੇ। ਇਸ ਸਬੰਧ ਵਿਚ ਨਗਰ ਨਿਗਮ ਵੱਲੋਂ ਸਰਕੂਲਰ ਜਾਰੀ ਕਰਨ ਦੀ ਪੁਸ਼ਟੀ ਓ. ਐਂਡ ਐੱਮ. ਸੈੱਲ ਦੇ ਐੱਸ.ਈ. ਰਵਿੰਦਰ ਗਰਗ ਨੇ ਕੀਤੀ ਹੈ, ਜਿਸ ਦੇ ਮੁਤਾਬਕ ਭਿਆਨਕ ਗਰਮੀ ਦੇ ਦੌਰਾਨ ਗ੍ਰੀਨ ਏਰੀਆ ਵਿਚ ਪੌਦਿਆਂ ਨੂੰ ਪਾਣੀ ਜ਼ਿਆਦਾ ਦੇਣਾ ਪੈਂਦਾ ਹੈ ਅਤੇ ਸ਼ਾਮ ਦੇ ਸਮੇਂ ਇਸ ਕੰਮ ਦੇ ਲਈ ਘੱਟ ਪਾਣੀ ਲੱਗੇਗਾ। ਇਸ ਉਦੇਸ਼ ਦੇ ਤਹਿਤ ਹੀ ਨਗਰ ਨਿਗਮ ਵੱਲੋਂ ਪਬਲਿਕ ਨੋਟਿਸ ਦੇ ਜਰੀਏ ਲੋਕਾਂ ਨੂੰ ਸਬਜ਼ੀ ਜਾਂ ਬਰਤਨ ਧੋਣ, ਨਹਾਉਣ, ਟਾਇਲਟ ਦੇ ਲਈ ਘੱਟ ਤੋਂ ਘੱਟ ਪਾਣੀ ਦਾ ਇਸਤੇਮਾਲ ਕਰਨ ਦੇ ਟਿਪਸ ਦਿੱਤੇ ਗਏ ਹਨ। ਨਗਰ ਨਿਗਮ ਵੱਲੋਂ ਭਿਆਨਕ ਗਰਮੀ ਦੌਰਾਨ ਪਾਣੀ ਦੀ ਬੱਚਤ ਲਈ ਘਰਾਂ ਦੇ ਫਰਸ਼ ਅਤੇ ਗੱਡੀਆਂ ਧੋਣ 'ਤੇ ਪਾਬੰਦੀ ਲਾ ਦਿੱਤੀ ਗਈ ਹੈ, ਜਿਸ ਦੀ ਡੈਡਲਾਈਨ 31 ਜੁਲਾਈ ਤੱਕ ਹੋਵੇਗੀ। ਇਸ ਦੌਰਾਨ ਨਿਯਮਾਂ ਦਾ ਉਲੰਘਣਾ ਕਰਨ 'ਤੇ 2 ਹਜ਼ਾਰ ਤੱਕ ਜੁਰਮਾਨਾ ਲੱਗੇਗਾ ਅਤੇ ਵਾਟਰ ਸਪਲਾਈ ਦਾ ਕੁਨੈਕਸ਼ਨ ਕੱਟਣ ਦੀ ਕਾਰਵਾਈ ਵੀ ਹੋ ਸਕਦੀ ਹੈ।

## ਗਰਮ 'ਲੂ' ਨੂੰ ਧਿਆਨ 'ਚ ਰੱਖਦਿਆਂ ਪੋਲਿੰਗ ਸਟੇਸ਼ਨਾਂ 'ਤੇ ਮੈਡੀਕਲ ਟੀਮਾਂ ਤਾਇਨਾਤ ਕਰਨ ਦੀਆਂ ਹਦਾਇਤਾਂ

ਫਿਰੋਜ਼ਪੁਰ 3 ਜੂਨ। ਚੋਣ ਕਮੀਸ਼ਨ ਵੱਲੋਂ ਤਾਇਨਾਤ ਪੰਜਾਬ ਦੇ ਸਪੈਸ਼ਲ ਪੁਲਸ ਆਬਜ਼ਰਵਰ ਦੀਪਕ ਮਿਸ਼ਰਾ ਅਤੇ ਖਰਚ ਆਬਜ਼ਰਵਰ ਬੀ. ਆਰ. ਬਾਲਾਕ੍ਰਿਸ਼ਨਨ ਨੇ ਮੰਗਲਵਾਰ ਨੂੰ ਸੰਸਦੀ ਹਲਕੇ ਫਿਰੋਜ਼ਪੁਰ 'ਚ ਲੋਕ ਸਭਾ ਚੋਣਾਂ ਦੇ ਪ੍ਰਬੰਧਾਂ, ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਵਿਸ਼ੇਸ਼ ਮੀਟਿੰਗ ਕੀਤੀ। ਉਨ੍ਹਾਂ ਕਿਹਾ ਕਿ ਪੂਰੇ ਸੰਸਦੀ ਹਲਕੇ 'ਚ ਮਾਡਲ ਕੋਡ ਆਫ ਕੰਡਕਟ ਦੀ ਸਖਤੀ ਨਾਲ ਪਾਲਣਾ ਕਰਵਾਈ ਜਾਵੇ। ਉਮੀਦਵਾਰਾਂ ਅਤੇ ਰਾਜਨੀਤਕ ਪਾਰਟੀਆਂ ਦੇ ਖਰਚੇ 'ਤੇ ਤਿੱਖੀ ਨਜ਼ਰ ਰੱਖੀ ਜਾਵੇ। ਪੂਰੇ ਜ਼ਿਲ੍ਹੇ 'ਚ ਸੁਰੱਖਿਆ ਪ੍ਰਬੰਧ ਸਖਤ ਕੀਤੇ ਜਾਣ ਤਾਂ ਕਿ ਲੋਕ ਨਿਡਰ ਹੋ ਕੇ ਆਪਣੇ ਵੋਟ ਦੇ ਹੱਕ ਦਾ ਇਸਤੇਮਾਲ ਕਰ ਸਕਣ। ਵੋਟਾਂ ਵਾਲੇ ਦਿਨ ਵੋਟਰਾਂ ਅਤੇ ਪੋਲਿੰਗ ਸਟਾਫ ਨੂੰ ਹਰ ਸਹੂਲਤ ਉਪਲੱਬਧ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਹਰ ਪੋਲਿੰਗ ਸਟੇਸ਼ਨ ਤੇ ਤਾਇਨਾਤ ਅਫਸਰ ਅਤੇ ਕਰਮਚਾਰੀ ਇਕ ਟੀਮ ਦੀ ਤਰ੍ਹਾਂ ਕੰਮ ਕਰਨ ਅਤੇ ਆਪਸੀ ਤਾਲਮੇਲ ਬਣਾ ਕੇ ਰੱਖਣ। ਆਬਜ਼ਰਵਰਾਂ ਨੇ ਕਿਹਾ ਕਿ ਇਸ ਸਮੇਂ ਪੰਜਾਬ 'ਚ ਭਿਆਨਕ



ਲੂ ਚੱਲ ਰਹੀ ਹੈ। ਜਿਸ ਨੂੰ ਦੇਖਦੇ ਹੋਏ ਚੋਣਾਂ ਵਾਲੇ ਦਿਨ ਪੋਲਿੰਗ ਸਟੇਸ਼ਨਾਂ 'ਤੇ ਮੈਡੀਕਲ ਟੀਮਾਂ ਦੀ ਤਾਇਨਾਤੀ ਕੀਤੀ ਜਾਵੇ ਤਾਂ ਕਿ ਕਿਸੇ ਵੀ ਐਮਰਜੈਂਸੀ ਦੀ ਹਾਲਤ 'ਚ ਤੁਰੰਤ ਸਹਾਇਤਾ ਮਿਲ ਸਕੇ। ਇਸ ਤੋਂ ਇਲਾਵਾ ਬੂਥਾਂ 'ਤੇ ਰੈਂਪ, ਰੌਸ਼ਨੀ, ਪੀਣ ਵਾਲੇ ਪਾਣੀ, ਬਾਥਰੂਮ, ਟੈਂਟ, ਬੈਠਣ ਆਦਿ ਦਾ ਪੂਰਾ ਪ੍ਰਬੰਧ ਹੋਵੇ। ਇਸ ਮੀਟਿੰਗ 'ਚ ਸੰਸਦੀ ਹਲਕੇ ਵਿਚ ਤਾਇਨਾਤ ਤਿੰਨਾਂ ਆਬਜ਼ਰਵਰਾਂ, ਡੀ. ਸੀ. ਫਿਰੋਜ਼ਪੁਰ ਰਾਜੇਸ਼ ਧੀਮਾਨ, ਏ. ਡੀ. ਸੀ. ਡਾ. ਨਿਧੀ ਬਾਂਬਾ, ਉਪ-ਮੰਡਲ ਅਫਸਰ ਡਾ. ਚਾਰੂਮਿਤਾ, ਸਹਾਇਕ ਕਮਿਸ਼ਨਰ ਸੂਰਜ ਕੁਮਾਰ ਸ਼ਾਮਲ ਹੋਏ ਜਦ ਕਿ ਫਾਜ਼ਿਲਕਾ ਅਤੇ ਮੁਕਤਸਰ ਜ਼ਿਲ੍ਹਿਆਂ ਦੇ ਡੀ. ਸੀ. ਡਾ. ਸੇਨੂੰ ਦੁੱਗਲ, ਹਰਪ੍ਰੀਤ ਸਿੰਘ ਸੂਦਨ, ਐੱਸ. ਐੱਸ. ਪੀ. ਡਾ. ਪ੍ਰਗਿਆ ਜੈਨ, ਭਾਗੀਰਥ ਮੀਨਾ ਵੀਡੀਓ ਕਾਨਫਰੈਂਸਿੰਗ ਰਾਹੀਂ ਮੀਟਿੰਗ ਦਾ ਹਿੱਸਾ ਬਣੇ।

# ਚੋਣਾਂ ਦੇ ਮੱਦੇਨਜਰ ਸਰਕਾਰੀ ਮੁਲਾਜਮਾਂ ਤੇ ਡਾਕਟਰਾਂ ਨੂੰ ਨਹੀਂ ਮਿਲੀ ਛੁੱਟੀ

ਅੰਮ੍ਰਿਤਸਰ 3 ਜੂਨ। ਸਿਹਤ ਵਿਭਾਗ ਨੇ 1 ਜੂਨ ਨੂੰ ਹੋਣ ਵਾਲੀਆਂ ਲੋਕ ਸਭਾ ਚੋਣਾਂ ਨੂੰ ਮੱਦੇਨਜਰ ਰੱਖਦਿਆਂ ਸਰਕਾਰੀ ਮੁਲਾਜਮਾਂ ਅਤੇ ਡਾਕਟਰਾਂ ਨੂੰ ਚੋਣਾਂ ਤੱਕ ਕੋਈ ਵੀ ਛੁੱਟੀ ਨਾ ਦੇਣ ਦੇ ਹੁਕਮ ਜਾਰੀ ਕੀਤੇ ਹਨ। ਵਿਭਾਗ ਵੱਲੋਂ ਇਸ ਤੋਂ ਇਲਾਵਾ ਜ਼ਿਲ੍ਹੇ ਦੇ ਸਮੁੱਚੇ ਸਰਕਾਰੀ ਹਸਪਤਾਲਾਂ ਵਿਚ ਸਿਹਤ ਸੇਵਾਵਾਂ ਦੇ ਪ੍ਰਬੰਧ ਚੰਗੇ ਕਰਨ ਦੇ ਵੀ ਹੁਕਮ ਸੀਨੀਅਰ ਮੈਡੀਕਲ ਅਧਿਕਾਰੀਆਂ ਨੂੰ ਜਾਰੀ ਕੀਤੇ ਹਨ। ਸਿਵਲ ਸਰਜਨ ਡਾ. ਸੁਮਿਤ ਸਿੰਘ ਵੱਲੋਂ ਚੋਣਾਂ ਨੂੰ ਲੈ ਕੇ ਖੁਦ ਸਿਹਤ ਸੇਵਾਵਾਂ ਦਾ ਜ਼ਿਲ੍ਹੇ ਵਿਚ ਜਾਇਜਾ ਲੈਂਦਿਆਂ ਦੇਰ ਸਾਮ ਤੱਕ ਅਧਿਕਾਰੀਆਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਚੋਣਾਂ ਨੂੰ ਚੰਗੇ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਪ੍ਰਸਾਸਨ ਪੂਰੀ ਮੁਸਤੈਦੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਅ ਰਿਹਾ ਹੈ। ਸਿਹਤ ਵਿਭਾਗ ਨੇ ਵੀ ਗਰਮੀ ਨੂੰ ਮੱਦੇਨਜਰ ਰੱਖਦਿਆਂ ਪਹਿਲਾਂ ਹੀ ਆਮ ਜਨਤਾ ਵਾਸਤੇ ਐਡਵਾਈਜਰੀ ਜਾਰੀ ਕਰਦਿਆਂ ਸਰਕਾਰੀ ਹਸਪਤਾਲਾਂ ਵਿਚ ਪ੍ਰਬੰਧ ਮੁਕੰਮਲ ਕਰ ਲਏ ਹਨ। ਇਸ ਤੋਂ ਇਲਾਵਾ ਅਣਸੁਖਾਵੀਂ ਘਟਨਾ ਨਾਲ ਨਜਿੱਠਣ ਲਈ ਹਸਪਤਾਲਾਂ ਵਿਚ ਦਵਾਈਆਂ ਅਤੇ ਐਮਰਜੈਂਸੀ ਸੇਵਾਵਾਂ ਵਿਚ ਅਧਿਕਾਰੀਆਂ ਅਤੇ ਮੁਲਾਜਮਾਂ ਦੀ ਤਾਇਨਾਤੀ ਕੀਤੀ ਗਈ ਹੈ। ਡਾ. ਸੁਮੀਤ ਸਿੰਘ ਨੇ ਦੱਸਿਆ ਕਿ ਚੋਣਾਂ ਨੂੰ ਮੱਦੇਨਜਰ ਰੱਖਦਿਆਂ ਕਿਸੇ ਵੀ ਡਾਕਟਰ ਅਤੇ ਮੁਲਾਜਮ ਨੂੰ ਛੁੱਟੀ ਨਾ ਦੇਣ ਦੇ ਹੁਕਮ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਮੁਲਾਜਮ ਜਾਂ ਡਾਕਟਰ ਨੂੰ ਬੇਹੱਦ ਐਮਰਜੈਂਸੀ ਹੈ ਤਾਂ ਉਸ ਦੀ ਸਬੂਤ ਦਿਖਾ ਕੇ ਉਹ ਛੁੱਟੀ ਲੈ ਸਕਦਾ ਹੈ। ਸੀਨੀਅਰ ਮੈਡੀਕਲ ਅਧਿਕਾਰੀਆਂ ਨੂੰ ਕਿਹਾ ਗਿਆ ਹੈ ਕਿ ਆਪਣੇ-ਆਪਣੇ ਹਸਪਤਾਲਾਂ ਵਿਚ ਸਿਹਤ ਸੇਵਾਵਾਂ ਨੂੰ ਚੰਗੇ ਢੰਗ ਨਾਲ ਮੋਨੀਟਰ ਕੀਤਾ ਜਾਵੇ ਅਤੇ ਅਧਿਕਾਰੀ ਖੁਦ ਸਿਹਤ ਸੇਵਾਵਾਂ ਦਾ ਜਾਇਜਾ ਲੈ ਕੇ ਰਿਪੋਰਟ ਸਿਵਲ ਸਰਜਨ ਦਫਤਰ ਵਿਚ ਕਰਨ। ਸਿਵਲ ਸਰਜਨ ਨੇ ਕਿਹਾ ਕਿ ਲੋਕਤੰਤਰ ਵਿਚ ਵੋਟ ਦੀ ਬੇਹੱਦ ਅਹਿਮੀਅਤ ਹੈ, ਇਸ ਲਈ ਸਮੁੱਚਾ ਸਿਹਤ ਵਿਭਾਗ ਆਪਣੀ ਜ਼ਿੰਮੇਵਾਰੀ ਲਗਨ ਅਤੇ ਈਮਾਨਦਾਰੀ ਨਾਲ ਨਿਭਾ ਰਿਹਾ ਹੈ। ਆਮ ਜਨਤਾ ਨੂੰ ਕੋਈ ਪ੍ਰੇਸਾਨੀ ਨਾ ਆਵੇ, ਇਸ ਲਈ ਹਸਪਤਾਲਾਂ ਵਿਚ ਚੰਗੇ ਅਤੇ ਸੁਚਾਰੂ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਪ੍ਰਸਾਸਨ ਦੇ ਨਾਲ ਮਿਲ ਕੇ ਡਾਕਟਰਾਂ ਦੀਆਂ ਵਿਸੇਸ ਟੀਮਾਂ ਵੀ ਲਗਾਈਆਂ ਜਾ ਰਹੀਆਂ ਹਨ ਤਾਂ ਜੋ ਆਮ ਜਨਤਾ ਨੂੰ ਸਿਹਤ ਸੇਵਾਵਾਂ ਦੀ ਕਿਸੇ ਤਰ੍ਹਾਂ ਦੀ ਕੋਈ ਮੁਸਕਲ ਨਾ ਆਵੇ। ਇਸ ਤੋਂ ਇਲਾਵਾ 108 ਐਬੂਲੈਂਸ ਅਤੇ ਸਰਕਾਰੀ ਐਬੂਲੈਂਸ ਨੂੰ ਵੀ ਤਿਆਰ ਕੀਤੇ ਗਿਆ ਹੈ ਤਾਂ ਕਿ ਜਰੂਰਤ ਪੈਣ 'ਤੇ ਸਬੰਧਤ ਐਬੂਲੈਂਸਾਂ ਬੂਥ ਲੈਵਲ ਤੱਕ ਪਹੁੰਚ ਕੇ ਮਰੀਜ ਨੂੰ ਸਮੇਂ ਸਿਹਤ ਸੇਵਾਵਾਂ ਦੇ ਸਕਣ। ਸਿਵਲ ਸਰਜਨ ਡਾ. ਸੁਮਿਤ ਸਿੰਘ ਨੇ ਦੱਸਿਆ ਕਿ ਚੋਣਾਂ ਨੂੰ ਮੱਦੇਨਜਰ ਰੱਖਦਿਆਂ ਸਹਿਰੀ ਅਤੇ ਦਿਹਾਤੀ ਖੇਤਰਾਂ ਵਿਚ ਸੈਕਟਰ ਪੱਧਰ 'ਤੇ ਬੂਥਾਂ ਨੂੰ ਵੰਡਿਆ ਗਿਆ ਹੈ। ਹਰ ਸੈਕਟਰ 'ਤੇ ਇਕ ਡਾਕਟਰ ਨੂੰ ਤਾਇਨਾਤ ਕੀਤਾ ਜਾਵੇਗਾ। ਇਸ ਤੋਂ ਇਲਾਵਾ 1200 ਦੇ ਕਰੀਬ ਆਸਾ ਵਰਕਰਾਂ ਨੂੰ ਵੀ ਬੂਥ 'ਤੇ ਜਰੂਰਤ ਅਨੁਸਾਰ ਤਾਇਨਾਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸਹਿਰੀ ਖੇਤਰ ਵਿਚ ਸਿਹਤ ਵਿਭਾਗ ਦੇ 50 ਦੇ ਕਰੀਬ ਡਾਕਟਰ, ਜਦਕਿ ਦਿਹਾਤੀ ਖੇਤਰ ਵਿਚ ਵਿਭਾਗ ਦੇ ਡਾਕਟਰਾਂ ਤੋਂ ਇਲਾਵਾ ਰੂਰਲ ਮੈਡੀਕਲ ਅਧਿਕਾਰੀਆਂ ਦੀ ਵੀ 100 ਦੇ ਕਰੀਬ ਤਾਇਨਾਤੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਲੋਕਾਂ ਨੂੰ ਚੰਗੀਆਂ ਸੇਵਾਵਾਂ ਮਿਲ ਸਕਣ, ਇਸ ਲਈ ਪ੍ਰਸਾਸਨ ਨਾਲ ਮਿਲ ਕੇ ਵਿਭਾਗ ਆਪਣੀ ਜ਼ਿੰਮੇਵਾਰੀ ਪੂਰੀ ਲਗਨ ਦੇ ਨਾਲ ਨਿਭਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਕ ਜੂਨ ਨੂੰ ਜ਼ਿਲ੍ਹੇ ਭਰ ਦੀਆਂ ਸਿਹਤ ਸੇਵਾਵਾਂ ਨੂੰ ਮਨੀਟਰ ਕਰਨ ਲਈ ਉਨ੍ਹਾਂ ਦੇ ਦਫਤਰ ਵਿਚ ਕੰਟਰੋਲ ਰੂਮ ਬਣਾਇਆ ਜਾਵੇਗਾ ਤਾਂ ਕਿ ਹਰ ਇਕ ਸੈਕਟਰ ਅਤੇ ਸਰਕਾਰੀ ਹਸਪਤਾਲ ਤੱਕ ਪਹੁੰਚ ਕਰ ਕੇ ਸੇਵਾਵਾਂ ਦਾ ਸਮੇਂ-ਸਮੇਂ 'ਤੇ ਜਾਇਜਾ ਲਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਉਹ ਖੁਦ ਸਾਰੀਆਂ ਸੇਵਾਵਾਂ ਦੀ ਮੋਨੀਟਰਿੰਗ ਕਰਨਗੇ ਅਤੇ ਉਨ੍ਹਾਂ ਨਾਲ ਅਧਿਕਾਰੀ ਵੀ ਮੌਕੇ 'ਤੇ ਮੌਜੂਦ ਹੋਣਗੇ। ਜਰੂਰਤ ਅਨੁਸਾਰ ਡਾਕਟਰ ਅਤੇ ਮੁਲਾਜਮਾਂ ਦੀਆਂ ਟੀਮਾਂ ਵੀ ਜਰੂਰਤ ਵਾਲੀ ਜਗ੍ਹਾ 'ਤੇ ਭੇਜਿਆ ਜਾਣਗੀਆਂ। ਜ਼ਿਲ੍ਹਾ ਪੱਧਰੀ ਸਿਵਲ ਹਸਪਤਾਲ ਦੇ ਸੀਨੀਅਰ ਮੈਡੀਕਲ ਅਧਿਕਾਰੀ ਡਾ. ਸਵਰਨਜੀਤ ਧਵਨ ਅਤੇ ਡਾ. ਮਦਨ ਮੋਹਨ ਨੇ ਦੱਸਿਆ ਕਿ ਚੋਣਾਂ ਨੂੰ ਲੈ ਕੇ ਹਸਪਤਾਲ ਵਿੱਚ ਸਿਹਤ ਸੇਵਾਵਾਂ ਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਐਮਰਜੈਂਸੀ ਵਿੱਚ ਦਵਾਈਆਂ ਦੀ ਕੋਈ ਵੀ ਘਾਟ ਨਹੀਂ ਹੈ। ਇਸ ਤੋਂ ਇਲਾਵਾ ਓ.ਪੀ.ਡੀ. ਵਿੱਚ ਵੀ ਆਉਣ ਵਾਲੇ ਮਰੀਜਾਂ ਨੂੰ ਵਿਭਾਗ ਵੱਲੋਂ ਮੁਹੱਈਆ ਕਰਵਾਈਆਂ ਦਵਾਈਆਂ ਦਿੱਤੀਆਂ ਜਾ ਰਹੀਆਂ ਹਨ। ਡਾ. ਧਵਨ ਅਤੇ ਡਾ. ਮਦਨ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਹਸਪਤਾਲ ਹੋਣ ਕਰ ਕੇ ਇਸ ਹਸਪਤਾਲ ਦੀ ਜਿੰਮੇਵਾਰੀ ਜਿਆਦਾ ਬਣਦੀ ਹੈ, ਇਸ ਲਈ ਸਮੇਂ ਰਹਿੰਦਿਆਂ ਹੀ ਸਾਰੀਆਂ ਸੇਵਾਵਾਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਸਟਾਫ ਅਤੇ ਡਾਕਟਰਾਂ ਨੂੰ ਵੀ ਡਿਊਟੀ 'ਤੇ ਪਾਬੰਧ ਰਹਿਣ ਦੇ ਹੁਕਮ ਜਾਰੀ ਕੀਤੇ ਗਏ ਹਨ। ਗੁਰੂ ਨਾਨਕ ਦੇਵ ਹਸਪਤਾਲ ਦੇ ਮੈਡੀਕਲ ਸੁਪਰੀਡੈਂਟ ਡਾ. ਕਰਮਜੀਤ ਸਿੰਘ ਨੇ ਦੱਸਿਆ ਕਿ ਚੋਣਾਂ ਨੂੰ ਮੱਦੇਨਜਰ ਰੱਖਦਿਆਂ ਹੋਇਆਂ ਪ੍ਰਬੰਧ ਮੁਕੰਮਲ ਕੀਤੇ ਗਏ ਹਨ। ਇਸ ਤੋਂ ਇਲਾਵਾ ਐਮਰਜੈਂਸੀ ਵਿੱਚ ਵੀ ਸੀਨੀਅਰ ਡਾਕਟਰ ਦੀ ਨਿਗਰਾਨੀ ਹੇਠ ਟੀਮਾਂ ਦਾ ਗਠਨ ਕੀਤਾ ਗਿਆ ਹੈ। ਡਾ. ਕਰਮਜੀਤ ਨੇ ਦੱਸਿਆ ਕਿ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਗੁਰੂ ਨਾਨਕ ਦੇਵ ਹਸਪਤਾਲ ਪੂਰੀ ਤਰ੍ਹਾਂ ਨਾਲ ਤਿਆਰ ਹੈ ਅਤੇ ਡਾਕਟਰ ਅਤੇ ਮੁਲਾਜਮ ਵਰਗ ਨੂੰ ਵੀ ਹਦਾਇਤ ਜਾਰੀ ਕੀਤੀ ਗਈ ਹੈ ਕਿ ਉਹ ਡਿਊਟੀ 'ਤੇ ਪਾਬੰਧ ਰਹਿ ਕੇ ਸਿਹਤ ਸੇਵਾਵਾਂ ਦਾ ਜਾਇਜਾ ਲੈਂਦੇ ਰਹਿਣ। ਡਾ. ਕਰਮਜੀਤ ਨੇ ਲੋਕਾਂ ਨੂੰ ਅਪੀਲ ਕੀਤੀ ਲੋਕਤੰਤਰ ਲਈ ਵੋਟ ਦਾ ਇਸਤੇਮਾਲ ਕਰਨਾ ਸਭ ਦੇ ਲਈ ਬੇਹੱਦ ਜਰੂਰੀ ਹੈ। ਇਸ ਲਈ ਇੱਕ ਜੂਨ ਨੂੰ ਸਾਰੇ ਆਪਣੀ ਵੋਟ ਦਾ ਇਸਤੇਮਾਲ ਜਰੂਰ ਕਰਨ। ਚੋਣਾਂ ਨੂੰ ਮੱਦੇਨਜ਼ਰ ਰੱਖਦੇ ਹੋਏ ਜੇਲ੍ਹ ਵਿਭਾਗ ਪੰਜਾਬ ਨੇ ਕੈਦੀਆਂ/ਹਵਾਲਾਤੀਆਂ ਦੀਆਂ ਉਨ੍ਹਾਂ ਦੇ ਪਰਿਵਾਰਾਂ ਨਾਲ ਮੁਲਾਕਾਤਾਂ ਵੀ ਬੰਦ ਕਰ ਦਿੱਤੀਆਂ ਹਨ। ਦੱਸਿਆ ਜਾਂਦਾ ਹੈ ਕਿ ਮੁਲਾਕਾਤਾਂ 31 ਮਈ ਤੋਂ ਲੈ ਕੇ 1 ਜੂਨ ਤੱਕ ਬੰਦ ਰਹਿਣਗੀਆਂ। ਏ.ਡੀ.ਜੀ.ਪੀ. (ਜੇਲ੍ਹ) ਨੇ ਪੰਜਾਬ ਦੀਆਂ ਜੇਲ੍ਹਾਂ ਦੇ ਸੁਪਰਡੈਂਟਾਂ ਨੂੰ ਨਿਰਦੇਸ਼ ਜਾਰੀ ਕਰ ਦਿੱਤੇ ਹਨ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਸੀਨੀਅਰ ਸਹਾਇਕ ਵਿਜੈ ਲਕਸ਼ਮੀ ਸਕਸੈਨਾ 36 ਸਾਲਾਂ ਬਾਅਦ ਹੋਏ ਰਿਟਾਇਰ; ਸ਼ਾਨਦਾਰ ਹੋਈ ਵਿਦਾਇਗੀ ਪਾਰਟੀ



**ਪਟਿਆਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸਾਹਿਬ ਜੱਸੀ ਸੋਹੀਆਂ ਵਾਲੇ ਵੱਲੋਂ ਵਿਭਾਗ ਦੀ ਸੀਨੀਅਰ ਸਹਾਇਕ ਮੈਡਮ ਸ਼੍ਰੀਮਤੀ ਵਿਜੈ ਲਕਸ਼ਮੀ ਸਕਸੇਨਾ ਜੀ ਜਿਹਨਾਂ ਨੇ ਵਿਭਾਗ ਚ ਆਪਣੀ 36 ਸਾਲਾਂ ਦੀ ਸੇਵਾ ਦੌਰਾਨ ਵੱਖ ਵੱਖ ਜਿਲਿਆਂ 'ਚ ਆਪਣੀ ਮਿਹਨਤ ਅਤੇ ਇਮਾਨਦਾਰੀ ਨਾਲ ਕੰਮ ਕਰਕੇ ਆਪਣੀ ਖੁਦ ਦੀ ਪਹਿਚਾਣ ਬਣਾਈ,ਦੀ ਵਿਦਾਇਗੀ ਪਾਰਟੀ ਵਿਚ ਚੋਣਾਂ ਦੌਰਾਨ ਆਪਣਾ ਬਹੁਤ ਹੀ ਕੀਮਤੀ ਸਮਾਂ ਕੱਢ ਕੇ ਵਿਦਾਇਗੀ ਪਾਰਟੀ ਵਿੱਚ ਆ ਕੇ ਜਿਥੇ ਵਿਦਾਇਗੀ ਪਾਰਟੀ ਦੀ ਸ਼ੋਭਾ ਵਧਾਈ ਅਤੇ ਨਾਲ ਹੀ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਵਾਂਗ ਦੇਸ਼ ਪ੍ਰਤੀ ਸੇਵਾ ਲਈ ਵੀ ਪ੍ਰੇਰਿਤ ਕੀਤਾ ਇਸ ਮੌਕੇ ਤੇ ਵਿਭਾਗ ਦੇ ਮੌਜੂਦਾ ਅਫਸਰ ਸਾਹਿਬ ਉਪ ਅਰਥ ਅਤੇ ਅੰਕੜਾ ਸਲਾਹਕਾਰ ਸ. ਗੁਰਪ੍ਰੀਤ ਸਿੰਘ ਜੀ, ਰਿਟਾਇਰਡ ਅਫਸਰ ਉਪ ਅਰਥ ਅਤੇ ਅੰਕੜਾ ਸਲਾਹਕਾਰ ਸ.ਕੰਵਲਜੀਤ ਸਿੰਘ ਜੀ, ਰਿਟਾਇਰਡ ਖੋਜ ਅਫਸਰ ਸ਼੍ਰੀ ਪ੍ਰੇਮ ਕੁਮਾਰ ਜੀ ਅਤੇ ਸਮੂਹ ਸਟਾਫ ਮੈਂਬਰ ਪਟਿਆਲਾ ਤੋਂ ਏ.ਆਰ.ਓ.ਅਮਰਦੀਪ ਕੌਰ, ਰਿਤੂ ਬੱਗਾ, ਜੂਨੀਅਰ ਸਹਾਇਕ ਜਗਜੀਤ ਕੌਰ, ਚਰਨਜੀਤ ਸਿੰਘ,ਗੁਰਕਿਰਪਾਲ ਸਿੰਘ,ਇੰਵੇਸਟੀਗੇਟਰ ਬਿਕਰਮਜੀਤ ਸਿੰਘ ਔਲਖ,ਹਰਪ੍ਰੀਤ ਕੌਰ,ਅਕਾਊਂਟੈਂਟ ਨਵਪ੍ਰੀਤ ਕੌਰ ਸੈਂਸਜ ਇੰਚਾਰਜ ਨਿਸ਼ੂ ਸ਼ਰਮਾ, ਡਾਟਾ ਐਂਟਰੀ ਓਪ੍ਰੇਟਰ ਗੁਰਵਿੰਦਰ ਕੌਰ, ਪਰਮਜੀਤ ਸਿੰਘ,ਯੁਵਰਾਜ ਸ਼ਰਮਾ, ਕੁਲਿੰਦਰਜੀਤ ਸਿੰਘ,ਰਮਨਜੀਤ ਸਿੰਘ,ਸੇਵਾਦਾਰ ਗੁਰਪ੍ਰੀਤ ਸਿੰਘ ਅਤੇ ਰਾਮਲੁਭਾਇਆ ਫਰੀਦਕੋਟ ਤੋਂ ਜੂਨੀਅਰ ਸਹਾਇਕ ਕੰਵਲਜੀਤ ਕੌਰ ਚੰਡੀਗੜ੍ਹ ਤੋਂ ਜੂਨੀਅਰ ਸਹਾਇਕ ਕੁਲਬੀਰ ਸਿੰਘ ਡਰਾਈਵਰ ਅਮਨਦੀਪ ਸਿੰਘ ਸੰਗਰੂਰ ਤੋਂ ਸੀਨੀਅਰ ਸਹਾਇਕ ਸੁਖਵਿੰਦਰ ਸਿੰਘ ਕਲਰਕ ਤਰਸੇਮ ਚੰਦ, ਇੰਵੈਸਟੀਗੇਟਰ ਅਮਨਜੋਤ ਕੌਰ, ਡਾਟਾ ਐਂਟਰੀ ਓਪ੍ਰੇਟਰ ਸਾਹਿਲ ਗਰੋਵਰ ਆਦਿ ਨੇ ਸਮੂਹਲੀਅਤ ਕੀਤੀ।

# ਪਟਿਆਲਾ ਜ਼ਿਲ੍ਹੇ ਦੇ ਸਾਰੇ 1786 ਪੋਲਿੰਗ ਬੂਥਾਂ 'ਤੇ ਹੋਵੇਗੀ ਵੈਬਕਾਸਟਿੰਗ, ਕੰਟਰੋਲ ਰੂਮ 'ਚ ਮੋਨੀਟਰ ਕਰਨਗੇ ਵਿਦਿਆਰਥੀ

**ਪਟਿਆਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਚੋਣਾਂ ਲਈ 3 ਜੂਨ ਨੂੰ ਪੈਣ ਵਾਲੀਆਂ ਵੋਟਾਂ ਦੇ ਮੱਦੇਨਜ਼ਰ ਲੋਕ ਸਭਾ ਹਲਕੇ ਦੇ ਪਟਿਆਲਾ ਜ਼ਿਲ੍ਹੇ ਵਿੱਚ ਸਾਰੇ 1786 ਪੋਲਿੰਗ ਸਟੇਸ਼ਨਾਂ 'ਤੇ ਅਮਨ-ਕਾਨੂੰਨ ਦੀ ਸਥਿਤੀ 'ਤੇ ਸੀ.ਸੀ.ਟੀ.ਵੀ. ਕੈਮਰਿਆਂ ਨਾਲ ਪੈਨੀ ਨਿਗਰਾਨੀ ਰੱਖਣ ਲਈ ਵੈਬਕਾਸਟਿੰਗ ਕਰਵਾਈ ਜਾ ਰਹੀ ਹੈ। ਇਸ ਵੈਬ ਕਾਸਟਿੰਗ ਦਾ ਕੰਟਰੋਲ ਰੂਮ ਇੱਥੇ ਜ਼ਿਲ੍ਹਾ ਪ੍ਰੀਸ਼ਦ ਵਿਖੇ ਬਣਾਇਆ ਗਿਆ ਹੈ। ਇਸ ਕੰਟਰੋਲ ਰੂਮ ਦੀ ਨਿਗਰਾਨੀ ਪਟਿਆਲਾ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਦੇ ਦੱਸਵੀਂ ਜਮਾਤ 'ਚ ਪੜ੍ਹਦੇ 200 ਵਿਦਿਆਰਥੀ ਕਰ ਰਹੇ ਹਨ।

ਅੱਜ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਕੰਟਰੋਲ ਰੂਮ ਦਾ ਜਾਇਜ਼ਾ ਲੈਂਦਿਆਂ ਇਨ੍ਹਾਂ ਵਿਦਿਆਰਥੀਆਂ ਦੀ ਹੌਸਲਾ ਅਫ਼ਜਾਈ ਕਰਦੇ ਹੋਏ ਕਿਹਾ ਕਿ ਦੇਸ਼ ਦੇ ਸਭ ਤੋਂ ਵੱਡੇ ਲੋਕਤੰਤਰੀ ਤਿਉਹਾਰ ਚੋਣਾਂ ਨੂੰ ਅਮਨ-ਅਮਾਨ ਨਾਲ ਨਿਰਵਿਘਨ ਸੰਪੰਨ ਕਰਵਾਉਣ ਲਈ ਇਨ੍ਹਾਂ ਵਿਦਿਆਰਥੀਆਂ ਵੱਲੋਂ ਆਪਣਾ ਯੋਗਦਾਨ ਪਾਉਣਾ ਅਹਿਮ ਗੱਲ ਹੈ।



ਉਨ੍ਹਾਂ ਦੱਸਿਆ ਕਿ ਪੋਲਿੰਗ ਸਟੇਸ਼ਨਾਂ 'ਤੇ ਵੈਬ ਕਾਸਟਿੰਗ ਰਾਹੀਂ ਨਜ਼ਰ ਰੱਖੀ ਜਾਵੇਗੀ ਤਾਂ ਕਿ ਕੋਈ ਗ਼ਲਤ ਹਰਕਤ ਨਾ ਹੋਵੇ ਅਤੇ ਆਦਰਸ਼ ਚੋਣ ਜਾਬਤੇ ਦੀ ਉਲੰਘਣਾ ਨਾ ਹੋਵੇ।

ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਇਨ੍ਹਾਂ ਵਿਦਿਆਰਥੀਆਂ ਨੂੰ ਜ਼ਿਲ੍ਹਾ ਸੂਚਨਾ ਤੇ ਵਿਗਿਆਨ ਅਫ਼ਸਰ ਤੇ ਨੋਡਲ ਅਫ਼ਸਰ ਸੰਜੀਵ ਕੁਮਾਰ ਦੀ ਅਗਵਾਈ ਹੇਠ ਐਨ.ਆਈ.ਸੀ. ਦੀ ਟੀਮ ਵੱਲੋਂ ਸਿਖਲਾਈ ਦਿੱਤੀ ਗਈ ਹੈ। ਇਹ ਵਿਦਿਆਰਥੀ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਵੋਟਾਂ ਪੈਣ ਦੇ ਆਖਰੀ ਸਮੇਂ ਤੱਕ ਨਿਗਰਾਨੀ ਕਰਨਗੇ, ਇਨ੍ਹਾਂ ਨੂੰ ਸਰਟੀਫਿਕੇਟ ਵੀ ਪ੍ਰਦਾਨ ਕੀਤੇ ਜਾਣਗੇ। ਇਸ ਮੌਕੇ ਏ.ਡੀ.ਸੀ. (ਜ) ਕੰਚਨ, ਡੀ.ਆਈ.ਓ. ਸੰਜੀਵ ਕੁਮਾਰ ਸ਼ਰਮਾ ਤੇ ਡੀ.ਐਸ.ਐਮ. ਸੁਖਮੰਦਰ ਸਿੰਘ ਵੀ ਮੌਜੂਦ ਸਨ।

# ਜ਼ਿਲ੍ਹਾ ਚੋਣ ਅਫ਼ਸਰ ਦੀ ਚਿਤਾਵਨੀ ਕੋਈ ਵੀ ਗ਼ੈਰਕਾਨੂੰਨੀ ਗਤੀਵਿਧੀ ਸਾਹਮਣੇ ਆਉਣ 'ਤੇ ਹੋਵੇਗੀ ਸਖ਼ਤ ਕਾਰਵਾਈ

**ਪਟਿਆਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਲੋਕ ਸਭਾ ਚੋਣਾਂ-2024 ਦੌਰਾਨ ਵੋਟਰਾਂ ਨੂੰ ਮੁਫ਼ਤ ਸਾਜੋ-ਸਮਾਨ ਆਦਿ ਵੰਡਕੇ ਪ੍ਰਭਾਵਤ ਕਰਨ ਦੀ ਕਿਸੇ ਵੀ ਸੰਭਾਵਤ ਘਟਨਾ ਨੂੰ ਰੋਕਣ ਲਈ ਸਖ਼ਤ ਕਦਮ ਚੁੱਕਦਿਆਂ ਅਜਿਹੇ ਸਮਾਨ ਦੇ ਥੋਕ ਵਪਾਰੀਆਂ ਤੇ ਸ਼ੋਅ ਰੂਮਜ਼ 'ਤੇ ਸਖ਼ਤ ਨਿਗਰਾਨੀ ਰੱਖਣ ਲਈ ਵਧੀਕ ਕਮਿਸ਼ਨਰ ਇਨਵੈਸਟੀਗੇਸ਼ਨ/ਟੈਕਸ ਅਪ੍ਰੇਸ਼ਨ ਨੂੰ ਪੱਤਰ ਲਿਖਿਆ ਹੈ।

ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਲੋਕ ਸਭਾ ਚੋਣਾਂ ਲਈ 3 ਜੂਨ 2024 ਨੂੰ ਪੈਣ ਵਾਲੀਆਂ ਵੋਟਾਂ ਸਬੰਧੀ ਭਾਰਤ ਚੋਣ ਕਮਿਸ਼ਨ ਵੱਲੋਂ ਪਟਿਆਲਾ ਲੋਕ ਸਭਾ ਹਲਕੇ ਲਈ ਤਾਇਨਾਤ ਸਪੈਸ਼ਲ ਪੁਲਿਸ ਆਬਜ਼ਰਵਰ ਅਤੇ ਖਰਚਾ ਆਬਜ਼ਰਵਰ ਵੱਲੋਂ ਦਿੱਤੇ ਗਏ ਆਦੇਸ਼ਾਂ ਦੇ ਮੱਦੇਨਜ਼ਰ ਇਹ ਕਦਮ ਚੁੱਕਿਆ ਗਿਆ ਹੈ।

ਉਨ੍ਹਾਂ ਦੱਸਿਆ ਕਿ ਇਹ ਆਮ ਦੇਖਣ ਵਿੱਚ ਆਉਂਦਾ ਹੈ ਕਿ ਵੋਟਾਂ ਤੋਂ ਪਹਿਲਾਂ ਵੋਟਰਾਂ ਨੂੰ ਪ੍ਰਭਾਵਤ ਕਰਨ ਲਈ ਕੁਝ ਵਸਤਾਂ ਮੁਫ਼ਤ ਵੰਡਣ ਦੀ ਕਾਰਵਾਈ ਨੂੰ ਅੰਜਾਮ ਦਿੱਤਾ ਜਾਂਦਾ ਹੈ, ਅਜਿਹੀ ਗ਼ੈਰਕਾਨੂੰਨੀ ਕਾਰਵਾਈ 'ਤੇ ਰੋਕ ਲਾਉਣ ਲਈ ਕਰ ਵਿਭਾਗ ਵੱਲੋਂ ਥੋਕ ਵਪਾਰੀਆਂ ਤੇ ਸ਼ੋਅ ਰੂਮਜ਼ 'ਤੇ ਨਜ਼ਰ ਰੱਖੀ ਜਾਵੇਗੀ ਤਾਂ ਕਿ ਉਮੀਦਵਾਰਾਂ ਵੱਲੋ ਵੋਟਰਾਂ ਨੂੰ ਲੁਭਾਉਣ ਲਈ ਵੱਖ-ਵੱਖ ਤਰ੍ਹਾਂ ਦੀਆਂ ਮੁਫ਼ਤ ਵਸਤਾਂ ਜਿਵੇਂ ਕਿ ਇਲੈਕਟ੍ਰੋਨਿਕ ਸਮਾਨ, ਪੱਖਾ, ਕੂਲਰ, ਏ.ਸੀ, ਫਰਿਜ, ਸਿਲਾਈ ਮਸ਼ੀਨਾਂ, ਜੂਸਰ ਆਦਿ ਵੰਡਣ ਦੀ ਸੰਭਾਵਨਾ ਨੂੰ ਰੋਕਿਆ ਜਾਵੇ। ਇਸ ਲਈ ਇਨ੍ਹਾਂ ਵਸਤਾਂ ਦੇ ਥੋਕ ਵਿਕਰੇਤਾਵਾਂ ਤੇ ਸ਼ੋਅ ਰੂਮਜ ਨੂੰ ਅਜਿਹੀਆਂ ਵਸਤਾਂ ਦੀ ਵਿਕਰੀ ਦੇ ਈ-ਬਿਲ ਕੱਟਣ ਦੀ ਹਦਾਇਤ ਜਾਰੀ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਇਸ ਬਾਰੇ ਇਕ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕਿਸੇ ਵੀ ਦੁਕਾਨਦਾਰਾਂ, ਥੋਕ ਵਪਾਰੀਆਂ, ਡਿਸਟਰੀਬਿਊਟਰਾਂ, ਵੈਂਡਰਾਂ ਦੀ ਅਜਿਹੀਆਂ ਵਸਤਾਂ ਦੀ ਵਿਕਰੀ ਵਿੱਚ ਇਕਦਮ ਵਾਧਾ ਦਰਜ ਕੀਤਾ ਗਿਆ ਤਾਂ ਉਸ ਵਪਾਰੀ ਦੇ ਜੀ.ਐਸ.ਟੀ. ਬਿੱਲਾਂ ਦੀ ਪਿਛਲੇ 6 ਸਾਲਾਂ ਦੀ ਪੜਤਾਲ ਕਰਵਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਪਾਰੀਆਂ ਦੀ ਸੂਚੀ ਤਿਆਰ ਕਰਕੇ ਇਨ੍ਹਾਂ ਦੀ ਪਿਛਲੇ ਦੋ ਸਾਲਾਂ ਦੀ ਇਨ੍ਹਾਂ ਦਿਨਾਂ ਦੀ ਸੇਲ ਨਾਲ ਮੌਜੂਦਾ ਪਿਛਲੇ ਹਫ਼ਤੇ ਦੀ ਸੇਲ ਦਾ ਵੀ ਮਿਲਾਨ ਕਰਵਾਇਆ ਜਾਵੇਗਾ। ਡਿਪਟੀ ਕਮਿਸ਼ਨਰ ਨੇ ਵਧੀਕ ਕਮਿਸ਼ਨਰ ਟੈਕਸੇਸ਼ਨ/ਇਨਵੈਸਟੀਗੇਸ਼ਨ ਨੂੰ ਲਿਖੇ ਪੱਤਰ ਵਿੱਚ ਕਿਹਾ ਗਿਆ ਹੈ ਕਿ ਇਸ ਪੂਰੀ ਮੋਨੀਟਰਿੰਗ ਕਰਨੀ ਯਕੀਨੀ ਬਣਾਈ ਜਾਵੇ ਅਤੇ ਜੇਕਰ ਕੋਈ ਦੋਸ਼ੀ ਪਾਇਆ ਜਾਂਦਾ ਹੈ ਤਾਂ ਉਸ ਖ਼ਿਲਾਫ਼ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਉਨ੍ਹਾਂ ਚਿਤਾਵਨੀ ਦਿੱਤੀ ਕਿ ਪਟਿਆਲਾ ਜ਼ਿਲ੍ਹੇ ਵਿੱਚ ਜੇਕਰ ਵੋਟਰਾਂ ਨੂੰ ਪ੍ਰਭਾਵਤ ਕਰਨ ਦੀ ਕੋਈ ਵੀ ਗ਼ੈਰਕਾਨੂੰਨੀ ਗਤੀਵਿਧੀ ਸਾਹਮਣੇ ਆਈ ਤਾਂ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਤੰਬਾਕੂ ਦੀ ਸ਼ੁਰੂਆਤ ਮਗਰੋਂ, ਨਸ਼ਿਆਂ ਦੇ ਗੁਲਾਮ ਬਣ ਜਾਂਦੇ ਬੱਚੇ, ਨੌਜਵਾਨ ਅਤੇ ਬਜ਼ੁਰਗ : ਪ੍ਰਮਿੰਦਰ ਕੌਰ ਮਨਚੰਦਾ




**ਪਟਿਆਲਾ, 3 ਜੂਨ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਅੰਤਰਰਾਸ਼ਟਰੀ ਤੰਬਾਕੂ ਰੋਕੋ ਦਿਵਸ਼ ਮੌਕੇ, ਪੰਜਾਬ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਸ੍ਰੀ ਸ਼ਿਵ ਦੁਲਾਰ ਸਿੰਘ ਢਿੱਲੋਂ, ਸੇਵਾ ਮੁਕਤ ਸੀਨੀਅਰ ਆਈ ਏ ਐਸ ਅਤੇ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਲੋਕਾਂ ਨੂੰ ਜਾਗਰੂਕ ਕਰਨ ਲਈ, ਤ੍ਰਿਪੜੀ ਅਤੇ 22 ਨੰਬਰ ਪੁਲ ਕੋਲ ਖੜੀ ਲੇਬਰ ਅਤੇ ਵੱਖ ਵੱਖ ਪਿੰਡਾਂ ਤੋਂ ਆਏ ਨੌਜਵਾਨਾਂ ਨੂੰ ਜਾਗਰੂਕ ਕੀਤਾ ਗਿਆ। ਪੰਜਾਬ ਰੈੱਡ ਕਰਾਸ ਨਸ਼ਾ ਛੁਡਾਊ ਕੇਂਦਰ ਸਾਕੇਤ ਹਸਪਤਾਲ ਦੇ ਡਾਇਰੈਕਟਰ ਸ੍ਰੀਮਤੀ ਪਰਮਿੰਦਰ ਕੌਰ ਮਨਚੰਦਾ ਅਤੇ ਕਾਉਸਲਰਾ ਨੇ ਲੋਕਾਂ ਨੂੰ ਦਸਿਆ ਕਿ ਹਰ ਨਸ਼ੇ ਦੀ ਆਦਤ ਅਕਸਰ ਸਸਤੇ ਸਮਝੇਂ ਅਤੇ ਜਲਦੀ ਮਿਲਣ ਵਾਲੇ ਤੰਬਾਕੂ, ਜਰਦਾ, ਬੀੜੀ ਸਿਗਰਟ ਅਤੇ ਮਾਰਕਿਟ ਵਿਖੇ ਵਿਕਦੇ ਪਾਉਚਾ, ਸਟਿੰਗ ਦੀਆਂ ਬੋਤਲਾਂ ਰਾਹੀਂ ਹੁੰਦੀ ਹੈ। ਮਹਿਨਤ ਮਜਦੂਰੀ ਕਰਨ ਵਾਲੇ ਲੋਕਾਂ ਦੀ ਆਦਤਾਂ ਅਨੁਸਾਰ ਇਹ ਸਸਤੇ ਪਰ ਨਸ਼ਿਆਂ ਦੀ ਪੌੜੀ ਦੇ ਅਰੰਭ ਕਰਨ ਵਾਲੇ ,ਜ਼ਰਦਾ ਤੰਬਾਕੂ ਅਤੇ ਗਲੀ ਮੁਹੱਲਿਆਂ ਸਕੂਲਾਂ ਕਾਲਜਾਂ ਦੇ ਬਾਹਰ ਵਿਕਦੀਆਂ ਸਟਿੰਗ ਕੋਲਡ ਡਰਿੰਕ ਦੀ ਛੋਟੀਆਂ ਛੋਟੀਆਂ ਬੋਤਲਾਂ ਅਤੇ ਪਾਉਚਾ ਤੋਂ ਅਰੰਭ ਹੋ ਕੇ, ਅਫੀਮ ਚਰਸ, ਹੀਰੋਇਨ ਚਿੱਟਾ ਅਤੇ ਇਜੈਕਸਨਾ ਤੇ ਚਲਦੇ ਚਲਦੇ ਭਿਆਨਕ ਵਿਨਾਸ਼ਕਾਰੀ ਬਿਮਾਰੀਆਂ, ਅਪਰਾਧਾਂ, ਲੁਟਾਂ ਖੋਹਾਂ, ਕਤਲੇਆਮ, ਜੇਲਾਂ ਅਤੇ ਨਸ਼ਾ ਛੁਡਾਊ ਕੇਂਦਰਾਂ ਤੱਕ ਪਹੁੰਚ ਰਹੇ ਹਨ ਨੌਜਵਾਨ। ਇਸ ਮੌਕੇ ਸਰਕਾਰੀ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਨੇ ਨਸ਼ਿਆਂ ਤੋਂ ਬਚਣ ਲਈ ਆਪਣੇ ਨਸ਼ਾ ਕਰਦੇ, ਲਾਲਚੀ ਅਤੇ ਖੁਦਗਰਜ਼ ਦੋਸਤਾਂ, ਮਿੱਤਰਾਂ, ਰਿਸ਼ਤੇਦਾਰਾਂ ਤੋਂ ਬਚਣਾ, ਹਰਰੋਜ ਗਰਾਉਂਡ ਸਿਖਿਆ ਸੰਸਥਾਵਾਂ ਵਿਖੇ ਜਾਕੇ ਮੈਚ, ਖੇਡਾਂ ਖੇਡਣੀਆਂ, ਗੀਤ ਸੰਗੀਤ ਸੁਣਨਾ ਜਾਂ ਨਚਣਾ ਟੱਪਣਾ, ਪੌਦੇ ਲਗਾਉਣ, ਪ੍ਰਸ਼ਾਸਨ ਪੁਲਿਸ ਸਮਾਜ ਸੇਵੀ ਸੰਸਥਾਵਾਂ ਰਾਹੀਂ ਆਪਣੇ ਦੇਸ਼, ਸਮਾਜ, ਵਾਤਾਵਰਨ ਦੀ ਸ਼ੁੱਧਤਾ, ਸਵੱਛਤਾ ਸੁਰੱਖਿਆ ਲਈ ਆਪਣੇ ਆਪ ਨੂੰ ਚੰਗੇ ਕਾਰਜਾਂ ਵਿੱਚ ਲਗਾਕੇ ਜ਼ਿੰਦਗੀ ਅਤੇ ਘਰ ਪਰਿਵਾਰਾਂ ਨੂੰ ਸੁਰੱਖਿਅਤ ਖੁਸ਼ਹਾਲ ਸਿਹਤਮੰਦ ਤਦਰੁੰਸਤ ਬਣਾਉਂਣਾ ਹੋਣਾ ਚਾਹੀਦਾ ਹੈ।

# ਭਾਰਤ ਵਿਚ ਹਰ ਰੋਜ਼ 14000 ਹਜ਼ਾਰ ਮੌਤਾਂ ਤੰਬਾਕੂ ਨਾਲ ਹੋਣੀਆ ਚਿੰਤਾ ਦਾ ਵਿਸ਼ਾ: ਲੈਫਟੀਨੈਂਟ ਜਗਦੀਪ ਜੋਸ਼ੀ




ਸਰਕਾਰੀ ਆਈ ਟੀ ਆਈ ਲੜਕਿਆ ਵਿਖੇ ਵਿਸਵ ਨੋ ਤੰਬਾਕੂ ਦਿਵਸ ਦੇ ਸਬੰਧ ਵਿੱਚ ਨੌਜਵਾਨਾਂ ਨੂੰ ਜਾਗਰੂਕ ਕਰਦੇ ਹੋਏ ਲੈਫਟੀਨੈਂਟ ਜਗਦੀਪ ਜੋਸ਼ੀ, ਪਰਮਿੰਦਰ ਭਲਵਾਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਅਤੇ ਹੋਰ

**ਪਟਿਆਲਾ, 3 ਜੂਨ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਆਈ ਟੀ ਆਈ ਲੜਕਿਆਂ ਦੇ ਐਨ ਸੀ ਸੀ ਵਿੰਗ, ਐਨ ਐਸ ਐਸ ਵਲੋਂ ਪ੍ਰਿੰਸੀਪਲ ਇੰਜੀਨੀਅਰ ਹਰਦੀਪ ਕੁਮਾਰ ਟੋਹੜਾ ਅਤੇ ਵਾਇਸ ਪ੍ਰਿੰਸੀਪਲ ਬਲਵਿੰਦਰਪਾਲ ਸਿੰਘ ਦੀ ਅਗਵਾਈ ਅਤੇ ਪੰਜ ਪੰਜਾਬ ਬਟਾਲੀਅਨ ਐਨ ਸੀ ਸੀ ਦੇ ਕਾਮਡੈਂਟ ਸੰਦੀਪ ਰੋਏਏ, ਐਡਮਿਨ ਅਫ਼ਸਰ ਕਰਨਲ ਜੇ ਐਸ ਆਹਲੂਵਾਲੀਆ ਦੀ ਸਰਪ੍ਰਸਤੀ ਹੇਠ ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਜੋ ਕਿ ਲੰਮੇ ਸਮੇਂ ਤੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕਰ ਰਹੀਆਂ ਹਨ ਦੇ ਸਹਿਯੋਗ ਨਾਲ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਲੜਕਿਆਂ ਨਾਭਾ ਰੋਡ ਵਿਖੇ ਪੰਜ ਪੰਜਾਬ ਬਟਾਲੀਅਨ ਦੇ ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ ਟ੍ਰੈਨਿਗ ਅਫ਼ਸਰ ਦੀ ਅਗਵਾਈ ਹੇਠ ਵਿਸ਼ਵ ਨੋ ਤੰਬਾਕੂ ਦਿਵਸ ਦੇ ਸਬੰਧ ਵਿੱਚ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਵਿਚ ਮੁੱਖ ਮਹਿਮਾਨ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸਾ ਮੁਕਤ ਭਾਰਤ ਅਭਿਆਨ, ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਧਰਮ ਪਾਲ ਸ਼ਰਮਾ ਨੇ ਕੀਤੀ। ਵਿਸ਼ੇਸ਼ ਤੌਰ ਟ੍ਰੇਨਿੰਗ ਅਫ਼ਸਰ ਸੁਖਵੰਤ ਸਿੰਘ, ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਲੱਕੀ ਹਰਦਾਸਪੁਰ ਨੇ ਸ਼ਿਰਕਤ ਕੀਤੀ।

ਇਸ ਮੌਕੇ ਸੰਬੋਧਨ ਕਰਦਿਆਂ ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਤੰਬਾਕੂ ਦੇ ਸੇਵਨ ਕਰਨ ਨਾਲ ਭਾਰਤ ਵਿਚ ਹਰ ਰੋਜ਼ 14000 ਹਜ਼ਾਰ ਮੌਤਾਂ ਹੁੰਦੀਆਂ ਹਨ ਅਤੇ ਤੰਬਾਕੂ ਦੇ ਸੇਵਨ ਕਰਨ ਨਾਲ ਕੈਂਸਰ ਵਿਚ ਬਹੁਤ ਵਾਧਾ ਹੋ ਰਿਹਾ ਹੈ। ਉਹਨਾਂ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਦਿਆਂ ਕਿਹਾ ਕਿ ਉਹੋ ਨਸ਼ਿਆਂ ਵਿਰੁੱਧ ਲਾਮਬੰਦ ਹੋ ਕੇ ਪਬਲਿਕ ਨੂੰ ਜਾਗਰੂਕ ਕਰਨ। ਉਹਨਾਂ ਨੇ ਕਿਹਾ ਕਿ ਐਨ ਸੀ ਸੀ ਕੈਡਿਟਸ ਵਲੋਂ ਜਿਥੇ ਦੇਸ਼ ਸੇਵਾ ਲਈ ਟ੍ਰੇਨਿੰਗ ਲਈ ਜਾ ਰਹੀ ਉਥੇ ਹੀ ਨਸ਼ਿਆਂ ਵਿਰੁੱਧ ਵੀ ਪਬਲਿਕ ਨੂੰ ਜਾਗਰੂਕ ਕਰਨ ਅੱਗੇ ਆ ਕੇ ਪ੍ਰੇਰਿਤ ਕਰਨਾ ਸ਼ਲਾਘਾਯੋਗ ਹੈ। ਸਮੇਂ ਦੀ ਮੁੱਖ ਲੋੜ ਹੈ ਕਿ ਸਾਰੇ ਵਰਗਾਂ ਦੇ ਲੋਕ ਨਸ਼ਿਆਂ ਵਿਰੁੱਧ ਇੱਕ ਪਲੇਟਫਾਰਮ ਤੇ ਇਕਠੇ ਹੋ ਕੇ ਨਸ਼ਿਆਂ ਵਿਰੁੱਧ ਲੜਾਈ ਲੜਨ ਲਈ ਅੱਗੇ ਆਉਣ ਤਾਂ ਹੀ ਅਸੀਂ ਨਸ਼ਿਆਂ ਨੂੰ ਪੰਜਾਬ ਵਿਚੋਂ ਜੜੋਂ ਖਤਮ ਕਰ ਸਕਾਂਗੇ। ਉਹਨਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹੋ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਅੱਗੇ ਆ ਕੇ ਲੜਾਈ ਲੜਨ ਅਤੇ ਨਸ਼ਾ ਤਸਕਰਾਂ ਵਿਰੁੱਧ ਆਵਾਜ਼ ਬੁਲੰਦ ਕਰਨ ਲਈ ਅੱਗੇ ਆਉਣ।

# ਪੰਜਾਬ ਦੇ ਵਿੱਚ ਸੱਤਵੇਂ ਗੇੜ ਦੀ ਵੋਟਾਂ ਨੂੰ ਲੈ ਕੇ ਤਿਆਰੀਆਂ ਹੋਈਆਂ ਮੁਕੰਮਲ



**ਧੂਰੀ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਵਿੱਚ ਸੱਤਵੇਂ ਗੇੜ ਦੀਆਂ ਚੋਣਾਂ ਨੂੰ ਲੈ ਕੇ ਪੁਲਿਸ ਪ੍ਰਸ਼ਾਸਨ ਅਤੇ ਚੋਣ ਕਮਿਸ਼ਨ ਵੱਲੋਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਜਿਸ ਦੇ ਮੱਦੇ ਨਜ਼ਰ ਅੱਜ ਦੇਸ਼ ਭਗਤ ਕਾਲਜ ਬਰੜਵਾਲ ਵਿਖੇ ਪਰਜ਼ੈਡਿੰਗ ਆਫਿਸਰ ਨੂੰ ਈਵੀਐਮ ਮਸ਼ੀਨਾਂ ਹੈਂਡ ਓਵਰ ਕੀਤੀਆਂ ਜਾ ਰਹੀਆਂ ਹਨ ਇਸ ਗੱਲ ਦਾ ਪ੍ਰਗਟਾਵਾ ਐਸ ਡੀ ਐਮ ਧੂਰੀ ਅਮਿਤ ਗੁਪਤਾ ਨੇ ਪੱਤਰਕਾਰਾਂ ਨੂੰ ਗੱਲਬਾਤ ਕਰਦਿਆਂ ਕਿਹਾ ਕਿ ਧੂਰੀ ਹਲਕੇ ਲਈ 189 ਈਵੀਐਮ ਮਸ਼ੀਨਾ ਅਤੇ 20 ਪਤੀ ਵਾਧੂ ਨਾਲ ਪਰਜ਼ੈਡਿੰਗ ਅਫਸਰਾਂ ਨੂੰ ਦੇ ਕੇ ਬੂਥਾ ਲਈ ਰਵਾਨਾ ਕੀਤਾ ਜਾ ਰਿਹਾ ਹੈ। ਉਹਨਾਂ ਨੇ ਦੱਸਿਆ ਕਿ ਗਰਮੀ ਦੇ ਮੌਸਮ ਨੂੰ ਦੇਖਦੇ ਹੋਏ ਆਸ਼ਾ ਵਰਕਰ ਮੈਡੀਕਲ ਟੀਮਾਂ ਅਤੇ ਪੀਣ ਵਾਲੇ ਪਾਣੀ ਦਾ ਪੁਖਤਾ ਪ੍ਰਬੰਧ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਸੂਰਤ ਦੇ ਵਿੱਚ ਕਿਸੇ ਵੀ ਵੋਟਰ ਨੂੰ ਦਿੱਕਤ ਨਾ ਆ ਸਕੇ ਮਹਿਲਾਵਾਂ ਵੋਟਰ ਨੂੰ ਦੇਖਦੇ ਹੋਏ ਅਗਰ ਕਿਸੇ ਨੂੰ ਵੀ ਦਿੱਕਤ ਆਉਂਦੀ ਹੈ ਤਾਂ ਆਸ਼ਾ ਵਰਕਰ ਤੇ ਮੈਡੀਕਲ ਟੀਮ ਤਿਆਰ ਰਹੇਗੀ। ਇਸ ਤੋਂ ਇਲਾਵਾ ਐਸ ਪੀ ਪਲਵਿੰਦਰ ਚੀਮਾ ਨੇ ਗੱਲਬਾਤ ਕਰਦੇ ਕਿਹਾ ਕਿ ਪੁਲਿਸ ਵੱਲੋਂ ਵੀ ਪੂਰੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਪੈਰਾਮਿਲਟਰੀ ਫੋਰਸ ਦੀਆਂ ਤਿੰਨ ਟੁਕੜੀਆਂ ਧੂਰੀ ਵਿੱਚ ਆਈਆਂ ਹਨ ਜੋ ਕੱਲ ਨੂੰ ਵੋਟਾਂ ਕਰਵਾਉਣ ਵੇਲੇ ਸਾਰੇ ਬੂਥਾਂ ਤੇ ਨਾਲ ਖੜਨਗੇ ਉਹਨਾਂ ਇਹ ਵੀ ਕਿਹਾ ਕਿ ਜੋ ਕੋਈ ਵੀ ਸ਼ੱਕੀ ਵਿਅਕਤੀ ਜਾਂ ਜਮਾਨਤ ਤੇ ਆਏ ਮੁਜਰਿਮ ਹਨ ਉਹਨਾਂ ਨੂੰ ਰਾਊਂਡ ਅਪ ਕਰਦੇ ਰਹਾਂਗੇ ਓਹਨਾ ਦੁਆਰਾ ਵੋਟਰਾਂ ਨੂੰ ਵੀ ਇਹੀ ਅਪੀਲ ਕੀਤੀ ਗਈ ਹੈ ਹੈ ਕਿ ਉਹ ਆਪਣੇ ਵੋਟ ਦਾ ਅਧਿਕਾਰ ਪੂਰਨ ਰੂਪ ਨਾਲ ਕਰਨ। ਪ੍ਰਸ਼ਾਸਨ ਵੱਲੋਂ ਵੀ ਸਮੇਂ ਸਮੇਂ ਸਿਰ ਬੂਥਾਂ ਦੀ ਜਾਂਚ ਕੀਤੀ ਜਾਵੇਗੀ ਨਾਲ ਹੀ ਉਮੀਦਵਾਰਾਂ ਨੂੰ ਬੂਥ ਦੇ ਅੰਦਰ ਜਾਣ ਲਈ ਪਾਸ ਅਤੇ ਉਹਨਾਂ ਦੇ ਨਾਲ ਇੱਕ ਨੁਮਾਇੰਦੇ ਨੂੰ ਆਈਡੀ ਕਾਰਡ ਲੈ ਜਾਣਾ ਜਰੂਰੀ ਹੋਵੇਗਾ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਨਾ ਆ ਸਕੇ।

## ਵਰਗਲਾ-ਫੁਸਲਾ ਅਤੇ ਵਿਆਹ ਦਾ ਝਾਂਸਾ ਦੇ ਕੇ ਲੜਕੀ ਲੈ ਕੇ ਫ਼ਰਾਰ

**ਪਾਤੜਾਂ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਉਂਦਿਆਂ ਇੱਕ ਪੀੜਤ ਪਿਤਾ ਨੇ ਦੱਸਿਆ ਕਿ ਮਿਤੀ 25/5/2024 ਨੂੰ ਲਗਭਗ ਸਵੇਰੇ 8 ਵਜੇ ਦੇ ਕਰੀਬ ਮੈਂ ਆਪਣੀ ਪਤਨੀ ਸਮੇਤ ਕੰਮ 'ਤੇ ਚਲਾ ਗਿਆ। ਘਰ ਵਿੱਚ ਮੇਰੀ ਲੜਕੀ ਇਕੱਲੀ ਸੀ। ਪ੍ਰੰਤੂ ਜਦੋਂ ਮੈਂ ਕੰਮ ਤੋਂ ਘਰ ਵਾਪਸ ਆਇਆ ਤਾਂ ਵੇਖਿਆ ਕਿ ਮੇਰੀ ਲੜਕੀ ਘਰ ਵਿੱਚ ਨਹੀਂ ਸੀ। ਜਿਸ ਦੀ ਕਾਫੀ ਭਾਲ ਕਰਨ 'ਤੇ ਵੀ ਉਹ ਨਹੀਂ ਮਿਲੀ। ਉਸ ਨੇ ਦੱਸਿਆ ਕਿ ਮੈਨੂੰ ਸ਼ੱਕ ਹੈ ਕਿ ਕੋਈ ਨਾ ਮਾਲੂਮ ਵਿਅਕਤੀ ਮੇਰੀ ਲੜਕੀ ਨੂੰ ਵਰਗਲਾ-ਫੁਸਲਾ ਕੇ ਅਤੇ ਵਿਆਹ ਕਰਵਾਉਣ ਦਾ ਝਾਂਸਾ ਦੇ ਕੇ ਘਰੋਂ ਭਜਾ ਕੇ ਲੈ ਗਿਆ ਹੈ। ਪੁਲਸ ਨੇ ਪੀੜਤ ਦੇ ਬਿਆਨਾਂ ਦੇ ਆਧਾਰ 'ਤੇ ਨਾ ਮਾਲੂਮ ਵਿਅਕਤੀ ਖਿਲਾਫ ਮੁਕੱਦਮਾ ਨੰਬਰ 118 ਦਰਜ ਕਰ ਲਿਆ ਹੈ।

# ਯੂਥ ਚੱਲਿਆ ਬੂਥ : ਲੋਕ ਸਭ ਚੋਣਾਂ 2024 'ਚ ਨੌਜਵਾਨਾਂ ਦੀ ਸ਼ਮੂਲੀਅਤ ਵਧਾਉਣ ਲਈ ਕਰਵਾਈ ਗਈ ਵਾਕਾਥਨ




**ਬਰਨਾਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਚੋਣ ਕਮਿਸ਼ਨ ਪੰਜਾਬ ਦੇ ਨਿਰਦੇਸ਼ਾਂ ਮੁਤਾਬਿਕ 3 ਜੂਨ ਨੂੰ ਹੋਣ ਵਾਲੀਆਂ ਲੋਕ ਸਭਾ ਚੋਣਾਂ ਦੌਰਾਨ ਨੌਜਵਾਨਾਂ ਦੀ ਵੋਟਾਂ 'ਚ ਭਾਗੀਦਾਰੀ ਵਧਾਉਣ ਲਈ ਅੱਜ ਜ਼ਿਲ੍ਹਾ ਚੋਣ ਅਫ਼ਸਰ ਸ਼੍ਰੀਮਤੀ ਪੂਨਮਦੀਪ ਕੌਰ ਦੀ ਅਗਵਾਈ ਹੇਠ ÷ਯੂਥ ਚੱਲਿਆ ਬੂਥ÷ ਮੁਹਿੰਮ ਤਹਿਤ ਵਾਕਾਥਨ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਸਰਕਾਰੀ ਸਕੂਲ ਜੁਮਲਾ ਮਾਲਕਨ ਤੱਕ ਕਰਵਾਈ ਗਈ।

ਇਸ ਵਾਰ 70 ਪਾਰ - ਭਾਵ ਇਸ ਵਾਰ ਵੋਟਿੰਗ ਦਰ ਨੂੰ 70 ਫ਼ੀਸਦੀ ਤੋਂ ਵਧਾਉਣ ਲਈ ਨੌਜਵਾਨਾਂ ਨੂੰ ਪ੍ਰੇਰਿਆ ਗਿਆ ਕਿ ਵੱਧ ਤੋਂ ਵੱਧ ਲੋਕ ਆਪਣੀ ਵੋਟ ਦਾ ਇਸਤਮਾਲ ਕਰਨ। ਵੱਖ ਵੱਖ ਖੇਤਰਾਂ ਅਤੇ ਵਿੱਦਿਅਕ ਅਦਾਰਿਆਂ ਤੋਂ ਆਏ ਨੌਜਵਾਨਾਂ ਨੇ ਇਸ ਵਿੱਚ ਭਾਗ ਲਿਆ। ਜ਼ਿਲ੍ਹਾ ਚੋਣ ਅਫ਼ਸਰ ਸ਼੍ਰੀਮਤੀ ਪੂਨਮਦੀਪ ਕੌਰ ਦੀ ਅਗਵਾਈ ਹੇਠ ਨੌਜਵਾਨਾਂ ਨੇ ਮਸ਼ਾਲ ਨਾਲ ਵਾਕਾਥਨ ਸ਼ੁਰੂ ਕੀਤੀ ਅਤੇ ਯੂਥ ਚੱਲਿਆ ਬੂਥ ਦੇ ਨਾਰੇ ਲਗਾਏ।

ਇਸ ਮੌਕੇ ਬੋਲਦਿਆਂ ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਹਰ ਇੱਕ ਵੋਟ ਬਹੁ ਕੀਮਤੀ ਹੈ ਅਤੇ ਹਰ ਇੱਕ ਯੋਗ ਵੋਟਰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਜ਼ਰੂਰ ਕਰੇ। ਵਧੇਰੀ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਬਰਨਾਲਾ 'ਚ 18 ਤੋਂ 19 ਸਾਲ ਦੀ ਉਮਰ ਵਾਲੇ 9362 ਵੋਟਰ ਹਨ ਜਿਨ੍ਹਾਂ ਦੀਆਂ ਨਵੀਆਂ ਵੋਟਾਂ ਬਣੀਆਂ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਚੋਂ 3332 ਨੌਜਵਾਨ ਵੋਟਰ ਭਦੌੜ ਦੇ, 3046 ਵੋਟਰ ਬਰਨਾਲਾ ਦੇ ਅਤੇ 2984 ਵੋਟਰ ਮਹਿਲ ਕਲਾਂ ਦੇ ਹਨ।

ਇਸ ਮੌਕੇ ਸਹਾਇਕ ਰਿਟਰਨਿੰਗ ਅਫ਼ਸਰ ਬਰਨਾਲਾ ਸ਼੍ਰੀ ਵਰਿੰਦਰ ਸਿੰਘ, ਜ਼ਿਲ੍ਹਾ ਖੇਡ ਅਫ਼ਸਰ ਉਮੇਸ਼ਵਰੀ ਸ਼ਰਮਾ, ਡਿਪਟੀ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਬਰਜਿੰਦਰ ਸਿੰਘ, ਡਿਪਟੀ ਜ਼ਿਲ੍ਹਾ ਸਿੱਖਿਆ ਅਫ਼ਸਰ ਸ਼੍ਰੀਮਤੀ ਵਸੁੰਧਰਾ ਕਪਿਲਾ, ਸੰਜੇ ਸਿੰਗਲਾ, ਹਰੀਸ਼ ਸਿੰਗਲਾ, ਰਾਕੇਸ਼ ਗਰਗ ਵੀ ਹਾਜ਼ਰ ਸਨ।

## ਪੁਲੀਸ ਮੁਲਾਜ਼ਮਾਂ ਦੀ ਕੁੱਟਮਾਰ ਦੇ ਦੋਸ਼ 'ਚ 3 ਲੈਫਟੀਨੈਂਟ ਕਰਨਲਾਂ ਸਣੇ 16 ਖ਼ਿਲਾਫ਼ ਕੇਸ ਦਰਜ

**ਸ੍ਰੀਨਗਰ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜੰਮੂ-ਕਸ਼ਮੀਰ ਦੇ ਕੁਪਵਾੜਾ ਜ਼ਿਲ੍ਹੇ ਵਿੱਚ ਪੁਲੀਸ ਕਰਮਚਾਰੀਆਂ ਦੀ ਕੁੱਟਮਾਰ ਦੇ ਮਾਮਲੇ ਵਿੱਚ ਤਿੰਨ ਲੈਫਟੀਨੈਂਟ ਕਰਨਲਾਂ ਸਮੇਤ 16 ਖ਼ਿਲਾਫ਼ ਮਾਮਲਾ ਹੱਤਿਆ ਤੇ ਡਕੈਤੀ ਦੀ ਕੋਸ਼ਿਸ਼ ਦਾ ਕੇਸ ਦਰਜ ਕੀਤਾ ਗਿਆ ਹੈ।ਬੀਤੀ ਰਾਤ ਕਰੀਬ 11.50 ਵਜੇ ਫੌਜੀਆਂ ਨੇ ਕੁਪਵਾੜਾ ਥਾਣੇ ਵਿੱਚ ਪੁਲੀਸ ਮੁਲਾਜ਼ਮਾਂਦ ਦੀ ਕਥਿਤ ਕੁੱਟਮਾਰ ਕੀਤੀ।

# ਗੁਰਦੁਆਰਾ ਮੈਨੇਜਮੈਂਟ ਕੋਰਸ ਦੀ ਟ੍ਰੇਨਿੰਗ ਮੁਕੰਮਲ ਮੌਕੇ ਸਿੱਖਿਆਰਥੀਆਂ ਨੂੰ ਨਿੱਘੀ ਵਿਦਾਇਗੀ



**ਪਟਿਆਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਵਿਖੇ ਬੈਂਚੂਲਰ ਆਫ ਮੈਨੇਜਮੈਂਟ ਸਟੱਡੀਜ਼ (ਗੁਰਦੁਆਰਾ ਮੈਨੇਜਮੈਂਟ) ਦਾ ਤਿੰਨ ਸਾਲਾਂ ਕੋਰਸ ਕਰ ਰਹੇ ਸਿਖਿਆਰਥੀਆਂ ਨੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਟ੍ਰੇਨਿੰਗ ਮੁਕੰਮਲ ਹੋਣ ਮੌਕੇ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਨਿੱਘੀ ਵਿਦਾਇਗੀ ਦਿੱਤੀ ਗਈ। ਇਸ ਮੌਕੇ ਸਿਖਿਆਰਥੀਆਂ ਨੂੰ ਪ੍ਰੇਰਨਾ ਦੇਣ ਲਈ ਉਚੇਚੇ ਤੌਰ 'ਤੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਡਾਇਰੈਕਟਰ ਡਾ. ਚਮਕੌਰ ਸਿੰਘ ਸਮੇਤ ਹੈਡ ਗ੍ਰੰਥੀ ਗਿਆਨੀ ਫੂਲਾ ਸਿੰਘ ਪੁੱਜੇ ਹੋਏ ਸਨ। ਇਸ ਮੌਕੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਬੱਚਿਆਂ ਨੂੰ ਟ੍ਰੇਨਿੰਗ ਪੂਰੀ ਕੀਤੇ ਜਾਣ ਦੀ ਵਧਾਈ ਦਿੰਦਿਆਂ ਪ੍ਰੇਰਨਾ ਦਿੱਤੀ ਕਿ ਕੁਸ਼ਲ ਪ੍ਰਬੰਧਕ ਬਣਨ ਲਈ ਗੁਰਦੁਆਰਾ ਮੈਨੇਜਮੈਂਟ ਕੋਰਸ ਸਹਾਈ ਹੋਵੇਗਾ ਅਤੇ ਗੁਰਸਿੱਖੀ ਜੀਵਨ ਜਾਂਚ ਦੇ ਨਾਲ-ਨਾਲ ਬੌਧਿਕ ਗਿਆਨ ਦੀ ਪ੍ਰਾਪਤੀ ਵੀ ਹੁੰਦੀ ਹੈ। ਪ੍ਰੋ. ਬਡੂੰਗਰ ਨੇ ਵਿਦਿਆਰਥੀਆਂ ਨੂੰ ਮੂਲ ਮੰਤਰ ਦੇ ਅਰਥਾਂ ਦੀ ਵਿਆਖਿਆ ਕੀਤੀ ਅਤੇ ਗੁਰਸਿੱਖੀ ਜੀਵਨ ਬਾਰੇ ਗੁਰਬਾਣੀ ਦੇ ਪ੍ਰਮਾਣਾਂ ਰਾਹੀਂ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਡਾਇਰੈਕਟਰ ਡਾ. ਚਮਕੌਰ ਸਿੰਘ ਨੇ ਕਿਹਾ ਕਿ ਗੁਰਦੁਆਰਾ ਪ੍ਰਬੰਧ ਵਿਚ ਸਾਰੇ ਪ੍ਰਬੰਧਕ ਅਤੇ ਮੁਲਾਜ਼ਮ ਸੇਵਾਵਦਾਰ ਹੀ ਹਨ ਅਤੇ ਸਾਰਿਆਂ ਨੂੰ ਸੇਵਾ ਭਾਵਨਾ ਨਾਲ ਗੁਰੂ ਘਰਾਂ ਦੀ ਡਿਊਟੀ ਨਿਭਾਉਣੀ ਚਾਹੀਦੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਤ ਮੈਨੇਜਰ ਜਰਨੈਲ ਸਿੰਘ ਮਕਰੌੜ ਸਾਹਿਬ, ਡਾ. ਸਤਿੰਦਰ ਸਿੰਘ, ਮੈਡਮ ਹਰਮੀਤ ਕੌਰ ਤੋਂ ਇਲਾਵਾ ਕੋਰਸੀ ਵਿਦਿਆਰਥੀ ਸ਼ਾਮਲ ਸਨ।

# ਵਾਤਾਵਰਣ ਨੂੰ ਹਰਿਆ ਭਰਿਆ ਬਣਾਉਣ ਦਾ ਹੋਕਾ ਦਿੰਦੇ 12 ਗਰੀਨ ਪੋਲਿੰਗ ਸਟੇਸ਼ਨ ਬਣਾਏ

**ਪਟਿਆਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਚੋਣਾਂ ਦੌਰਾਨ ਵਾਤਾਵਰਣ ਦੀ ਸ਼ੁੱਧਤਾ ਦਾ ਸੁਨੇਹਾ ਦਿੰਦੇ 12 ਗਰੀਨ ਪੋਲਿੰਗ ਸਟੇਸ਼ਨ ਵੀ ਬਣਾਏ ਗਏ ਹਨ, ਜਿਥੇ ਵੋਟਰਾਂ ਨੂੰ ਵੋਟ ਪਾਉਣ 'ਤੇ ਬੂਟੇ ਵੰਡੇ ਜਾਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਿਟਰਨਿੰਗ ਅਫ਼ਸਰ ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਬਾਗਬਾਨੀ ਤੇ ਜੰਗਲਾਤ ਵਿਭਾਗ ਵੱਲੋਂ ਹਰੇਕ ਗਰੀਨ ਪੋਲਿੰਗ ਸਟੇਸ਼ਨਾਂ 'ਤੇ ਇੱਕ ਇੱਕ ਹਜ਼ਾਰ ਬੂਟੇ ਵੰਡੇ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਅੱਠ ਪੋਲਿੰਗ ਸਟੇਸ਼ਨ ਦਿਵਿਆਂਗਜਨ ਮੁਲਾਜ਼ਮਾਂ ਵੱਲੋਂ ਸੰਚਾਲਤ ਕੀਤੇ ਜਾਣਗੇ। ਜਦਕਿ ਹਰ ਹਲਕੇ ਵਿੱਚ ਮਹਿਲਾਵਾਂ ਵੱਲੋਂ ਚਲਾਏ ਜਾਣ ਵਾਲੇ ਅੱਠ ਪਿੰਕ ਪੋਲਿੰਗ ਸਟੇਸ਼ਨਾਂ ਤੋਂ ਇਲਾਵਾ ਇੱਕ ਪੋਲਿੰਗ ਸਟੇਸ਼ਨ ਨੌਜਵਾਨਾਂ ਵੱਲੋਂ ਵੀ ਸੰਚਾਲਤ ਕੀਤਾ ਜਾਵੇਗਾ।

ਰਿਟਰਨਿੰਗ ਅਫ਼ਸਰ ਨੇ ਦੱਸਿਆ ਕਿ ਜ਼ਿਲ੍ਹੇ 'ਚ ਬਣਾਏ ਗਏ 12 ਗਰੀਨ ਪੋਲਿੰਗ ਸਟੇਸ਼ਨਾਂ ਵਿਚੋਂ ਸਰਕਾਰੀ ਐਲੀਮੈਂਟਰੀ ਸਕੂਲ ਬੋੜਾਂ ਕਲਾਂ, ਸਰਕਾਰੀ ਐਲੀਮੈਂਟਰੀ ਸਕੂਲ ਮੰਡੋਰ, ਸਰਕਾਰੀ ਕੋ ਐਡ ਸੀਨੀਅਰ ਸੈਕੰਡਰੀ ਸਕੂਲ, ਐਨ.ਟੀ.ਸੀ-1 (ਹਾਈ ਬਰਾਂਚ) ਰਾਜਪੁਰਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਜਰੌਰ, ਸਰਕਾਰੀ ਹਾਈ ਸਕੂਲ ਹਸਨਪੁਰ ਪਰਹੋਤਾ, ਸਰਕਾਰੀ ਕੋ ਐਡ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ ਪਾਸੀ ਰੋਡ, ਸਰਕਾਰੀ ਐਲੀਮੈਂਟਰੀ ਸਕੂਲ ਆਲਮਪੁਰ ਅਤੇ ਸਰਕਾਰੀ ਐਲੀਮੈਂਟਰੀ ਸਕੂਲ ਸੇਲਵਾਲ ਵਿਖੇ ਗਰੀਨ ਪੋਲਿੰਗ ਸਟੇਸ਼ਨ ਸ਼ਾਮਲ ਹਨ।




ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਵਿੱਚ ਅੱਠ ਪੋਲਿੰਗ ਸਟੇਸ਼ਨ ਦਿਵਿਆਂਗਜਨ ਵੱਲੋਂ ਸੰਚਾਲਤ ਕੀਤੇ ਜਾਣੇ ਹਨ। ਨਾਭਾ ਵਿਖੇ ਆਰ.ਐਸ. ਜੈਨ ਪਬਲਿਕ ਹਾਈ ਸਕੂਲ ਪੁਰਾਣਾ ਹਾਈ ਕੋਰਟ ਨਾਭਾ, ਪਟਿਆਲਾ ਦਿਹਾਤੀ ਵਿਖੇ ਐਸ.ਐਮ. ਇੰਟਰਨੈਸ਼ਨਲ ਸਕੂਲ ਗੋਬਿੰਦ ਬਾਗ, ਰਾਜਪੁਰਾ ਵਿਖੇ ਸਰਕਾਰੀ ਗਰਲਜ਼ ਹਾਈ ਸਕੂਲ ਕਾਲਕਾ ਰੋਡ ਰਾਜਪੁਰਾ (ਮੈਟ੍ਰਿਕ ਵਿੰਗ), ਘਨੌਰ ਵਿਖੇ ਸਰਕਾਰੀ ਸੀ.ਸੈ. ਸਕੂਲ ਚੱਪੜ, ਸਨੌਰ ਵਿਖੇ ਸਰਕਾਰੀ ਐਲੀ. ਸਕੂਲ ਕੁਲੇਮਾਜਰਾ, ਪਟਿਆਲਾ ਵਿਖੇ ਸਰਕਾਰੀ ਐਲੀ. ਸਮਾਰਟ ਸਕੂਲ ਬੱਘੀਖਾਨਾ, ਸਮਾਣਾ ਵਿਖੇ ਸਰਕਾਰੀ ਐਲੀ. ਸਕੂਲ ਨਵੀਂ ਸਰਾ ਪੱਤੀ ਸਮਾਣਾ ਅਤੇ ਸ਼ੁਤਰਾਣਾ ਵਿਖੇ ਕੀਰਤੀ ਕਾਲਜ ਨਿਆਲ ਵਿਖੇ ਪੋਲਿੰਗ ਸਟੇਸ਼ਨ ਬਣਾਏ ਗਏ ਹਨ।

ਉਨ੍ਹਾਂ ਦੱਸਿਆ ਕਿ ਲੋਕ ਸਭਾ ਚੋਣਾਂ ਦੌਰਾਨ ਮਹਿਲਾਵਾਂ ਵੱਲੋਂ ਸੰਚਾਲਤ ਕੀਤੇ ਜਾਣ ਵਾਲੇ ਅੱਠ ਪਿੰਕ ਪੋਲਿੰਗ ਸਟੇਸ਼ਨ ਵੀ ਬਣਾਏ ਗਏ ਹਨ। ਜਿਸ ਵਿੱਚ ਸਰਕਾਰੀ ਜੂਨੀਅਰ ਮਾਡਲ ਸਕੂਲ ਨਾਭਾ, ਸਰਕਾਰੀ ਬਹੁਤਕਨੀਕੀ ਕਾਲਜ ਐਸ.ਐਸ.ਟੀ ਨਗਰ, ਸਰਕਾਰੀ ਕੋ ਐਡ ਸੀਨੀਅਰ ਸੈਕੰਡਰੀ ਸਕੂਲ ਐਨ.ਟੀ.ਸੀ. 3 (ਮੁੱਖ ਬਰਾਂਚ) ਰਾਜਪੁਰਾ ਟਾਊਨ, ਸਰਕਾਰੀ ਸੀ.ਸੈ. ਸਕੂਲ ਘਨੌਰ, ਦਫ਼ਤਰ ਨਗਰ ਕੌਂਸਲ ਸਨੌਰ, ਮਾਤਾ ਸਾਹਿਬ ਕੌਰ ਗਰਲਜ਼ ਕਾਲਜ, ਪ੍ਰਤਾਪ ਨਗਰ ਪਟਿਆਲਾ, ਸਰਕਾਰੀ ਸੀ.ਸੈ. ਸਕੂਲ ਸਮਾਣਾ ਅਤੇ ਪਬਲਿਕ ਗਰਲਜ਼ ਸਕੂਲ ਪਾਤੜਾਂ ਵਿਖੇ ਮਹਿਲਾਵਾਂ ਵੱਲੋਂ ਪੋਲਿੰਗ ਸਟੇਸ਼ਨ ਸੰਚਾਲਤ ਕੀਤੇ ਜਾਣਗੇ।

## ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਨੇ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ

**ਅੰਮ੍ਰਿਤਸਰ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਮੋਹਨ ਯਾਦਵ ਨੇ ਅੱਜ ਇਥੇ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ। ਇਸ ਤੋਂ ਬਾਅਦ ਉਨ੍ਹਾਂ ਕਿਹਾ ਕਿ ਉਹ ਖੁਸ਼ਕਿਸਮਤ ਹਨ ਕਿ ਇੱਥੇ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਕਰਨ ਪੁੱਜੇ ਹਨ। ਉਨ੍ਹਾਂ ਦੇਸ਼ ਦੀ ਭਲਾਈ ਲਈ ਅਰਦਾਸ ਕੀਤੀ। ਇੱਥੇ ਦਰਸ਼ਨ ਕਰਨ ਬਾਅਦ ਜੋ ਸੰਤੁਸ਼ਟੀ ਪ੍ਰਾਪਤ ਹੋਈ ਹੈ, ਉਹ ਬਿਆਨ ਨਹੀਂ ਕੀਤੀ ਜਾ ਸਕਦੀ। ਮੁੱਖ ਮੰਤਰੀ ਨੇ 1984 ਦੇ ਸਿੱਖ ਵਿਰੋਧੀ ਦੰਗਿਆਂ ਨੂੰ ਵੀ ਯਾਦ ਕੀਤਾ।

# ਪਾਤੜਾਂ ਵਿਖੇ ਅੱਗ ਦੀ ਲਪੇਟ ਵਿੱਚ ਆਈ ਦੁਕਾਨ ਦੇ ਮਾਲਕਾਂ ਨਾਲ ਦੁੱਖ ਦਾ ਪ੍ਰਗਟਾਵਾ

ਪਾਤੜਾਂ 3 ਜੂਨ (ਕੌਮੀ ਪੱਤ੍ਰਿਕਾ ਬਿਊਰੋ) ਪਾਤੜਾਂ ਦੇ ਜਾਖਲ ਰੋਡ ਵਿਖੇ ਕਿਤਾਬਾਂ ਅਤੇ ਜਨਰਲ ਸਟੋਰ ਦੇ ਤਿੰਨ ਮੰਜ਼ਿਲਾ ਸ਼ੋਰੂਮ ਨੂੰ ਲੱਗੀ ਭਿਆਨਕ ਅੱਗ ਤੋਂ ਬਾਅਦ ਹੋਏ ਭਾਰੀ ਨੁਕਸਾਨ ਨੂੰ ਦੇਖਦੇਆਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਸ਼ੁਤਰਾਣਾ ਦੇ ਇੰਚਾਰਜ ਬਾਬੂ ਕਬੀਰ ਦਾਸ ਜਿਲਾ ਯੋਜਨਾ ਬੋਰਡ ਅਤੇ ਜ਼ਿਲ੍ਹਾ ਪਰੀਸ਼ਦ ਪਟਿਆਲਾ ਦੇ ਸਾਬਕਾ ਚੇਅਰਮੈਨ ਜਥੇਦਾਰ ਮਹਿੰਦਰ ਸਿੰਘ ਲਾਲਵਾ ਸ਼੍ਰੋਮਣੀ ਅਕਾਲੀ ਦਲ ਦੀ ਪੀਏਸੀ ਕਮੇਟੀ ਦੇ ਮੈਂਬਰ ਜਗਮੀਤ ਸਿੰਘ ਹਰਿਆਊ ਵੱਲੋਂ ਅੱਗ ਵਾਲੀ ਘਟਨਾ ਸਥਾਨ ਤੇ ਪਹੁੰਚ ਕੇ ਦੁਕਾਨ ਮਾਲਕਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ।

ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਬਾਬੂ ਕਬੀਰ ਦਾਸ ਨੇ ਕਿਹਾ ਕਿ ਅੱਗ ਨਾਲ ਸੜੀ ਦੁਕਾਨ ਦੇ ਮਾਲਕਾਂ ਲਈ ਬਹੁਤ ਔਖੀ ਘੜੀ ਹੈ। ਉਹਨਾਂ ਕਿਹਾ ਕਿ ਅੱਜ ਪੀੜਿਤ ਦੁਕਾਨਦਾਰ ਪਰਿਵਾਰ ਨਾਲ ਸਮੁੱਚਾ ਸ਼੍ਰੋਮਣੀ ਅਕਾਲੀ ਦਲ ਇਸ ਦੁੱਖ ਦੀ ਘੜੀ ਵਿੱਚ ਸ਼ਰੀਕ ਹੈ। ਉਹਨਾਂ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਅੱਗ ਦੀ ਲਪੇਟ ਵਿੱਚ ਆਈ ਦੁਕਾਨ ਦੇ ਮਾਲਕਾਂ ਨੂੰ ਤੁਰੰਤ ਮੁਆਵਜਾ ਦਿੱਤਾ ਜਾਵੇ।

# ਸੁਪਰ ਮਾਡਲ ਪੋਲਿੰਗ ਬੂਥ ਨਾਲ ਸਬੰਧਤ ਵੋਟਰਾਂ ਨੂੰ ਵੋਟ ਪਾਉਣ ਦਾ ਸੱਦਾ

**ਅੰਮ੍ਰਿਤਸਰ 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ-ਕਮ-ਜਿਲ੍ਹਾ ਚੋਣ ਅਫ਼ਸਰ ਸ੍ਰੀ ਘਨਸ਼ਾਮ ਥੋਰੀ ਦੀ ਯੋਗ ਅਗਵਾਈ ਅਤੇ ਚੇਅਰਪਰਸਨ ਸਵੀਪ-ਕਮ-ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸ੍ਰੀ ਨਿਕਾਸ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਤੇ ਅਗਾਮੀ ਲੋਕਸਭਾ ਚੋਣਾਂ-2024 ਵਿੱਚ ਸੁਪਰ ਮਾਡਲ ਪੋਲਿੰਗ ਬੂਥ ਉੱਪਰ ਆਮ ਲੋਕਾਂ ਨੂੰ ਵੋਟਾਂ ਪਾਉਣ ਲਈ ਉਤਸ਼ਾਹਿਤ ਕਰਨ ਸਬੰਧੀ ਵਿਸ਼ੇਸ਼ ਮੁਹਿੰਮ ਚਲਾਈ ਗਈ।ਸਥਾਨਕ ਸ਼ਿਵਾਲਾ ਫਾਟਕ ਅਤੇ ਹੁਸੈਨਪੁਰਾ ਚੌਂਕ ਖੇਤਰ ਵਿੱਚ ਆਯੋਜਿਤ ਕੀਤੀ ਗਈ ਇਸ ਵਿਸ਼ੇਸ਼ ਮੁਹਿੰਮ ਵਿੱਚ ਚੋਣ ਗੀਤ ਸੁਣਾ ਕੇ ਅਤੇ ਡੋਰ ਟੂ ਡੋਰ ਜਾ ਕੇ ਲੋਕਾਂ ਨੂੰ 3 ਜੂਨ ਨੂੰ ਵੋਟਾਂ ਪਾਉਣ ਲਈ ਪ੍ਰੇਰਿਤ ਕੀਤਾ ਗਿਆ।ਇਸ ਬਾਰੇ ਹੋਰ ਜਾਣਕਾਰੀ ਦਿੰਦੇ ਹੋਏ ਅੰਮ੍ਰਿਤਸਰ ਉੱਤਰੀ ਵਿਧਾਨਸਭਾ ਹਲਕੇ ਦੇ ਨੋਡਲ ਅਫ਼ਸਰ ਸਵੀਪ ਸ਼੍ਰੀ ਰਾਜਕੁਮਾਰ ਨੇ ਦੱਸਿਆ ਕਿ ਪੋਲਿੰਗ ਸਟੇਸ਼ਨ ਭਵਨਜ਼ ਐਸ ਐਲ ਪਬਲਿਕ ਸਕੂਲ ਨੂੰ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਸੁਪਰ ਮਾਡਲ ਪੋਲਿੰਗ ਸਟੇਸ਼ਨ ਐਲਾਇਆ ਗਿਆ ਹੈ।ਉਹਨਾਂ ਕਿਹਾ ਕਿ ਇਸ ਮਾਡਲ ਪੋਲਿੰਗ ਬੂਥ ਉੱਪਰ ਪੋਲਿੰਗ ਵਾਲੇ ਦਿਨ ਤਿਉਹਾਰ ਵਰਗਾ ਮਾਹੌਲ ਰਹੇਗਾ ਅਤੇ ਵੋਟਰਾਂ ਦੇ ਇਸ ਦਿਨ ਨੂੰ ਯਾਦਗਾਰ ਦਿਨ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਕਈ ਸਹੂਲਤਾਂ ਦਿੱਤੀਆਂ ਜਾਣਗੀਆਂ। ਉਹਨਾਂ ਕਿਹਾ ਕਿ ਇਸ ਪੋਲਿੰਗ ਸਟੇਸ਼ਨ ਤੇ ਅੰਮ੍ਰਿਤਸਰ ਸ਼ਹਿਰ ਦੀ ਅਮੀਰ ਵਿਰਾਸਤ ਨੂੰ ਦਰਸਾਉਂਦੇ ਸਟਾਲ ਸਥਾਪਤ ਕੀਤੇ ਜਾਣਗੇ, ਨਾਲ ਹੀ ਵੋਟ ਪਾਉਣ ਆਉਣ ਵਾਲੇ ਵੋਟਰਾਂ ਲਈ ਠੰਡੇ-ਮਿੱਠੇ ਜਲ ਦੀ ਛਬੀਲ, ਕਿਤਾਬਾਂ ਦਾ ਸਟਾਲ, ਸਵੀਪ ਰੰਗੋਲੀ, ਸਵੀਪ ਸੱਭਿਆਚਾਰਕ ਪੌ?ਗਰਾਮ, ਵੋਟਰਾਂ ਲਈ ਬੂਟੇ ਸਮੇਤ ਕਈ ਗਤੀਵਿਧੀਆਂ ਕਰਵਾਈਆਂ ਜਾਣਗੀਆਂ।ਉਹਨਾਂ ਕਿਹਾ ਕਿ ਸੁਪਰ ਮਾਡਲ ਪੋਗ ਸਟੇਸ਼ਨ ਸਥਾਪਿਤ ਕਰਨ ਦਾ ਮੁੱਖ ਮਕਸਦ ਵੋਟਰਾਂ ਨੂੰ ਵੋਟਾਂ ਪਾਉਣ ਲਈ ਉਤਸ਼ਾਹਿਤ ਕਰਨਾ ਅਤੇ ਭਵਿੱਖ ਲਈ ਬਣਾਏ ਜਾਣ ਵਾਲੇ ਪੋਲਿੰਗ ਬੂਥਾਂ ਲਈ ਰੋਡ ਮੈਪ ਤਿਆਰ ਕਰਨਾ ਹੈ।ਉਹਨਾਂ ਸਾਰੇ ਵੋਟਰਾਂ ਨੂੰ ਅਪੀਲ ਕੀਤੀ ਕਿ 3 ਜੂਨ ਵਾਲੇ ਦਿਨ ਇਸ ਸੁਪਰ ਮਾਡਲ ਪੋਲਿੰਗ ਸਟੇਸ਼ਨ ਨਾਲ ਸਬੰਧਤ ਸਾਰੇ ਵੋਟਰ ਆਪਣੇ ਵੋਟ ਪਾਉਣ ਦੇ ਲੋਕਤਾਂਤਰਿਕ ਹੱਕ ਦੀ ਵਰਤੋਂ ਜ਼ਰੂਰ ਕਰਨ।

ਇਸ ਮੌਕੇ ਸੰਬੰਧਤ ਖੇਤਰ ਦੇ ਬੀ ਐਲ ਓ ਸ੍ਰੀ ਰਿਸ਼ੂ ਮਰਵਾਹਾ, ਸ੍ਰੀਮਤੀ ਹਰਵਿੰਦਰ ਕੌਰ ਅਤੇ ਕਿਰਨਦੀਪ ਕੌਰ ਉਹਨਾਂ ਦੇ ਨਾਲ ਸਨ।ਅੱਜ ਦੇ ਪ੍ਰਚਾਰ ਦੀ ਖਾਸ ਗੱਲ ਬਜ਼ੁਰਗ ਅਤੇ ਦਿਵਿਆਂਗ ਵੋਟਰਾਂ ਨਾਲ ਖਾਸ ਮਿਲਣੀ ਸੀ ਅਤੇ ਉਹਨਾਂ ਨੂੰ ਬੇਹੱਦ ਪਿਆਰ ਅਤੇ ਸਨਮਾਨ ਨਾਲ ਵੋਟ ਪਾਉਣ ਲਈ ਆਉਣ ਦਾ ਸੱਦਾ ਦਿੱਤਾ ਗਿਆ।

# ਗੁਰੂ ਨਗਰੀ ਦੇ ਪਾਣੀ ਦੇ ਬਿੱਲਾਂ ਵਿੱਚ ਕਟੌਤੀ ਲਈ ਮੁੱਖ ਮੰਤਰੀ ਦਾ ਕੀਤਾ ਧੰਨਵਾਦ ਸ਼ਹਿਰ ਵਾਸੀਆਂ ਦੀ ਸੀ ਪੁਰਾਣੀ ਮੰਗ

**ਸ੍ਰੀ ਅਨੰਦਪੁਰ ਸਾਹਿਬ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪਿਛਲੇ ਲੰਮੇ ਸਮੇਂ ਤੋਂ ਸ਼ਹਿਰ ਵਾਸੀਆਂ ਦੀ ਮੰਗ ਸੀ ਕਿ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਆ ਰਹੇ ਪਾਣੀ ਦੇ ਜਿਆਦਾ ਬਿੱਲਾਂ ਵਿੱਚ ਸੋਧ ਕਰਕੇ ਬਾਕੀ ਸ਼ਹਿਰਾਂ ਵਾਂਗ ਦਿੱਤੇ ਜਾਣ। ਇਸ ਮੰਗ ਨੂੰ ਉਦੋਂ ਬੂਰ ਪਿਆ ਜਦੋਂ ਕੈਬਨਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਭਰਪੂਰ ਯਤਨਾਂ ਦੇ ਸਦਕਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਹ ਭਰੋਸਾ ਦਿੱਤਾ ਕਿ ਗੁਰੂ ਨਗਰੀ ਦੇ ਬਿੱਲ ਵੀ ਆਮ ਸ਼ਹਿਰਾਂ ਵਾਂਗ ਘੱਟ ਆਇਆ ਕਰਨਗੇ।

ਇਹ ਮੰਗ ਪੂਰੀ ਹੋਣ ਤੇ ਸ਼ਹਿਰ ਵਾਸੀਆਂ ਨੇ ਕੈਬਨਟ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਧੰਨਵਾਦ ਕਰਨ ਵਾਲਿਆਂ ਵਿੱਚ ਨਗਰ ਕੌਂਸਲ ਦੇ ਪ੍ਰਧਾਨ ਹਰਜੀਤ ਸਿੰਘ ਜੀਤਾ, ਇੰਦਰਜੀਤ ਅਰੋੜਾ ਪ੍ਰਧਾਨ ਵਪਾਰ ਮੰਡਲ, ਕੌਂਸਲਰ ਮਨਪ੍ਰੀਤ ਕੌਰ ਅਰੋੜਾ, ਕੌਂਸਲਰ ਬਲਵੀਰ ਕੌਰ, ਕੌਂਸਲਰ ਪ੍ਰਵੀਨ ਕੌਸ਼ਲ, ਕੌਂਸਲਰ ਗੁਰਪ੍ਰੀਤ ਕੌਰ, ਕੌਂਸਲਰ ਬਿਕਰਮਜੀਤ ਸਿੰਘ ਸੰਧੂ, ਕੌਂਸਲਰ ਦਿਲਜੀਤ ਸਿੰਘ ਕੈਂਥ, ਕੌਂਸਲਰ ਜਸਬੀਰ ਕੌਰ ਗਰਚਾ , ਕੌਂਸਲਰ ਗੀਤਾ ਐਡਵਾਲ਼, ਬਲਾਕ ਪ੍ਰਧਾਨ ਠੇਕੇਦਾਰ ਜਗਜੀਤ ਸਿੰਘ ਜੱਗੀ ਅਤੇ ਦਵਿੰਦਰ ਸਿੰਘ ਛਿੰਦੂ, ਦੀਪਕ ਆਗਰਾ ਪ੍ਰਧਾਨ ਵਪਾਰ ਮੰਡਲ ਆਪ, ਸੁਨੀਲ ਅਡਵਾਲ ਪ੍ਰਧਾਨ ਰੇੜੀ ਯੂਨੀਅਨ, ਸ਼ਮੀ ਬਰਾਰੀ ਯੂਥ ਪ੍ਰਧਾਨ, ਵਿਜੇ ਗਰਚਾ, ਵਾਲਮੀਕ ਸਭਾ ਪ੍ਰਧਾਨ ਰਵੀ ਹੰਸ,ਸ਼ੈਲੀ ਅਰੋੜਾ, ਗੁਰਸ਼ੇਰ ਸਿੰਘ ਲੋਧੀਪੁਰ, ਕੈਪਟਨ ਅਨੂਪ ਸਿੰਘ ਆਪ, ਐਡਵੋਕੇਟ ਨਿਖਲ ਭਾਰਦਵਾਜ, ਲੱਕੀ ਅਨੰਦਪੁਰੀਆ, ਸੁਖਦੇਵ ਸਿੰਘ ਬੀਟੀ , ਸੁਰਿੰਦਰ ਸਿੰਘ ਵਿੱਕੀ, ਹੈਪੀ ਜੱਸਲ, ਐਡਵੋਕੇਟ ਰਜਤ ਬੇਦੀ, ਹਰਪਾਲ ਕੌਰ ਜ਼ਿਲਾ ਜੁਆਇੰਟ ਸਕੱਤਰ, ਰਣਜੀਤ ਕੌਰ ਜਿਲਾ ਵਾਈਸ ਪ੍ਰਧਾਨ, ਬਲਜੀਤ ਕੌਰ ਲੋਧੀਪੁਰ , ਤਜਿੰਦਰ ਸਿੰਘ ਧੂੜੀਆ, ਹੈਪੀ ਜੱਸਲ, ਸੁਖਦੇਵ ਸਿੰਘ ਬੀਟੀ, ਲੱਕੀ ਅਨੰਦਪੁਰੀਆ, ਸੁਰਿੰਦਰ ਸਿੰਘ ਵਿੱਕੀ, ਸੋਨੂ ਅਰੋੜਾ, ਤਜਿੰਦਰ ਸਿੰਘ ਚੰਨ, ਅਭਿਜੀਤ ਸਿੰਘ ਅਲੈਕਸ, ਜਸਵਿੰਦਰ ਸਿੰਘ ਰਾਜਾ, ਰਿੰਕੂ ਅਰੋੜਾ, ਗੁਰਕੀਰਤ ਸਿੰਘ ਬਾਵਾ, ਮੋਹਨ ਸਿੰਘ, ਜਤਿਨ ਲੁਟਾਵਾ, ਮਿੰਨੀ ਪੁਰੀ, ਹਰਿ ਕ੍ਰਿਸ਼ਨ ਸਮੇਤ ਆਗੂ ਸ਼ਾਮਲ ਹਨ।

*ਨਵੇਂ ਲੇਖਕਾਂ ਨੂੰ ਨਜ਼ਰ ਵਿਚ ਰੱਖਦੇ ਹੋਏ ਅਸੀਂ ਇਹ ਕਾਲਮ 'ਸੋਨ ਸੁਨਹਿਰੀ ਕਲਮਾਂ' ਸ਼ੁਰੂ ਕੀਤਾ ਹੈ। ਇਸ ਵਿਚ ਲੇਖਕ ਦੇ ਜੀਵਨ ਦੀ ਸੰਖੇਪ ਜਾਣਕਾਰੀ ਦੇ ਨਾਲ ਉਸ ਦੀਆਂ ਰਚਨਾਵਾਂ ਵੀ ਪਾਠਕਾਂ ਦੇ ਰੂਬਰੂ ਕੀਤੀਆਂ ਜਾਂਦੀਆਂ ਹਨ।*

## ਸੋਨ ਸੁਨਹਿਰੀ ਕਲਮਾਂ

# ਕਵਿਤਾਵਾਂ ਰਾਹੀਂ ਜਾਗਰੂਕ ਕਰਨ ਵਾਲੀ ਲੇਖਿਕਾ



ਸੁੱਖ ਘੁੰਮਣ
98777-10248

ਸੁੱਖ ਘੁੰਮਣ ਪੰਜਾਬੀ ਸਾਹਿਤ ਵਿਚ ਨਵੀਂ ਅਤੇ ਉੱਭਰਦੀ ਲੇਖਿਕਾ ਹੈ। ਜਿਸ ਨੇ ਕਵਿਤਾਵਾਂ, ਕਹਾਣੀਆਂ, ਰਾਹੀਂ ਨੌਜਵਾਨਾਂ ਨੂੰ ਨਸ਼ਿਆਂ ਅਤੇ ਭਰੂਣ ਹੱਤਿਆ ਵਰਗੀਆਂ ਸਮਾਜਿਕ ਅਲਾਮਤਾਂ ਤੋਂ ਬਚਣ ਦਾ ਸਨੇਹਾ ਦਿੱਤਾ। ਉਂਝ ਤਾਂ ਉਸ ਦਾ ਪੂਰਾ ਨਾਂ ਸੁੱਖਪ੍ਰੀਤ ਕੌਰ ਘੁੰਮਣ ਹੈ। ਉਸ ਦਾ ਜਨਮ 27 ਅਕਤੂਬਰ 1997 ਨੂੰ ਪਿਤਾ ਹਰਦੇਵ ਸਿੰਘ ਅਤੇ ਮਾਤਾ ਰਣਜੀਤ ਕੌਰ ਦੇ ਘਰ ਜ਼ਿਲ੍ਹਾ ਬਠਿੰਡਾ 'ਚ ਵਸਦੇ ਪਿੰਡ ਘੁੰਮਣ ਕਲਾਂ ਵਿਖੇ ਹੋਇਆ। ਸੁੱਖ ਨੇ ਦਸਵੀਂ ਦੀ ਪੜ੍ਹਾਈ ਪਿੰਡ ਪੂਹਲੀ ਕਲਾਂ ਦੇ ਸਕੂਲ ਤੋਂ ਕੀਤੀ ਅਤੇ ਬਾਰ੍ਹਵੀਂ ਐੱਸਐੱਸ ਮਾਨ ਗਰਲਜ਼ ਸਕੂਲ ਤੋਂ ਕੀਤੀ। ਸੁੱਖ ਘੁੰਮਣ ਅੱਜ ਕੱਲ੍ਹ ਪਿੰਡ ਪੂਹਲੀ ਕਲਾਂ ਜ਼ਿਲਾ ਬਠਿੰਡਾ ਵਿਖੇ ਰਹਿ ਰਹੀ ਹੈ। ਉਸ ਨੇ ਬੀਏ ਦੀ ਪੜ੍ਹਾਈ ਬਾਬਾ ਮੋਨੀ ਜੀ ਡਿਗਰੀ ਕਾਲਜ ਲਹਿਰਾ ਮੁਹੱਬਤ ਤੋਂ ਕੀਤੀ। ਸੁੱਖ ਹੁਣ ਐੱਮਏ ਪੰਜਾਬੀ ਦਿ ਰੋਇਲ ਕਾਲਜ ਬੋੜ੍ਹਾਵਾਲ (ਮਾਨਸਾ) ਤੋਂ ਕਰ ਰਹੀ ਹੈ। ਆਉ, ਸੁੱਖ ਘੁੰਮਣ ਦੀਆਂ ਰਚਨਾ ਦਾ ਅਨੰਦ ਮਾਣਦੇ ਹਾਂ।

• ਹਰਮਨ ਸੂਫ਼ੀ ਲਹਿਰਾ

### ਕਵਿਤਾ

## ਖੋ ਲਏ ਪੁੱਤ

ਘਰ ਵਾਰ ਸਭ ਨੇ,
ਵਿਕਾਤੇ ਚਿੱਟੇ ਨੇ।
ਮਾਪਿਆ ਦੇ ਸਿਰੋਂ,
ਖੋ ਲਏ ਪੁੱਤ ਨੇ।
ਨਸ਼ਿਆਂ ਨੇ ਖਾ ਲਈ,
ਜਵਾਨੀ ਤੇਰੀ ਪੁੱਤਰਾ।
ਸਰੀਰ ਕਰ ਦਿੱਤੇ,
ਥੋਥੇ ਚਿੱਟੇ ਨੇ।
ਕੈਸੀ ਖੇਡ ਏ ਬਣਾਈ,
ਰੱਬਾ ਲੋਕਾਂ ਨੇ।
ਕਈ ਰਿਸ਼ਤੇ ਨੇ,
ਮਾਰੇ ਚਿੱਟੇ ਨੇ।
ਚਾਰ ਦਿਨ ਖ਼ੁਸ਼ੀ ਪਿੱਛੇ,
ਨਸ਼ੇ ਕਾਰਨ !
ਜ਼ਿੰਦਗੀ 'ਚੋ ਹੱਥ ਧੋਂਦੇ ਦੇਖੇ ਮੈਂ।
ਨਸ਼ਿਆਂ ਦੀ ਲੱਤ ਪਿੱਛੇ,
ਬਾਪ ਦੀ ਕਮਾਈ ਪੁੱਤਾ
ਚਿੱਟੇ ਵਿੱਚ ਰੋਲ 'ਤੀ।

ਸਾਡਾ ਪਤਾ ਹੈ-
ਸੰਪਾਦਕ, ਪੰਜਾਬੀ ਜਾਗਰਣ, ਸੀ-120, ਫੋਕਲ ਪੁਆਇੰਟ ਐਕਸਟੈਂਸ਼ਨ, ਇੰਡਸਟਰੀਅਲ ਏਰੀਆ, ਜਲੰਧਰ।
editormail@punjabi.jagran.com

## ਕੁਝ ਕੰਮ ਦੀਆਂ ਗੱਲਾਂ

- ਮੌਤ ਦਾ ਡਰ ਸਭ ਤੋਂ ਭਿਆਨਕ ਡਰ ਮੰਨਿਆ ਜਾਂਦਾ ਹੈ, ਜਦੋਂ ਇਹ ਡਰ ਖ਼ਤਮ ਫਿਰ ਬਾਕੀ ਡਰ ਵੀ ਖ਼ਤਮ ਹੋ ਜਾਂਦੇ ਹਨ।
- ਸੋਚ ਬਦਲੇਗੀ ਤਾਂ ਕਰਮ ਬਦਲੇਗਾ, ਕਰਮ ਬਦਲੇਗਾ ਤਾਂ ਜ਼ਿੰਦਗੀ ਬਦਲੇਗੀ।
- ਜਦੋਂ ਸੁੱਖ-ਦੁੱਖ, ਹਾਨੀ- ਲਾਭ ,ਚੰਗਾ- ਬੁਰਾ, ਇੱਕੋ ਲੱਗਦਾ ਹੈ ਤਾਂ ਸੱਚ ਮੁੱਚ ਜ਼ਿੰਦਗੀ ਅਨੰਦਮਈ ਹੋ ਜਾਂਦੀ ਹੈ।
- ਤੁਸੀਂ ਜਿੰਨੀ ਮਿਹਨਤ ਅਤੇ ਵਿਸ਼ਵਾਸ ਨਾਲ ਕੰਮ ਕਰਾਂਗੇ ਫਲ ਵੀ ਓਨਾ ਹੀ ਬਿਹਤਰ ਅਤੇ ਮਿੱਠਾ ਹੋਵੇਗਾ।
- ਕੁਦਰਤ ਕੋਲ ਹਰ ਬੀਮਾਰੀ ਦਾ ਇਲਾਜ ਹੈ ਅਤੇ ਹਰ ਸਮੱਸਿਆ ਦਾ ਹੱਲ।
- ਜਿਵੇਂ ਸਾਗਰ ਲਹਿਰਾਂ ਤੋਂ ਬਿਨਾਂ ਨਹੀਂ ਹੁੰਦਾ ਜ਼ਿੰਦਗੀ ਵੀ ਸੁੱਖ ਦੁੱਖ ਤਕਲੀਫਾਂ ਆਦਿ ਤੋਂ ਬਿਨਾਂ ਨਹੀਂ ਹੁੰਦੀ।
- ਕੁਦਰਤ ਕੋਲ ਹਰ ਸਮੱਸਿਆ ਦਾ ਹੱਲ ਹੈ।



# ਸੱਭਿਅਕ ਬਣਨ ਦੀ ਕੋਸ਼ਿਸ਼

ਦਵਿੰਦਰ ਕੌਰ

ਅਸੀਂ ਸਭ ਜਾਣਦੇ ਹਾਂ ਅੱਜ ਦਾ ਯੁੱਗ ਵਿਗਿਆਨ ਦਾ ਯੁੱਗ ਹੈ ਅਤੇ ਯੁੱਗ ਬਦਲਣ ਨਾਲ ਜ਼ਮਾਨਾ ਵੀ ਬਦਲ ਗਿਆ ਹੈ। ਜੀਵਨ ਵਿਚ ਅਸੀਂ ਬਹੁਤ ਤਰੱਕੀਆਂ ਕਰ ਲਈਆਂ ਹਨ। ਨਵੀਆਂ-ਨਵੀਆਂ ਦਵਾਈਆਂ ਨਾਲ ਕਈ ਮਾਰੂ ਬਿਮਾਰੀਆਂ 'ਤੇ ਵੀ ਹੁਣ ਕਾਬੂ ਪੈ ਗਿਆ ਹੈ। ਅਨਪੜ੍ਹਤਾ ਵੀ ਘੱਟ ਹੁੰਦੀ ਜਾ ਰਹੀ ਹੈ। ਸਾਨੂੰ ਜੀਵਨ ਜਿਊਣ ਦੀ ਸੋਝੀ ਆ ਗਈ ਹੈ। ਹੁਣ ਜ਼ਮਾਨੇ ਦੇ ਨਾਲ ਰਲਣ ਲਈ ਅਸੀਂ ਸਾਰੇ ਯਤਨ ਕਰਦੇ ਹਾਂ। ਕੋਈ ਵੀ ਇਨਸਾਨ ਖ਼ੁਦ ਨੂੰ ਨੀਵਾਂ ਨਹੀਂ ਦਿਖਾਉਣਾ ਚਾਹੁੰਦਾ। ਇਸੇ ਦੌੜ ਵਿਚ ਜੀਵਨ ਦਾ ਹਰ ਪੱਖ ਬਦਲ ਗਿਆ।

### ਪਹਿਰਾਵਾ ਅਤੇ ਸੁੰਦਰਤਾ

ਖਾਣ-ਪੀਣ, ਬੋਲਣ, ਬੈਠਣ-ਉੱਠਣ, ਪਹਿਰਾਵਾ ਅਤੇ ਸੁੰਦਰਤਾ ਦੇ ਪੱਖ ਤੋਂ ਲੋਕਾਂ ਵਿਚ ਕਾਫ਼ੀ ਜਾਗਰੂਕਤਾ ਆਈ ਹੈ ਤੇ ਸਾਰੇ ਢੰਗ ਬਦਲ ਗਏ ਹਨ ਪਰ ਇਨ੍ਹਾਂ ਬਦਲਦੇ ਹੋਏ ਢੰਗਾਂ ਨੇ ਕਿਤੇ ਨਾ ਕਿਤੇ ਸਾਡੀ ਸਿਹਤ, ਸੁੰਦਰਤਾ ਅਤੇ ਸਰੀਰ ਨਾਲ ਕਾਫ਼ੀ ਖਿਲਵਾੜ ਕੀਤਾ ਹੈ। ਸਾਡੀਆਂ ਆਦਤਾਂ ਵਿਚ ਘੁਟਣ ਜਿਹੀ ਸਮਾ ਗਈ ਹੈ। ਜ਼ਿੰਦਗੀ ਜਿਊਣ ਦੇ ਢੰਗ ਵੀ ਨਿਯਮਿਤ ਅਤੇ ਸੀਮਿਤ ਜਿਹੇ ਹੋ ਗਏ ਹਨ। ਖੁੱਲ੍ਹ ਕੇ ਹੱਸਣ ਨੂੰ ਹੁਣ ਅਸੱਭਿਅਕ ਮੰਨਿਆ ਜਾਂਦਾ ਹੈ ਪਰ ਬਿਮਾਰੀਆਂ ਦੂਰ ਕਰਨ ਲਈ ਖੁੱਲ੍ਹਾ ਹਾਸਾ ਜਾਂ ਤਾਂ ਯੋਗਾ ਕਲਾਸਾਂ ਦੇ ਵਿਚ ਮਿਲਦਾ ਹੈ ਜਾਂ ਸਪੈਸ਼ਲ ਕਸਰਤ ਹੀ ਬਣ ਗਿਆ ਹੈ। ਪਿੰਡਾਂ ਦੇ ਮਾਹੌਲ 'ਤੇ ਵੀ ਸ਼ਹਿਰੀ ਰੰਗ ਚੜ੍ਹਦਾ ਜਾਂਦਾ ਹੈ ਅਤੇ ਆਪਣਾ ਦੇਸੀਪਨ ਖ਼ਤਮ ਹੁੰਦਾ ਜਾ ਰਿਹਾ ਹੈ। ਆਧੁਨਿਕ ਬਣਨਾ ਵੀ ਜ਼ਰੂਰੀ ਹੈ ਪਰ ਆਪਣੀ ਅਸਲੀਅਤ ਤੋਂ ਦੂਰ ਭੱਜਣਾ ਸਾਨੂੰ ਮਹਿੰਗਾ ਪੈਂਦਾ ਹੈ। ਜੀਵਨ ਜਾਚ ਵਿਚ ਬਹੁਤ ਕੁਝ ਬਦਲ ਚੁੱਕਾ ਹੈ ਜਿਸ ਨੇ ਹਰ ਆਦਮੀ ਦੀ ਸਿਹਤ, ਮਨ, ਦਿਮਾਗ਼, ਸਾਦਗੀ, ਭੋਲਾਪਨ ਅਤੇ ਕੁਦਰਤੀ ਸੁੰਦਰਤਾ ਨੂੰ ਪ੍ਰਭਾਵਿਤ ਕੀਤਾ ਹੈ।

### ਪੁਰਾਣੀਆਂ ਖ਼ੁਰਾਕਾਂ

ਪਹਿਲਾਂ ਲੋਕ ਦੇਸੀ ਖ਼ੁਰਾਕਾਂ ਖਾਂਦੇ ਸਨ। ਖਾਣ-ਪੀਣ ਦਾ ਸਮਾਂ ਵੀ ਸਹੀ ਅਤੇ ਬੱਝਵਾਂ ਹੁੰਦਾ ਸੀ। ਉਹ ਸੂਰਜ ਰਹਿੰਦਿਆਂ ਖਾਣਾ ਖਾ ਲੈਂਦੇ ਸਨ। ਹੋਰ ਵੀ ਸਾਰੇ ਭੋਜਨ ਪਦਾਰਥ ਘਰੇਲੂ ਅਤੇ ਪੌਸ਼ਟਿਕ ਹੁੰਦੇ ਸਨ। ਸਭ ਕੁਝ ਖਾ ਪੀ ਕੇ ਵੀ ਇੰਨੀਆਂ ਬਿਮਾਰੀਆਂ ਨਹੀਂ ਸਨ ਜਿੰਨੀਆਂ ਅੱਜ ਕੱਲ੍ਹ ਹਨ ਪਰ ਹੁਣ ਵੰਨ-ਸੁਵੰਨੇ ਮਸਾਲੇਦਾਰ ਅਤੇ ਚਟਪਟੇ ਭੋਜਨ ਅਤੇ ਜੰਕ-ਫੂਡ ਤੇ ਹੋਰ ਪੀਣ ਵਾਲੇ ਬਣਾਵਟੀ ਪਦਾਰਥ ਚੱਲ ਪਏ ਹਨ ਜੋ ਸਿੱਧੇ ਤੌਰ 'ਤੇ ਬਿਮਾਰੀਆਂ ਨੂੰ ਸੱਦਾ ਦੇਣਾ ਹੈ। ਦੁੱਧ-ਲੱਸੀ ਦੀ ਥਾਂ ਹੁਣ ਕੋਲਡਰਿੰਕ ਨੇ ਲੈ ਲਈ ਤੇ ਪੁਰਾਣੀਆਂ ਖ਼ੁਰਾਕਾਂ ਕਿਸੇ ਦੇ ਹਜ਼ਮ ਨਹੀਂ ਹੁੰਦੀਆਂ।

### ਖੁੱਲ੍ਹ ਕੇ ਵਿਚਾਰ ਪ੍ਰਗਟ ਕਰਨਾ

ਪਹਿਲਾਂ ਲੋਕ ਸਾਦਗੀ ਭਰਪੂਰ ਆਪਣੇ ਦਿਲ ਦੇ ਵਿਚਾਰ ਖੁੱਲ੍ਹ ਕੇ ਪ੍ਰਗਟ ਕਰਦੇ ਸਨ। ਕੁਝ ਕਹਿ ਲੈਂਦੇ ਸਨ ਤੇ ਕੁਝ ਸੁਣ ਲੈਂਦੇ ਸਨ ਪਰ ਹੁਣ ਅਸੀਂ ਸੱਭਿਅਕ ਬਣਨ ਦੀ ਕੋਸ਼ਿਸ਼ ਕਰਦੇ-ਕਰਦੇ ਵਿਚਾਰਾਂ ਅਤੇ ਹਾਵ-ਭਾਵ ਨੂੰ ਦਬਾ ਕੇ ਰਸਮੀ ਤੌਰ 'ਤੇ ਬੋਲਣ ਲੱਗ ਗਏ ਹਾਂ ਕਿ ਕਿਸੇ ਨੂੰ ਬੁਰਾ ਨਾ ਲੱਗੇ। ਜਿਸ ਨਾਲ ਅਸੀਂ ਮਾਨਸਿਕ ਤੌਰ 'ਤੇ ਬਿਮਾਰ ਹੁੰਦੇ ਜਾ ਰਹੇ ਹਾਂ ਅਤੇ ਵਿਚਾਰਾਂ ਦਾ ਤਾਣਾ-ਬਾਣਾ ਦਿਮਾਗ਼ ਦੇ ਅੰਦਰ ਹੀ ਉਲਝਿਆ ਰਹਿੰਦਾ ਹੈ ਜੋ ਸੁਭਾਅ ਨੂੰ ਚਿੜਚਿੜਾ ਬਣਾਉਂਦਾ ਹੈ।



### ਮਾਪਦੰਡ

ਬੋਲਣ-ਚੱਲਣ ਦੇ ਵਾਂਗ ਹੁਣ ਬੈਠਣਾ-ਉੱਠਣਾ ਵੀ ਸੱਭਿਅਕ ਰੂਪ ਦੇ ਮਾਪਦੰਡ ਮਾਪਦਾ ਰਹਿੰਦਾ ਹੈ। ਰਸਮੀ ਤੌਰ 'ਤੇ ਬੈਠਣਾ, ਉੱਠਣਾ ਜਾਂ ਤੁਰਣਾ ਵੀ ਸਾਡੇ ਸਰੀਰ 'ਤੇ ਕਾਫ਼ੀ ਪ੍ਰਭਾਵ ਪਾਉਂਦਾ ਹੈ। ਪਹਿਲਾਂ ਲੋਕ ਖੁੱਲ੍ਹ ਕੇ ਮਨਮਰਜ਼ੀ ਨਾਲ ਆਪਣੇ ਆਪ ਨੂੰ ਸੁਖਾਵਾਂ ਕਰ ਕੇ ਬਹਿੰਦੇ ਉੱਠਦੇ ਅਤੇ ਚਲਦੇ ਸਨ। ਹੁਣ ਜੋ ਤਬਦੀਲੀ ਆਈ ਹੈ ਉਸ ਅਨੁਸਾਰ ਲੋੜ ਤੋਂ ਵੱਧ ਰਸਮੀਪਨ ਸਰੀਰ ਨੂੰ ਤਕਲੀਫ਼ ਦਿੰਦਾ ਹੈ। ਅਸੀਂ ਇਸ ਚਿੰਤਾ ਵਿਚ ਹੀ ਰਹਿੰਦੇ ਹਾਂ ਕਿ ਵੇਖਣ ਵਾਲੇ ਨੂੰ ਕਿਵੇਂ ਲੱਗੇਗਾ।



### ਆਧੁਨਿਕ ਯੁੱਗ

ਪੁਰਾਣੇ ਸਮੇਂ ਅਤੇ ਆਧੁਨਿਕ ਯੁੱਗ ਦੇ ਪਹਿਰਾਵੇ ਵਿਚ ਹੁਣ ਬਹੁਤ ਫ਼ਰਕ ਆ ਗਿਆ ਹੈ। ਸਮੇਂ ਦੇ ਹਾਣੀ ਹੋਣ ਦੇ ਨਾਤੇ ਸਾਨੂੰ ਆਪਣਾ ਪਹਿਰਾਵਾ ਬਦਲਣਾ ਚਾਹੀਦਾ ਹੈ ਅਤੇ ਵਧੀਆ ਦਿੱਖ ਹੋਣੀ ਜ਼ਰੂਰੀ ਹੈ ਪਰ ਜੇਕਰ ਉਹ ਸਰੀਰ ਨੂੰ ਤਕਲੀਫ਼ ਜਾਂ ਘੁਟਣ ਦਿੰਦਾ ਹੈ ਤਾਂ ਅਸੀਂ ਅਜਿਹੇ ਅਣਸੁਖਾਵੇਂ ਪਹਿਰਾਵੇ ਤੋਂ ਪਰਹੇਜ਼ ਵੀ ਕਰ ਸਕਦੇ ਹਾਂ। ਜ਼ਿਆਦਾ ਘੁਟਵੇਂ ਜਾਂ ਅਣਸੁਖਾਵੇਂ ਕੱਪੜੇ ਸਾਡੇ ਸਰੀਰ ਦੇ ਨਾਲ-ਨਾਲ ਸਾਡੇ ਸੁਭਾਅ ਨੂੰ ਵੀ ਖ਼ਰਾਬ ਕਰਦੇ ਹਨ।

### ਬਣਾਵਟੀ ਸੁੰਦਰਤਾ

ਅੱਜ ਦੇ ਜ਼ਮਾਨੇ ਵਿਚ ਹਰ ਇਨਸਾਨ ਬਣਾਵਟੀ ਸੁੰਦਰਤਾ ਦੀ ਦੌੜ ਵਿਚ ਲੱਗਾ ਹੋਇਆ ਹੈ ਜਿਸ ਦੇ ਥੱਲੇ ਸਾਡਾ ਅਸਲੀ ਚਿਹਰਾ ਗੁੰਮ ਹੋ ਗਿਆ ਹੈ। ਅੱਜ ਦਾ ਯੁੱਗ ਫ਼ੈਸ਼ਨ ਦਾ ਯੁੱਗ ਹੈ। ਹਰ ਕੋਈ ਮਾਡਰਨ ਬਣ ਕੇ ਰਹਿਣਾ ਚਾਹੁੰਦਾ ਹੈ। ਕਈ ਵਾਰ ਸਾਦੇ ਬੰਦੇ ਨੂੰ ਜ਼ਮਾਨਾ ਪੱਛੜਿਆ ਹੋਇਆ ਵੀ ਸਮਝਦਾ ਹੈ। ਹਰ ਇਨਸਾਨ ਬਣਾਵਟੀ ਸੁੰਦਰਤਾ ਦੇ ਜਾਲ ਵਿਚ ਫ਼ਸ ਕੇ ਮਜਬੂਰ ਹੋ ਚੁੱਕਾ ਹੈ। ਇਸ ਦਾ ਪ੍ਰਭਾਵ ਇਹ ਪੈਂਦਾ ਹੈ ਕਿ ਸੁੰਦਰਤਾ ਜਾਂ ਮੇਕਅੱਪ ਦੀਆਂ ਸਭ ਚੀਜ਼ਾਂ ਕਈ ਪ੍ਰਕਾਰ ਦੇ ਕਾਸਮੈਟਿਕਸ ਸਾਨੂੰ ਖ਼ੂਬਸੂਰਤ ਬਣਾ ਦਿੰਦੀਆਂ ਹਨ ਪਰ ਉਸ ਦਾ ਸਾਡੀ ਚਮੜੀ ਤੇ ਬੁਰਾ ਪ੍ਰਭਾਵ ਪੈਂਦਾ ਹੈ ਜਿਸ ਨਾਲ ਅਸੀਂ ਆਪਣੀ ਕੁਦਰਤੀ ਸੁੰਦਰਤਾ ਵੀ ਹੌਲੀ-ਹੌਲੀ ਗਵਾ ਬੈਠਦੇ ਹਾਂ ਅਤੇ ਸਾਡੇ ਚਿਹਰੇ ਮੁਰਝਾ ਜਾਂਦੇ ਹਨ। ਪੁਰਾਣੇ ਸਮਿਆਂ ਵਿਚ ਲੋਕਾਂ ਕੋਲ ਘਰੇਲੂ ਨੁਸਖੇ ਹੁੰਦੇ ਸਨ ਜਿਸ ਨਾਲ ਚਿਹਰੇ 'ਤੇ ਰੌਣਕ ਬਣੀ ਰਹਿੰਦੀ ਸੀ।

### ਅਜੋਕੀ ਪੀੜ੍ਹੀ

ਹੁਣ ਨੌਜਵਾਨ ਵਰਗ ਦਾ ਸਾਰਾ ਧਿਆਨ ਵਾਲਾਂ ਨੇ ਖਿਚਿਆ ਹੋਇਆ ਹੈ। ਤਰ੍ਹਾਂ-ਤਰ੍ਹਾਂ ਦੇ ਵਾਲਾਂ ਦੇ ਡਿਜ਼ਾਇਨ ਅਤੇ ਰੰਗ ਅਜੋਕੀ ਪੀੜ੍ਹੀ ਨੂੰ ਆਕਰਸ਼ਿਤ ਤਾਂ ਕਰਦੇ ਹਨ ਪਰ ਇਸ ਦੇ ਪ੍ਰਭਾਵ ਬਹੁਤ ਨੁਕਸਾਨਦਾਇਕ ਹਨ ਜੋ ਸਰੀਰਕ ਅਤੇ ਮਾਨਸਿਕ ਪੱਖ ਤੋਂ ਵਿਨਾਸ਼ ਕਰਦੇ ਹਨ। ਉਮਰ ਤੋਂ ਪਹਿਲਾਂ ਵਾਲ ਕਮਜ਼ੋਰ ਹੋ ਜਾਂਦੇ ਨੇ ਤੇ ਦਿਮਾਗ਼ ਵਾਲ ਸਵਾਰਨ ਵਿਚ ਲੱਗਿਆ ਹੋਣ ਕਾਰਨ ਬੰਦਾ ਆਪਣੇ ਕੰਮਾਂ ਵਿਚ ਧਿਆਨ ਨਹੀਂ ਦੇ ਸਕਦਾ। ਸੋ ਇਸ ਸਭ ਕੁਝ ਸੋਚਣ ਦੇ ਬਾਅਦ ਇਸ ਨਤੀਜੇ ਤੇ ਪਹੁੰਚਦੇ ਹਾਂ ਕਿ ਆਧੁਨਿਕਤਾ ਅਤੇ ਸ਼ੌਕੀਨੀ ਦੇ ਰੰਗ ਵਿਚ ਰੰਗੇ ਹੋਏ ਇਨਸਾਨ ਨੂੰ ਇਸ ਦੇ ਨਤੀਜਿਆ ਬਾਰੇ ਸੋਚ ਕੇ ਹੀ ਕਿਸੇ ਨਵੀਂ ਚੀਜ਼ ਨੂੰ ਅਪਣਾਉਣਾ ਚਾਹੀਦਾ ਹੈ। ਆਧੁਨਿਕ ਚੀਜ਼ਾ ਅਪਣਾਉਣੀਆਂ ਚਾਹੀਦੀਆਂ ਹਨ ਤਾਂ ਹੀ ਸਮੇਂ ਦਾ ਹਾਣੀ ਵੀ ਬਣਿਆ ਜਾ ਸਕਦਾ ਹੈ। ਇਸ ਦੇ ਨਾਲ ਹੀ ਆਪਣੇ ਆਪ ਨੂੰ ਵੀ ਸੰਭਾਲੀ ਰੱਖਣਾ ਜ਼ਰੂਰੀ ਹੈ ਕਿਉਂਕਿ ਕਿਸੇ ਵੀ ਚੀਜ਼ ਦੀ ਘਾਟ ਮਾੜੀ ਹੁੰਦੀ ਹੈ ਅਤੇ ਬਹੁਤਾਤ ਵੀ। ਸਾਨੂੰ ਪੁਰਾਤਨ ਵਿਰਸੇ ਦੀਆਂ ਚੀਜ਼ਾਂ ਨੂੰ ਨਾਲ ਲੈ ਕੇ ਚਲਦੇ ਹੋਏ ਆਧੁਨਿਕ ਸਮੇਂ ਵਿਚ ਸ਼ਾਮਿਲ ਹੋਣਾ ਚਾਹੀਦਾ ਹੈ ਅਤੇ ਦੇਸੀ ਚੀਜ਼ਾਂ ਦੀ ਵਰਤੋਂ ਕਰਦੇ ਸਮੇਂ ਸ਼ਰਮ ਨਹੀਂ ਮਹਿਸੂਸ ਕਰਨੀ ਚਾਹੀਦੀ। •

82838-32839

## ਪੱਤਰ ਹਰੇ ਕਚੂਰ

# ਬਹੁਪੱਖੀ ਸ਼ਖ਼ਸੀਅਤ



ਤਰਸੇਮ ਬੁੱਟਰ
81465-82152

ਤਰਸੇਮ ਬੁੱਟਰ ਬਹੁਪੱਖੀ ਸ਼ਖ਼ਸੀਅਤ ਦਾ ਨਾਂ ਹੈ। ਉਹ ਇਲਾਕੇ ਦਾ ਉੱਘਾ ਸਮਾਜ ਸੇਵਕ, ਖ਼ੂਨਦਾਨੀ, ਅਦਾਕਾਰ, ਰੇਡੀਓ ਅਨਾਊਂਸਰ, ਸਫਲ ਮੰਚ ਸੰਚਾਲਕ, ਲੇਖਕ ਤਾਂ ਹੈ ਹੀ ਇਸ ਦੇ ਨਾਲ-ਨਾਲ ਉਹ ਵਧੀਆ ਇਨਸਾਨ ਵੀ ਹੈ। ਬੁੱਟਰ ਕਿੱਤੇ ਵਜੋਂ ਸਰਕਾਰੀ ਅਧਿਆਪਕ ਤੇ ਐੱਫਐੱਮ ਰੇਡੀਓ ਬਠਿੰਡਾ 'ਤੇ ਬਤੌਰ ਅਨਾਊਂਸਰ ਕੰਮ ਵੀ ਕਰ ਰਿਹਾ ਹੈ। ਅਦਾਕਾਰੀ ਪੱਖੋਂ ਉਹ ਅਨੇਕਾਂ ਹੀ ਟੈਲੀ ਫ਼ਿਲਮਾਂ ਤੋਂ ਇਲਾਵਾ ਇਕ ਵੱਡੇ ਪਰਦੇ ਦੀ ਫਿਲਮ ਵੀ ਕਰ ਚੁੱਕਾ ਹੈ। ਤਰਸੇਮ ਆਪਣੇ ਪਿੰਡ ਦੇ ਮਾਲਵਾ ਵੈੱਲਫੇਅਰ ਕਲੱਬ ਦਾ ਜਨਰਲ ਸਕੱਤਰ ਹੈ, ਜਿਸ ਦੇ ਜ਼ਰੀਏ ਉਹ ਅਨੇਕਾਂ ਹੀ ਸਮਾਜ ਸੇਵੀ ਕੰਮਾਂ ਤੋਂ ਇਲਾਵਾ ਹੁਣ ਤਕ ਵੀਹ ਵਾਰ ਖ਼ੂਨਦਾਨ ਕਰ ਚੁੱਕਾ ਹੈ। ਬੁੱਟਰ ਇਲਾਕੇ ਦੀਆਂ ਨਾਮਵਰ ਸਾਹਿਤਕ ਸਭਾਵਾਂ ਦਾ ਸਰਗਰਮ ਕਾਰਕੁਨ ਅਤੇ ਅਹੁਦੇਦਾਰ ਹੋਣ ਕਰਕੇ ਉਸ ਨੂੰ ਮੰਚ ਸੰਚਾਲਕ ਦੀ ਭੂਮਿਕਾ ਨਿਭਾਉਂਦੇ ਆਮ ਵੇਖਿਆ ਜਾਂਦਾ ਹੈ। ਜੇਕਰ ਉਸ ਦੀ ਲੇਖਣੀ ਦੀ ਗੱਲ ਕਰੀਏ ਤਾਂ ਉਹ ਲਿਖਤਾਂ ਜ਼ਰੀਏ ਪੰਜਾਬੀ ਦੇ ਪ੍ਰਸਿੱਧ ਰਸਾਲਿਆਂ, ਮੈਗਜ਼ੀਨਾਂ, ਅਖ਼ਬਾਰਾਂ, ਰੇਡੀਓ, ਟੈਲੀਵਿਜ਼ਨ, ਸੋਸ਼ਲ ਮੀਡੀਆ ਆਦਿ 'ਤੇ ਆਪਣੀ ਭਰਵੀਂ ਹਾਜ਼ਰੀ ਲਵਾ ਰਿਹਾ ਹੈ। ਫ਼ਖ਼ਰ ਵਾਲੀ ਗੱਲ ਹੈ ਕਿ ਉਸ ਦੀਆਂ ਲਿਖਤਾਂ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਿਲੇਬਸ ਵਿਚ ਸ਼ਾਮਲ ਕੀਤਾ ਗਿਆ ਹੈ। ਮਾਣਦੇ ਹਾਂ ਉਸ ਦੀ ਰਚਨਾ ਦਾ ਅਨੰਦ।

• ਕੁਲਦੀਪ ਸਿੰਘ ਬੰਗੀ
94174-07778

### ਨਜ਼ਮ

## ਰੁੱਖੀ ਮਿੱਸੀ

ਨਾ ਵੇਖ ਸ਼ਾਹੀ ਪਕਵਾਨਾ ਨੂੰ ਜੀਅ ਲਲਚਾਈ ਜਾ।
ਖਾ ਕੇ ਰੁੱਖੀ ਮਿੱਸੀ ਰੱਬ ਦਾ ਸ਼ੁਕਰ ਮਨਾਈ ਜਾ।

ਚੈਨ ਖ਼ੁਸ਼ੀ, ਅਨੰਦ, ਤਸੱਲੀ ਆਪ ਮੁਹਾਰੇ ਆਵਣਗੇ,
ਆਪ ਤੋਂ ਨੀਵੇਂ ਵੇਖ ਆਪਣਾ ਵਕਤ ਲੰਘਾਈ ਜਾ

ਮੁਸ਼ਕਿਲ, ਭੀੜਾਂ, ਬਿਪਤਾ, ਸੰਕਟ ਜਰਨੇ ਪੈਂਦੇ ਬੰਦਿਆਂ ਨੂੰ,
ਦੁੱਖ, ਦਲਿੱਦਰ, ਸਰਵ ਵਿਆਪਕ ਮਨ ਸਮਝਾਈ ਜਾ।

ਟੋਏ ਟਿੱਬੇ, ਪਰਬਤ, ਸਾਗਰ, ਜੰਗਲ ਰਾਹ ਵਿਚ ਅੜਨਾ ਨਾ,
ਮੰਜ਼ਿਲ ਪਾਉਣੀ ਹੱਥ 'ਚ ਤੇਰੇ ਨਾ ਘਬਰਾਈ ਜਾ।

ਮੰਦਰ, ਮਸਜਿਦ, ਗੁਰਦੁਆਰੇ ਹਰ ਮਾਨਵ ਲਈ ਸਾਂਝੇ ਨੇ,
ਧਰਮ ਦੇ ਨਾਂ 'ਤੇ ਲੋਕਾਂ ਵਿਚ ਨਾ ਵੰਡੀਆਂ ਪਾਈ ਜਾ।

ਕੈਂਚੀ ਵਾਂਗੂ ਕੱਟਣ ਦੀ ਥਾਂ ਸੂਈ ਵਾਂਗੂ ਸਿਆਉਣਾ ਸਿੱਖ,
ਬੁੱਟਰ ਵੰਡੀਆਂ ਪਾ-ਪਾ ਕੇ ਤੂੰ ਨਾ ਲੋਕ ਨੂੰ ਲੜਾਈ ਜਾ।

## ਗ਼ਜ਼ਲ

ਘਰ ਤਾਂ ਆਖ਼ਰ ਘਰ ਹੁੰਦੇ ਨੇ।
ਘਰਾਂ 'ਚ ਕਾਹਦੇ ਡਰ ਹੁੰਦੇ ਨੇ।
ਉੱਤੋਂ ਖ਼ੁਸ਼ੀਆਂ ਵੰਡਦੇ ਹਾਂ ਪਰ,
ਹੌਕੇ ਲੁੱਕ-ਲੁੱਕ ਭਰ ਹੁੰਦੇ ਨੇ।
ਆਪਣਿਆਂ ਦੀ ਓਟ ਦੇ ਸਦਕਾ,
ਜਗ ਦੇ ਤਾਹਨੇ ਜ਼ਰ ਹੁੰਦੇ ਨੇ।
ਹੱਕਾਂ ਲਈ ਲੜਨਾ ਨਹੀਂ ਮਾੜਾ,
ਲੜ ਕੇ ਈ ਸੁਪਨੇ ਸਰ ਹੁੰਦੇ ਨੇ।
ਪਿਆਰ ਦੇ ਬੂਟੇ ਮਹਿਕਣ ਉੱਥੇ,
ਤਿੱਤਲੀ ਜਿਹੇ ਜੋ ਦਰ ਹੁੰਦੇ ਨੇ।
ਮਰਨ ਮਿਟਣ ਦੇ ਜਜ਼ਬੇ ਨਾਲ ਹੀ,
ਸੀਸ ਤਲੀ 'ਤੇ ਧਰ ਹੁੰਦੇ ਨੇ।
'ਪ੍ਰੀਤ' ਜੋ ਪਿਆਰ ਵਫ਼ਾ ਨੂੰ ਪਾਲਣ,
ਬੰਦੇ ਓਹੀ ਨਰ ਹੁੰਦੇ ਨੇ।



ਗੁਰਪ੍ਰੀਤ ਕੌਰ ਧਾਲੀਵਾਲ
98798-002110

# ਕਿਸ ਨੇ ਖੋਹ ਲਿਆ ਨਾਨਕੇ ਜਾਣ ਦਾ ਚਾਅ

ਜੂਨ ਦੀਆਂ ਛੁੱਟੀਆਂ ਵਿਚ ਬੱਚਿਆਂ ਨੂੰ ਨਾਨਕੇ ਜਾਣ ਦਾ ਚਾਅ ਇੰਨਾ ਜ਼ਿਆਦਾ ਹੁੰਦਾ ਸੀ ਕਿ ਇਕ ਮਹੀਨੇ ਵਿਚ ਕਰਨ ਵਾਲਾ ਸਕੂਲ ਦਾ ਕੰਮ, ਯਾਨਿ ਕਿ ਜੂਨ ਦੀਆਂ ਛੁੱਟੀਆਂ ਦਾ ਕੰਮ ਇਕ ਹਫ਼ਤੇ ਵਿਚ ਹੀ ਪੂਰਾ ਕਰ ਲਿਆ ਜਾਂਦਾ ਸੀ ਤਾਂ ਕਿ ਨਾਨਕੇ ਜਾ ਕੇ ਪੜ੍ਹਾਈ ਦਾ ਕੋਈ ਫ਼ਿਕਰ ਨਾ ਰਹਿ ਜਾਵੇ। ਬੱਚਿਆਂ ਨੂੰ ਤਾਂ ਖੇਡਣ ਮੱਲਣ ਦਾ ਹੀ ਚਾਅ ਹੁੰਦਾ ਏ ਪੜ੍ਹਨ ਪੜ੍ਹਾਉਣ ਦੀਆਂ ਤਾਂ ਬਾਅਦ ਦੀਆਂ ਗੱਲਾਂ ਹੁੰਦੀਆਂ ਨੇ। ਅੱਜ ਕੱਲ੍ਹ ਜੂਨ ਦੀਆਂ ਛੁੱਟੀਆਂ ਵਿਚ ਨਾਨਕੀ ਜਾਣ ਦੀ ਬਜਾਏ ਠੰਢੀਆਂ ਥਾਵਾਂ 'ਤੇ ਜਾਣੀ ਕਿ ਕੁੱਲੂ, ਮਨਾਲੀ, ਸ਼ਿਮਲੇ ਜਾਂ ਫਿਰ ਵਿਦੇਸ਼ ਜਾਣ ਨੂੰ ਪਹਿਲ ਦੇ ਰਹੇ ਨੇ। ਇਹੀ ਮੋਹ ਪਿਆਰ ਘਟਨ ਦੇ ਸਬੂਤ ਨੇ। ਪਿਛਲੇ ਸਮਿਆਂ ਵਿਚ ਭਾਵੇਂ ਟੈਲੀਫੋਨ ਨਹੀਂ ਸੀ ਹੁੰਦੇ ਪਰ ਫਿਰ ਵੀ ਮਾਮੇ ਮਾਸੀਆਂ ਨੂੰ ਆਪਣੇ ਭਾਣਜੇ, ਭਾਣਜੀਆਂ ਦੇ ਆਉਣ ਦੀ ਪੂਰੀ ਉਡੀਕ ਹੁੰਦੀ ਸੀ ਕਿਉਂਕਿ ਜੂਨ ਦੀਆਂ ਛੁੱਟੀਆਂ ਵਿਚ ਹਰ ਇਕ ਨੇ ਆਪਣੇ ਨਾਨਕੇ ਜ਼ਰੂਰ ਆਉਣਾ ਜਾਣਾ ਹੁੰਦਾ ਸੀ ਪਰ ਅੱਜ ਕੱਲ੍ਹ ਇਹ ਸਭ ਚਾਅ ਘਟਦੇ ਜਾ ਰਹੇ ਨੇ। ਅੱਜ ਨਾ ਤਾਂ ਕੋਈ ਪਹਿਲਾਂ ਵਾਂਗੂ ਉਡੀਕ ਕਰਦਾ ਤੇ ਨਾ ਹੀ ਬਹੁਤੀ ਨਾਨਕੇ ਜਾਣ ਨੂੰ ਤਰਜੀਹ ਦੇ ਦਿੰਦਾ ਹੈ ਜਿਵੇਂ ਹਰ ਥਾਂ 'ਤੇ ਬੱਚਿਆਂ ਨੂੰ ਪਿਤਾ ਦੇ ਨਾਂ 'ਤੇ ਜਾਣਿਆ ਜਾਂਦਾ ਹੈ ਪਰ ਨਾਨਕੀ ਜਾ ਕੇ ਬੱਚਿਆਂ ਦੀ ਵੱਖਰੀ ਪਛਾਣ ਹੁੰਦੀ ਹੈ। ਇੱਥੇ ਉਨ੍ਹਾਂ ਨੂੰ ਮਾਵਾਂ ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਨਾਨਕਿਓਂ ਆਉਣ ਲੱਗਿਆਂ ਨੂੰ ਨਾਨੀ ਵੱਲੋਂ ਕੱਪੜੇ, ਨਗਦੀ, ਹੋਰ ਖਾਣ ਪੀਣ ਦੇ ਸਮਾਨ ਵਿਚ ਘਰ ਦੇ ਬਣਾਏ ਹੋਏ ਬਿਸਕੁਟ, ਸੇਵੀਆਂ ਆਦਿ ਦਿੱਤੇ ਜਾਂਦੇ ਸਨ। ਜ਼ਿਆਦਾ ਤਰ ਪਹਿਲੇ ਬੱਚੇ ਨੂੰ ਨਾਨਕਿਆ ਵੱਲੋਂ ਹੀ ਪਾਲਿਆ ਜਾਂਦਾ ਸੀ। ਇਸ ਦੇ ਨਾਲ-ਨਾਲ 7 ਜਾਂ 9 ਸਾਲ ਦੀ ਉਮਰ ਵਿਚ ਪੱਗ ਬਣਾਈ ਦੀ ਰਸਮ ਵੀ ਨਾਨਕਿਆਂ ਵੱਲੋਂ ਹੀ ਕੀਤੀ ਜਾਂਦੀ ਸੀ। ਪਹਿਲੇ ਵਿਆਹ ਦੇ ਖ਼ਰਚ ਦਾ ਕੁਝ ਹਿੱਸਾ ਨਾਨਕਿਆਂ ਵੱਲੋਂ ਕੀਤਾ ਜਾਂਦਾ ਸੀ। ਜਿਸ ਨੂੰ ਨਾਨਕੀ ਸ਼ੱਕ ਆਖਦੇ ਸਨ ਪਰ ਅੱਜ ਕੱਲ੍ਹ ਸਾਡੀਆਂ ਲੋੜਾਂ, ਮਜਬੂਰੀਆਂ, ਮਹਿਗਾਈ ਤੇ ਲਾਲਚਾ ਨੇ ਸਾਡੇ ਰਿਸ਼ਤਿਆਂ ਨੂੰ ਤਹਿਸ-ਨਹਿਸ ਕਰ ਕੇ ਸਾਡੇ ਪੱਕੇ ਪਵਿੱਤਰ ਰਿਸ਼ਤਿਆਂ ਵਿਚ ਭਾਈਚਾਰਕ ਸਾਂਝ ਵਰਗੇ ਵਰਤਾਰੇ ਤੇ ਪਿਆਰ ਨੂੰ ਜਿਉਂਦਾ ਨਹੀਂ ਰਹਿਣ ਦਿੱਤਾ। ਲੱਗਦਾ ਏ ਹੁਣ ਸਾਡੀ ਆਪ ਮੁਹਾਰੀ ਜ਼ਿੰਦਗੀ ਵਿਚ ਸਾਡੇ ਵਰਤਾਰੇ ਤੇ ਪਿਆਰ ਸਾਥੋਂ ਕੋਹਾਂ ਦੂਰ ਚਲੇ ਗਏ ਹਨ।



• ਰੇਸ਼ਮ ਸਿੰਘ, 98151-53111

# ਜੁੱਤੀ ਕਸੂਰੀ ਪੈਰੀਂ ਨਾ ਪੂਰੀ...

ਜੇ. ਐੱਸ. ਬਲਿਆਲਵੀ



ਪੰਜਾਬੀ ਜੁੱਤੀ ਦਾ ਗੜ੍ਹ ਰਿਹਾ ਅਣਵੰਡੇ ਪੰਜਾਬ ਵੇਲੇ ਦਾ ਕਸੂਰ ਸ਼ਹਿਰ। ਲੋਕ ਬੋਲੀਆ ਵਿਚ ਇਸ ਦਾ ਜ਼ਿਕਰ ਅਜੇ ਵੀ ਕਾਇਮ ਹੈ। 'ਜੁੱਤੀ ਕਸੂਰੀ ਪੈਰੀ ਨਾ ਪੂਰੀ, ਹਾਏ ਰੱਬਾ ਵੇ ਮੈਨੂੰ ਤੋਰਨਾ ਪਿਆ' ਗੀਤ ਤੁਸੀ ਸੁਣਿਆ ਹੀ ਹੋਵੇਗਾ। ਕਿੰਨਾ ਮਿੱਠਾ ਹੈ ਇਹ ਗੀਤ। ਮਨ ਦੇ ਵਲਵਲੇ ਕਿਸ ਤਰ੍ਹਾਂ ਦਰਸਾਏ ਗਏ ਨੇ ਇਸ ਗੀਤ ਵਿਚ। ਜੁੱਤੀ ਨਾਲ ਜੁੜਿਆ ਇਹ ਗੀਤ ਅੱਜ ਵੀ ਸੰਗੀਤ ਪ੍ਰੇਮੀਆਂ ਨੂੰ ਚੰਗਾ ਲੱਗਦਾ ਹੈ। ਭਾਵੇਂ ਜੁੱਤੀ ਦਾ ਰਿਵਾਜ ਪਹਿਲਾ ਦੇ ਮੁਕਾਬਲੇ ਬਹੁਤ ਘੱਟ ਰਿਹੈ ਤੇ ਜੁੱਤੀ ਲੋੜ ਦੀ ਥਾਂ ਫ਼ੈਸ਼ਨ ਦਾ ਹਿੱਸਾ ਬਣਦੀ ਜਾ ਰਹੀ ਹੈ ਪਰ ਕਿਸੇ ਵੇਲੇ ਕਸੂਰ ਸ਼ਹਿਰ ਤੋਂ ਇਲਾਵਾ ਮੁਕਤਸਰ, ਪਟਿਆਲਾ, ਕਪੂਰਥਲਾ ਤੇ ਅੰਮ੍ਰਿਤਸਰ ਦੀ ਬਣੀ ਜੁੱਤੀ ਦੀ ਵੀ ਵਧੇਰੇ ਅਹਿਮੀਅਤ ਹੁੰਦੀ ਸੀ। ਕੋਈ ਵੇਲਾ ਸੀ ਜਦੋਂ ਇੱਥੋਂ ਦੀ ਬਣੀ ਲਾਲ ਸੂਹੇ ਰੰਗ ਦੀ ਕੱਢਵੀ ਜੁੱਤੀ ਦੂਰ-ਦੂਰ ਤਕ ਮਸ਼ਹੂਰ ਸੀ। ਚੀਕੂੰ-ਚੀਕੂੰ ਕਰਦੀ ਉਹ ਜੁੱਤੀ ਦੂਜਿਆ ਉੱਪਰ ਪਹਿਨਣ ਵਾਲੇ ਦੇ ਵਿਅਕਤੀਤਵ ਦਾ ਵੱਖਰਾ ਪ੍ਰਭਾਵ ਛੱਡਦੀ ਸੀ ਤੇ ਸਾਰਿਆਂ ਦਾ ਧਿਆਨ ਆਪਣੇ ਵੱਲ ਖਿੱਚਦੀ ਸੀ। ਮਰਦ ਹੀ ਨਹੀ ਔਰਤਾਂ ਦੀ ਵੀ ਇਹ ਪਹਿਲੀ ਪਸੰਦ ਵਿਚ ਸ਼ਾਮਲ ਸੀ। ਅੱਜ ਦੇ ਸਮੇਂ ਇਹ ਵਿਰਲੇ ਟਾਵੇਂ ਨੌਜਵਾਨਾਂ ਦੇ ਸ਼ੌਕ ਤਕ ਹੀ ਸੀਮਤ ਹੋ ਕੇ ਰਹਿ ਗਈ ਹੈ। ਕਿਉਂਕਿ ਹੁਣ ਦੀ ਨਵੀਂ ਪਨੀਰੀ ਤੋਂ ਲੈ ਕੇ ਕਿਸੇ ਅਧੇੜ੍ਹ ਉਮਰ ਦੇ ਮਰਦ ਤਕ ਕੁੜਤੇ-ਪਜਾਮੇ ਦੀ ਥਾਂ ਫੈਸ਼ਨ ਮੁਤਾਬਕ ਪੈਂਟ-ਸ਼ਰਟ ਪਾਉਂਦੇ ਹਨ ਤੇ ਪੈਂਟ-ਸ਼ਰਟ ਨਾਲ ਜੁੱਤੀ ਦਾ ਕੀ ਮੇਲ, ਇਸ ਕਰਕੇ ਵੀ ਸ਼ਾਇਦ ਜੁੱਤੀ ਪਹਿਨਣ ਦਾ ਸ਼ੌਕ ਘੱਟਦਾ ਜਾ ਰਿਹਾ ਹੈ।

ਪਹਿਲੇ ਸਮਿਆਂ 'ਚ ਵਿਆਹ-ਸ਼ਾਦੀਆਂ, ਮੇਲਿਆਂ ਜਾਂ ਹੋਰ ਦਿਨਾਂ ਤਿਉਹਾਰਾਂ 'ਤੇ ਜੁੱਤੀ ਨੂੰ ਤੋਹਫ਼ੇ ਵੱਜੋਂ ਘਰ ਲਿਆਂਦਾ ਜਾਂਦਾ ਸੀ। ਇਹ ਮੌਕਿਆਂ 'ਤੇ ਗੱਭਰੂਆਂ ਦੇ ਪੈਰਾਂ ਵਿਚ ਸਜੀ ਕੱਢਵੀ ਜੁੱਤੀ ਇੰਨੀਂ ਜੱਚਦੀ ਹੈ ਕਿ ਦੇਖਣ ਵਾਲੇ ਦੇਖਦੇ ਹੀ ਰਹਿ ਜਾਂਦੇ। ਉਸ ਵੇਲੇ ਦੇ ਕਰੀਗਰ ਸਾਦੀਆਂ, ਵੱਖ-ਵੱਖ ਕਲਾਕਿਰਤੀਆਂ ਵਾਲੀਆਂ ਅਨੇਕਾਂ ਹੀ ਕਿਸਮ ਦੀਆਂ ਜੁੱਤੀਆਂ ਤਿਆਰ ਕਰਦੇ ਰਹੇ ਹਨ। ਪੰਜਾਬੀਆਂ ਵੱਲੋਂ ਜ਼ਿਆਦਾਤਰ ਮੌਜਾ, ਨੋਕ ਵਾਲੀ ਜੁੱਤੀ ਅਤੇ ਉਲਟਵੀ ਨੋਕ ਵਾਲੀ ਜੁੱਤੀ ਪਸੰਦ ਕੀਤੀ ਜਾਂਦੀ ਸੀ। ਤਿੱਲੇਦਾਰ ਜੁੱਤੀ ਦੀ ਮੰਗ ਅੱਜ ਵੀ ਗੱਭਰੂਆਂ ਵੱਲੋਂ ਕੀਤੀ ਜਾਂਦੀ ਹੈ। ਮਲਵਈ ਜੁੱਤੀਆਂ ਮੱਧਵਰਗੀ ਪਰਿਵਾਰਾਂ ਵੱਲੋਂ ਪਸੰਦ ਕੀਤੀਆਂ ਜਾਂਦੀਆਂ ਸਨ। ਇਹ ਜੁੱਤੀਆਂ ਤਿੱਲੇਦਾਰ ਜੁੱਤੀ ਨਾਲੋਂ ਵਧੇਰੇ ਮਜ਼ਬੂਤ ਅਤੇ ਮਹਿੰਗੀਆਂ ਹੁੰਦੀਆਂ ਸਨ। ਰਾਜੇ-ਮਹਾਰਾਜੇ ਜੁੱਤੀਆਂ ਉਪਰ ਕਾਰੀਗਰਾਂ ਪਾਸੋਂ ਤਿੱਲੇ ਦੀ ਥਾਂ ਸੋਨੇ ਅਤੇ ਚਾਂਦੀ ਦੀਆਂ ਤਾਰਾਂ ਦੀ ਕੱਢਵਾਈ ਕਰਵਾਉਂਦੇ ਸਨ। ਇਕ ਜੋੜੀ ਜੁੱਤੀ ਨੂੰ ਤਿਆਰ ਕਰਨ ਵਿਚ ਇਕ ਕਾਰੀਗਰ ਦੇ 30 ਤੋਂ 40 ਦਿਨ ਲੱਗ ਜਾਂਦੇ ਸਨ। ਅੱਜ ਮਹਿੰਗਾਈ ਦੇ ਦੌਰ 'ਚ ਦੇਸੀ ਜੁੱਤੀਆ ਦੀ ਬਹੁਤੀ ਕਦਰ ਨਹੀਂ ਰਹੀ। ਭਾਵੇਂ ਕੁਝ ਲੋਕ ਅੱਜ ਵੀ ਬੂਟਾਂ ਦੇ ਤਸਮੇ ਖੋਲਣ-ਬੰਨ੍ਹਣ ਨਾਲੋਂ ਜੁੱਤੀ ਪਹਿਨਣਾ ਪਸੰਦ ਕਰਦੇ ਹਨ। ਬੀਤੇ ਸਮਿਆਂ 'ਚ ਜੁੱਤੀਆਂ ਤਿਆਰ ਕਰਨ ਵਾਲਿਆ ਦੀਆਂ ਦੁਕਾਨਾਂ ਵਿਚ ਰੌਣਕਾਂ ਲੱਗੀਆਂ ਰਹਿੰਦੀਆਂ ਸਨ ਪਰ ਅੱਜ ਉਨ੍ਹਾਂ 'ਤੇ ਇੱਕਾ-ਦੁੱਕਾ ਲੋਕ ਹੀ ਨਜ਼ਰ ਆਉਂਦੇ ਹਨ। •

99886-68608

# ਦੁੱਖ-ਸੁੱਖ ਦੀ ਸਾਂਝ

ਦੁਨੀਆ ਦੀ ਸਭ ਤੋਂ ਪਿਆਰੀ ਜਗ੍ਹਾ ਘਰ ਹੁੰਦੀ ਹੈ। ਘਰ ਵਿਚ ਪਿਆਰੇ ਰਿਸ਼ਤੇ ਤੇ ਇਨ੍ਹਾਂ ਰਿਸ਼ਤਿਆਂ ਵਿਚ ਅਸੀਂ ਆਪਸੀ ਪਿਆਰ ਅਤੇ ਦੁੱਖ-ਸੁੱਖ ਦੀ ਸਾਂਝ ਕਰਕੇ ਜੁੜੇ ਰਹਿੰਦੇ ਹਾਂ। ਘਰ ਵਿਚ ਕਈ ਇਨਸਾਨ ਰਹਿੰਦੇ ਹਨ। ਉਨ੍ਹਾਂ ਵਿੱਚੋਂ ਜੇਕਰ ਕਿਸੇ ਇਕ ਨੂੰ ਤਕਲੀਫ਼ ਹੁੰਦੀ ਸੀ ਤਾਂ ਸਿਸਕਦੇ ਸਾਰੇ ਸਨ। ਅੱਥਰੂ ਹਰ ਇਕ ਦੀ ਅੱਖ ਵਿੱਚੋਂ ਝਲਕਦਾ ਸੀ। ਸ਼ਾਇਦ ਇਹ ਹੀ ਕਾਰਨ ਹੈ ਕਿ ਸਾਡੇ ਪੁਰਵਜ ਆਰੀਅਨ ਲੋਕ ਲੰਮੀ ਉਮਰ ਪਾਉਣ ਤੇ ਇਸ ਘਰ ਦੇ ਨਿੱਘ ਨੂੰ ਮਾਣਨ ਲਈ ਯੱਗ ਤੇ ਬਲੀਆਂ ਕਰਦੇ ਸਨ। ਉਹ ਸੰਸਾਰ ਤੇ ਇਸ ਦੇ ਰਿਸ਼ਤਿਆਂ ਨੂੰ ਮਾਣਨਾ ਚਾਹੁੰਦੇ ਸਨ। ਸ਼ਾਇਦ ਇਸ ਕਰਕੇ ਬਾਅਦ ਵਿਚ ਮਨੁੱਖ ਨੇ ਆਪਣੇ ਪੁਰਵਜਾਂ ਦੀ ਪੂਜਾ ਕਰਨੀ ਸ਼ੁਰੂ ਕੀਤੀ ਕਿ ਉਹ ਉਨ੍ਹਾਂ ਨੂੰ ਸੰਸਾਰਿਕ ਸੁੱਖ ਪ੍ਰਦਾਨ ਕਰਨਗੇ ਕਿਉਂਕਿ ਉਨ੍ਹਾਂ ਦੀ ਆਪਣੇ ਪੁਰਵਜਾਂ ਨਾਲ ਖ਼ੂਨ ਦੀ ਸਾਂਝ ਦੇ ਨਾਲ-ਨਾਲ ਦੁੱਖ-ਸੁੱਖ ਦੀ ਸਾਂਝ ਵੀ ਹੈ। ਦੁਨੀਆ ਦੀ ਇਸ ਪਿਆਰੀ ਜਗ੍ਹਾ ਘਰ ਨੂੰ ਕਿਸੇ ਦੀ ਨਜ਼ਰ ਲੱਗ ਗਈ ਹੈ। ਜਿੱਥੇ ਖ਼ੂਨ ਦੇ ਤੌਰ 'ਤੇ ਸਾਡੀ ਸਾਂਝ ਹੈ ਪਰ ਦੁੱਖ-ਸੁੱਖ ਵਿਚ ਅਸੀਂ ਅਲੱਗ ਹਾਂ। ਇਹੀ ਕਾਰਨ ਹੈ ਕਿ ਅੱਜ ਕੱਲ੍ਹ ਘਰ ਟੁੱਟ ਰਹੇ ਹਨ, ਰਿਸ਼ਤੇ ਤਿੜਕਦੇ ਜਾਂ ਰਹੇ ਹਨ। ਇਕ ਘਰ ਦੇ ਮੈਂਬਰ ਵੀ ਆਪਸ ਵਿਚ ਫੋਨ 'ਤੇ ਮਿਲਦੇ ਹਨ। ਸਾਰੇ ਰਿਸ਼ਤਿਆਂ ਵਿਚ ਕੇਵਲ ਰਸਮੀ ਸਾਂਝ ਤੇ ਅਪਣੱਤ ਰਹਿ ਗਈ ਹੈ। ਅਜੋਕੇ ਸਮੇਂ ਘਰਾਂ ਵਿਚਲੀ ਸਾਂਝ ਤੇ ਪਿਆਰ ਦੀ ਥਾਂ ਈਰਖਾ ਤੇ ਗੁੱਸੇ ਨੇ ਲੈ ਲਈ ਹੈ। ਜੇ ਦੇਖਿਆ ਜਾਵੇ ਤਾਂ ਇਹ ਸਾਡਾ ਕੇਵਲ ਭੈਣ ਭਰਾ ਦੇ ਰਿਸ਼ਤੇ ਵਿਚ ਹੀ ਨਹੀਂ ਸਗੋਂ ਮਾਪਿਆਂ ਤੇ ਬੱਚਿਆਂ ਵਿਚਕਾਰ ਵੀ ਪਾਇਆ ਜਾਂਦਾ ਹੈ। ਪਹਿਲਾਂ ਘਰ ਦਾ ਮੁੱਢ ਇਸ ਦਾ ਸ਼ਿਕਾਰ ਹੁੰਦਾ ਹੈ। ਬੱਚੇ ਉਨ੍ਹਾਂ ਨੂੰ ਦੇਖ ਕੇ ਉਹੋ ਜਿਹਾ ਰੂਪ ਗ੍ਰਹਿਣ ਕਰਦੇ ਹਨ। ਤਿੜਕੇ ਰਿਸ਼ਤਿਆਂ ਵਾਲੇ ਘਰਾਂ ਵਿਚ ਪੈਦਾ ਹੋਏ ਬੱਚਿਆਂ ਲਈ ਇਨ੍ਹਾਂ ਤ੍ਰੇੜਾਂ ਨੂੰ ਭਰਨਾ ਬਹੁਤ ਮੁਸ਼ਕਿਲ ਹੋ ਜਾਂਦਾ ਹੈ ਕਿਉਂਕਿ ਉਹ ਸ਼ੁਰੂ ਤੋਂ ਇਕੱਲੇ ਰਹਿਣ ਦੇ ਆਦੀ ਹੋ ਚੁੱਕੇ ਹੁੰਦੇ ਹਨ ਫਿਰ ਉਹ ਕਿਸ ਤਰੀਕੇ ਨਾਲ ਆਪਣੀ ਸਾਂਝ ਸਥਾਪਿਤ ਕਰਨ। ਸ਼ਾਇਦ ਇਸ ਕਰਕੇ ਸੰਯੁਕਤ ਪਰਿਵਾਰ ਖ਼ਤਮ ਹੋ ਰਹੇ ਹਨ ਅਤੇ ਇਥੋਂ ਤੱਕ ਕਿ ਮਾਪੇ ਤੇ ਬੱਚੇ ਵੀ ਅਲੱਗ ਰਹਿ ਰਹੇ ਹਨ ਪਰ ਸੋਚਣ ਵਾਲੀ ਗੱਲ ਹੈ ਕਿ ਇਸ ਸਾਂਝ ਨੂੰ ਤੋੜਣ ਲਈ ਕੌਣ ਜ਼ਿੰਮੇਵਾਰ ਹੈ, ਸਮਾਜ, ਮਾਪੇ ਜਾਂ ਬੱਚੇ। ਅਕਸਰ ਸਮਾਜ ਤੇ ਬੱਚਿਆਂ ਨੂੰ ਇਸ ਦੇ ਜ਼ਿੰਮੇਵਾਰ ਠਹਿਰਾਇਆ ਜਾਂਦਾ ਹੈ ਪਰ ਕੀ ਕਦੇ ਅਸੀਂ ਇਹ ਸੋਚਣ ਦੀ ਕੋਸ਼ਿਸ਼ ਕੀਤੀ ਹੈ ਕਿ ਸਮਾਜ ਸਾਡੇ ਨਾਲ ਬਣਦਾ ਹੈ ਤੇ ਬੱਚਿਆਂ ਦੀ ਪਰਵਰਿਸ਼ ਵੀ ਅਸੀਂ ਕਰਦੇ ਹਾਂ ਫਿਰ ਇਸ ਸਭ ਲਈ ਜ਼ਿੰਮੇਵਾਰ ਕੌਣ? ਜੇਕਰ ਅਸੀਂ ਵੀ ਆਪਣੇ ਪੁਰਵਜਾਂ ਦੀ ਤਰ੍ਹਾਂ ਘਰ ਦੇ ਪਿਆਰ ਤੇ ਸਾਂਝ ਨੂੰ ਮਾਣਨਾ ਚਾਹੁੰਦੇ ਹਾਂ ਤਾਂ ਜ਼ਰੂਰੀ ਹੈ ਪਹਿਲਾਂ ਅਸੀਂ ਆਪਣੇ ਬਜ਼ੁਰਗਾਂ ਨਾਲ ਸਾਂਝ ਪਾਈਏ ਜਿਸ ਨਾਲ ਸਾਡੇ ਬੱਚਿਆਂ ਦੀ ਸੋਚ ਬਦਲੇਗੀ ਤੇ ਫਿਰ ਸਮਾਜ। ਇਸ ਤਰ੍ਹਾਂ ਸਾਂਝੇ ਘਰਾਂ ਵੱਲ ਆਪਣੇ ਕਦਮ ਵਧਾਈਏ ਤੇ ਫਿਰ ਤੋਂ ਘਰ ਦੀ ਨਿੱਘ ਨੂੰ ਮਾਣੀਏ।

• ਰੁਪਿੰਦਰ ਕੌਰ ਕੰਗ
94175-60707

# ਪੰਜਾਬੀ ਸੱਭਿਆਚਾਰ ਦੀਆਂ ਨਿਸ਼ਾਨੀਆਂ

ਪੰਜਾਬ ਦੀ ਅਮੀਰ ਸੱਭਿਅਤਾ ਦੀਆਂ ਅਨੇਕਾਂ ਵਰਤੋਂ ਵਾਲੀਆਂ ਨਿਸ਼ਾਨੀਆਂ ਲੋਪ ਹੁੰਦੀਆਂ ਜਾ ਰਹੀਆਂ ਹਨ। ਲੋਕ ਸਾਰੰਗੀਆਂ, ਅਲਗੋਜ਼ੇ, ਅਖਾੜੇ, ਝੂਮਰ, ਸੰਮੀ, ਫੁਲਕਾਰੀਆਂ, ਚਰਖੇ, ਪੱਖੀਆਂ, ਖੂਹ, ਲੋਕ ਗੀਤ, ਪਹਿਰਾਵਾ ਆਦਿ ਨਾਲੋਂ ਅਜੋਕਾ ਪੰਜਾਬੀ ਵੱਖ ਹੁੰਦਾ ਜਾ ਰਿਹਾ ਹੈ। ਅਸੀਂ ਦਿਨੋ-ਦਿਨ ਕੰਮਾਂ ਵਿਚ ਰੁੱਝੇ ਹੋਣ ਕਰਕੇ ਸੱਭਿਆਚਾਰ ਨੂੰ ਭੁੱਲ ਰਹੇ ਹਾਂ। ਅੱਜ ਕਲ੍ਹ ਦੀ ਨੌਜਵਾਨ ਪੀੜ੍ਹੀ ਬਰਗਰ, ਨੂਡਲਸ, ਪੀਜ਼ੇ ਵਰਗੀਆਂ ਚੀਜ਼ਾਂ ਖਾ ਕੇ ਬਿਮਾਰੀ ਨੂੰ ਸੱਦਾ ਦੇ ਰਹੀ ਹੈ। ਘਰੇਲੂ ਖਾਣੇ ਦੀ ਮਹੱਤਤਾ ਇਨ੍ਹਾਂ ਨੂੰ ਪਤਾ ਨਹੀ। ਗੱਲ ਕਰੀਏ ਫੁਲਕਾਰੀ, ਖੂਹ,ਟਿੰਡਾਂ, ਪਿੱਤਲ ਦੇ ਭਾਂਡੇ, ਦਰੀਆਂ, ਖੇਸ ਤੇ ਪੱਖੀਆਂ ਆਦਿ ਦੀ ਤਾਂ ਅੱਜ ਕੱਲ੍ਹ ਦੇ ਬੱਚਿਆਂ ਨੂੰ ਇਨ੍ਹਾਂ ਚੀਜ਼ਾਂ ਦੇ ਨਾਂ ਤਕ ਨਹੀਂ ਪਤਾ। ਮਨੁੱਖੀ ਜੀਵਨ ਵਿਚ ਤਕਨੀਕੀ ਵਿਕਾਸ ਨੇ ਜਿੱਥੇ ਇਕ ਪਾਸੇ ਜੀਵਨ ਸੌਖਾ ਕੀਤਾ ਹੈ ਉੱਥੇ ਹੀ ਕੁਦਰਤ ਤੋਂ ਮਨੁੱਖ ਦੀ ਦੂਰੀ ਵੀ ਵਧਾਈ ਹੈ। ਨਵੀਂ ਤਕਨਾਲੋਜੀ ਦੇ ਆਉਣ ਨਾਲ ਪੱਖੀ ਸਾਡੇ ਜੀਵਨ ਵਿੱਚੋਂ ਲਗਪਗ ਲੋਪ ਹੋ ਗਈ ਹੈ। ਡਿਨਰ ਸੈੱਟ 'ਤੇ ਵਧੀਆ ਭਾਂਡਿਆਂ ਦੀ ਵਰਤੋਂ ਘਰ ਵਿਚ ਹੋਣ ਨਾਲ ਪਿੱਤਲ ਦੇ ਭਾਂਡਿਆਂ ਨੂੰ ਕੋਈ ਨਹੀ ਪੁੱਛਦਾ। ਸਰਦੀਆਂ ਵਿਚ ਕਮਰਿਆਂ ਵਿਚ ਹੀਟਰ ਹੋਣਗੇ, ਗਰਮ ਕੰਬਲ ਹੋਣਗੇ ਤੇ ਖੇਸਾਂ ਦੀ ਪਛਾਣ ਕਿੱਥੋਂ ਹੋਵੇਗੀ? ਅੱਜ ਕੱਲ੍ਹ ਦੇ ਬੱਚਿਆਂ ਨੂੰ ਇਨ੍ਹਾਂ ਤੋਂ ਇਲਾਵਾ ਕਣਕ ਦੇ ਸਿੱਟਿਆਂ ਤਕ ਦਾ ਪਤਾ ਨਹੀਂ ਹੈ ਹੁਣ ਗੱਲ ਕਰੀਏ ਮਾਂ-ਬੋਲੀ ਦੀ, ਲੋਕ ਆਪਣੀ ਮਾਂ-ਬੋਲੀ ਨੂੰ ਦਿਨੋ-ਦਿਨ ਵਿਸਾਰਦੇ ਜਾ ਰਹੇ ਹਨ। ਬੱਚੇ ਤੇ ਨੌਜਵਾਨ ਸਭ ਘਰੋਂ ਬਾਹਰ ਜਾ ਕੇ ਪੰਜਾਬੀ ਬੋਲਣ ਵਿਚ ਹੇਠੀ ਮਹਿਸੂਸ ਕਰਦੇ ਹਨ। ਮਾਤਾ-ਪਿਤਾ ਵੀ ਦੇਖੋ-ਦੇਖੀ ਸਮਾਜਿਕ ਪ੍ਰਭਾਵ ਅਧੀਨ ਆਪਣੇ ਬੱਚਿਆਂ ਨੂੰ ਅੰਗਰੇਜ਼ੀ, ਹਿੰਦੀ ਬੋਲਣ ਲਈ ਪ੍ਰੇਰਿਤ ਕਰਦੇ ਹਨ। ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਬੱਚਿਆਂ ਨੂੰ ਮਾਂ-ਬੋਲੀ ਨਾਲ ਜੋੜੀ ਰੱਖਣ ਤਾਂ ਹੀ ਬੱਚਿਆਂ ਵਿਚ ਮਾਂ-ਬੋਲੀ ਪ੍ਰਤੀ ਹੀਣ ਭਾਵਨਾ ਪੈਦਾ ਨਹੀਂ ਹੋਵੇਗੀ। ਮਾਂ-ਬੋਲੀ ਦੇ ਨਾਲ-ਨਾਲ ਸਾਡੇ ਰਹਿਣ-ਸਹਿਣ, ਪਹਿਰਾਵੇ ਅਤੇ ਖੇਡਾਂ ਵਿਚ ਵੀ ਤਬਦੀਲੀ ਆ ਰਹੀ ਹੈ। ਅਜੋਕੇ ਸਮੇਂ ਬੱਚਿਆਂ, ਨੌਜਵਾਨਾਂਨੂੰ ਕੋਟਲਾ ਛਪਾਕੀ, ਗੁੱਲੀ ਡੰਡਾ ਵਰਗੀਆਂ ਖੇਡਾਂ ਬਾਰੇ ਕੁਝ ਵੀ ਪਤਾ ਨਹੀਂ ਹੈ। ਪੁਰਾਤਨ ਯੁੱਗ ਦੇ ਪਹਿਰਾਵੇ ਤੇ ਆਧੁਨਿਕ ਯੁੱਗ ਦੇ ਪਹਿਰਾਵੇ ਵਿਚ ਢੇਰ ਸਾਰਾ ਅੰਤਰ ਆ ਗਿਆ ਹੈ। ਪਹਿਲਾਂ ਸਲਵਾਰ-ਕਮੀਜ਼ ਤੇ ਧੋਤੀ-ਕੁੜਤੇ, ਪੈਂਟ-ਕਮੀਜ਼ ਦਾ ਰਿਵਾਜ ਸੀ ਨੌਜਵਾਨ ਪੀੜ੍ਹੀ ਦਾ ਪਹਿਰਾਵਾ ਵੱਖਰੀ ਕਿਸਮ ਦਾ ਹੈ। ਉਨ੍ਹਾਂ ਲਈ ਪਹਿਰਾਵਾ ਇਕ ਹੁਨਰ ਬਣ ਗਿਆ ਹੈ। ਅਜਿਹੇ ਮਾਹੌਲ ਵਿਚ ਉਹ ਸੱਭਿਆਚਾਰ ਤੇ ਪੰਜਾਬੀ ਪਹਿਰਾਵੇ ਬਾਰੇ ਕਿੱਥੋਂ ਜਾਣੂ ਹੋਣਗੇ? ਹੁਣ ਕੋਈ ਵੀ ਪਰਿਵਾਰ ਬਜ਼ੁਰਗਾਂ ਦੀ ਗੱਲ ਨੂੰ ਨਹੀਂ ਸਹਾਰਦਾ। ਉਨ੍ਹਾਂ ਨੂੰ ਪਹਿਲਾ ਵਰਗਾ ਸਤਿਕਾਰ ਨਹੀਂ ਦਿੱਤਾ ਜਾਂਦਾ।



ਅਜੋਕੇ ਸਮੇਂ ਵਿਚ ਲੋੜ ਹੈ ਜਾਗਰੂਕਤਾ ਦੀ ਕਿਉਂਕਿ ਆਧੁਨਿਕ ਤਬਦੀਲੀ ਨੇ ਸਾਡੇ ਸੱਭਿਆਚਾਰ ਦੀ ਮਹੱਤਤਾ ਨੂੰ ਘਟਾ ਦਿੱਤਾ ਹੈ। ਸੰਸਾਰ ਭਰ ਦੇ ਵਿਦਵਾਨ ਮੰਨਦੇ ਹਨ ਕਿ ਬੱਚੇ ਦੀ ਸ਼ਖ਼ਸੀਅਤ ਦਾ ਤਾਂ ਹੀ ਸਹੀ ਵਿਕਾਸ ਹੋਵੇਗਾ, ਜੇ ਉਨ੍ਹਾਂ ਦੀ ਮੁੱਢਲੀ ਸਿੱਖਿਆ ਮਾਂ-ਬੋਲੀ ਵਿਚ ਹੋਵੇਗੀ। ਜੇ ਇਸੇ ਤਰ੍ਹਾਂ ਅਸੀ ਸੱਭਿਆਚਾਰ ਨੂੰ ਵਿਸਾਰਦੇ ਗਏ ਤਾਂ ਇਕ ਦਿਨ ਅਸੀਂ ਸੱਭਿਆਚਾਰ ਪੱਛਮੀ ਪ੍ਰਭਾਵ ਹੇਠ ਗੁਆ ਕੇ ਹੀਣ ਭਾਵਨਾ ਦਾ ਸ਼ਿਕਾਰ ਹੋ ਜਾਵਾਂਗੇ। ਤਰੱਕੀ ਹਰ ਸਮਾਜ ਲਈ ਜ਼ਰੂਰੀ ਹੈ ਪਰ ਸਾਨੂੰ ਆਪਣਾ ਸੱਭਿਆਚਾਰ ਵੀ ਸੰਭਾਲ ਕੇ ਰੱਖਣਾ ਜ਼ਰੂਰੀ ਹੈ। ਕੋਈ ਦਰਖ਼ਤ ਆਪਣੀ ਜੜ੍ਹ ਤੋਂ ਉੱਖੜ ਕੇ ਵਧ ਫੁੱਲ ਨਹੀਂ ਸਕਦਾ ਤੇ ਨਾ ਹੀ ਕੋਈ ਪੰਛੀ ਟੁੱਟੇ ਖੰਭਾਂ ਨਾਲ ਪਰਵਾਜ਼ ਭਰ ਸਕਦਾ ਹੈ।

• ਸੰਦੀਪ ਕੌਰ ਹਿਮਾਂਯੂੰਪੁਰਾ
97816-60021

## ਸੰਪਾਦਕੀ

# ਭਾਰਤ ਦੀ ਆਰਥਿਕਤਾ ਨੂੰ ਮਿਲ ਰਿਹਾ ਹੁੰਗਾਰਾ

ਲਗਭਗ ਇੱਕ ਦਹਾਕੇ ਮਗਰੋਂ ਐੱਸਐਂਡਪੀ ਗਲੋਬਲ ਰੇਟਿੰਗਜ਼ ਨੇ ਭਾਰਤ ਦੇ ਅਰਥਚਾਰੇ ਪ੍ਰਤੀ ਆਪਣਾ ਨਾਂਹ-ਮੁਖੀ ਨਜ਼ਰੀਆ ਬਦਲ ਕੇ ਹਾਂ-ਪੱਖੀ ਕਰ ਲਿਆ ਹੈ। ਇਸ ਦੇ ਪਿਛੋਕੜ ਵਿੱਚ ਭਰਵਾਂ ਆਰਥਿਕ ਵਿਕਾਸ, ਸਰਕਾਰ ਦੇ ਖਰਚ ਵਿੱਚ ਸਿਫ਼ਤੀ ਸੁਧਾਰ ਅਤੇ ਵਿੱਤੀ ਮਜ਼ਬੂਤੀ ਪ੍ਰਤੀ ਸਿਆਸੀ ਵਚਨਬੱਧਤਾ ਜਿਹੇ ਸੂਚਕ ਕੰਮ ਕਰਦੇ ਨਜ਼ਰ ਆ ਰਹੇ ਹਨ। ਇਸ ਦਾ ਮਤਲਬ ਹੈ ਕਿ ਭਾਰਤ ਦੇ ਕਰਜ਼ ਹਾਸਿਲ ਕਰਨ ਦੀ ਯੋਗਤਾ ਵਿੱਚ ਕਾਫ਼ੀ ਸੁਧਾਰ ਆ ਗਿਆ ਹੈ ਜੋ ਨਿਵੇਸ਼ਕਾਂ ਲਈ ਅਹਿਮ ਕਾਰਕ ਗਿਣਿਆ ਜਾਂਦਾ ਹੈ। ਭਾਰਤ ਦੇ ਅਰਥਚਾਰੇ ਦੀ ਦਰਜਾਬੰਦੀ ਵਿੱਚ ਇਹ ਸੁਧਾਰ ਲੋਕ ਸਭਾ ਚੋਣਾਂ ਦਾ ਅੰਤਿਮ ਗੇੜ ਪੂਰਾ ਹੋਣ ਤੋਂ ਪਹਿਲਾਂ ਆਇਆ ਹੈ। ਕੋਈ ਹੈਰਾਨੀ ਦੀ ਗੱਲ ਨਹੀਂ ਕਿ ਕੇਂਦਰ ਸਰਕਾਰ ਨੇ ਦੇਸ਼ ਦੇ ਅਰਥਚਾਰੇ ਪ੍ਰਤੀ ਨਜ਼ਰੀਏ ਵਿੱਚ ਸੁਧਾਰ ਦਾ ਸਵਾਗਤ ਕੀਤਾ ਹੈ ਅਤੇ ਨਾਲ ਹੀ ਇਹ ਆਖਿਆ ਹੈ ਕਿ ਇਹ ਆਰਥਿਕ ਵਿਕਾਸ ਦੀ ਠੋਸ ਗਤੀ ਅਤੇ ਆਉਣ ਵਾਲੇ ਸਾਲਾਂ ਵਿੱਚ ਚੰਗੇ ਮੌਕਿਆਂ ਦਾ ਸੂਚਕ ਹੈ ਹਾਲਾਂਕਿ ਐੱਸਐਂਡਪੀ ਨੂੰ ਆਸ ਹੈ ਕਿ ਲੋਕ ਸਭਾ ਚੋਣਾਂ ਦੇ ਨਤੀਜੇ ਭਾਵੇਂ ਜੋ ਮਰਜ਼ੀ ਆਉਣ ਪਰ ਆਰਥਿਕ ਸੁਧਾਰਾਂ ਅਤੇ ਵਿੱਤੀ ਨੀਤੀਆਂ ਵਿੱਚ ਨਿਰੰਤਰਤਾ ਜਾਰੀ ਰਹੇਗੀ।

ਐੱਸਐਂਡਪੀ ਨੇ ਕੋਵਿਡ-19 ਦੀ ਮਹਾਮਾਰੀ ਕਰ ਕੇ ਹੋਏ ਭਾਰੀ ਨੁਕਸਾਨ ਤੋਂ ਬਾਅਦ ਭਾਰਤੀ ਅਰਥਚਾਰੇ ਵੱਲੋਂ ਸ਼ਾਨਦਾਰ ਢੰਗ ਨਾਲ ਭਰਪਾਈ ਕਰਨ ਦੀ ਸ਼ਲਾਘਾ ਕੀਤੀ ਹੈ। ਆਲਮੀ ਦਰਜਾਬੰਦੀ ਏਜੰਸੀ ਨੇ ਪਿਛਲੇ ਸਾਲ ਦੇ ਮੁਕਾਬਲੇ ਇਸ ਸਾਲ ਆਰਥਿਕ ਵਿਕਾਸ ਦਰ 6.8 ਫ਼ੀਸਦੀ ਰਹਿਣ ਦਾ ਅਨੁਮਾਨ ਲਾਇਆ ਹੈ।

ਆਲਮੀ ਅਰਥਚਾਰੇ ਵਿੱਚ ਜੋ ਮੰਦੀ ਦਾ ਦੌਰ ਚੱਲ ਰਿਹਾ ਹੈ, ਉਸ ਦੇ ਮੱਦੇਨਜ਼ਰ ਇਹ ਹੌਸਲਾਵਧਾਊ ਸੰਕੇਤ ਹੈ। ਇਸ ਤੋਂ ਇੱਕ ਕਦਮ ਹੋਰ ਅਗਾਂਹ ਜਾਂਦਿਆਂ ਭਾਰਤੀ ਰਿਜ਼ਰਵ ਬੈਂਕ (ਆਰਬੀਆਈ) ਨੇ ਅਨੁਮਾਨ ਲਾਇਆ ਹੈ ਕਿ ਸਾਲ 2024-25 ਵਿੱਚ ਆਰਥਿਕ ਵਿਕਾਸ ਦਰ 7 ਫ਼ੀਸਦੀ ਨੂੰ ਛੂਹ ਜਾਣ ਦੇ ਆਸਾਰ ਹਨ। ਅਜੇ ਪਿਛਲੇ ਹਫ਼ਤੇ ਹੀ ਆਰਬੀਆਈ ਨੇ ਸਰਕਾਰ ਨੂੰ 2.1 ਲੱਖ ਕਰੋੜ ਰੁਪਏ ਦਾ ਰਿਕਾਰਡ ਲਾਭ ਅੰਸ਼ ਅਦਾ ਕੀਤਾ ਹੈ। ਇਨ੍ਹਾਂ ਫੰਡਾਂ ਰਾਹੀਂ ਸਰਕਾਰ ਆਪਣੇ ਰਾਜਕੋਸ਼ੀ ਘਾਟੇ (ਖਰਚ ਦੇ ਅਨੁਪਾਤ ਵਿੱਚ ਆਮਦਨ ਵਿੱਚ ਘਾਟਾ) ਵਿੱਚ ਕਮੀ ਲਿਆ ਸਕਦੀ ਹੈ ਜਿਸ ਬਾਬਤ ਸਰਕਾਰ ਨੇ ਅਗਲੇ ਦੋ ਸਾਲਾਂ ਵਿੱਚ ਚੋਖੀ ਕਮੀ ਲਿਆਉਣ ਦਾ ਟੀਚਾ ਮਿੱਥਿਆ ਹੈ।

ਐੱਸਐਂਡਪੀ ਦੀ ਸੱਜਰੀ ਦਰਜਾਬੰਦੀ ਨਾਲ ਸ਼ੇਅਰ ਬਾਜ਼ਾਰ ਉੱਤੇ ਭਾਵੇਂ ਕੋਈ ਖ਼ਾਸ ਫ਼ਰਕ ਨਹੀਂ ਪਿਆ ਪਰ ਨਿਫਟੀ ਇੰਡੈਕਸ ਤੇ ਬੀਐੱਸਈ ਸੈਂਸੈਕਸ ਵੀਰਵਾਰ ਨੂੰ ਵੀ ਡਿੱਗ ਗਏ। ਦੱਸਿਆ ਜਾ ਰਿਹਾ ਹੈ ਕਿ ਲੋਕ ਸਭਾ ਚੋਣਾਂ ਦੇ ਨਤੀਜਿਆਂ ਨੂੰ ਲੈ ਕੇ ਸ਼ੇਅਰ ਬਾਜ਼ਾਰ ਦੇ ਨਿਵੇਸ਼ਕਾਂ ਵਿੱਚ ਕਾਫ਼ੀ ਘਬਰਾਹਟ ਹੈ ਜਿਸ ਕਰ ਕੇ ਸ਼ੇਅਰ ਬਾਜ਼ਾਰ ਵਿੱਚ ਗਿਰਾਵਟ ਆਈ ਹੈ। ਭਾਰਤ ਦੇ ਸ਼ੇਅਰ ਸੂਚਕ ਅੰਕਾਂ ਵਿੱਚ ਪਿਛਲੇ ਹਫ਼ਤੇ ਤੱਕ ਕਾਫੀ ਉਛਾਲ ਸੀ ਜਦੋਂਕਿ ਆਲਮੀ ਬਾਜ਼ਾਰਾਂ ਵਿੱਚ ਗਿਰਾਵਟ ਦਰਜ ਕੀਤੀ ਜਾ ਰਹੀ ਸੀ ਪਰ ਹੁਣ ਇਸ ਦਾ ਉਲਟਾ ਹੋਣਾ ਦੱਸਦਾ ਹੈ ਕਿ ਵੋਟਾਂ ਦੀ ਗਿਣਤੀ ਦਾ ਦਿਨ ਨਜ਼ਦੀਕ ਆਉਣ ਕਾਰਨ ਬਾਜ਼ਾਰ ਦੇ ਮਨੋਭਾਵ ਬਦਲ ਰਹੇ ਹਨ। ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਅਗਵਾਈ ਵਾਲੇ ਗੱਠਜੋੜ ਦੀ ਧਮਾਕੇਦਾਰ ਜਿੱਤ ਦਾ ਹੁਣ ਅਗਾਊਂ ਹੀ ਪੱਕਾ ਅਨੁਮਾਨ ਨਹੀਂ ਲਾਇਆ ਜਾ ਸਕਦਾ।

# ਦੇਸ਼ ਵਿਚ ਵੱਧ ਰਿਹਾ ਗਰਮੀ ਦਾ ਕਹਿਰ

ਦੇਸ਼ ਦੇ ਉੱਤਰ ਪੱਛਮੀ ਹਿੱਸਿਆਂ ਵਿੱਚ ਅੰਤਾਂ ਦੀ ਗਰਮੀ ਪੈ ਰਹੀ ਹੈ। ਤਾਪਮਾਨ ਦੇ ਇਸ ਅਸਹਿ ਵਾਧੇ ਕਾਰਨ ਦਿੱਲੀ ਵਿੱਚ ਇੱਕ ਅਤੇ ਪੰਜਾਬ ਵਿੱਚ ਦੋ ਵਿਅਕਤੀਆਂ ਦੀ ਜਾਨ ਜਾ ਚੁੱਕੀ ਹੈ। ਗਰਮੀ ਅਤੇ ਲੂ ਦੇ ਅਜਿਹੇ ਹਾਲਾਤ ਬਹੁਤ ਸਾਰੇ ਵਿਅਕਤੀਆਂ ਲਈ ਖ਼ਤਰਨਾਕ ਸਿੱਧ ਹੋ ਸਕਦੇ ਹਨ। ਦਿੱਲੀ ਵਿੱਚ 52.9 ਡਿਗਰੀ ਤੋਂ ਇਲਾਵਾ ਪੰਜਾਬ ਅਤੇ ਹਰਿਆਣਾ ਦੇ ਕਈ ਸ਼ਹਿਰਾਂ ਵਿੱਚ ਤਾਪਮਾਨ 50 ਡਿਗਰੀ ਸੈਲਸੀਅਸ ਜਾਂ ਇਸ ਤੋਂ ਵੀ ਪਾਰ ਜਾ ਚੁੱਕਾ ਹੈ। ਰਾਤਾਂ ਵੀ ਆਮ ਨਾਲੋਂ ਵਧੇਰੇ ਗਰਮ ਹਨ। ਦੋਵਾਂ ਸੂਬਿਆਂ ਦੀ ਸਾਂਝੀ ਰਾਜਧਾਨੀ ਚੰਡੀਗੜ੍ਹ ਵਿੱਚ ਵੀ ਤਾਪਮਾਨ 46.7 ਡਿਗਰੀ ਤੱਕ ਜਾ ਪੁੱਜਾ ਹੈ ਅਤੇ ਗਰਮੀ ਨੇ ਪਿਛਲੇ ਸਾਰੇ ਰਿਕਾਰਡ ਤੋੜ ਦਿੱਤੇ ਹਨ। ਇਸ ਤੋਂ ਪਹਿਲਾਂ 1988 ਵਿੱਚ ਮਈ ਮਹੀਨੇ ਚੰਡੀਗੜ੍ਹ ਦਾ ਤਾਪਮਾਨ 46.5 ਡਿਗਰੀ ਸੈਲਸੀਅਸ ਰਿਕਾਰਡ ਕੀਤਾ ਗਿਆ ਸੀ।

ਮੌਸਮ ਵਿਗਿਆਨੀਆਂ ਵੱਲੋਂ ਸਖ਼ਤ ਗਰਮੀ ਪੈਣ ਦੀਆਂ ਪੇਸ਼ੀਨਗੋਈਆਂ ਸਹੀ ਸਿੱਧ ਹੋਈਆਂ ਹਨ ਪਰ ਚਿੰਤਾ ਦੀ ਗੱਲ ਇਹ ਹੈ ਕਿ ਤਾਪਮਾਨ ਦਾ ਇਹ ਵਾਧਾ ਅਚਾਨਕ ਨਹੀਂ ਹੋਇਆ ਅਤੇ ਨਾ ਹੀ ਇਹ ਅਣਕਿਆਸਿਆ ਹੈ। ਆਉਣ ਵਾਲੇ ਸਾਲਾਂ ਵਿੱਚ ਹਾਲਤ ਹੋਰ ਗੰਭੀਰ ਹੋਣ ਦਾ ਖ਼ਦਸ਼ਾ ਹੈ। ਗਰਮੀ ਦੇ ਇਸ ਕਹਿਰ ਕਾਰਨ ਸਕੂਲ ਪਹਿਲਾਂ ਹੀ ਬੰਦ ਕੀਤੇ ਜਾ ਚੁੱਕੇ ਹਨ ਅਤੇ ਦਿਨ ਵੇਲੇ ਆਪਣੇ ਕੰਮਕਾਰ ਲਈ ਨਿਕਲਣ ਵਾਲਿਆਂ ਨੂੰ ਲੂ ਤੋਂ ਬਚਣ ਦੀਆਂ ਚਿਤਾਵਨੀਆਂ ਜਾਰੀ ਕੀਤੀਆਂ ਜਾ ਰਹੀਆਂ ਹਨ। ਤਾਪਮਾਨ ਦੇ ਵਾਧੇ ਨਾਲ ਬਿਜਲੀ ਅਤੇ ਪਾਣੀ ਦੀ ਮੰਗ ਵੀ ਵਧ ਰਹੀ ਹੈ। ਕਈ ਖੇਤਰਾਂ ਨੂੰ ਪਾਣੀ ਦੇ ਸੰਕਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਕਈ ਥਾਈਂ ਬਿਜਲੀ ਦੇ ਲੱਗਦੇ ਲੰਮੇ ਕੱਟ ਲੋਕਾਂ ਲਈ ਹੋਰ ਮੁਸ਼ਕਿਲਾਂ ਖੜ੍ਹੀਆਂ ਕਰ ਰਹੇ ਹਨ।

ਪੇਂਡੂ ਖੇਤਰਾਂ ਦੇ ਮੁਕਾਬਲੇ ਸ਼ਹਿਰਾਂ ਵਿੱਚ ਇਸ ਦਾ ਕਹਿਰ ਵਧੇਰੇ ਹੈ ਕਿਉਂਕਿ ਅਸੀਂ ਹਰ ਪਾਸੇ ਕੰਕਰੀਟ ਦੇ ਜੰਗਲ ਉਸਾਰ ਲਏ ਹਨ। ਸ਼ਹਿਰਾਂ ਦੇ ਆਲੇ ਦੁਆਲੇ ਅਤੇ ਪਿੰਡਾਂ ਵਿੱਚ ਕਈ ਵਾਰ ਦੂਰ ਤੱਕ ਕੋਈ ਦਰੱਖ਼ਤ ਨਜ਼ਰ ਨਹੀਂ ਆਉਂਦਾ। ਆਲਮੀ ਪੱਧਰ ’ਤੇ ਵੀ ਤਾਪਮਾਨ ਵਿੱਚ ਵਾਧਾ ਹੋ ਰਿਹਾ ਹੈ ਅਤੇ ਗਲੇਸ਼ੀਅਰ ਪਿਘਲ ਰਹੇ ਹਨ। ਵਾਤਾਵਰਨ ਵਿੱਚ ਤਿੱਖੀਆਂ ਤਬਦੀਲੀਆਂ ਆਖਿ ?ਰਕਾਰ ਅਜਿਹੀਆਂ ਕੁਦਰਤੀ ਆਫ਼ਤਾਂ ਨਾਲ ਡੂੰਘੀਆਂ ਜੁੜੀਆਂ ਹੋਈਆਂ ਹਨ। ਵਧਦੇ ਤਾਪਮਾਨ ਦੇ ਪੱਕੇ ਹੱਲ ਲਈ ਕਈ ਮੰਚਾਂ ਉੱਤੇ ਵਿਚਾਰ ਚਰਚਾ ਚੱਲ ਰਹੀ ਹੈ ਪਰ ਇਸ ਪਾਸੇ ਅਜੇ ਤਸੱਲੀ ਬਖ਼ਸ਼ ਕਾਮਯਾਬੀ ਨਹੀਂ ਮਿਲ ਸਕੀ ਹੈ। ਉਂਝ, ਸਥਾਨਕ ਪੱਧਰ ’ਤੇ ਵੀ ਕਈ ਖ਼ਾਮੀਆਂ ਹਨ ਜਿਨ੍ਹਾਂ ਨੂੰ ਦੂਰ ਕੀਤਾ ਜਾਣਾ ਚਾਹੀਦਾ ਹੈ। ਨਵੀਆਂ ਉਸਾਰੀਆਂ ਜਾ ਰਹੀਆਂ ਕਲੋਨੀਆਂ ਵਸਾਉਣ ਵੇਲੇ ਢੁਕਵੀਂ ਯੋਜਨਾਬੰਦੀ ਨਾ ਕੀਤੇ ਜਾਣ ਕਾਰਨ ਸਾਡੇ ਸ਼ਹਿਰ ਤੰਦੂਰ ਵਾਂਗ ਤਪਣ ਲੱਗੇ ਹਨ।

ਸੜਕਾਂ ਚੌੜੀਆਂ ਕਰਨ ਲਈ ਦਰੱਖ਼ਤਾਂ ਦੀ ਹਰੀ ਪੱਟੀ ਛਾਂਗ ਦਿੱਤੀ ਗਈ ਜਾਂ ਖ਼ਤਮ ਕਰ ਦਿੱਤੀ ਗਈ ਹੈ। ਮੌਸਮ ਵਿਗਿਆਨੀਆਂ ਨੇ ਚਿਤਾਵਨੀ ਦਿੱਤੀ ਹੈ ਕਿ ਇਹ ਸਥਿਤੀ ਆਉਣ ਵਾਲੇ ਸਮਿਆਂ ਵਿੱਚ ਹੋਰ ਖ਼ਰਾਬ ਹੋਵਗੀ ਤੇ ਪਾਰਾ ਹੋਰ ਉੱਤੇ ਚੜ੍ਹੇਗਾ। ਇਹ ਚਿਤਾਵਨੀ ਸਾਡੇ ਲਈ ਅੱਖਾਂ ਖੋਲ੍ਹਣ ਵਾਲੀ ਹੈ ਤੇ ਲੋਕਾਂ ਨੂੰ ਗਰਮੀ ਦੇ ਵਧਦੇ ਕਹਿਰ ਤੋਂ ਬਚਾਉਣ ਲਈ ਤੁਰੰਤ ਕਦਮ ਚੁੱਕੇ ਜਾਣੇ ਚਾਹੀਦੇ ਹਨ।

# ਭਾਰਤੀ ਜਮਹੂਰੀਅਤ ’ਚ ਔਰਤਾਂ ਦੀ ਭੂਮਿਕਾ

**ਕੰਵਲਜੀਤ ਕੌਰ ਗਿੱਲ**



ਭਾਰਤ ਨੂੰ ਸੰਸਾਰ ਦੀ ਸਭ ਤੋਂ ਵੱਡੀ ਜਮਹੂਰੀਅਤ ਆਖਿਆ ਜਾਂਦਾ ਹੈ। 26 ਜਨਵਰੀ 1950 ਨੂੰ ਦੇਸ਼ ਦਾ ਸੰਵਿਧਾਨ ਲਾਗੂ ਹੋਣ ਪਿੱਛੋਂ ਹਰ ਨਾਗਰਿਕ ਨੂੰ ਰੰਗ, ਜਾਤ ਬਿਰਾਦਰੀ, ਧਰਮ, ਨਸਲ, ਕਬੀਲੇ ਜਾਂ ਲਿੰਗ ਆਦਿ ਦੇ ਭੇਦ-ਭਾਵ ਤੋਂ ਬਗ਼ੈਰ ਬਰਾਬਰ ਦਰਜਾ ਦਿੱਤਾ ਗਿਆ। ਸੰਵਿਧਾਨ ਅਨੁਸਾਰ ਲੋਕਾਂ ਨੂੰ ਵੋਟ ਪਾਉਣ ਅਤੇ ਲੋਕਾਂ ਦੀ ਪ੍ਰਤੀਨਿਧਤਾ ਕਰਨ ਲਈ ਚੁਣੇ ਜਾਣ ਦਾ ਅਧਿਕਾਰ ਵੀ ਮਿਲ ਗਿਆ ਸੀ। ਇਉਂ ਇਹ ਤੈਅ ਹੋ ਗਿਆ ਕਿ ਲੋਕਾਂ ਦੁਆਰਾ ਚੁਣੀ, ਲੋਕਾਂ ਦੀ ਸਰਕਾਰ, ਲੋਕ ਹਿੱਤ ਲਈ ਦੇਸ਼ ਦਾ ਰਾਜ ਪ੍ਰਬੰਧ ਚਲਾਵੇਗੀ। ਪਹਿਲੀ ਵਾਰ ਲੋਕ ਸਭਾ ਚੋਣਾਂ 1952 ਵਿੱਚ ਹੋਈਆਂ। ਉਸ ਪ੍ਰਕਿਰਿਆ ਅੱਜ ਵੀ ਜਾਰੀ ਹੈ। ਲੋਕ ਜਿਸ ਪਾਰਟੀ ਦੀ ਸੋਚ ਅਤੇ ਪ੍ਰੋਗਰਾਮ ਨੂੰ ਸਹੀ ਸਮਝਦੇ ਹਨ, ਉਸ ਨੂੰ ਵੋਟ ਦੇ ਅਧਿਕਾਰ ਦੀ ਵਰਤੋਂ ਕਰਦਿਆਂ ਸੱਤਾ ਸੌਂਪ ਦਿੰਦੇ ਹਨ। ਚੋਣਾਂ ਤੋਂ ਪਹਿਲਾਂ ਹਰ ਪਾਰਟੀ ਚੋਣ ਮਨੋਰਥ ਪੱਤਰ ਜਾਰੀ ਕਰਦੀ ਹੈ। ਵੱਧ ਤੋਂ ਵੱਧ ਵੋਟਰਾਂ ਨੂੰ ਆਪਣੇ ਹੱਕ ਵਿੱਚ ਭੁਗਤਾਉਣ ਦੇ ਯਤਨਾਂ ਤਹਿਤ ਇਸ ਵਿੱਚ ਵਿੱਤੋਂ ਬਾਹਰੇ ਅਤੇ ਲੁਭਾਉਣੇ ਵਾਅਦੇ ਤੱਕ ਕੀਤੇ ਜਾਂਦੇ ਹਨ। ਇਨ੍ਹਾਂ ਵਾਅਦਿਆਂ ਵਿੱਚ ਮੁਫ਼ਤ ਸਹੂਲਤਾਂ ਦੇ ਨਾਲ-ਨਾਲ ਵੋਟਰਾਂ ਦੇ ਕਿਸੇ ਵਰਗ ਵਿਸ਼ੇਸ਼ ਜਾਂ ਹਿੱਸੇ ਨੂੰ ਪ੍ਰਭਾਵਿਤ ਕਰਦੇ ਇਕਰਾਰ ਵੀ ਕੀਤੇ ਜਾਂਦੇ ਹਨ। ਔਰਤ ਵੋਟਰਾਂ ਨੂੰ ਲੁਭਾਉਣ ਵਾਸਤੇ ਰਸੋਈ ਗੈਸ ਦੇ ਸਿਲੰਡਰ ਸਸਤੇ ਕਰਨਾ, ਸਰਕਾਰੀ ਬੱਸਾਂ ਵਿੱਚ ਸਫ਼ਰ ਦੀ ਮੁਫ਼ਤ ਸਹੂਲਤ ਦੇਣਾ ਜਾਂ ਬਿਨਾਂ ਕੋਈ ਘੱਟੋ-ਘੱਟ ਰਕਮ ਜਮ੍ਹਾਂ ਕਰਵਾਏ ਬੈਂਕ ਖਾਤੇ ਖੁਲ੍ਹਵਾਉਣ ਵਿੱਚ ਸਹਾਇਤਾ ਕਰਨਾ, ਸਕੂਲ ਜਾਣ ਵਾਲੀਆਂ ਲੜਕੀਆਂ ਨੂੰ ਸਾਈਕਲ ਮੁਹੱਈਆ ਕਰਾਉਣਾ ਆਦਿ ਵਾਅਦੇ ਕੀਤੇ ਜਾਂਦੇ ਰਹੇ ਹਨ।

ਹਰ ਪਾਰਟੀ ਜਾਣਦੀ ਹੈ ਕਿ ਕੁੱਲ ਆਬਾਦੀ ਦਾ ਲਗਭਗ ਅੱਧਾ ਹਿੱਸਾ ਔਰਤਾਂ ਹਨ ਅਤੇ ਹੁਣ ਉਹ ਆਪਣੇ ਵੋਟ ਪਾਉਣ ਦੇ ਅਧਿਕਾਰ ਦੀ ਸੁਤੰਤਰ ਵਰਤੋਂ ਕਰਨ ਲੱਗੀਆਂ ਹਨ। ਔਰਤਾਂ ਦੇ ਸਿੱਖਿਅਤ ਹੋਣ ਦੀ ਇਸ ਵਿੱਚ ਅਹਿਮ ਭੂਮਿਕਾ ਹੈ ਜਿਹੜੀ ਅਧਿਕਾਰਾਂ ਤੇ ਫ਼ਰਜ਼ਾਂ ਬਾਰੇ ਉਨ੍ਹਾਂ ਨੂੰ ਜਾਗਰੂਕ ਕਰਦੀ ਹੈ ਕਿ ਕਿਸੇ ਦੀ ਧੀ, ਪਤਨੀ, ਭੈਣ ਹੋਣ ਦੇ ਨਾਲ-ਨਾਲ ਉਨ੍ਹਾਂ ਦੀ ਆਪਣੀ ਸੁਤੰਤਰ ਹੋਂਦ ਵੀ ਹੈ। ਇਸ ਲਈ ਔਰਤ ਵੋਟਰਾਂ ਦੀ ਗਿਣਤੀ ਪਿਛਲੀਆਂ ਮੁੱਖ ਚੋਣਾਂ ਦੇ ਮੁਕਾਬਲੇ ਲਗਾਤਾਰ ਵਧ ਰਹੀ ਹੈ। ਵੋਟਰਾਂ ਦੀ ਗਿਣਤੀ ਵਧਣ ਦਾ ਇੱਕ ਕਾਰਨ ਇਹ ਵੀ ਹੈ ਕਿ ਚੋਣ ਕਮਿਸ਼ਨ ਔਰਤਾਂ ਨੂੰ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਦੇ ਯਤਨ ਕਰ ਰਿਹਾ ਹੈ। ਇਸ ਵਿੱਚ ਬਜ਼ੁਰਗਾਂ ਅਤੇ ਗਰਭਵਤੀ ਔਰਤਾਂ ਲਈ ਬੈਠਣ ਆਦਿ ਦਾ ਲੋੜੀਂਦਾ ਪ੍ਰਬੰਧ ਕਰਨਾ ਸ਼ਾਮਲ ਹੈ।

ਸਿਆਸੀ ਖੇਤਰ ਵਿੱਚ ਔਰਤਾਂ ਦੀ ਕਿੰਨੀ ਕੁ ਹਿੱਸੇਦਾਰੀ ਹੈ ? ਔਰਤਾਂ ਨੂੰ ਵੋਟਰ ਵਜੋਂ ਆਪਣੇ ਹੱਕ ਵਿੱਚ ਭੁਗਤਾਉਣ ਲਈ ਔਰਤ ਪੱਖੀ ਮੁਫ਼ਤ ਯੋਜਨਾਵਾਂ, ਪ੍ਰੋਗਰਾਮ ਜਾਂ ਇਕਰਾਰ ਕਰਨ ਵਾਲੀਆਂ ਮੁੱਖ ਪਾਰਟੀਆਂ ਕਿੰਨੀਆਂ ਕੁ ਔਰਤਾਂ ਨੂੰ ਟਿਕਟ ਦਿੰਦੀਆਂ ਹਨ ? ਮਹਿਲਾ ਰਾਖਵਾਂਕਰਨ ਬਿੱਲ ਤਹਿਤ ਔਰਤ ਮਰਦ ਬਰਾਬਰੀ ਜਾਂ ਲਿੰਗਕ ਸਮਾਨਤਾ, ਨਾਰੀ ਸ਼ਕਤੀ ਆਦਿ ਦੇ ਦਾਅਵੇ ਕਰਨ ਵਾਲੀਆਂ ਪਾਰਟੀਆਂ ਦੁਆਰਾ ਔਰਤਾਂ ਦੀਆਂ ਕੀਤੀਆਂ ਨਾਮਜ਼ਦਗੀਆਂ ਉੱਪਰ ਝਾਤ ਮਾਰਿਆਂ ਪਤਾ ਲੱਗਦਾ ਹੈ ਕਿ ਦਾਅਵਿਆਂ ਅਤੇ ਹਕੀਕਤ ਵਿੱਚ ਚੋਖਾ ਅੰਤਰ ਹੈ। 1962 ਵਿੱਚ ਕੁੱਲ 42 ਫ਼ੀਸਦੀ ਮਹਿਲਾ ਵੋਟਰ ਸਨ ਜਿਨ੍ਹਾਂ ਦੀ ਗਿਣਤੀ 2019 ਵਿੱਚ ਵਧ ਕੇ 48.2 ਫ਼ੀਸਦੀ ਹੋ ਗਈ। ਇਹ ਆਬਾਦੀ ਦੇ ਵਾਧੇ ਅਤੇ ਇਸ ਦੀ ਬਣਤਰ (ਕੁੱਲ ਵਸੋਂ ਵਿੱਚ ਮਰਦਾਂ ਤੇ ਔਰਤਾਂ ਦੀ ਕੁੱਲ ਸੰਖਿਆ) ਨਾਲ ਮੇਲ ਖਾਂਦੀ ਹੈ। ਇਉਂ ਹੀ 1962 ਵਿੱਚ ਮਹਿਲਾ ਸੰਸਦ ਮੈਂਬਰਾਂ ਦੀ ਗਿਣਤੀ 6.3 ਫ਼ੀਸਦੀ ਸੀ ਜਿਹੜੀ ਵਧ ਕੇ 2019 ਵਿੱਚ 14.4 ਫ਼ੀਸਦੀ ਹੋ ਗਈ। ਇਹ ਅੰਕੜਾ ਮਹਿਲਾ ਰਾਖਵਾਂਕਰਨ ਬਿੱਲ ਦੇ 33 ਫ਼ੀਸਦੀ ਵਾਲੇ ਮਾਪਦੰਡ ਤੋਂ ਬਹੁਤ ਘੱਟ ਹੈ। ਇਹ ਬਿੱਲ ਕੇਂਦਰ ਸਰਕਾਰ ਨੇ ਸਤੰਬਰ 2023 ਵਿੱਚ ਦੋਵਾਂ ਸਦਨਾਂ ਵਿੱਚੋਂ ਪਾਸ ਕਰਵਾ ਲਿਆ ਸੀ। ਇਹ ਬਿੱਲ ਮੁੱਖ ਰੂਪ ਵਿੱਚ ਸੰਸਦ ਵਿੱਚ ਔਰਤਾਂ ਦੀ 33 ਫ਼ੀਸਦੀ ਨੁਮਾਇੰਦਗੀ ਨਾਲ ਸਬੰਧਿਤ ਹੈ। ਬਿੱਲ ਪਾਸ ਕਰਵਾਉਣ ਦਾ ਸਭ ਨੇ ਸਵਾਗਤ ਕੀਤਾ ਪਰ ਛੇਤੀ ਹੀ ਸਪੱਸ਼ਟ ਹੋ ਗਿਆ ਕਿ ਇਹ ਬਿੱਲ 2024 ਦੀਆਂ ਚੋਣਾਂ ਦਾ ਕੰਮ ਸਮੇਟ ਕੇ 2026 ਤੋਂ ਬਾਅਦ ਲਾਗੂ ਕਰਨ ਬਾਰੇ ਸੋਚਿਆ ਜਾਵੇਗਾ।

ਇਉਂ ਇਹ ਗੱਲ ਸਾਹਮਣੇ ਆਈ ਕਿ ਕੇਂਦਰ ਸਰਕਾਰ ਨੇ ਮਹਿਲਾ ਰਾਖਵਾਂਕਰਨ ਬਿੱਲ ਸਿਰਫ਼ ਔਰਤ ਵੋਟਰਾਂ ਨੂੰ ਲੁਭਾਉਣ ਅਤੇ ਔਰਤ ਵਿਰੋਧੀ ਵਰਤਾਰੇ ਤੇ ਘਟਨਾਵਾਂ ਵੱਲੋਂ ਧਿਆਨ ਹਟਾਉਣ ਲਈ ਲਿਆਂਦਾ ਸੀ। ਇਸ ਨੂੰ ਸਾਰਥਕ ਰੂਪ ਵਿੱਚ ਲਾਗੂ ਕਰਨ ਦਾ ਸਰਕਾਰ ਦਾ ਕੋਈ ਇਰਾਦਾ ਨਜ਼ਰ ਨਹੀਂ ਆਉਂਦਾ। ਇਸ ਦਾ ਸਬੂਤ ਮੌਜੂਦਾ ਚੋਣਾਂ ਦੌਰਾਨ ਵੰਡੀਆਂ ਗਈਆਂ ਟਿਕਟਾਂ ਅਤੇ ਸੀਟਾਂ ਦੀ ਵੰਡ ਹੈ। ਦਰਅਸਲ ਕੋਈ ਵੀ ਪਾਰਟੀ ਔਰਤਾਂ ਦੀ 33 ਫ਼ੀਸਦੀ ਨੁਮਾਇੰਦਗੀ ਲਈ ਸੁਹਿਰਦ ਨਹੀਂ। 2019 ਵਿੱਚ ਵੀ ਭਾਜਪਾ ਅਤੇ ਕਾਂਗਰਸ ਨੇ ਕ੍ਰਮਵਾਰ 12.6 ਫ਼ੀਸਦੀ ਤੇ 12.8 ਫ਼ੀਸਦੀ ਔਰਤ ਉਮੀਦਵਾਰਾਂ ਨੂੰ ਟਿਕਟਾਂ ਦਿੱਤੀਆਂ ਸਨ। ਸਿਰਫ਼ 11 ਸੂਬਿਆਂ ਵਿੱਚ 10 ਤੋਂ 15 ਫ਼ੀਸਦੀ ਔਰਤਾਂ ਵਿਧਾਇਕ ਸਨ। 2024 ਵਾਲੀਆਂ ਚੋਣਾਂ ਦੌਰਾਨ ਭਾਜਪਾ ਨੇ ਲੋਕ ਸਭਾ ਦੀਆਂ ਕੁੱਲ 417 ਸੀਟਾਂ ਲਈ ਸਿਰਫ਼ 68 ਮਹਿਲਾ ਉਮੀਦਵਾਰਾਂ ਦਾ ਐਲਾਨ ਕੀਤਾ; ਭਾਵ 16 ਫ਼ੀਸਦੀ ਸੀਟਾਂ ’ਤੇ ਔਰਤਾਂ ਉਮੀਦਵਾਰ ਹਨ। ਇਨ੍ਹਾਂ ਵਿੱਚੋਂ 40 ਉਹ ਹਨ ਜਿਨ੍ਹਾਂ ਦਾ ਸਬੰਧ ਪਹਿਲਾਂ ਹੀ ਸਿਆਸੀ ਘਰਾਣਿਆਂ ਜਾਂ ਪਾਰਟੀਆਂ ਨਾਲ ਹੈ। ਕਾਂਗਰਸ ਦੀਆਂ 14 ਫ਼ੀਸਦੀ ਮਹਿਲਾ ਉਮੀਦਵਾਰ ਹਨ।

ਪੰਜਾਬ ਵਿੱਚ ਵੀ ਇਹੀ ਹਾਲਤ ਹੈ। ‘ਪਾਇਨੀਅਰ’ ਅਖ਼ਬਾਰ ਦੀ ਰਿਪੋਰਟ ਅਨੁਸਾਰ ਭਾਜਪਾ ਨੇ ਸਾਰੀਆਂ 13 ਲੋਕ ਸਭਾ ਸੀਟਾਂ ਵਿੱਚੋਂ 3’ਤੇ ਔਰਤਾਂ ਨੂੰ ਉਮੀਦਵਾਰ ਬਣਾਇਆ: ਪਟਿਆਲਾ ਤੋਂ ਪਰਨੀਤ ਕੌਰ, ਬਠਿੰਡਾ ਤੋਂ ਪਰਮਪਾਲ ਕੌਰ ਸਿੱਧੂ ਅਤੇ ਹੁਸ਼ਿਆਰਪੁਰ ਤੋਂ ਅਨੀਤਾ ਸੋਮ ਪ੍ਰਕਾਸ਼। ਕਾਂਗਰਸ ਦੀਆਂ ਸਿਰਫ਼ ਦੋ ਸੀਟਾਂ ਤੋਂ ਮਹਿਲਾਵਾਂ ਉਮੀਦਵਾਰ ਹਨ: ਫ਼ਰੀਦਕੋਟ ਤੋਂ ਅਮਰਜੀਤ ਕੌਰ ਅਤੇ ਹੁਸ਼ਿਆਰਪੁਰ ਤੋਂ ਯਾਮਿਨੀ ਗੋਮਰ। ਅਕਾਲੀ ਦਲ ਦੀ ਇੱਕੋ-ਇੱਕ ਮਹਿਲਾ ਉਮੀਦਵਾਰ ਬਠਿੰਡੇ ਤੋਂ ਹਰਸਿਮਰਤ ਕੌਰ ਬਾਦਲ ਹੈ। ਸੀਪੀਆਈ(ਐੱਮ) ਨੇ ਵੀ ਇੱਕ ਔਰਤ ਨੂੰ ਖਡੂਰ ਸਾਹਿਬ ਤੋਂ ਮੈਦਾਨ ਵਿੱਚ ਉਤਾਰਿਆ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਪੰਜਾਬ ਦੀ ਸੱਤਾਧਾਰੀ ਪਾਰਟੀ ‘ਆਪ’ ਨੇ ਕਿਸੇ ਵੀ ਔਰਤ ਨੂੰ ਉਮੀਦਵਾਰ ਨਹੀਂ ਬਣਾਇਆ।

ਮੁਲਕ ਦੇ ਸਿਆਸੀ ਖੇਤਰ ਵਿੱਚ ਔਰਤਾਂ ਦੀ ਨੁਮਾਇੰਦਗੀ ਮਹਿਜ਼ 14.4 ਫ਼ੀਸਦੀ ਹੈ। ਦੂਜੇ ਪਾਸੇ, ਹਕੀਕਤ ਇਹ ਹੈ ਕਿ ਔਰਤਾਂ ਦੀਆਂ ਵੋਟਾਂ ਦੀ ਗਿਣਤੀ ਚੋਣ ਨਤੀਜਿਆਂ ਨੂੰ ਪ੍ਰਭਾਵਿਤ ਕਰਦੀ ਹੈ। ਇਸੇ ਲਈ ਸਿਆਸੀ ਪਾਰਟੀਆਂ ਆਪਣੇ ਚੋਣ ਮੈਨੀਫੈਸਟੋ ਵਿੱਚ ਔਰਤ ਵੋਟਰਾਂ ਦੀ ਅਣਦੇਖੀ ਕਰਨ ਦਾ ਜੋਖ਼ਮ ਨਹੀਂ ਲੈ ਸਕਦੀਆਂ। ਉਹ ਔਰਤ ਵੋਟਰਾਂ ਨੂੰ ਖ਼ੁਸ਼ ਕਰਨ ਦਾ ਹਰ ਸੰਭਵ ਯਤਨ ਕਰਦੀਆਂ ਹਨ। ਲਗਭਗ ਸਾਰੀਆਂ ਸਿਆਸੀ ਪਾਰਟੀਆਂ ਦਾਅਵੇ ਕਰਦੀਆਂ ਹਨ ਕਿ ਉਹ ਮਰਦ ਔਰਤ ਬਰਾਬਰੀ ਦੇ ਹੱਕ ਵਿੱਚ ਹਨ। ਦੁਨੀਆ ਭਰ ਦੇ ਅਧਿਐਨ ਇਹ ਹਾਮੀ ਭਰਦੇ ਹਨ ਕਿ ਸਮਾਜਿਕ-ਆਰਥਿਕ ਬਰਾਬਰੀ ਔਰਤ ਵੋਟਰਾਂ ਨੂੰ ਮੱਤਦਾਨ ਕੇਂਦਰਾਂ ਤੱਕ ਲੈ ਜਾਂਦੀ ਹੈ ਪਰ ਮਹਿਲਾ ਸ਼ਕਤੀਕਰਨ ਦਾ ਸਿੱਧਾ ਸਬੰਧ ਮਰਦ ਔਰਤ ਦੀ ਬਰਾਬਰੀ ਨਾਲ ਵਧੇਰੇ ਜੁੜਿਆ ਹੈ। ਇਸੇ ਲਈ ਸਾਰੀਆਂ ਪਾਰਟੀਆਂ ਮਹਿਲਾ ਰਾਖਵਾਂਕਰਨ ਦੀ ਹਮਾਇਤ ਅਤੇ ਔਰਤ ਪੱਖੀ ਪ੍ਰੋਗਰਾਮਾਂ ਤੇ ਯੋਜਨਾਵਾਂ ਦੇ ਐਲਾਨ ਕਰਦੀਆਂ ਹਨ। ਇਸ ਦੇ ਬਾਵਜੂਦ ਔਰਤਾਂ ਨੂੰ ਅਗਲੀ ਕਤਾਰ ਵਿੱਚ ਲਿਆਉਣਾ ਜਾਂ ਸਿਆਸੀ ਫ਼ੈਸਲਿਆਂ ਵਿੱਚ ਭਾਗੀਦਾਰ ਬਣਾਉਣਾ ਉਨ੍ਹਾਂ ਨੂੰ ਗਵਾਰਾ ਨਹੀਂ ਜਾਪਦਾ। ਇਸ ਬਿਰਤੀ ਵਾਲੇ ਮਰਦ ਔਰਤਾਂ ਨੂੰ ਸਕੂਲ ਅਧਿਆਪਕ, ਨਰਸ, ਏਅਰ ਹੋਸਟੈੱਸ ਜਾਂ ਨਿੱਜੀ ਕੰਪਨੀਆਂ ਦੀ ਰਿਸੈਪਸ਼ਨਿਸਟ ਵਜੋਂ ਹੀ ਦੇਖਣਾ ਚਾਹੁੰਦੇ ਹਨ। ਇਹੀ ਕਾਰਨ ਹੈ ਕਿ ਦੇਸ਼ ਦੀਆਂ 31 ਵਿਧਾਨ ਸਭਾਵਾਂ ਵਿੱਚੋਂ ਸਿਰਫ਼ 13 ਸੂਬਿਆਂ ’ਚ ਹੀ ਮਹਿਲਾਵਾਂ ਮੁੱਖ ਮੰਤਰੀ ਰਹੀਆਂ ਹਨ।

ਸੱਤਾਧਾਰੀ ਪਾਰਟੀ ਨੇ ਕੁਝ ਅਜਿਹੇ ਮਰਦਾਂ ਨੂੰ ਵੀ ਟਿਕਟਾਂ ਦਿੱਤੀਆਂ ਜਿਨ੍ਹਾਂ ਉੱਪਰ ਬਲਾਤਕਾਰ ਕਰਨ ਦੇ ਦੋਸ਼ ਸਾਬਤ ਹੋ ਚੁੱਕੇ ਹਨ। ਪ੍ਰਜਵਲ ਰੇਵੰਨਾ ਕਰਨਾਟਕ ਦੇ ਸਾਬਕਾ ਮੰਤਰੀ ਐੱਚਡੀ ਰੇਵੰਨਾ ਦਾ ਪੁੱਤਰ ਹੈ ਜਿਸ ਨੂੰ ਹਾਸਨ ਲੋਕ ਸਭਾ ਸੀਟ ਤੋਂ ਜਨਤਾ ਦਲ (ਸੈਕੂਲਰ) ਅਤੇ ਭਾਜਪਾ ਗੱਠਜੋੜ ਨੇ ਉਮੀਦਵਾਰ ਬਣਾਇਆ ਹੈ। ਪ੍ਰਜਵਲ ਵਿਰੁੱਧ ਦੋਸ਼ ਹੈ ਕਿ ਉਸ ਨੇ 400 ਤੋਂ ਵੱਧ ਔਰਤਾਂ ਨਾਲ ਦੁਸ਼ਕਰਮ ਤਾਂ ਕੀਤਾ ਹੀ, ਉਨ੍ਹਾਂ ਦੀਆਂ ਵੀਡੀਓਜ਼ ਵੀ ਬਣਾਉਂਦਾ ਜਾਂ ਬਣਵਾਉਂਦਾ ਰਿਹਾ। 16 ਅਪਰੈਲ ਨੂੰ ਪ੍ਰਧਾਨ ਮੰਤਰੀ ਨੇ ਉਸ ਦੇ ਹੱਕ ਵਿੱਚ ਹੋਈ ਚੋਣ ਰੈਲੀ ਦੌਰਾਨ ਉਸ ਨਾਲ ਸਟੇਜ ਸਾਂਝੀ ਕੀਤੀ। ਇਉਂ ਹੀ ਮਹਿਲਾ ਪਹਿਲਵਾਨਾਂ ਦਾ ਜਿਨਸੀ ਸ਼ੋਸ਼ਣ ਕਰਨ ਦੇ ਮੁਲਜ਼ਮ ਬ੍ਰਿਜ ਭੂਸ਼ਣ ਸ਼ਰਨ ਸਿੰਘ ਦੇ ਪੁੱਤਰ ਕਰਨ ਭੂਸ਼ਣ ਸਿੰਘ ਨੂੰ ਉੱਤਰ ਪ੍ਰਦੇਸ਼ ਦੇ ਕੇਸਰਗੰਜ ਲੋਕ ਸਭਾ ਹਲਕੇ ਤੋਂ ਟਿਕਟ ਦੇ ਕੇ ਸਰਕਾਰ ਕੀ ਸਿੱਧ ਕਰਨਾ ਚਾਹੁੰਦੀ ਹੈ ?

ਇਸ ਸਮੁੱਚੇ ਵਰਤਾਰੇ ਨੂੰ ਵੋਟਰ, ਖ਼ਾਸਕਰ ਔਰਤਾਂ, ਭਲੀਭਾਂਤ ਜਾਣ ਚੁੱਕੇ ਹਨ। ਔਰਤਾਂ ਨੂੰ ਹੁਣ ਮੁਫ਼ਤ ਸਹੂਲਤਾਂ ਆਦਿ ਨਾਲ ਛੇਤੀ ਕੀਤੇ ਪ੍ਰਭਾਵਿਤ ਕਰਨਾ ਅਸੰਭਵ ਜਾਪਦਾ ਹੈ। ਔਰਤ ਭਾਵੇਂ ਅਨਪੜ੍ਹ ਹੋਵੇ, ਘਰੇਲੂ ਜਾਂ ਕੰਮਕਾਜੀ, ਉਹ ਜਾਣਦੀ ਹੈ ਕਿ ਉਸ ਨੇ ਵੋਟ ਕਿਸ ਨੂੰ ਅਤੇ ਕਿਉਂ ਵੋਟ ਪਾਉਣੀ ਹੈ।

ਚੋਣ ਪ੍ਰਕਿਰਿਆ ਵਿੱਚ ਵਧਦੇ ਮਹੱਤਵ ਦੇ ਮੱਦੇਨਜ਼ਰ ਅੱਜ ਦੀ ਜਾਗਰੂਕ ਔਰਤ ਨੂੰ ਸਿਆਸਤ ਬਾਰੇ ਆਪਣਾ ਨਜ਼ਰੀਆ ਬਦਲਣਾ ਪਵੇਗਾ। ਕਿਸਾਨ ਅੰਦੋਲਨ ਵਿੱਚ ਔਰਤਾਂ ਦੀ ਸ਼ਮੂਲੀਅਤ ਨੇ ਸਿੱਧ ਕੀਤਾ ਹੈ ਕਿ ਆਪਣੇ ਫ਼ਰਜ਼ਾਂ ਦੇ ਨਾਲ-ਨਾਲ ਅਧਿਕਾਰਾਂ ਬਾਰੇ ਚੇਤੰਨ ਔਰਤ ਲਈ ਘਰ ਤੋਂ ਬਾਹਰ ਨਿਕਲ ਕੇ ਰੈਲੀਆਂ, ਜਲਸਿਆਂ, ਮੁਜ਼ਾਹਰਿਆਂ ਜਾਂ ਇਕੱਠਾਂ ਵਿੱਚ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕਰਨਾ ਸਮੇਂ ਦੀ ਜ਼ਰੂਰਤ ਹੈ। ਭਾਰਤੀ ਸਟੇਟ ਬੈਂਕ ਦੇ ਇਕਨਾਮਿਕ ਰਿਸਰਚ ਡਿਪਾਰਟਮੈਂਟ ਦੀ ਆਮ ਚੋਣਾਂ ਵਿੱਚ ਔਰਤਾਂ ਦੀ ਭੂਮਿਕਾ ਬਾਰੇ ਰਿਪੋਰਟ ਮੁਤਾਬਿਕ ਵੱਖ-ਵੱਖ ਸਰਕਾਰੀ ਯੋਜਨਾਵਾਂ ਵਿੱਚ ਔਰਤਾਂ ਦੀ ਭੂਮਿਕਾ ਪਹਿਲਾਂ ਦੇ ਮੁਕਾਬਲੇ ਵਧ ਰਹੀ ਹੈ। ਇਸ ਪ੍ਰਸੰਗ ਵਿੱਚ ਸਰਕਾਰਾਂ ਨੂੰ ਚਾਹੀਦਾ ਹੈ ਕਿ ਸਿਰਫ਼ ਔਰਤਾਂ ਦੇ ਵਿੰਗ, ਔਰਤ ਯੂਨੀਵਰਸਿਟੀਆਂ, ਔਰਤਾਂ ਦੇ ਬੈਂਕ/ਬੱਸਾਂ ਆਦਿ ਦੀ ਥਾਂ ਇਨ੍ਹਾਂ ਸਮਾਜਿਕ ਸੰਸਥਾਵਾਂ ਵਿੱਚ ‘ਜੈਂਡਰ ਸੈੱਲ’ ਬਣਾਏ ਜਾਣ ਜਿੱਥੇ ਸੰਵੇਦਨਸ਼ੀਲ ਅਤੇ ਜਵਾਬਦੇਹ ਕਾਰਜ ਪ੍ਰਣਾਲੀ ਹੋਵੇ। ਮਹਿਲਾ ਰਾਖਵਾਂਕਰਨ ਬਿੱਲ ਦੀਆਂ ਹਮਾਇਤੀ ਪਾਰਟੀਆਂ ਨੂੰ ਚਾਹੀਦਾ ਹੈ ਕਿ ਉਹ ਔਰਤ ਉਮੀਦਵਾਰਾਂ ਨੂੰ ਵੀ ਮਰਦਾਂ ਵਾਂਗ ਉਸੇ ਅਨੁਪਾਤ ਅਨੁਸਾਰ ਮੈਦਾਨ ਵਿੱਚ ਉਤਾਰਨ। ਰਾਜਨੀਤੀ ਵਿੱਚ ਦਾਖ਼ਲ ਹੋਣ ਲਈ ਔਰਤਾਂ ਨੂੰ ਹੀ ਨਹੀਂ, ਮਰਦਾਂ ਨੂੰ ਵੀ ਓਨੀ ਹੀ ਕਾਬਲੀਅਤ ਉਸਾਰੀ (capacity building) ਦੀ ਜ਼ਰੂਰਤ ਹੈ। ਜਾਗਰੂਕ ਮਹਿਲਾ ਜਥੇਬੰਦੀਆਂ ਇਸ ਵਿੱਚ ਅਹਿਮ ਭੂਮਿਕਾ ਨਿਭਾ ਸਕਦੀਆਂ ਹਨ।

***ਪ੍ਰੋਫੈਸਰ (ਸੇਵਾਮੁਕਤ), ਅਰਥ ਸ਼ਾਸਤਰ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ।**

# ਲੋਕ ਸਭਾ ਚੋਣਾਂ ਲਈ ਪੁਲੀਸ ਨੇ ਸ਼ਹਿਰਾਂ ’ਚ ਚੌਕਸੀ ਵਧਾਈ

## ਚੋਣ ਅਮਲ ਨੇਪਰੇ ਚਾੜ੍ਹਨ ਲਈ 10 ਹਜ਼ਾਰ ਮੁਲਾਜ਼ਮ ਤੇ ਅਧਿਕਾਰੀ ਤਾਇਨਾਤ ?

**ਪਟਿਆਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਵਿੱਚ ਚੋਣ ਅਮਲੇ ਨੂੰ ਨੇਪਰੇ ਚਾੜ੍ਹਨ ਲਈ 10 ਹਜ਼ਾਰ ਕਰਮਚਾਰੀ ਤੇ ਅਧਿਕਾਰੀਆਂ ਦੀ ਡਿਊਟੀ ਲਗਾਈ ਗਈ ਹੈ ਅਤੇ ਅਮਲੇ ਦੀਆਂ ਤਿੰਨ ਰਿਹਰਸਲਾਂ ਸਮੇਤ ਵਿਸ਼ੇਸ਼ ਟ੍ਰੇਨਿੰਗ ਵੀ ਕਰਵਾਈ ਗਈ ਹੈ। ਪਟਿਆਲਾ ਦੇ ਸਪੈਸ਼ਲ ਪੁਲੀਸ ਆਬਜ਼ਰਵਰ ਦੀਪਕ ਮਿਸ਼ਰਾ ਤੇ ਸਪੈਸ਼ਲ ਖਰਚਾ ਆਬਜ਼ਰਵਰ ਬੀ.ਆਰ ਬਾਲਾਕ੍ਰਿਸ਼ਨਨ ਨੇ ਚੋਣਾਂ ਲਈ ਤਾਇਨਾਤ ਜਨਰਲ ਆਬਜ਼ਰਵਰ ਓਮ ਪ੍ਰਕਾਸ਼ ਬਕੋੜੀਆ, ਪੁਲੀਸ ਆਬਜ਼ਰਵਰ ਆਮਿਦ ਜਾਵੇਦ, ਖ਼ਰਚਾ ਆਬਜ਼ਰਵਰ ਮੀਤੂ ਅਗਰਵਾਲ, ਪਟਿਆਲਾ ਜ਼ਿਲ੍ਹੇ ਦੇ ਰਿਟਰਨਿੰਗ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ, ਐੱਸਐੱਸਪੀ. ਵਰੁਣ ਸ਼ਰਮਾ ਨਾਲ ਮੀਟਿੰਗ ਕਰ ਕੇ ਪਹਿਲੀ ਜੂਨ ਨੂੰ ਪੈਣ ਵਾਲੀਆਂ ਵੋਟਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਸਮੁੱਚੇ ਚੋਣ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਉਨ੍ਹਾਂ ਆਬਕਾਰੀ ਤੇ ਕਰ ਵਿਭਾਗ ਅਤੇ ਜੀਐੱਸਟੀ ਵਿੰਗ ਨੂੰ ਹਦਾਇਤ ਕੀਤੀ ਕਿ ਵੋਟਾਂ ਦੇ ਆਖਰੀ 72 ਘੰਟਿਆਂ ਵਿੱਚ ਸ਼ਰਾਬ ਅਤੇ ਪੈਸੇ ਦੇ ਲੈਣ ਦੇਣ ’ਤੇ ਨਜ਼ਰ ਰੱਖੀ ਜਾਵੇ। ਪੁਲੀਸ ਵਿਭਾਗ ਨੂੰ ਹਦਾਇਤ ਹੋਈ ਕਿ ਭੈਅ ਮੁਕਤ ਅਤੇ ਨਿਰਪੱਖ ਚੋਣਾਂ ਕਰਵਾਉਣ ਲਈ ਪੁਲੀਸ ਵਿਭਾਗ ਪੂਰੀ ਮੁਸਤੈਦੀ ਨਾਲ ਚੋਣ ਅਮਲ ਨੂੰ ਨੇਪਰੇ ਚੜ੍ਹਾਉਣਾ ਯਕੀਨੀ ਬਣਾਏ।

ਅੱਜ ਲੋਕ ਸਭਾ ਲਈ ਪੈਣ ਵਾਲੀਆਂ ਵੋਟਾਂ ਲਈ ਪ੍ਰਚਾਰ ਬੰਦ ਹੋਣ ਤੋਂ ਬਾਅਦ ਪੁਲਿਸ ਨੇ ਚੌਕਸੀ ਵਧਾ ਦਿੱਤੀ ਹੈ॥ ਚੋਣ ਪ੍ਰਚਾਰ ਦੇ ਆਖ਼ਰੀ ਦਿਨ ਵੱਖ-ਵੱਖ ਸਿਆਸੀ ਪਾਰਟੀਆਂ ਦੇ ਉਮੀਦਵਾਰਾਂ ਵਲੋਂ ਹਲਕੇ ’ਚ ਰੋਡ ਸ਼ੋਅ ਕਰ ਕੇ ਵੋਟਰਾਂ ਨੂੰ ਭਰਮਾਉਣ ਲਈ ਆਖ਼ਰੀ ਹੰਭਲਾ ਮਾਰਿਆ। ਅਗਲੇ ਦੋ ਦਿਨ ਹੁਣ ਉਮੀਦਵਾਰਾਂ ਵਲੋਂ ਘਰ-ਘਰ ਜਾ ਕੇ ਵੋਟਾਂ ਦੀ ਮੰਗ ਕੀਤੀ ਜਾਵੇਗੀ ਅਤੇ ਅੰਦਰਖਾਤੇ ਵੋਟਾਂ ਲਈ ਜੋੜ-ਤੋੜ ਲਈ ਜੁਗਾੜ ਲਗਾਏ ਜਾਣਗੇ। ਸੰਗਰੂਰ ਲੋਕ ਸਭਾ ਹਲਕੇ ’ਚ 15 ਲੱਖ 56 ਹਜ਼ਾਰ 601 ਵੋਟਰ ਹਨ ਜੋ ਕਿ ਚੋਣ ਮੈਦਾਨ ’ਚ ਕਿਸਮਤ ਅਜ਼ਮਾ ਰਹੇ ਕੁੱਲ 23 ਉਮੀਦਵਾਰਾਂ ਦੇ ਕਿਸਮਤ ਦਾ ਫ਼ੈਸਲਾ ਕਰਨਗੇ। ਚੋਣ ਪ੍ਰਚਾਰ ਖਤਮ ਹੁੰਦਿਆਂ ਹੀ ਜ਼ਿਲ੍ਹਾ ਸਿਵਲ ਅਤੇ ਪੁਲੀਸ ਪ੍ਰਸ਼ਾਸ਼ਨ ਵਲੋਂ ਸਖਤੀ ਵਰਤੀ ਜਾ ਰਹੀ ਹੈ। ਪੁਲੀਸ ਅਤੇ ਪੈਰਾ ਮਿਲਟਰੀ ਫੋਰਸ ਵਲੋਂ ਗਸ਼ਤ ਵਧਾ ਦਿੱਤੀ ਗਈ ਹੈ ਅਤੇ ਵੱਖ-ਵੱਖ ਥਾਈਂ ਪੁਲੀਸ ਨਾਕਿਆਂ ’ਤੇ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਕਿਸੇ ਨੂੰ ਵੋਟ ਲਈ ਧਨ ਦੇਣ ਜਾਂ ਡਰਾਉਣ ਦੀ ਇਜ਼ਾਜਤ ਨਹੀਂ ਨਹੀਂ ਦਿੱਤੀ ਜਾਵੇ। ਨਕਦੀ, ਸ਼ਰਾਬ ਜਾਂ ਹੋਰ ਕੋਈ ਚੀਜ਼ ਆਦਿ ਵੰਡ ਕੇ ਵੋਟਰਾਂ ਨੂੰ ਲੁਭਾਉਣ ਵਾਲਿਆਂ ’ਤੇ ਤਿਰਛੀ ਨਜ਼ਰ ਰਹੇਗੀ। ਪ੍ਰਚਾਰ ਖਤਮ ਹੋਣ ਸਾਰ ਜ਼ਿਲ੍ਹਾ ਪ੍ਰਸ਼ਾਸ਼ਨ ਵਲੋਂ ਜ਼ਿਲ੍ਹੇ ਦੀ ਹਦੂਦ ਅੰਦਰ ਹਲਕੇ ਅਧੀਨ ਪੈਂਦੀਆਂ ਸਾਰੀਆਂ ਸਬ ਡਵੀਜ਼ਨਾਂ, ਸੰਗਰੂਰ, ਧੂਰੀ, ਭਵਾਨੀਗੜ੍ਹ, ਦਿੜਬਾ, ਲਹਿਰਾ, ਮੂਨਕ ਅਤੇ ਸੁਨਾਮ ਦੇ ਪਿੰਡਾਂ ਅਤੇ ਸ਼ਹਿਰਾਂ ਵਿਚ ਧਾਰਾ 144 ਅਧੀਨ ਚੋਣ ਲੜ ਰਹੇ ਉਮੀਦਵਾਰਾਂ ਦੇ ਹੱਕ ਵਿਚ ਪ੍ਰਚਾਰ ਕਰਨ ਲਈ ਬਾਹਰੋਂ ਆਏ ਬਾਹਰਲੇ ਵਿਅਕਤੀਆਂ, ਰਿਸ਼ਤੇਦਾਰਾਂ ਅਤੇ ਸਮਰਥਕਾਂ ਨੂੰ ਛੇ ਵਜੇ ਤੋਂ ਬਾਅਦ ਹਲਕਾ ਛੱਡ ਜਾਣ ਦੀ ਹਦਾਇਤ ਕੀਤੀ ਗਈ ਹੈ।



ਵਸ਼ੇਸ਼ ਨਾਕੇ ਦੌਰਾਨ ਵਾਹਨਾਂ ਦੀ ਚੈਕਿੰਗ ਕਰਦੀ ਹੋਈ ਪੁਲੀਸ।

ਜ਼ਿਲ੍ਹਾ ਪੁਲੀਸ ਮੁਖੀ ਸਰਤਾਜ ਸਿੰਘ ਚਾਹਲ ਵਲੋਂ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਪਾਲਣਾ ਹਿਤ ਸਾਰੇ ਥਾਣਾ ਮੁਖੀਆਂ ਨੂੰ ਹਦਾਇਤ ਕੀਤੀ ਹੈ ਕਿ ਉਹ ਆਪਣੇ ਥਾਣਿਆਂ ਅਧੀਨ ਪੈਂਦੇ ਕਮਿਊਨਟੀ ਹਾਲ, ਹੋਟਲ,ਲਾਜ, ਰੈਸਟੋਰੈਂਟਾਂ ਅਤੇ ਕਿਸੇ ਵੀ ਠਹਿਰਣ ਵਾਲੇ ਸਥਾਨਾਂ ਆਦਿ ਦੀ ਚੈਕਿੰਗ ਕਰਨ ਅਤੇ ਬਾਹਰਲੇ ਵਿਅਕਤੀਆਂ ਜੋ ਕਿ ਹਲਕੇ ਦੇ ਵੋਟਰ ਨਹੀਂ ਹਨ ਦੀ ਸਨਾਖ਼ਤ ਕਰਕੇ ਉਨ੍ਹਾਂ ਦੀਆਂ ਸੂਚੀਆਂ ਬਣਾਉਣ।

ਉਧਰ ਜ਼ਿਲ੍ਹਾ ਚੋਣ ਅਫ਼ਸਰ ਜਤਿੰਦਰ ਜ਼ੋਰਵਾਲ ਅਤੇ ਐਸ.ਐਸ.ਪੀ. ਸਰਤਾਜ ਸਿੰਘ ਚਾਹਲ ਨੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਨੂੰ ਸਖਤੀ ਨਾਲ ਲਾਗੂ ਕਰਨ ਅਤੇ ਚੋਣਾਂ ਦੇ ਸਮੁੱਚੇ ਪ੍ਰਬੰਧਾਂ ਬਾਰੇ ਅਹਿਮ ਮੀਟਿੰਗ ਕੀਤੀ ਗਈ। ਅੰਤਰਰਾਜੀ ਨਾਕਿਆਂ ’ਤੇ ਪੁਲੀਸ ਵਲੋਂ ਸਖਤ ਚੌਕਸੀ ਵਰਤੀ ਜਾ ਰਹੀ ਹੈ। ਕਿਸੇ ਨੂੰ ਵੀ ਅਮਨ ਸ਼ਾਂਤੀ ਭੰਗ ਕਰਨ ਦੀ ਇਜ਼ਾਜਤ ਨਹੀਂ ਦਿੱਤੀ ਜਾਵੇਗੀ। ਇਸਤੋਂ ਇਲਾਵਾ ਪਹਿਲੀ ਜੂਨ ਨੂੰ ਜ਼ਿਲ੍ਹਾ ਸੰਗਰੂਰ ’ਚ ਪੇਡ ਹੋਲੀਡੇਅ ਦਾ ਐਲਾਨ ਕੀਤਾ ਗਿਆ ਹੈ। ਉਮੀਦਵਾਰਾਂ ਨੇ ਆਖ਼ਰੀ ਦਿਨ ਚੋਣ ਪ੍ਰਚਾਰ ਲਈ ਜ਼ੋਰ ਲਾ ਦਿੱਤਾ। ਹੁਣ ਉਮੀਦਵਾਰ, ਉਨ੍ਹਾਂ ਦੇ ਸਮਰਥਕ ਅਤੇ ਪਾਰਟੀ ਕਾਰਕੁਨ ਘਰ -ਘਰ ਪ੍ਰਚਾਰ ਕਰਨਗੇ ਅਤੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਨਾਲ ਬੈਠਕਾਂ ਕਰ ਕੇ ਚੁਣਾਵੀ ਰਣ ਫ਼ਤਹਿ ਕਰਨ ਲਈ ਹਰ ਸੰਭਵ ਉਪਰਾਲੇ ਕਰਨਗੇ। ਪਾਰਟੀਆਂ ਅਤੇ ਉਮੀਦਵਾਰਾਂ ਨੇ ਵੋਟਾਂ ਵਾਲੇ ਦਿਨ ਨੂੰ ਲੈ ਕੇ ਵਿਸ਼ੇਸ਼ ਤਿਆਰੀਆਂ ਕੀਤੀਆਂ ਹਨ।

# ਭੂ-ਮਾਫੀਆ ਵੱਲੋਂ ਸਰਕਾਰੀ ਜ਼ਮੀਨ ’ਤੇ ਕਬਜ਼ਾ

**ਸਮਾਣਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਣਾ ਸ਼ਹਿਰ ’ਚ ਨਗਰ ਕੌਂਸਲ ਦੀ ਮਲਕੀਅਤ ਵਾਲੀ ਥਾਂ ’ਤੇ ਸ਼ਹਿਰ ਦੇ ਭੂ-ਮਾਫੀਆਂ ਵੱਲੋਂ ਵਿਭਾਗੀ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਕਬਜ਼ਾ ਕਰ ਕੇ ਉਸ ਦੀ ਰਜਿਸਟਰੀ ਅਤੇ ਨਕਸ਼ਾ ਵੀ ਪਾਸ ਕਰਵਾ ਲਿਆ ਗਿਆ ਹੈ। ਇਸ ਤੋਂ ਵੀ ਹੈਰਾਨੀ ਦੀ ਗੱਲ ਇਹ ਹੈ ਕਿ ਨਗਰ ਕੌਂਸਲ ਦੇ ਅਧਿਕਾਰੀ ਆਪਣੀ ਮਲਕੀਅਤ ਵਾਲੀ ਕਰੋੜਾਂ ਰੁਪਏ ਮੁੱਲ ਦੀ ਥਾਂ ਨੂੰ ਆਪਣਾ ਮੰਨਣ ਨੂੰ ਵੀ ਤਿਆਰ ਨਹੀਂ। ਅਜਿਹਾ ਹੀ ਮਾਮਲਾ ਸਮਾਣਾ ਦੇ ਘੱਗਾ ਰੋਡ ’ਤੇ ਸਾਹਮਣੇ ਆਇਆ ਹੈ, ਜਿੱਥੇ ਕਈ ਦਹਾਕੇ ਤੱਕ ਨਗਰ ਕੌਂਸਲ ਦਾ ਚੁੰਗੀ ਨਾਕਾ ਹੋਇਆ ਕਰਦਾ ਸੀ। ਬਾਦਲ ਸਰਕਾਰ ਵੱਲੋਂ ਚੁੰਗੀਆਂ ਖ਼ਤਮ ਕਰਨ ਤੋਂ ਬਾਅਦ ਇਸ ਜਗ੍ਹਾ ’ਤੇ ਕਮੇਟੀ ਦਾ ਰਿਕਾਰਡ ਰੱਖਿਆ ਜਾਂਦਾ ਰਿਹਾ।

ਪ੍ਰੰਤੂ ਕੁਝ ਸਮਾਂ ਪਹਿਲਾਂ ਇਸ ਬਿਲਡਿੰਗ ਨੂੰ ਢਾਹ ਦਿੱਤਾ ਗਿਆ। ਹੁਣ ਉਸ ਥਾਂ ’ਤੇ ਭੂ ਮਾਫੀਆ ਵੱਲੋਂ ਦੁਕਾਨਾਂ ਦੀ ਉਸਾਰੀ ਕਰ ਦਿੱਤੀ ਗਈ ਹੈ। ਜਦੋਂਕਿ ਨਗਰ ਕੌਂਸਲ ਵੱਲੋਂ ਕਦੇ ਵੀ ਉਸ ਜਗ੍ਹਾ ਨੂੰ ਵੇਚਿਆ ਨਹੀਂ ਗਿਆ। ਇੱਥੇ ਇਹ ਵੀ ਦੱਸ ਦਈਏ ਕਿ ਇਹ 2 ਮਰਲੇ ਜਗ੍ਹਾ ਸਾਲ 1984 ਵਿੱਚ ਉਸ ਸਮੇਂ ਦੇ ਕਾਰਜ ਸਾਧਕ ਅਧਿਕਾਰੀ ਨੇ ਹੇਮਰਾਜ ਤੇ ਓਮ ਪ੍ਰਕਾਸ਼ ਪਾਸੋਂ 9500 ਰੁਪਏ ਵਿੱਚ 15 ਅਕਤੂਬਰ 1984 ਨੂੰ ਖਰੀਦੀ ਸੀ, ਜਿਸ ’ਤੇ 1187.50 ਰੁਪਏ ਦੇ ਅਸ਼ਟਾਮ ਵੀ ਲਗਾਏ ਗਏ ਸਨ। ਇਸ ਰਕਬੇ ਦਾ ਅਧਿਕਾਰੀਆਂ ਵੱਲੋਂ ਇੰਤਕਾਲ ਸਮੇਂ ਹਾਜ਼ਰ ਨਾ ਹੋਣ ਕਾਰਨ ਇੰਤਕਾਲ ਨਾ ਮਨਜ਼ੂਰ ਕਰ ਦਿੱਤਾ ਗਿਆ ਸੀ, ਜਿਸ ਨੂੰ ਮਾਲ ਵਿਭਾਗ ਦੇ ਕਰਮਚਾਰੀਆਂ ਨੇ ਸਾਰੀਆਂ ਹੱਦਾਂ ਟੱਪ ਕੇ ਮੌਜੂਦਾ ਨਕਸ਼ੇ ’ਤੇ ਜਮ੍ਹਾਂ ਬੰਦੀ ’ਚ ਨਾਮੋਂ ਨਿਸ਼ਾਨ ਮਿਟਾ ਦਿੱਤਾ ਗਿਆ। ਜੋ ਮਾਲ ਵਿਭਾਗ ਤੇ ਨਗਰ ਕੌਂਸਲ ਦੇ ਅਧਿਕਾਰੀਆਂ ਦੀ ਕਾਰਗੁਜ਼ਾਰੀ ’ਤੇ ਸਵਾਲੀਆਂ ਨਿਸ਼ਾਨ ਹੈ।



ਸਰਕਾਰੀ ਜ਼ਮੀਨ ’ਤੇ ਉਸਾਰੀਆਂ ਗਈਆਂ ਦੁਕਾਨਾਂ।

ਇਸ ਬਾਰੇ ਜਦੋਂ ਕੌਂਸਲ ਦੇ ਕਾਰਜ ਸਾਧਕ ਅਧਿਕਾਰੀ ਬਰਜਿੰਦਰ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਪਹਿਲਾ ਤਾਂ ਇਸ ਜਗ੍ਹਾ ਨੂੰ ਕਿਸੇ ਵੀ ਢੰਗ ਨਾਲ ਨਗਰ ਕੌਂਸਲ ਦੀ ਹੋਣ ਤੋਂ ਸਾਫ਼ ਇਨਕਾਰ ਕੀਤਾ ਪ੍ਰੰਤੂ ਜਦੋਂ ਉਨ੍ਹਾਂ ਨੂੰ ਪੂਰੀ ਜਾਣਕਾਰੀ ਮੁਹੱਈਆ ਕਰਵਾਈ ਗਈ ਤਾਂ ਉਨ੍ਹਾਂ ਕਿਹਾ ਕਿ ਉਹ ਇਸ ਦੀ ਜਾਂਚ ਕਰਵਾਉਣਗੇ ਤੇ ਜੇਕਰ ਇਹ ਜਗ੍ਹਾ ਨਗਰ ਕੌਂਸਲ ਦੀ ਹੋਈ ਤਾਂ ਇਸ ਦਾ ਕਬਜ਼ਾ ਛੁਡਾਇਆ ਜਾਵੇਗਾ।

# ਨੈਫੇਡ ਦਾ ਡਾਇਰੈਕਟਰ ਚੁਣੇ ਜਾਣ ’ਤੇ ਰਮੇਸ਼ ਕੁਮਾਰ ਦਾ ਸਨਮਾਨ



ਮਿਫਕੋ ਦੇ ਚੇਅਰਮੈਨ ਰਮੇਸ਼ ਕੁਮਾਰ ਦਾ ਸਨਮਾਨ ਕਰਦੇ ਹੋਏ ਪੈਸਟੀਸਾਈਡ ਯੂਨੀਅਨ ਪਾਤੜਾਂ ਦੇ ਨੁਮਾਇੰਦੇ।

**ਪਾਤੜਾਂ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮੇਫਕੋ ਸਹਿਕਾਰੀ ਸਭਾ ਦੇ ਚੇਅਰਮੈਨ ਰਮੇਸ਼ ਕੁਮਾਰ ਨੂੰ ਨੈਸ਼ਨਲ ਐਗਰੀਕਲਚਰ ਕੋਆਪਰੇਟਿਵ ਮਾਰਕੀਟਿੰਗ ਫੈਡਰੇਸ਼ਨ ਆਫ਼ ਇੰਡੀਆ ਲਿਮਿਟਡ ਉੱਤਰੀ ਜ਼ੋਨ ਦਾ ਡਾਇਰੈਕਟਰ ਚੁਣੇ ਜਾਣ ’ਤੇ ਪੈਸਟੀਸਾਈਡ ਯੂਨੀਅਨ ਪਾਤੜਾਂ ਵੱਲੋਂ ਸਨਮਾਨਿਤ ਕੀਤਾ ਗਿਆ। ਯੂਨੀਅਨ ਦੇ ਪ੍ਰਧਾਨ ਜਸਵਿੰਦਰ ਸਿੰਘ ਲਾਡੀ ਨੇ ਦੱਸਿਆ ਕਿ ਸਹਿਕਾਰਤਾ ਦੇ ਖੇਤਰ ਵਿੱਚ ਕੰਮ ਕਰ ਰਹੀ ਸੰਸਥਾ ਮਿਫਕੋ ਦੇ ਚੇਅਰਮੈਨ ਰਮੇਸ਼ ਕੁਮਾਰ ਖੇਤੀਬਾੜੀ, ਮੰਡੀਕਰਨ ਅਤੇ ਸਹਿਕਾਰੀ ਪ੍ਰਬੰਧਨ ਵਿੱਚ ਤਜਰਬੇ ਅਤੇ ਮੁਹਾਰਤ ਦਾ ਭੰਡਾਰ ਹਨ।

ਉਨ੍ਹਾਂ ਵੱਲੋਂ ਪਾਏ ਜਾ ਰਹੇ ਯੋਗਦਾਨ ਦੀ ਹਰ ਪਾਸੇ ਸ਼ਲਾਘਾ ਹੈ ਅਤੇ ਪਿਛਲੇ ਦਿਨੀ ਹੋਈ ਚੋਣ ਦੌਰਾਨ ਉਨ੍ਹਾਂ ਨੂੰ ਭਾਰੀ ਬਹੁਮਤ ਨਾਲ ਡਾਇਰੈਕਟਰ ਚੁਣਿਆ ਗਿਆ ਹੈ।

# ਜੰਗਲਾਤ ਕਾਮਿਆਂ ਨੇ ਵਣ ਮੰਡਲ ਦ.ਫਤਰ ਘੇਰਿਆ

**ਪਟਿਆਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਵਿਚਲੇ ਚੌਥਾ ਦਰਜਾ ਕਰਮਚਾਰੀਆਂ ਕੱਚੇ ਤੇ ਪੱਕਿਆ ਵੱਲੋਂ ਮਈ ਮਹੀਨੇ ਵਿੱਚ ਚੌਥੀ ਰੈਲੀ ਤੇ ਰੋਸ ਮਾਰਚ ਕੀਤਾ ਗਿਆ। ਪਹਿਲਾਂ ਕਰਮਚਾਰੀ ਕੜਕਦੀ ਗਰਮੀ ਵਿੱਚ ਵਣ ਮੰਡਲ ਅਫ਼ਸਰ ਦਫ਼ਤਰ ਅੱਗੇ ਇਕੱਤਰ ਹੋਏ ਜਿੱਥੇ ਰੈਲੀ ਕਰਨ ਉਪਰੰਤ, ਵਣ ਪਾਲ ਦਫ਼ਤਰ ਤੱਕ ਰੋਸ ਮਾਰਚ ਕੀਤਾ ਗਿਆ। ਇਹ ਰੋਸ ਮਾਰਚ ਥਾਪਰ ਯੂਨੀਵਰਸਿਟੀ ਚੌਕ ਵਿੱਚ ਪਹੁੰਚਿਆ। ਇਸ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੇ ‘ਆਪ’ ਦੇ ਕਨਵੀਨਰ ਅਰਵਿੰਦਰ ਕੇਜਰੀਵਾਲ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ। ਕਾਮਿਆਂ ਦੀ ਮੰਗ ਸੀ ਕਿ ਦਿਹਾੜੀਦਾਰ ਕਰਮੀਆਂ ਨੂੰ ਬਗੈਰ ਕਿਸੇ ਕੰਡੀਸ਼ਨ ਤੋਂ ਰੈਗੂਲਰ ਕੀਤਾ ਜਾਵੇ।




ਰੋਸ ਮਾਰਚ ਕਰਦੇ ਹੋਏ ਜੰਗਲਾਤ ਕਾਮੇ।

ਵਿੱਤੀ ਕਮਿਸ਼ਨਰ, ਜੰਗਲਾਤ, ਜੰਗਲੀ ਜੀਵ ਵਿਸਥਾਰ ਵੱਲੋਂ 10 ਅਪਰੈਲ ਨੂੰ ਇਕ ਪੱਤਰ ਜਾਰੀ ਕਰਕੇ ਸਕਿਲਡ ਤੇ ਅਨ ਸਕਿੱਲ ਦਿਹਾੜੀਦਾਰ ਕਰਮੀਆਂ ਨੂੰ ਮਨਰੇਗਾ ਵਿੱਚ ਸ਼ਿਫ਼ਟ ਕਰਨ ਦਾ ਫ਼ੈਸਲਾ ਕੀਤਾ ਸੀ ਜਿਸ ਦਾ ਅੱਜ ਕਾਮਿਆਂ ਵੱਲੋਂ ਵਿਰੋਧ ਕੀਤਾ ਗਿਆ ਅਤੇ ਮਾਰਚ, ਅਪਰੈਲ ਤੇ ਮਈ ਮਹੀਨਿਆਂ ਦੀਆਂ ਤਨਖ਼ਾਹਾਂ ਜਾਰੀ ਕਰਨ ਦੀ ਮੰਗ ਵੀ ਕੀਤੀ ਗਈ। ਇਸ ਵੇਲੇ ਮੁਲਾਜ਼ਮਾਂ ਨੇ ਸਰਕਾਰ ਲਈ ਨਾਅਰੇ ਲਗਾਏ। ਇਸ ਮੌਕੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਪ੍ਰਧਾਨ ਜੰਗਲਾਤ ਜਗਮੋਹਨ ਨੋਲੱਖਾ, ਦੀਪ ਚੰਦ ਹੰਸ, ਰਾਮ ਲਾਲ ਰਾਮਾ, ਰਾਮ ਪ੍ਰਸਾਦ ਸਹੋਤਾ, ਤਰਲੋਚਨ ਮਾੜੂ, ਦਰਸ਼ਨ ਮਲੇਵਾਲ, ਰਾਜੇਸ਼ ਗੋਲੂ, ਕੰਵਲਜੀਤ ਪ੍ਰਧਾਨ, ਮੱਖਣ ਸਿੰਘ, ਕਿਰਨਪਾਲ, ਲਖਵੀਰ ਸਿੰਘ, ਸ਼ਿਵ ਚਰਨ, ਨਾਰੰਗ ਸਿੰਘ, ਸੁਖਦੇਵ ਝੰਡੀ, ਗੋਲਡੀ ਪ੍ਰਧਾਨ ਮਰਦਾਹੇੜੀ, ਨਵਨੀਤ ਸਿੰਗਲਾ, ਤਾਰਾ, ਜਰਨੈਲ ਸਿੰਘ, ਮਹਿੰਦਰ ਰਾਜਪੁਰਾ ਹਾਜ਼ਰ ਸਨ।

# ਇਨਸਾਫ ਨਾ ਮਿਲਣ ’ਤੇ ਪਰਿਵਾਰਕ ਮੈਂਬਰਾਂ ਨੇ ਲਾਇਆ ਧਰਨਾ



**ਧੂਰੀ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਕੌਂਸਲ ਦੇ ਸੈਨੀਟੇਸ਼ਨ ਵਿਭਾਗ ਦੇ ਇਕ ਕਰਮਚਾਰੀ ਵੱਲੋਂ ਜਹਿਰੀਲੀ ਵਸਤੂ ਨਿਗਲਣ ਤੋਂ ਬਾਦ 27 ਮਈ ਦੀ ਸਵੇਰ ਨੂੰ ਉਸਦੀ ਮੌਤ ਹੋਣ ਦੇ ਮਾਮਲੇ ’ਚ ਭਾਵੇਂ ਪੁਲਸ ਵੱਲੋਂ ਮ੍ਰਿਤਕ ਦੀ ਪਤਨੀ, ਸੱਸ ਅਤੇ ਸਹੁਰੇ ਖਿਲਾਫ ਮੁਕੱਦਮਾ ਦਰਜ਼ ਕਰਕੇ ਮੁਲਜ਼ਮ ਸੱਸ ਅਤੇ ਸਹੁਰੇ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ, ਪ੍ਰੰਤੂ ਮੁਲਜ਼ਮ ਪਤਨੀ ਨੂੰ ਹਾਲੇ ਤੱਕ ਗ੍ਰਿਫ਼ਤਾਰ ਨਾ ਕੀਤੇ ਜਾਣ ਦੇ ਰੋਸ ਵਜੋਂ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਵੱਲੋਂ ਜਿੱਥੇ ਹਾਲੇ ਤੱਕ ਮ੍ਰਿਤਕ ਦਾ ਅੰਤਿਮ ਸਸਕਾਰ ਨਹੀਂ ਕੀਤਾ ਗਿਆ ਉਥੇ ਉਨ੍ਹਾਂ ਹੋਰਨਾਂ ਹਮਾਇਤੀਆਂ ਦੀ ਮੱਦਦ ਨਾਲ ਤੱਪਦੀ ਗਰਮੀ ’ਚ ਅੱਜ ਸਵੇਰੇ 10.45 ’ਤੇ ਕੱਕੜਵਾਲ ਚੌਕ ’ਤੇ ਧਰਨਾ ਲਾ ਕੇ ਆਵਾਜਾਈ ਠੱਪ ਕਰ ਦਿੱਤੀ। ਧਰਨੇ ਦੌਰਾਨ ਬਲਦੇਵ ਕ੍ਰਿਸ਼ਨ, ਸੁਖਪਾਲ ਸ਼ਰਮਾ ਭੱਦਲਵੜ, ਹੋਮਨਪ੍ਰੀਤ ਸਿੰਘ ਰੌਕੀ ਆਦਿ ਨੇ ਦੋਸ਼ ਲਗਾਇਆ ਕਿ ਪੁਲਸ ਵੱਲੋਂ ਜਾਨ-ਬੁੱਝ ਕੇ ਮੁੱਖ ਮੁਲਜ਼ਮ ਰਸ਼ਮੀ ਨੂੰ ਛੱਡਿਆ ਗਿਆ ਹੈ ਅਤੇ ਜਦੋਂ ਤੱਕ ਉਸਦੀ ਗ੍ਰਿਫਤਾਰੀ ਨਹੀਂ ਹੁੰਦੀ, ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ। ਇਸ ਦੌਰਾਨ ਪੁੱਜੇ ਡੀ.ਐਸ.ਪੀ ਤਲਵਿੰਦਰ ਸਿੰਘ ਗਿੱਲ ਅਤੇ ਐਸ.ਐਚ.ਓ ਸਦਰ ਜਗਦੀਪ ਸਿੰਘ ਖਹਿਰਾ ਨੇ ਪ੍ਰਦਰਸ਼ਨਕਾਰੀਆਂ ਨੂੰ ਜਲਦ ਗ੍ਰਿਫਤਾਰੀ ਦਾ ਭਰੋਸਾ ਦਿੱਤਾ, ਪ੍ਰੰਤੂ ਪ੍ਰਦਰਸ਼ਨਕਾਰੀ ਗ੍ਰਿਫਤਾਰੀ ਹੋਣ ਉਪਰੰਤ ਹੀ ਧਰਨੇ ਤੋਂ ਉੱਠਣ ਦੀ ਜਿੱਦ ’ਤੇ ਅੜੇ ਰਹੇ। ਸ਼ਾਮ ਕਰੀਬ 4 ਵਜੇ ਐਸ.ਡੀ.ਐਮ ਧੂਰੀ ਅਮਿਤ ਗੁਪਤਾ ਵੀ ਧਰਨਾਕਾਰੀਆਂ ਦਰਮਿਆਨ ਪੁੱਜੇ, ਜਿਨ੍ਹਾਂ ਵੱਲੋਂ ਇਨਸਾਫ ਦਾ ਭਰੋਸਾ ਦਿਵਾਇਆ ਗਿਆ, ਜਿਸ ਤੋਂ ਬਾਦ ਪ੍ਰਦਰਸ਼ਨਕਾਰੀਆਂ ਵੱਲੋਂ ਧਰਨਾ ਸਮਾਪਤ ਕਰ ਦਿੱਤਾ ਗਿਆ।

ਜਿਕਰਯੋਗ ਹੈ ਕਿ ਮ੍ਰਿਤਕ ਰੋਹਿਤ ਸ਼ਰਮਾ ਰੌਕੀ ਦੇ ਪਰਿਵਾਰਕ ਮੈਂਬਰਾਂ ਵੱਲੋਂ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਤੱਕ ਮ੍ਰਿਤਕ ਦਾ ਪੋਸਟ ਮਾਰਟਮ ਕਰਵਾਉਣ ਤੋਂ ਇਨਕਾਰ ਕਰ ਦਿੱਤਾ ਗਿਆ ਸੀ, ਜਿਸ ਤੋਂ ਬਾਦ ਸ਼ਾਮ 7.30 ਵਜੇ ਪੁਲਸ ਵੱਲੋਂ ਪਰਿਵਾਰਕ ਮੈਂਬਰਾਂ ਨੂੰ ਜਲਦ ਗ੍ਰਿਫਤਾਰੀ ਦਾ ਭਰੋਸਾ ਦੇਕੇ ਪੋਸਟ ਮਾਰਟਮ ਕਰਵਾਇਆ ਗਿਆ ਅਤੇ ਪੁਲਸ ਵੱਲੋਂ ਮੁਲਜ਼ਮ ਸੱਸ ਚੰਦਰ ਪ੍ਰਭਾ ਅਤੇ ਸਹੁਰੇ ਸ਼ਸ਼ੀ ਕੁਮਾਰ ਨੂੰ ਗ੍ਰਿਫ਼ਤਾਰ ਕਰ ਲਿਆ। ਜਿਸ ਤੋਂ ਬਾਦ 28 ਮਈ ਨੂੰ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਵੱਲੋਂ ਮੁਲਜ਼ਮ ਪਤਨੀ ਦੀ ਗ੍ਰਿਫਤਾਰੀ ਤੱਕ ਮ੍ਰਿਤਕ ਦਾ ਅੰਤਿਮ ਸਸਕਾਰ ਕਰਨ ਤੋਂ ਸਾਫ ਇਨਕਾਰ ਕਰ ਦਿੱਤਾ ਅਤੇ ਪੁਲਸ ਵੱਲੋਂ ਅੱਜ ਸਵੇਰੇ 10 ਵਜੇ ਤੱਕ ਗ੍ਰਿਫਤਾਰੀ ਦਾ ਭਰੋਸਾ ਦਿੱਤਾ ਗਿਆ ਸੀ। ਜਿਸ ਤੋਂ ਬਾਦ ਅੱਜ ਸਵੇਰੇ 10 ਵਜੇ ਮ੍ਰਿਤਕ ਦੇ ਪਰਿਵਾਰਕ ਮੈਂਬਰ ਥਾਣਾ ਸਿਟੀ ਧੂਰੀ ਦੇ ਐਸ.ਐਚ.ਓ ਸੌਰਵ ਸੱਭਰਵਾਲ ਨੂੰ ਮਿਲਣ ਪੁੱਜੇ, ਪ੍ਰੰਤੂ ਮੁਲਜ਼ਮ ਦੀ ਗ੍ਰਿਫਤਾਰੀ ਨਾ ਹੋਣ ਤੋਂ ਗੁੱਸਾਏ ਪਰਿਵਾਰਕ ਮੈਂਬਰਾਂ ਦੀ ਪੁਲਸ ਨਾਲ ਤਿੱਖੀ ਬਹਿਸ ਵੀ ਹੋਈ। ਇਸੇ ਦੌਰਾਨ ਨਗਰ ਕੌਂਸਲ ਦੇ ਸਫਾਈ ਕਰਮਚਾਰੀਆਂ ਨੇ ਥਾਣਾ ਸਿਟੀ ਅੱਗੇ ਕੂੜੇ ਨਾਲ ਭਰੀ ਟਰਾਲੀ ਖੜੀ ਕਰ ਦਿੱਤੀ। ਪ੍ਰੰਤੂ ਬਾਦ ਵਿਚ ਪ੍ਰਦਰਸ਼ਨਕਾਰੀਆਂ ਨੇ ਸਥਾਨਕ ਕੱਕੜਵਾਲ ਚੌਕ ’ਤੇ ਧਰਨਾ ਲਾ ਕੇ ਆਵਾਜਾਈ ਠੱਪ ਕਰ ਦਿੱਤੀ।

# ਡਿਪਟੀ ਕਮਿਸ਼ਨਰ ਵਲੋਂ ਵੱਖ ਵੱਖ ਗਿਣਤੀ ਕੇਂਦਰਾਂ ਦਾ ਦੌਰਾ; ਅੱਤ ਦੀ ਗਰਮੀ ਅਤੇ ਲੂ ਤੋਂ ਬਚਣ ਲਈ ਪੋਲਿੰਗ ਸਟਾਫ ਅਤੇ ਲੋਕਾਂ ਨੂੰ ਸਾਵਧਾਨੀਆਂ ਵਰਤਣ ਦੀ ਅਪੀਲ

**ਅੰਮ੍ਰਿਤਸਰ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਸ੍ਰੀ ਘਨਸ਼ਾਮ ਥੋਰੀ ਵਲੋਂ ਅੱਜ ਜਿਲ੍ਹੇ ਵਿੱਚ ਵੱਖ ਵੱਖ ਥਾਵਾਂ ਤੇ ਬਣਾਏ ਗਏ ਗਿਣਤੀ ਕੇਂਦਰ ਦਾ ਦੌਰਾ ਕਰਦਿਆਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਗਿਣਤੀ ਕੇਂਦਰ ਵਿਖੇ ਪੂਰੇ ਪ੍ਰਬੰਧ ਸਹੀਂ ਢੰਗ ਨਾਲ ਮੁਕੰਮਲ ਕੀਤੇ ਜਾਣ ਅਤੇ ਸਟਾਫ ਲਈ ਪੀਣ ਵਾਲੇ ਪਾਣੀ ਦਾ ਖਾਸ ਧਿਆਨ ਰੱਖਿਆ ਜਾਵੇ। ਉਨਾਂ ਗਿਣਤੀ ਕੇਂਦਰ ਦਾ ਦੌਰਾ ਕਰਦਿਆਂ ਕਿਹਾ ਕਿ ਗਿਣਤੀ ਕੇਂਦਰ ਦੇ ਬਾਹਰਵਾਰ ਵੀ ਸ਼ਮਿਆਨੇ ਆਦਿ ਲਗਾਏ ਜਾਣ।

ਇਸ ਮੌਕੇ ਜ਼ਿਲ੍ਹਾ ਚੋਣ-ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਥੋਰੀ ਨੇ ਪੋਲਿੰਗ ਸਟਾਫ ਅਤੇ ਲੋਕਾਂ ਨੂੰ ਅੱਤ ਦੀ ਗਰਮੀ ਅਤੇ ਲੂ ਤੋਂ ਬਚਣ ਲਈ ਸਾਵਧਾਨੀਆਂ ਵਰਤਣ ਦੀ ਅਪੀਲ ਕੀਤੀ ਤੇ ਕਿਹਾ ਕਿ ਪਿਛਲੇ ਕੁਝ ਦਿਨਾਂ ਤੋਂ ਬਹੁਤ ਜ਼ਿਆਦਾ ਗਰਮੀ ਪੈ ਰਹੀ ਹੈ ਤੇ ਗਰਮ ਹਵਾਵਾਂ ਚੱਲ ਰਹੀਆਂ ਹਨ। ਇਸ ਲਈ ਜ਼ਿਲ੍ਹਾ ਪ੍ਰਸਾਸ਼ਨ ਵਲੋਂ ਮੁੱਖ ਚੋਣ ਅਫਸਰ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਦੇ ਸਮੁੱਚੇ ਪੋਲਿੰਗ ਸਟੇਸ਼ਨਾਂ ਤੇ ਗਰਮੀ ਦੇ ਮੋਸਮ ਨੂੰ ਧਿਆਨ ਵਿੱਚ ਰੱਖਦੇ ਹੋਏ ਪੁੱਖਤਾ ਪ੍ਰਬੰਧ ਕੀਤੇ ਗਏ ਹਨ। ਪੋਲਿੰਗ ਸਟੇਸ਼ਨਾਂ ਤੇ ਗਰਮੀ ਦੇ ਮੋਸਮ ਨੂੰ ਧਿਆਨ ਵਿੱਚ ਰੱਖਦੇ ਹੋਏ ਪੀਣ ਯੋਗ ਠੰਡੇ ਮਿੱਠੇ ਪਾਣੀ, ਛਾਂਦਾਰ ਹਵਾਦਾਰ ਬੈਠਣ ਲਈ ਸਥਾਨਾਂ ਆਦਿ ਦਾ ਪ੍ਰਬੰਧ ਕੀਤਾ ਗਿਆ ਹੈ ਤਾਂ ਜੋ ਪੋਲਿੰਗ ਸਟਾਫ ਅਤੇ ਵੋਟਰਾਂ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਵੇ।

ਉਨ੍ਹਾਂ ਹੋਰ ਕਿਹਾ ਕਿ ਗਰਮੀ ’ਚ ਲੂਅ ਤੋਂ ਬਚਣ ਦੇ ਲਈ ਸਾਨੂੰ ਸਾਵਧਾਨੀਆਂ ਵਰਤਣ ਦੀ ਲੋੜ ਹੈ ਜਿਵੇਂ ਕਿ ਜਦੋਂ ਵੀ ਘਰ ਤੋਂ ਬਾਹਰ ਨਿਕਲਣਾ ਹੋਵੇ ਤਾਂ ਜ਼ਿਆਦਾ ਮਾਤਰਾ ਚ ਪਾਣੀ ਪੀਤਾ ਜਾਵੇ, ਨਿੰਬੂ ਪਾਣੀ, ਲੱਸੀ ਆਦਿ ਵੀ ਵਰਤੋਂ ਕਰਨ ਅਤੇ ਸੂਤੀ, ਹਲਕੇ ਅਤੇ ਆਰਾਮਦਾਇਕ ਕੱਪੜੇ ਪਾਉਣ ਨੂੰ ਤਰਜੀਹ ਦੇਣ ।



ਜਿਲਾ ਚੋਣ ਅਧਿਕਾਰੀ ਨੇ ਦੱਸਿਆ ਕਿ 19 ਅੰਮ੍ਰਿਤਸਰ ਦੱਖਣੀ ਹਲਕੇ ਦੀ ਵੋਟਾਂ ਦੀ ਗਿਣਤੀ ਸਰੂਪ ਰਾਣੀ ਸਰਕਾਰੀ ਕਾਲਜ ਇਸਤਰੀਆਂ, 20-ਅਟਾਰੀ ਦੀ ਗਿਣਤੀ ਬੀ:ਬੀ:ਕੇ:ਡੀ:ਏ:ਵੀ ਕਾਲਜ ਅੰਮ੍ਰਿਤਸਰ, 012-ਰਾਜਾਸਾਂਸੀ ਹਲਕੇ ਦੀ ਗਿਣਤੀ ਸਰਕਾਰੀ ਨਰਸਿੰਗ ਕਾਲਜ ਫਾਰ ਗਰਲਜ਼ ਮੈਡੀਕਲ ਐਨਕਲੇਵ, 013-ਮਜੀਠਾ ਦੀ ਗਿਣਤੀ ਮਾਈ ਭਾਗੋ ਸਰਕਾਰੀ ਪਾਲੀਟੈਕਨੀਕਲ ਕਾਲਜ ਮਜੀਠਾ ਰੋਡ, 015-ਅੰਮ੍ਰਿਤਸਰ ਉਤਰੀ ਦੀ ਗਿਣਤੀ ਸਰਕਾਰੀ ਇੰਸਟੀਚਿਊਟ ਆਫ ਗੌਰਮਿੰਟ ਟੈਕਨਾਲੋਜੀ ਇਨਸਾਈਡ ਮਾਈ ਭਾਗੋ ਸਰਕਾਰੀ ਪਾਲੀਟੈਕਨੀਕਲ ਕਾਲਜ ਮਜੀਠਾ ਰੋਡ, 017-ਅੰਮ੍ਰਿਤਸਰ ਕੇਂਦਰੀ ਦੀ ਗਿਣਤੀ ਸਰਕਾਰੀ ਆਈ:ਟੀ:ਆਈ ਬੀ ਬਲਾਕ ਰਣਜੀਤ ਐਵੀਨਿਊ, 16-ਅੰਮ੍ਰਿਤਸਰ ਪੱਛਮੀ ਦੀ ਗਿਣਤੀ ਸਰਕਾਰੀ ਪਾਲੀਟੈਕਨੀਕਲ ਕਾਲਜ ਛੇਹਰਟਾ, 18-ਅੰਮ੍ਰਿਤਸਰ ਪੂਰਬੀ ਦੀ ਗਿਣਤੀ ਸਾਰਾਗੜ੍ਹੀ ਮੈਮੋਰੀਅਲ ਸਕੂਲ ਆਫ ਐਮੀਨੈਂਸ ਮਾਲ ਮੰਡੀ ਅਤੇ 11-ਅਜਨਾਲਾ ਹਲਕੇ ਦੀ ਗਿਣਤੀ ਸਰਕਾਰੀ ਕਾਲਜ ਅਜਨਾਲਾ ਵਿਖੇ ਹੋਵੇਗੀ ਅਤੇ 3-ਖਡੂਰ ਸਾਹਿਬ ਹਲਕਾ 14-ਜੰਡਿਆਲਾ ਦੀ ਗਿਣਤੀ ਕਾਮਨ ਰੂਮ ਮੈਸ ਸੀਨੀਅਰ ਸੈਕੰਡਰੀ ਰੈਜੀਡੈਸ਼ੀਅਲ ਸਕੂਲ ਫਾਰ ਮੈਟੋਰੀਅਤ ਅੰਮ੍ਰਿਤਸਰ , 03 ਖਡੂਰ ਸਾਹਿਬ ਹਲਕਾ 25-ਬਾਬਾ ਬਕਾਲਾ ਦੀ ਗਿਣਤੀ ਬੇਸਮੈਟ ਹਾਲ ਸ਼੍ਰੀ ਮਾਤਾ ਗੰਗਾ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਬਾਬਾ ਬਕਾਲਾ ਵਿਖੇ ਹੋਵੇਗੀ।

ਉਨ੍ਹਾਂ ਦੱਸਿਆ ਕਿ ਇਨ੍ਹਾ ਕੇਂਦਰਾਂ ਤੋਂ ਹੀ ਪੋਲਿੰਗ ਪਾਰਟੀਆਂ ਨੂੰ ਰਵਾਨਾ ਕੀਤਾ ਜਾਵੇਗਾ ਅਤੇ ਇਨ੍ਹਾਂ ਸਥਾਨਾਂ ਤੇ ਪੋਲਿੰਗ ਉਪਰੰਤ ਈ:ਵੀ:ਐਮ ਨੂੰ ਸਟਰਾਂਗ ਰੂਮਾਂ ਵਿੱਚ ਸਖਤ ਸੁਰੱਖਿਆ ਪ੍ਰਬੰਧਾਂ ਹੇਠ ਰਖਿਆ ਜਾਵੇਗਾ । ਇਸ ਮੌਕੇ ਐਸ.ਡੀ.ਐਮ. ਅਜਨਾਲ ਸ: ਅਰਵਿੰਦਰ ਪਾਲ ਸਿੰਘ, ਸਹਾਇਕ ਕਮਿਸ਼ਨਰ ਜਨਰਲ ਮੈਡਮ ਗੁਰਸਿਮਰਨ ਕੌਰ, ਐਸ.ਡੀ.ਐਮ. ਸ: ਮਨਕੰਵਲ ਸਿੰਘ ਚਾਹਲ, ਵਧੀਕ ਕਮਿਸ਼ਨਰ ਨਗਰ ਨਿਗਮ ਸ੍ਰੀ ਸੁਰਿੰਦਰ ਸਿੰਘ, ਐਸ.ਡੀ.ਐਮ. ਲੋਪੋਕੇ ਮੈਡਮ ਅਮਨਦੀਪ ਕੌਰ, ਐਸ.ਡੀ.ਐਮ. ਮਜੀਠਾ ਮੈਡਮ ਹਰਨੂਰ ਕੌਰ ਢਿਲੋਂ, ਵਧੀਕ ਮੁੱਖ ਪ੍ਰਸ਼ਾਸ਼ਕ ਡਾਂ ਰਜ਼ਤ ਓਬਰਾਏ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਸਿਵਲ ਸਰਜਨ ਡਾ. ਸੰਜੇ ਗੋਇਲ ਵੱਲੋਂ ਪ੍ਰਾਇਮਰੀ ਸਿਹਤ ਕੇਂਦਰ ਹਰਪਾਲਪੁਰ ਦਾ ਦੌਰਾ



*ਸਿਵਲ ਸਰਜਨ ਡਾ. ਸੰਜੇ ਗੋਇਲ ਪ੍ਰਾਇਮਰੀ ਸਿਹਤ ਕੇਂਦਰ ਹਰਪਾਲਪੁਰ ਵਿਖੇ ਦੌਰਾ ਕਰਨ ਸਮੇ। ਫ਼ੋਟੋ ਤੇ ਵੇਰਵਾ : ਪ੍ਰੈਸ ਕੀ ਤਾਕਤ*

**ਪਟਿਆਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਵਲ ਸਰਜਨ ਡਾ. ਸੰਜੇ ਗੋਇਲ ਵੱਲੋਂ ਆਮ ਲੋਕਾਂ ਨੂੰ ਮਿਆਰੀ ਤੇ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਉਪਲਬਧ ਕਰਵਾਉਣ ਲਈ ਪ੍ਰਾਇਮਰੀ ਸਿਹਤ ਕੇਂਦਰ ਹਰਪਾਲਪੁਰ ਦਾ ਦੌਰਾ ਕੀਤਾ ਗਿਆ, ਉਥੇ ਲੋਕਾਂ ਨੂੰ ਦਿੱਤੀਆਂ ਜਾਂ ਰਹੀਆਂ ਸਿਹਤ ਸੇਵਾਵਾਂ ਦਾ ਜਾਇਜਾ ਲਿਆ। ਡਾ. ਸੰਜੇ ਗੋਇਲ ਵੱਲੋਂ ਮੈਡੀਕਲ ਅਤੇ ਸਟਾਫ ਪੈਰਾ ਮੈਡੀਕਲ ਨੂੰ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਦੇਣ ਲਈ ਕਿਹਾ। ਉਨ੍ਹਾਂ ਸਿਹਤ ਕੇਂਦਰ ਵਿਖੇ ਵੱਖ-ਵੱਖ ਥਾਵਾਂ ਦਾ ਦੌਰਾ ਕਰਕੇ ਦਿਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਨਿਰੀਖਣ ਕੀਤਾ। ਹਸਪਤਾਲ ਦੇ ਵਾਰਡ ਦਾ ਦੌਰਾ ਕਰਕੇ ਦਾਖਲ ਮਰੀਜਾਂ ਦਾ ਹਾਲ ਚਾਲ ਜਾਣਿਆ ਅਤੇ ਉਹਨਾਂ ਤੋਂ ਹਸਪਤਾਲ ਵਿੱਚ ਹੋ ਰਹੇ ਮੁਫਤ ਇਲਾਜ ਬਾਰੇ ਪੁੱਛਿਆ। ਇਸ ਤੋਂ ਇਲਾਵਾ ਓ.ਪੀ.ਡੀ., ਡਿਸਪੈਂਸਰੀ , ਲੇਬਰ ਰੂਮ, ਟੀਕਾਕਰਨ ਰੂਮ ਆਦਿ ਦਾ ਵੀ ਜਾਇਜਾ ਲਿਆ। ਜਿਥੇ ਉਹਨਾਂ ਵੱਲੋਂ ਮਮਤਾ ਦਿਵਸ ਸੈਸ਼ਨ ਤੇ ਵਰਤੀ ਜਾ ਰਹੀ ਵੈਕਸੀਨ, ਟੀਕੇ ਲਾਉਣ ਲਈ ਵਰਤੀਆਂ ਜਾ ਰਹੀਆਂ ਸੂਈਆਂ ਸਰਿੰਜਾਂ ਅਤੇ ਟੀਕਾਕਰਨ ਰਜਿਸ਼ਟਰਾਂ ਦੀ ਜਾਂਚ ਕੀਤੀ ।ਇਹਨਾਂ ਸੈਸ਼ਨਾਂ ਚ ਸਿਹਤ ਸਟਾਫ ਵੱਲੋਂ ਟੀਕੇ ਲਗਵਾਉਣ ਆਈਆਂ ਗਰਭਵਤੀ ਔਰਤਾਂ ਨੂੰ ਆਪਣਾ ਜਣੇਪਾ ਸਰਕਾਰੀ ਸਿਹਤ ਸੰਸਥਾਂ ਵਿਚ ਕਰਵਾਉਣਾ ਯਕੀਨੀ ਬਣਾਉਣ ਲਈ ਪ੍ਰੇਰਿਤ ਕੀਤਾ। ਸਿਵਲ ਸਰਜਨ ਨੇ ਦੱਸਿਆ ਕਿ ਮਮਤਾ ਦਿਵਸ ਤੇ ਗਰਭਵੱਤੀ ਔਰਤਾਂ ਨੂੰ ਟੈਟਨਸ ਦੇ ਟੀਕੇ, ਖੂਨ ਵਧਾਉਣ ਲਈ ਆਇਰਨ ਫੋਲਿਕ ਐਸਿਡ ਦੀਆਂ ਗੋਲੀਆਂ ਅਤੇ ਕੈਲਸ਼ੀਅਮ ਦੀਆਂ ਗੋਲੀਆਂ ਮੁਫਤ ਦਿੱਤੀਆਂ ਜਾਂਦੀਆਂ ਹਨ। ਇਸੇ ਤਰ੍ਹਾਂ ਬੱਚਿਆਂ ਨੂੰ ਮਾਰੂ ਬਿਮਾਰੀਆਂ ਤੋਂ ਬਚਾਅ ਸਬੰਧੀ ਟੀਕੇ ਲਗਾਏ ਜਾਂਦੇ ਹਨ ਤੇ ਬੱਚਿਆਂ ਵਿੱਚ ਅੰਧਰਾਤੇ ਦੀ ਬਿਮਾਰੀ ਤੋਂ ਬਚਾਅ ਲਈ ਵਿਟਾਮਿਨ ਏ ਦਾ ਘੋਲ ਵੀ ਮੁਫ਼ਤ ਦਿੱਤਾ ਜਾਦਾ ਹੈ ਤਾਂ ਜੋ ਜੱਚਾ ਅਤੇ ਬੱਚਾ ਮੌਤ ਦਰ ਨੂੰ ਘੱਟ ਕੀਤਾ ਜਾ ਸਕੇ।

ਉਹਨਾਂ ਕਿਹਾ ਕਿ ਹਸਪਤਾਲ ਵਿਖੇ ਜਣੇਪੇ ਅਤੇ ਸਰਜਰੀਆਂ ਦੀ ਗਿਣਤੀ ਵਧਾਈ ਜਾਵੇ , ਘੱਟ ਤੋਂ ਘੱਟ ਕੇਸ ਰੈਫਰ ਕੀਤੇ ਜਾਣ ।

# ਚੋਣਾਂ ਦੇ ਦਿਨ 3 ਜੂਨ ਨੂੰ ਗਰਮੀ ਦੇ ਮੌਸਮ ਨੂੰ ਦੇਖਦੇ ਹੋਏ ਹੀਟ ਵੇਵ ਤੋਂ ਬਚਾ ਸਬੰਧੀ ਕੀਤੀ ਸਮੀਖਿਆ ਮੀਟਿੰਗ



**ਸਿਵਲ ਸਰਜਨ ਡਾ. ਸੰਜੇ ਗੋਇਲ ਗਰਮੀ ਦੇ ਮੌਸਮ ਨੂੰ ਦੇਖਦੇ ਹੋਏ ਚੋਣਾਂ ਦੌਰਾਨ ਹੀਟ ਵੇਵ ਤੋਂ ਬਚਾਅ ਸਬੰਧੀ ਪ੍ਰਬੰਧਾਂ ਦੀ ਸਮੀਖਿਆ ਕਰਨ ਲਈ ਮੀਟਿੰਗ ਕਰਦੇ ਹੋਏ।**

**ਪਟਿਆਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਵਲ ਸਰਜਨ ਡਾ. ਸੰਜੇ ਗੋਇਲ ਵੱਲੋਂ ਚੋਣਾਂ ਦੇ ਦਿਨ ਇਕ ਜੂਨ ਨੂੰ ਗਰਮੀ ਦੇ ਮੌਸਮ ਨੂੰ ਦੇਖਦੇ ਹੋਏ ਹੀਟ ਵੇਵ ਤੋਂ ਬਚਾਅ ਅਤੇ ਕਿਸੇ ਅਣਸੁਖਾਵੀਂ ਘਟਨਾ ਤੋਂ ਬਚਾਅ ਦੇ ਪ੍ਰਬੰਧਾਂ ਦੀ ਸਮੀਖਿਆ ਕਰਨ ਲਈ ਜਿਲ੍ਹੇ ਦੇ ਸਮੂਹ ਸੀਨੀਅਰ ਮੈਡੀਕਲ ਅਫਸਰਾਂ ਨਾਲ ਮੀਟਿੰਗ ਕੀਤੀ ਗਈ । ਉਹਨਾਂ ਵੋਟਾਂ ਦੇ ਦਿਨ ਸਾਰੇ ਐਮਰਜੈਂਸੀ ਹਸਪਤਾਲਾਂ ਵਿਖੇ ਕਿਸੇ ਵੀ ਦੁਰਘਟਨਾਂ ਦੇ ਮਰੀਜ਼ਾਂ ਦੀ ਸਾਂਭ ਸੰਭਾਲ ਦੇ ਪ੍ਰਬੰਧ ਅਤੇ ਹਰੇਕ ਬੂਥ ਤੇ ਆਸ਼ਾ ਜਾਂ ਹੈਲਥ ਵਰਕਰ ਦੀ ਤੈਨਾਤੀ ਕਰਦੇ ਹੋਏ ਮੌਕੇ ਤੇ ਹੀਟ ਸਟਰੋਕ ਦਾ ਕੋਈ ਕੇਸ ਆਉਣ ਤੇ ਓ ਆਰ ਐਸ ਦਾ ਘੋਲ ਪਿਲਾਉਣ ਅਤੇ ਐਂਬੂਲੈਂਸ ਦੇ ਪ੍ਰਬੰਧ ਵਾਚੇ। ਉਹਨਾਂ ਕਿਹਾ ਕਿ ਬਲਾਕ ਪੱਧਰ ਅਤੇ ਸਬ ਡਵੀਜ਼ਨ ਹਸਪਤਾਲਾਂ ਵਿੱਚ ਨੋਡਲ ਅਫ਼ਸਰ ਨਿਯੁਕਤ ਕੀਤਾ ਜਾਵੇ, ਜੋ ਕਿਸੇ ਵੀ ਐਮਰਜੈਂਸੀ ਹਾਲਾਤ ਨਾਲ ਨਿਪਟਣ ਲਈ ਲੋੜੀਂਦੇ ਪ੍ਰਬੰਧ ਜਾਂ ਸਹਾਇਤਾ ਕਰਨ ਵਿੱਚ ਸਹਾਈ ਹੋ ਸਕੇ। ਉਹਨਾਂ ਸਮੂਹ ਸੀਨੀਅਰ ਮੈਡੀਕਲ ਅਫਸਰਾਂ ਨੂੰ ਆਸ਼ਾ ਵਰਕਰਾਂ ਅਤੇ ਪੈਰਾ ਮੈਡੀਕਲ ਸਟਾਫ ਨੂੰ ਹੀਟ ਵੇਵ ਦੀ ਸਥਿਤੀ ਨਾਲ ਨਿਪਟਣ ਲਈ ਟ੍ਰੇਨਿੰਗ ਦੇਣ ਦੇ ਨਿਰਦੇਸ਼ ਦਿੱਤੇ। ਆਸ਼ਾ ਵਰਕਰਾਂ ਦੀਆਂ ਚੋਣਾਂ ਦੌਰਾਨ ਡਿਊਟੀ ਸਬੰਧਤ ਏ ਆਰ ਓ ਨਾਲ ਸਾਂਝੀ ਕਰ ਲਈ ਗਈ ਹੈ। ਹਰੇਕ ਆਸ਼ਾ ਵਰਕਰ ਦਾ ਵੋਟਾਂ ਵਾਲੇ ਦਿਨ ਆਪਣੇ ਡਿਊਟੀ ਸਥਾਨ ਤੇ ਪਹੁੰਚਣਾਂ ਯਕੀਨੀ ਬਣਾਇਆ ਜਾਵੇ । ਉਹਨਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਗਰਮੀ ਦੇ ਮੌਸਮ ਨੂੰ ਧਿਆਨ ਵਿੱਚ ਰੱਖਦੇ ਹੋਏ ਬਾਹਰ ਨਿਕਲਣ ਸਮੇਂ ਸਿਰ ਉੱਤੇ ਕੱਪੜਾ ਜਾਂ ਛੱਤਰੀ ਆਦਿ ਲਈ ਜਾਵੇ ਅਤੇ ਆਪਣੇ ਕੋਲ ਪਾਣੀ ਦੀ ਬੋਤਲ ਵੀ ਰੱਖੀ ਜਾਵੇ ਤਾਂ ਜੋ ਲੋੜ ਪੈਣ ਤੇ ਵਰਤੋਂ ਵਿੱਚ ਲਿਆਂਦੀ ਜਾ ਸਕੇ। ਹੀਟ ਵੇਵ ਸਬੰਧੀ ਮੀਟਿੰਗ ਕਰਦੇ ਹੋਏ ਉਹਨਾਂ ਨਾਲ ਜਿਲਾ ਐਪੀਡੀਮੋਲੋਜਿਸਟ ਡਾ ? ਸੁਮੀਤ ਸਿੰਘ ਅਤੇ ਡਾ? ਦਿਵਜੋਤ ਸਿੰਘ ਹਾਜ਼ਰ ਸਨ। ਆਨਲਾਈਨ ਮੀਟਿੰਗ ਵਿੱਚ ਜਿਲੇ ਦੀਆਂ ਵੱਖ ਵੱਖ ਸਿਹਤ ਸੰਸਥਾਵਾਂ ਦੇ ਸੀਨੀਅਰ ਮੈਡੀਕਲ ਅਫਸਰਾਂ ਵੱਲੋਂ ਹਿੱਸਾ ਲਿਆ ਗਿਆ।

# ਹੰਕਾਰੀ ਮੰਤਰੀ ਨੂੰ ਹਰਾਉਣ ਲਈ ਰਾਮਗੜ੍ਹੀਆ ਨੇ ਆਪਣੀ ਦਸਤਾਰ ਉਤਾਰ ਨੇ ਕੀਤੀ ਅਪੀਲ

## ਹੰਕਾਰੀ ਮੰਤਰੀ ਭੁੱਲਰ ਦਾ ਹੰਕਾਰ ਤੋੜਨਾ ਅਤਿ ਜ਼ਰੂਰੀ : ਰਾਮਗੜ੍ਹੀਆ



**ਪਟਿਆਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਮਗੜ੍ਹੀਆ ਭਾਈਚਾਰੇ ਦੇ ਖਿਲਾਫ ਪਿਛਲੇ ਦਿਨੀ ਪੰਜਾਬ ਸਰਕਾਰ ਦੇ ਹੰਕਾਰੀ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਭੱਦੀ ਸ਼ਬਦਾਵਲੀ ਬੋਲੀ ਸੀ ਉਸ ਦੇ ਖਿਲਾਫ ਰਾਮਗੜ੍ਹੀਆ ਅਕਾਲ ਜਥੇਬੰਦੀ ਪੰਜਾਬ ਵੱਲੋਂ ਕੌਮੀ ਕਨਵੀਨਰ ਹਰਜੀਤ ਸਿੰਘ ਰਾਮਗੜ੍ਹੀਆ ਦੀ ਅਗਵਾਈ ਹੇਠ ਪੰਜਾਬ ਦੀਆਂ ਸਮੁੱਚੀਆ ਟੀਮਾਂ ਵੱਲੋਂ ਪੰਜਾਬ ਭਰ ਵਿੱਚ ਪੁਤਲੇ ਫੂਕੇ ਗਏ ਸਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੰਗਰੂਰ ਰਹਾਇਸ਼ ਅੱਗੇ ਧਰਨਾ ਲਾ ਕੇ ਮੰਗ ਪੱਤਰ ਦਿੱਤਾ ਗਿਆ ਸੀ ਪਰ ਲਾਲਜੀਤ ਭੁੱਲਰ ਖਿਲਾਫ ਮੁੱਖ ਮੰਤਰੀ ਮਾਨ ਸਾਬ ਨੇ ਕੋਈ ਕਾਰਵਾਈ ਨਹੀ ਕੀਤੀ ਰੋਸ ਵਜੋ ਜਥੇਬੰਦੀ ਨੇ ਹਲਕਾ ਖਡੂਰ ਸਾਹਿਬ ਦੇ ਸਾਰੇ ਵਿਧਾਨ ਸਭਾ ਹਲਕਿਆ ਅੰਦਰ ਪ੍ਰਚਾਰ ਕਰਨ ਦਾ ਮੰਨ ਬਣਾਇਆ ਮਿਤੀ 26 ਤੋਂ 29 ਮਈ ਤੱਕ ਜ਼ੀਰਾ, ਮੱਖੂ, ਸੁਲਤਾਨਪੁਰ ਲੋਧੀ, ਕਪੂਰਥਲਾ, ਖਡੂਰ ਸਾਹਿਬ, ਬਾਬਾ ਬਕਾਲਾ, ਜੰਡੀਆਲਾ ਗੁਰੂ, ਤਰਨ ਤਾਰਨ, ਪੱਟੀ ਅਤੇ ਖੇਮਕਰਨ ਵਿਖੇ ਰਾਮਗੜ੍ਹੀਆ ਅਕਾਲ ਜਥੇਬੰਦੀ ਦੀਆਂ ਟੀਮਾਂ ਨੇ ਪਹੁੰਚ ਕੇ ਆਪਣੇ ਭਾਈਚਾਰੇ ਨਾਲ ਮੀਟਿੰਗਾ ਕੀਤੀਆ ਸਮੁੱਚੇ ਭਾਈਚਾਰੇ ਨੂੰ ਬੇਨਤੀ ਕੀਤੀ ਕਿ ਲਾਲਜੀਤ ਭੁੱਲਰ ਦਾ ਹੰਕਾਰ ਕੱਢਿਆ ਜਾਵੇ ਉਸ ਨੂੰ ਹਰਾਇਆ ਜਾਵੇ। ਅੱਜ ਇਤਿਹਾਸਿਕ ਪਿੰਡ ਸੁਰ ਸਿੰਘ ਵਿਖੇ ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਕੌਮੀ ਕਨਵੀਨਰ ਹਰਜੀਤ ਸਿੰਘ ਰਾਮਗੜ੍ਹੀਆ ਨੇ ਆਪਣੇ ਭਾਈਚਾਰੇ ਨੂੰ ਆਪਣੀ ਦਸਤਾਰ ਉਤਾਰ ਕੇ ਬੇਨਤੀ ਕੀਤੀ ਕਿ ਆਪਣੀ ਪੱਗ ਦਾ ਸਵਾਲ ਹੈ ਆਪਣੀ ਅਣਖ ਦਾ ਸਵਾਲ ਹੈ। ਰਾਮਗੜ੍ਹੀਆ ਨੇ ਕਿਹਾ ਕਿ 4 ਮਈ ਨੂੰ ਹੰਕਾਰੀ ਮੰਤਰੀ ਭੁੱਲਰ ਹੰਕਾਰ ਤੋੜ ਕੇ 5 ਮਈ ਨੂੰ ਦੁਬਾਰਾ ਦਸਤਾਰ ਸਜਾਵਾਂਗਾ। ਇਸ ਮੌਕੇ ਸੂਬਾ ਚੇਅਰਮੈਨ ਜਗਜੀਤ ਸਿੰਘ ਸੱਗੂ, ਸੂਬਾ ਪ੍ਰਧਾਨ ਬਲਵਿੰਦਰ ਸਿੰਘ ਕਲਸੀ, ਮੁੱਖ ਬੁਲਾਰਾ ਕਵਰਬੀਰ ਸਿੰਘ ਮੰਜਲ, ਗੁਰਜੰਟ ਸਿੰਘ ਧੀਮਾਨ, ਜਰਨੈਲ ਸਿੰਘ ਸੱਗੂ, ਮੁਕੰਦ ਸਿੰਘ, ਜਰਨੈਲ ਸਿੰਘ, ਪਰਵਿੰਦਰ ਸਿੰਘ ਰੁਪਾਲ, ਗੁਰਵਿੰਦਰ ਸਿੰਘ ਦਿਓਸੀ, ਧੰਨਦੇਵ ਸਿੰਘ, ਨਿਰਭੈ ਸਿੰਘ, ਨਰਿੰਦਰ ਸਿੰਘ ਘਟੌੜਾ, ਗੁਰਚਰਨ ਸਿੰਘ ਵਿਰਦੀ, ਜਗਤਾਰ ਸਿੰਘ, ਜਸਪ੍ਰੀਤ ਸਿੰਘ ਸੱਗੂ, ਸਵਰਨ ਸਿੰਘ, ਰਾਜਵਿੰਦਰ ਸਿੰਘ, ਗੁਰਪਾਲ ਸਿੰਘ ਸੁਖਵਿੰਦਰ ਸਿੰਘ, ਹਰਮੇਸ ਸਿੰਘ, ਬਲਜੀਤ ਸਿੰਘ, ਬਾਬਾ ਬੁੱਧ ਸਿੰਘ, ਭਰਭੂਰ ਸਿੰਘ, ਰਣਜੀਤ ਸਿੰਘ, ਗੁਰਤੇਜ ਸਿੰਘ, ਬਲਵੀਰ ਸਿੰਘ ਅਤੇ ਹੋਰ ਵੀ ਮੈਬਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਤੀਸਰਾ ਮਹੀਨਾ ਮੁੱਕਣ ਤੇ ਆਯੂਰਵੈਦਿਕ ਵਿਭਾਗ ਸਮੇਤ ਇੱਕ ਦਰਜਨ ਵਿਭਾਗਾਂ ਵਿੱਚ ਤਨਖਾਹਾਂ ਨਸੀਬ ਨਹੀਂ ਹੋਇਆ: ਦਰਸ਼ਨ ਲੁਬਾਣਾ



**ਪਟਿਆਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਵੱਖ-ਵੱਖ ਵਿਭਾਗਾਂ ਵਿਚਲੇ ਪੱਕੇ—ਕੱਚੇ ਮੁਲਾਜਮਾਂ ਵੱਲੋਂ ਇਸ ਮਹੀਨੇ ਤਿੰਨ ਵੱਡੀਆਂ ਰੈਲੀਆਂ ਕਰਕੇ ਆਪ ਸਰਕਾਰ ਨੂੰ ਤਕਰੀਬਨ ਇਕ ਦਰਜਨ ਵਿਭਾਗਾਂ ਵਿੱਚ ਤਨਖਾਹਾਂ ਜਾਰੀ ਨਾ ਹੋਣ ਦਾ ਮਾਮਲਾ ਲਿਖਤੀ ਰੂਪ ਵਿੱਚ ਅਤੇ ਪ੍ਰੈਸਾਂ ਰਾਹੀਂ ਉਠਾਇਆ ਗਿਆ। ਪਰੰਤੂ ਮੁੱਖ ਮੰਤਰੀ ਸਮੇਤ ਵਿਭਾਗ ਦੇ ਮੰਤਰੀਆਂ ਵਿਸ਼ੇਸ਼ ਤੌਰ ਤੇ ਸਿਹਤ ਮੰਤਰੀ ਨੇ ਇਸ ਦਾ ਇੱਕ ਵਾਰ ਵੀ ਨੋਟਿਸ ਨਹੀਂ ਲਿਆ ਮੁੱਖ ਮੰਤਰੀ ਤਾਂ ਕਿੱਕਲੀਆਂ ਗਾ ਕੇ ਭੁੱਖੇ ਮੁਲਾਜਮਾਂ ਤੇ ਉਹਨਾ ਦੇ ਪਰਿਵਾਰਾਂ ਦਾ ਢਿੱਡ ਭਰਨ ਦਾ ਯਤਨ ਕਰ ਰਹੇ ਹਨ। ਇਸ ਸਰਕਾਰ ਨੂੰ ਮੁਲਾਜਮਾਂ, ਪੈਨਸ਼ਨਰਾਂ ਅਤੇ ਕੱਚੇ ਮੁਲਾਜਮਾਂ ਸਮੇਤ ਸਕੀਮ ਵਰਕਰਾਂ ਦੀ ਕੋਈ ਪ੍ਰਵਾਹ ਨਹੀਂ ਹੈ ਕਿ ਤੀਜਾ ਮਹੀਨਾ ਮੁੱਕਣ ਤੇ ਵੀ ਤਨਖਾਹਾਂ ਜਾਰੀ ਕਰਨ ਦੀ ਕੋਈ ਉੱਘ ਸੁੱਘ ਨਹੀਂ ਹੈ। ਜਿਸ ਦਾ ਸਮੁੱਚੇ ਤੌਰ ਤੇ ਰੋਸ ਪਾਇਆ ਜਾ ਰਿਹਾ ਹੈ ਤੇ ਉਹ ਆਪ ਸਰਕਾਰ ਨੂੰ ਲੋਕ ਸਭਾ ਚੋਣਾਂ ਵਿੱਚ ਸਬਕ ਸਿਖਾਉਣ ਦੀ ਤਾਂਕ ਵਿੱਚ ਹਨ।

ਇੱਥੇ ਆਯੂਰਵੈਦਿਕ ਕਾਲਜ/ ਹਸਪਤਾਲ ਅਤੇ ਫਾਰਮੇਸੀ ਦੇ ਸਮੁੱਚੇ ਦਰਜਾ ਤਿੰਨ, ਚਾਰ ਅਤੇ ਟੈਕਨੀਕਲ ਕਰਮਚਾਰੀਆਂ ਵਲੋਂ ਆਪਣੀ ਜੁਆਇੰਟ ਐਕਸ਼ਨ ਕਮੇਟੀ ਬਣਾਕੇ ਮਿਤੀ 27—05—2024 ਤੋਂ ਕੰਮ ਛੋੜ ਹੜਤਾਲ ਤੇ ਹਨ ਤੇ ਪੜਾਅਵਾਰ ਰੈਲੀਆਂ ਕਰਕੇ ਰਹੇ ਹਨ, ਇਹਨਾਂ ਨੂੰ ਵੱਖ—ਵੱਖ ਜਥੇਬੰਦੀਆਂ ਜਿਸ ਵਿੱਚ ਪ੍ਰਮੁੱਖ ਤੌਰ ਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਤੇ ਦੀ ਕਲਾਸ ਫੋਰਥ ਗੌਰਮਿੰਟ ਇੰਪਲਾਇਜ ਯੂਨੀਅਨ ਪੰਜਾਬ (1680) ਦੀ ਹਮਾਇਤ ਪ੍ਰਾਪਤ ਹੈ।

ਇੱਥੇ ਆਯੂਰਵੈਦਿਕ ਹਸਪਤਾਲ ਕੰਪਲੈਕਸ ਵਿਖੇ ਸਮੂੰਹ ਮੁਲਾਜਮਾਂ ਨੇ ਵੱਡਾ ਇਕੱਠ ਕਰਕੇ ਰੈਲੀ ਕੀਤੀ ਉਪਰੰਤ ਸ਼ੇਰੇ ਪੰਜਾਬ ਕੱਪੜਾ ਮਾਰਕੀਟ ਵਿਖੇ ਰੋਸ ਮਾਰਚ ਕੀਤਾ ਤੇ ਆਪ ਸਰਕਾਰ ਦਾ ਪਿੱਟ ਸਿਆਪਾ ਕੀਤਾ। ਇਸ ਮੌਕੇ ਤੇ ਮੁਲਾਜਮਾਂ ਨਾਹਰੇ ਲਾ ਰਹੇ ਸਨ ਕਿ ਰੋਜੀ—ਰੋਟੀ ਦੇਹ ਨਾ ਸਕੇ ਜੋ ਵੋਹ ਸਰਕਾਰ ਨਿਕੰਮੀ ਹੈ , ਤਖਤ ਬਦਲਦੋ — ਤਾਜ ਬਦਲ ਦੋ ਬਇਮਾਨੋ ਕਾ ਰਾਜ ਬਦਲ ਦੋ , ਸਿਹਤ ਮੰਤਰੀ ਹੋਸ਼ ਮੇਂ ਆਓ ਤਿੰਨ—ਤਿੰਨ ਮਹੀਨੇ ਦੀਆਂ ਤਨਖਾਹਾਂ ਜਾਰੀ ਕਰੋ ਮੁਲਾਜਮਾਂ ਨੇ ਮਾਰਚ ਕਰਦੇ ਹੋਏ ਇਹ ਨਾਹਰਾ ਮੁੜ ਬੁਲੰਦ ਕੀਤਾ ਕਿ ਤਨਖਾਹਾ ਨਹੀਂ ਤਾਂ ਵੋਟ ਨਹੀਂ ਇਸ ਮੌਕੇ ਐਲਾਨ ਕੀਤਾ ਗਿਆ ਕਿ ਕੰਮ ਛੋੜ ਹੜਤਾਲ ਜਾਰੀ ਰਹੇਗੀ ਜਦੋਂ ਤੱਕ ਸਿਹਤ ਮੰਤਰੀ ਉਹਨਾਂ ਨਾਲ ਗੱਲ ਕਰਕੇ ਤਨਖਾਹਾਂ ਪੁਰਾਣੇ ਸਿਸਟਮ ਅਨੁਸਾਰ ਜਿਲਾ ਖਜਾਨਾ ਦਫਤਰ ਤੋਂ ਜਾਰੀ ਨਹੀਂ ਕਰਾਉਂਦੇ।

ਇਸ ਮੌਕੇ ਤੇ ਬੁਲਾਰੇ ਵਜੋਂ ਜ਼ੋ ਆਗੂ ਹਾਜਰ ਸਨ ਉਹਨਾਂ ਵਿੱਚ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਦੀਪ ਚੰਦ ਹੰਸ, ਰਾਮ ਲਾਲ ਰਾਮਾ, ਸਵਰਣ ਸਿੰਘ ਬੰਗਾ, ਕਮਲਜੀਤ ਸਿੰਘ, ਲਖਵੀਰ ਸਿੰਘ, ਨਵਨੀਤ ਸਿੰਗਲਾ, ਸਰਬਜੀਤ ਸਿੰਘ, ਰਾਮ ਪ੍ਰਸਾਦ ਸਹੋਤਾ, ਅਸ਼ੋਕ ਕੁਮਾਰ ਬਿੱਟੂ, ਦਰਸ਼ੀ ਕਾਂਤ, ਰਾਕੇਸ਼ ਗੋਲੂ, ਸ਼ਿਵ ਚਰਨ, ਇੰਦਰ ਪਾਲ, ਜਰਨੈਲ ਸਿੰਘ, ਨਪਿੰਦਰ ਸਿੰਘ, ਪ੍ਰਕਾਸ਼ ਲੁਬਾਣਾ, ਲਖਵੀਰ ਲੱਕੀ, ਤਾਰਾ ਦੱਤ, ਸੁਖਦੇਵ ਸਿੰਘ ਝੰਡੀ, ਟੇਕ ਸਿੰਘ, ਹੈਪੀ, ਬਲਬੀਰ ਸਿੰਘ, ਕਰਮਜੀਤ ਸਿੰਘ ਟਿੱਕਾ, ਹਰਦੀਪ ਸਿੰਘ, ਸਤਨਾਮ ਸਿੰਘ, ਜਗਤਾਰ ਬਾਬਾ, ਮੀਨੂੰ, ਨੱਥਨੀ, ਧਰਮਿੰਦਰ ਆਦਿ ਹਾਜਰ ਸਨ। ਇਸ ਮੌਕੇ ਦਰਸ਼ਨ ਸਿੰਘ ਲੁਬਾਣਾ ਨੇ ਐਲਾਨ ਕੀਤਾ ਕਿ ਮਿਤੀ 3 ਜੂਨ ਵਣ ਵਿਭਾਗ ਅੱਗੇ ਰੈਲੀ ਕਰਕੇ ਸਰਕਾਰ ਦਾ ਪਿੱਟ ਸਿਆਪਾ ਕੀਤਾ ਜਾਵੇਗਾ।

# ਆਪ ਸਰਕਾਰ ਦੀ ਵਾਅਦਾ ਖਿਲਾਫ਼ੀ ਦੇ ਵਿਰੁੱਧ ਟਰੱਕ ਅਪਰੇਟਰਾਂ ਨੇ ਕੀਤਾ ਅਕਾਲੀ ਦਲ ਦਾ ਸਮਰਥਨ



**ਡੇਰਾ ਬਸੀ, 3 ਜੂਨ**
**ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੀ ਸੱਤਾਧਾਰੀ ਆਮ ਆਦਮੀ ਪਾਰਟੀ ਵੱਲੋਂ ਟਰੱਕ ਆਪਰੇਟਰਾਂ ਅਤੇ ਟਰੱਕ ਯੂਨੀਅਨਾਂ ਨਾਲ ਕੀਤੀ ਗਈ ਵਾਅਦਾ ਖਿਲਾਫ਼ੀ ਦੇ ਵਿਰੋਧ ਵਿੱਚ ਡੇਰਾਬੱਸੀ ਇਲਾਕੇ ਦੇ ਟਰੱਕ ਅਪਰੇਟਰਾਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਐਨ.ਕੇ.ਸ਼ਰਮਾ ਦੇ ਸਮਰਥਨ ਵਿੱਚ ਇੱਕਜੁਟਤਾ ਦਿਖਾਈ ਹੈ। ਅੱਜ ਇੱਥੇ ਆਯੋਜਿਤ ਪ੍ਰੋਗਰਾਮ ਦੌਰਾਨ ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਗੁਰਚਰਨ ਸਿੰਘ ਪੱਪੂ, ਅਵਤਾਰ ਸਿੰਘ ਜਵਾਹਰਪੁਰ, ਮੇਜਰ ਸਿੰਘ ਪਰਾਗਪੁਰ, ਟਰੱਕ ਅਪਰੇਟਰ ਗੁਰਇਕਬਾਲ ਸਿੰਘ ਪੂਨੀਆ ਨੇ ਦੱਸਿਆ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਟਰੱਕ ਅਪਰੇਟਰਾਂ ਦੀਆਂ ਵੋਟਾਂ ਬਟੋਰਨ ਲਈ ਉਨ੍ਹਾਂ ਨਾਲ ਚੋਣਾਂ ਤੋਂ ਪਹਿਲਾਂ ਕਈ ਤਰ੍ਹਾਂ ਦੇ ਵਾਅਦੇ ਕੀਤੇ ਸਨ, ਜਿਸਨੂੰ ਹੁਣ ਉਹ ਭੁੱਲ ਚੁੱਕੀ ਹੈ।

ਸਰਕਾਰ ਆਉਣ ਤੋਂ ਬਾਅਦ ਟਰੱਕ ਅਪਰੇਟਰਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਬਹੁਤ ਦੂਰ ਦੀ ਗੱਲ ਹੈ। ਹੁਣ ਹਲਕਾ ਵਿਧਾਇਕ ਅਤੇ ਪੰਜਾਬ ਦੇ ਮੰਤਰੀ ਟਰੱਕ ਅਪਰੇਟਰਾਂ ਨਾਲ ਮੀਟਿੰਗ ਕਰਨ ਤੋਂ ਵੀ ਗੁਰੇਜ਼ ਕਰ ਰਹੇ ਹਨ।

ਇਸ ਮੌਕੇ ਬੋਲਦਿਆਂ ਪਟਿਆਲਾ ਲੋਕ ਸਭਾ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਐਨ.ਕੇ.ਸ਼ਰਮਾ ਨੇ ਕਿਹਾ ਕਿ ਚੋਣ ਜਿੱਤਣ ਤੋਂ ਬਾਅਦ ਉਹ ਟਰੱਕ ਅਪਰੇਟਰਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਰ ਸੰਭਵ ਯਤਨ ਕਰਨਗੇ। ਉਨ੍ਹਾਂ ਭਾਜਪਾ, ਕਾਂਗਰਸ ਅਤੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ’ਤੇ ਚੋਣ ਮੈਦਾਨ ਤੋਂ ਭੱਜਣ ਦਾ ਦੋਸ਼ ਲਾਉਂਦਿਆਂ ਕਿਹਾ ਕਿ ਤਿੰਨੋਂ ਉਮੀਦਵਾਰਾਂ ਕੋਲ ਉਨ੍ਹਾਂ ਦੇ ਸਵਾਲਾਂ ਦੇ ਜਵਾਬ ਨਹੀਂ ਹਨ। ਉਨ੍ਹਾਂ ਕਿਹਾ ਕਿ ਉਹ ਪਿਛਲੇ ਦੋ ਮਹੀਨਿਆਂ ਤੋਂ ਲੋਕ ਸਭਾ ਅਧੀਨ ਆਉਂਦੇ ਸਾਰੇ ਨੌਂ ਵਿਧਾਨ ਸਭਾ ਹਲਕਿਆਂ ਦਾ ਦੌਰਾ ਕਰ ਚੁੱਕੇ ਹਨ। ਇਸ ਦੌਰੇ ਦੌਰਾਨ ਲੋਕਾਂ ਵੱਲੋਂ ਉਠਾਏ ਮੁੱਦਿਆਂ ਦੇ ਆਧਾਰ ’ਤੇ ਪ੍ਰਨੀਤ ਕੌਰ, ਧਰਮਵੀਰ ਗਾਂਧੀ ਅਤੇ ਬਲਬੀਰ ਸਿੰਘ ਨੂੰ ਪੰਜ-ਪੰਜ ਸਵਾਲ ਪੁੱਛੇ ਸਨ। ਇਨ੍ਹਾਂ ਤਿੰਨਾਂ ਵਿੱਚੋਂ ਕਿਸੇ ਵੀ ਉਮੀਦਵਾਰ ਨੇ ਅੱਜ ਤੱਕ ਇਨ੍ਹਾਂ ਸਵਾਲਾਂ ਦੇ ਜਵਾਬ ਨਹੀਂ ਦਿੱਤੇ ਹਨ। ਉਨ੍ਹਾਂ ਕਿਹਾ ਕਿ ਪ੍ਰਨੀਤ ਕੌਰ, ਧਰਮਵੀਰ ਅਤੇ ਬਲਬੀਰ ਸਿੰਘ ਇਸ ਚੋਣ ਵਿੱਚ ਮੁੱਦਾਹੀਣ ਹੋ ਗਏ ਹਨ। ਤਿੰਨੋਂ ਉਮੀਦਵਾਰਾਂ ਨੇ ਪਟਿਆਲਾ ਦੇ ਲੋਕਾਂ ਨਾਲ ਵਿਕਾਸ ਦੇ ਨਾਮ ’ਤੇ ਇੱਕ ਵਾਰ ਵੀ ਗੱਲ ਨਹੀਂ ਕੀਤੀ ਹੈ। ਉਨ੍ਹਾਂ ਕਿਹਾ ਕਿ ਅੱਜ ਉਨ੍ਹਾਂ ਦੇ ਸਵਾਲਾਂ ਦੇ ਜਵਾਬ ਦੇਣ ਤੋਂ ਭੱਜਣ ਵਾਲੇ ਤਿੰਨੋਂ ਉਮੀਦਵਾਰ ਬੇਨਕਾਬ ਹੋ ਗਏ ਹਨ। ਪ੍ਰਨੀਤ ਕੌਰ ਵੀਹ ਸਾਲ ਇੱਥੋਂ ਦੀ ਸੰਸਦ ਮੈਂਬਰ ਰਹੀ ਪਰ ਜਦੋਂ ਉਨ੍ਹਾਂ ਦੀ ਕਾਰਜਸ਼ੈਲੀ ਬਾਰੇ ਸਵਾਲ ਪੁੱਛੇ ਗਏ ਤਾਂ ਉਹ ਭੱਜ ਗਈ ਹਨ। ਇਹ ਹਾਲ ਡਾਕਟਰ ਗਾਂਧੀ ਅਤੇ ਬਲਬੀਰ ਸਿੰਘ ਦਾ ਹੈ।

ਸ਼ਰਮਾ ਨੇ ਤਿੰਨਾਂ ਉਮੀਦਵਾਰਾਂ ਨੂੰ ਚੁਣੌਤੀ ਦਿੰਦਿਆਂ ਕਿਹਾ ਕਿ ਉਹ ਉਨ੍ਹਾਂ ਨਾਲ ਵਿਕਾਸ ਅਤੇ ਚਰਿੱਤਰ ਦੇ ਮੁੱਦੇ ’ਤੇ ਬਹਿਸ ਕਰਨ ਲਈ ਤਿਆਰ ਹਨ। ਉਨ੍ਹਾਂ ਕਿਹਾ ਕਿ ਡੇਰਾਬੱਸੀ ਵਿਧਾਨ ਸਭਾ ਹਲਕਾ ਉਨ੍ਹਾਂ ਦਾ ਘਰ ਹੈ। ਉਨ੍ਹਾਂ ਵੱਲੋਂ ਹਲਕੇ ਵਿੱਚ ਕੀਤੇ ਵਿਕਾਸ ਕਾਰਜਾਂ ਦੀ ਚਰਚਾ ਅੱਜ ਪਟਿਆਲਾ ਜ਼ਿਲ੍ਹੇ ਵਿੱਚ ਹੋ ਰਹੀ ਹੈ। ਜਿਸਦੇ ਚੱਲਦਿਆਂ ਲੋਕਾਂ ਦਾ ਭਰਵਾਂ ਸਹਿਯੋਗ ਅਤੇ ਪਿਆਰ ਮਿਲ ਰਿਹਾ ਹੈ। ਇਸ ਮੌਕੇ ਸਮਾਜ ਸੇਵੀ ਗੁਰਦਰਸ਼ਨ ਸਿੰਘ ਸੈਣੀ, ਰਾਜਿੰਦਰ ਸਿੰਘ ਈਸਾਪੁਰ, ਸਾਬਕਾ ਸਰਪੰਚ ਬਸੰਤ ਸਿੰਘ, ਮਹਿੰਦਰ ਸੂਦ, ਜਸਪਾਲ ਸਿੰਘ, ਬੀਬੀ ਬਲਵਿੰਦਰ ਕੌਰ, ਜਤਿੰਦਰ ਸਿੰਘ, ਕਰਨੈਲ ਸਿੰਘ ਸਮੇਤ ਕਈ ਪਤਵੰਤੇ ਹਾਜ਼ਰ ਸਨ।

# ਹੁਣ ਕਿਸੇ ਤਰਾਂ ਦੀ ਜਨਤਕ ਮੀਟਿੰਗ, ਰੈਲੀ ਕਰਨ ਤੇ ਮੁਕੰਮਲ ਪਾਬੰਦੀ, ਜ਼ਿਲ੍ਹਾ ਮੈਜਿਸਟ੍ਰੇਟ

**ਬਰਨਾਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

3 ਜੂਨ ਨੂੰ ਹੋਣ ਵਾਲੀ ਲੋਕ ਸਭਾ ਚੋਣਾਂ ਦੌਰਾਨ ਅਮਨ ਕਾਨੂੰਨ ਦੀ ਵਿਵਸਥਾ ਕਾਇਮ ਰੱਖਣ ਅਤੇ ਚੋਣ ਨੂੰ ਸ਼ਾਂਤਮਈ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਬਰਨਾਲਾ ਵਿੱਚ ਵੋਟਾਂ ਪੈਣ ਦੀ ਪ੍ਰਕਿਰਿਆ ਖਤਮ ਹੋਣ ਤੋਂ ਪਹਿਲਾਂ ਕਿਸੇ ਤਰਾਂ ਦੀ ਪਬਲਿਕ ਮੀਟਿੰਗ ਕਰਨ ਅਤੇ ਰੈਲੀ ਕਰਨ ਤੇ ਮੁਕੰਮਲ ਪਾਬੰਦੀ ਲਗਾਈ ਗਈ ਹੈ। ਸ਼੍ਰੀਮਤੀ ਪੂਨਮਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਬਰਨਾਲਾ ਵਿੱਚੇ 3 ਜੂਨ 2024 ਤੱਕ ਕਿਸੇ ਤਰ੍ਹਾਂ ਦੀ ਪਬਲਿਕ ਮੀਟਿੰਗ ਕਰਨ, ਗੈਰ ਕਾਨੂੰਨੀ/ ਅਣਅਧਿਕਾਰਤ ਅਸੈਂਬਲੀ ਕਰਨ ਅਤੇ ਪੰਜ ਜਾਂ ਪੰਜ ਬੰਦਿਆਂ ਇੱਕਠੇ ਹੋਣ ‘ਤੇ ਮੁਕੰਮਲ ਪਾਬੰਦੀ ਲਗਾਈ ਗਈ ਹੈ ।

# ਪੰਜ ਪੀਰ ਦਰਬਾਰ ਭੱਟੀਆਂ ਵਿਖੇ ਕਰਾਇਆ ਸਲਾਨਾ ਮੇਲਾ ਤੇ ਭੰਡਾਰਾ

**ਮਾਛੀਵਾੜਾ ਸਾਹਿਬ, 3 ਜੂਨ/ -ਕੌਮੀ ਪੱਤ੍ਰਿਕਾ ਬਿਊਰੋ-** ਸਥਾਨਕ ਕੁਹਾੜਾ ਸੜਕ ਤੇ ਸਥਿਤ ਪਿੰਡ ਭੱਟੀਆਂ ਵਿਖੇ ਪੰਜ ਪੀਰਾਂ ਦੀ ਦਰਗਾਹ ਮੀਆਂ ਤੱਕੀਆ ਵਿਖੇ ਸਲਾਨਾ ਮੇਲਾ ਤੇ ਭੰਡਾਰਾ ਕਰਵਾਇਆ ਗਿਆ ਅਤੇ ਉਸ ਤੋਂ ਅਗਲੇ ਦਿਨ ਸਾਈ ਪੂਰਨ ਸ਼ਾਹ ਜੀ ਕਾਦਰੀ ਦੀ ਬਾਰ੍ਹਵੀਂ ਬਰਸੀ ਮਨਾਈ ਗਈ ਜਿਸ ਵਿੱਚ ਪੰਜਾਬ ਭਰ ਦੇ ਕਵਾਲ ਅਤੇ ਸੂਫੀ ਗਾਇਕਾਂ ਨੇ ਆਪਣੀ ਗਾਇਕੀ ਦੇ ਜੋਹਰ ਪੇਸ਼ ਕੀਤੇ। ਇਸ ਸਬੰਧੀ ਗੱਦੀ ਨਸ਼ੀਨ ਸੁਰਿੰਦਰ ਕਾਦਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਵੱਡੀ ਪੱਧਰ ਤੇ ਸਲਾਨਾ ਭੰਡਾਰਾ ਤੇ ਮੇਲਾ ਕਰਵਾਇਆ ਗਿਆ ਜਿਸ ਵਿੱਚ ਹਜ਼ਾਰਾਂ ਸ਼ਰਧਾਲੂਆਂ ਨੇ ਨਤ ਮਸਤਕ ਹੁੰਦਿਆਂ ਪੰਜ ਪੀਰੀ ਦਰਬਾਰ ਤੋਂ ਖੁਸ਼ੀਆਂ ਪ੍ਰਾਪਤ ਕੀਤੀਆਂ। ਪੰਜਾਬ ਦੇ ਪ੍ਰਸਿੱਧ ਕਵਾਲ ਬਿੰਦਰ ਕਵਾਲ ਅਤੇ ਮੁਨੱਬਰ ਅਲੀ ਮਲੇਰਕੋਟਲਾ ਨੇ ਕਵਾਲੀਆਂ ਰਾਹੀਂ ਦਰਸ਼ਕਾਂ ਨੂੰ ਮੰਤਰ ਮੁਕਤ ਕੀਤਾ। ਉਪਰੰਤ ਪੰਜਾਬ ਦੇ ਪ੍ਰਸਿੱਧ ਗਾਇਕਾਂ ਨੇ ਸੂਫੀਆਨਾ ਰੰਗ ਬੰਨ੍ਹਦਿਆਂ ਆਪਣੀ ਕਲਾ ਦੇ ਜੌਹਰ ਦਿਖਾਏ। ਗਾਇਕੀ ਦੇ ਖੇਤਰ ਵਿੱਚ ਮਾਛੀਵਾੜਾ ਸਾਹਿਬ ਤੋਂ ਆਪਣੀ ਪਹਿਲੀ ਸਟੇਜ ਕਰਦਿਆਂ ਰਾਜਦੀਪ ਅਲਬੇਲਾ ਨੇ ਨੀ *ਮੈਂ ਕਮਲੀ ਯਾਰ ਦੀ ਕਮਲੀ *,*ਮਾਂ ਹੁੰਦੀ ਹੈ ਮਾਂ* ਅਤੇ *ਸੱਜਣਾਂ ਨਾਲ ਧੋਖਾ ਨਹੀਂ ਕਮਾਈਦਾ* ਰਾਹੀਂ ਦਰਸ਼ਕਾਂ ਨੂੰ ਝੂਮਣ ਲਾਇਆ।

# ਜ਼ਿਲ੍ਹਾ ਬਰਨਾਲਾ ’ਚ 492323 ਵੋਟਰ ਕਰਨਗੇ ਮਤਦਾਨ ਦੀ ਵਰਤੋਂ

## ਵਿਸ਼ੇਸ਼ ਗ੍ਰੀਨ ਬੂਥ, ਮਾਡਲ ਪੋਲਿੰਗ ਬੂਥ, ਦਿਵਿਆਂਗ ਲੋਕਾਂ ਲਈ ਬੂਥ, ਔਰਤਾਂ ਲਈ ਪਿੰਕ ਬੂਥ ਅਤੇ ਨੌਜਵਾਨਾਂ ਵੱਲੋਂ ਪ੍ਰਬੰਧਿਤ ਵਾਲੇ ਬੂਥ ਬਣਾਏ

**ਬਰਨਾਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

3 ਜੂਨ 2024 ਨੂੰ ਹੋਣ ਵਾਲੀਆਂ ਲੋਕ ਸਭਾ ਚੋਣਾਂ ’ਚ ਵੋਟਰਾਂ ਦੀ ਸ਼ਮੂਲੀਅਤ ਵਧਾਉਣ ਲਈ ਜ਼ਿਲ੍ਹਾ ਚੋਣ ਅਫ਼ਸਰ ਸ਼੍ਰੀਮਤੀ ਪੂਨਮਦੀਪ ਕੌਰ ਦੀ ਅਗਵਾਈ ਹੇਠ ਬਰਨਾਲਾ ’ਚ 3 ਜੂਨ ਨੂੰ ਵਿਸ਼ੇਸ਼ ਮੈਰਾਥਨ ਦੌੜ ਸਵੇਰੇ 6 ਵਜੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਸ਼ੁਰੂ ਕਰਕੇ ਜੁਮਲਾ ਮਾਲਕਨ ਸਕੂਲ ਤੱਕ ਕੀਤੀ ਜਾ ਰਹੀ ਹੈ ।

ਇਸ ਦੌੜ ’ਚ ਭਾਗ ਲੈਣ ਲਈ ਲੋਕਾਂ ਨੂੰ ਸੱਦਾ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ ਸ਼੍ਰੀਮਤੀ ਪੂਨਮਦੀਪ ਕੌਰ ਨੇ ਲੋਕਾਂ ਨੂੰ ਇਸ ਦੌੜਾ ਦਾ ਹਿੱਸਾ ਬਣਨ ਲਈ ਸੱਦਾ ਦਿੰਦਿਆਂ ਕਿਹਾ ਕਿ ਵੱਧ ਤੋਂ ਵੱਧ ਲੋਕ ਇਸ ਸਮਾਗਮ ਦਾ ਹਿੱਸਾ ਬਣਨ ਤਾਂ ਜੋ ਹੋਰਨਾ ਨੂੰ 3 ਜੂਨ ਵਾਲੇ ਦਿਨ ਵੋਟਾਂ ਪਾਉਣ ਲਈ ਪ੍ਰੇਰਿਆ ਜਾ ਸਕੇ। ਚੋਣਾਂ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੀਮਤੀ ਪੂਨਮਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਬਰਨਾਲਾ ’ਚ ਕੁੱਲ 492323 ਵੋਟਰ ਆਪਣੇ ਵੋਟ ਦਾ ਅਧਿਕਾਰ ਕਰਨਗੇ। ਇਨ੍ਹਾਂ ਵਿੱਚ ਭਦੌੜ ‘ਚ ਕੁੱਲ 155074 (82105 ਮਰਦ, 72207 ਮਹਿਲਾਵਾਂ, 9 ਤੀਜੇ ਲਿੰਗ ਨਾਲ ਸਬੰਧਿਤ ਅਤੇ 753 ਸਰਵਿਸ ਵੋਟਰ ਹਨ)। ਇਸੇ ਤਰ੍ਹਾਂ ਬਰਨਾਲਾ ‘ਚ ਕੁੱਲ 180724 (94957 ਮਰਦ, 85127 ਮਹਿਲਾਵਾਂ, 4 ਤੀਜੇ ਲਿੰਗ ਨਾਲ ਸਬੰਧਿਤ, 636 ਸਰਵਿਸ ਵੋਟਰ ਅਤੇ 3 ਐਨ.ਆਰ.ਆਈ. ਵੋਟਰ) ਹਨ। ਮਹਿਲ ਕਲਾਂ ‘ਚ ਕੁੱਲ 156525 ਵੋਟਰ (82966 ਮਰਦ, 72590 ਮਹਿਲਾਵਾਂ, 3 ਤੀਜੇ ਧਿਰ ਨਾਲ ਸਬੰਧਿਤ, 966 ਸਰਵਿਸ ਵੋਟਰ ਅਤੇ 23 ਐਨ.ਆਰ.ਆਈ. ਵੋਟਰ) ਹਨ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਬਰਨਾਲਾ ’ਚ ਕੁੱਲ 558 ਪੋਲਿੰਗ ਸਟੇਸ਼ਨ ਹਨ। ਇਸ ਤੋਂ ਇਲਾ ਜ਼ਿਲ੍ਹਾ ਬਰਨਾਲਾ ’ਚ ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਿਕ ਗ੍ਰੀਨ ਬੂਥ, ਮਾਡਲ ਪੋਲਿੰਗ ਬੂਥ, ਦਿਵਿਆਂਗ ਲੋਕਾਂ ਲਈ ਬੂਥ, ਔਰਤਾਂ ਲਈ ਪਿੰਕ ਬੂਥ ਅਤੇ ਨੌਜਵਾਨਾਂ ਵੱਲੋਂ ਪ੍ਰਬੰਧਿਤ ਪੋਲਿੰਗ ਬੂਥ ਸਥਾਪਿਤ ਕੀਤੇ ਗਏ ਹਨ। ਵਧੇਰੀ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਹਰ ਇੱਕ ਵਿਧਾਨ ਸਭਾ ਖੇਤਰ ’ਚ ਕਰੀਬ 10 ਮਾਡਲ ਪੋਲਿੰਗ ਬੂਥ ਅਤੇ 1 - 1 ਬਾਕੀ ਵਰਗਾਂ ਦੇ ਬੂਥ ਸਥਾਪਿਤ ਕੀਤੇ ਗਏ ਹਨ।

ਉਨ੍ਹਾਂ ਕਿਹਾ ਕਿ ਗ੍ਰੀਨ ਬੂਥਾਂ ਉੱਤੇ ਵਾਤਾਵਰਣ ਪ੍ਰਤੀ ਵੋਟਰਾਂ ਨੂੰ ਸੁਚੇਤ ਕਰਨ ਲਈ ਹਰਿਆਲੀ ਕੀਤੀ ਜਾਵੇਗੀ । ਇਸੇ ਤਰ੍ਹਾਂ ਪਿੰਕ ਬੂਥਾਂ ਵਿਖੇ ਕੇਵਲ ਔਰਤਾਂ ਨੂੰ ਚੋਣ ਅਮਲੇ ਵੱਜੋਂ ਤਾਇਨਾਤ ਕੀਤਾ ਜਾਵੇਗਾ। ਦਿਵਿਆਂਗ ਲੋਕਾਂ ਲਈ ਬਣਾਏ ਗਏ ਪੋਲਿੰਗ ਬੂਥਾਂ ਉੱਤੇ ਦਿਵਿਆਂਗ ਚੋਣ ਅਮਲਾ ਕੰਮ ਕਾਜ ਸੰਭਾਲੇਗਾ ਅਤੇ ਨੌਜਵਾਨਾਂ ਵੱਲੋਂ ਵੀ ਹਰ ਇੱਕ ਹਲਕੇ ’ਚ ਇੱਕ ਇੱਕ ਪੋਲਿੰਗ ਬੂਥ ਸੰਭਾਲਿਆ ਜਾਵੇਗਾ।

ਭਦੌੜ ਵਿਧਾਨ ਸਭਾ ਹਲਕੇ ’ਚ ਗ੍ਰੀਨ ਬੂਥ ਸ਼ਹੀਦ ਰਣਜੀਤ ਸਿੰਘ ਸ਼ੌਰਿਆ ਚੱਕਰ ਵਿਜੇਤਾ ਸਰਕਾਰੀ ਪ੍ਰਾਇਮਰੀ ਸਕੂਲ, ਪੱਖੋ ਕਲਾਂ ਵਿਖੇ, ਬਰਨਾਲਾ ਖੇਤਰ ਦਾ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ (ਲੜਕੇ), ਬਰਨਾਲਾ ’ਚ ਅਤੇ ਮਹਿਲ ਕਲਾਂ ਖੇਤਰ ਦਾ ਸ਼ਹੀਦ ਸਰਦਾਰ ਸੇਵਾ ਸਿੰਘ ਸਰਕਾਰੀ ਸਮਾਰਟ ਸੀਨੀਅਰ ਸਕੈਂਡਰੀ ਸਕੂਲ, ਠੀਕਰੀਵਾਲ ਵਿਖੇ ਸਥਾਪਿਤ ਕੀਤਾ ਗਿਆ ਹੈ । ਇਸੇ ਤਰ੍ਹਾਂ ਭਦੌੜ ਦਾ ਯੂਥ ਮੈਨੇਜਡ ਪੋਲਿੰਗ ਬੂਥ ਸਰਕਾਰੀ ਹਾਈ ਸਮਾਰਟ ਸਕੂਲ, ਤਾਜੋਕੇ, ਬਰਨਾਲਾ ਖੇਤਰ ਦਾ ਫਾਰਮੈਸੀ ਕਾਲਜ (ਐੱਸ.ਡੀ. ਕਾਲਜ), ਬਰਨਾਲਾ ਅਤੇ ਮਹਿਲ ਕਲਾਂ ਦਾ ਸਰਕਾਰੀ ਐਲੀਮੈਂਟਰੀ, ਚੁਹਾਣਕੇ ਕਲਾਂ ਵਿਖੇ ਸਥਾਪਿਤ ਕੀਤਾ ਗਿਆ ਹੈ। ਇਸੇ ਤਰ੍ਹਾਂ ਪਿੰਕ ਬੂਥ ਭਦੌੜ ਖੇਤਰ ਦਾ ਸ਼ਾਂਤੀ ਦੇਵੀ ਮੈਮੋਰੀਅਲ ਸਰਕਾਰੀ ਕੰਨਿਆ ਹਾਈ ਸਕੂਲ, ਤਪਾ ਵਿਖੇ, ਬਰਨਾਲਾ ਖੇਤਰ ਦਾ ਸਰਕਾਰੀ ਪ੍ਰਾਇਮਰੀ ਸਕੂਲ, ਜੁਮਲਾ ਮਾਲਕਨ, ਬਰਨਾਲਾ ਵਿਖੇ ਅਤੇ ਮਹਿਲ ਕਲਾਂ ਦਾ ਦਫ਼ਤਰ ਬਲਾਕ ਸਮਿਤੀ, ਮਹਿਲ ਕਲਾਂ ਵਿਖੇ ਸਥਾਪਿਤ ਕੀਤਾ ਗਿਆ ਹੈ । ਭਦੌੜ ਖੇਤਰ ਦਾ ਪੀ.ਡਬਲਿਊ.ਡੀ. ਬੂਥ ਸਰਕਾਰੀ ਪ੍ਰਾਇਮਰੀ ਸਕੂਲ, ਰੂੜੇਕੇ ਕਲਾਂ ਵਿਖੇ, ਬਰਨਾਲਾ ਦਾ ਸਰਕਾਰੀ ਪ੍ਰਾਇਮਰੀ ਸਕੂਲ, ਪੱਤੀ ਬਾਜਵਾ, ਬਰਨਾਲਾ ਵਿਖੇ ਅਤੇ ਮਹਿਲ ਕਲਾਂ ਦਾ ਸਰਕਾਰੀ ਐਲੀਮੈਂਟਰੀ, ਪੰਡੋਰੀ ਵਿਖੇ ਸਥਾਪਿਤ ਕੀਤਾ ਗਿਆ ਹੈ।

# ਸ਼ਹੀਦ ਅਗਨੀਵੀਰ ਅਜੈ ਦੇ ਪਰਿਵਾਰ ਨੂੰ ਮਿਲ ਭਾਵੁਕ ਹੋਏ ਰਾਹੁਲ ਗਾਂਧੀ

**ਖੰਨਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਂਗਰਸ ਦੇ ਸੀਨੀਅਰ ਲੀਡਰ ਰਾਹੁਲ ਗਾਂਧੀ ਨੇ ਖੰਨਾ ਦੇ ਪਿੰਡ ਰਾਮਗੜ੍ਹ ਸਰਦਾਰਾਂ ਵਿੱਚ ਸ਼ਹੀਦ ਅਗਨੀਵੀਰ ਅਜੈ ਕੁਮਾਰ ਦੇ ਪਰਿਵਾਰ ਨਾਲ ਮੁਲਾਕਾਤ ਕੀਤੀ। ਰਾਹੁਲ ਗਾਂਧੀ ਨੇ ਸ਼ਹੀਦ ਦੇ ਮਾਤਾ-ਪਿਤਾ ਤੇ ਛੇ ਭੈਣਾਂ ਨਾਲ ਮੁਲਾਕਾਤ ਕੀਤੀ ਤੇ ਸ਼ਹੀਦ ਅਜੈ ਦੀ ਸ਼ਹਾਦਤ ਨੂੰ ਸ਼ਰਧਾਂਜਲੀ ਦੇਣ ਲਈ ਸਿਰ ਝੁਕਾਇਆ। ਰਾਹੁਲ ਗਾਂਧੀ ਜਦੋਂ ਸ਼ਹੀਦ ਅਜੈ ਦੇ ਪਿਤਾ ਚਰਨਜੀਤ ਦਾ ਹੱਥ ਫੜ ਕੇ ਸ਼ਹੀਦ ਦੀ ਜੀਵਨ ਗਾਥਾ ਸੁਣ ਰਹੇ ਸਨ ਤਾਂ ਉਨ੍ਹਾਂ ਨੇ ਭਾਵੁਕ ਹੋ ਕੇ ਵਾਅਦਾ ਕੀਤਾ ਕਿ ਜੇਕਰ ਉਨ੍ਹਾਂ ਦੀ ਸਰਕਾਰ ਸੱਤਾ ’ਚ ਆਈ ਤਾਂ ਉਹ ਅਗਨੀਵੀਰ ਸਕੀਮ ਨੂੰ ਸਭ ਤੋਂ ਪਹਿਲਾਂ ਰੱਦ ਕਰਨਗੇ। ਉਨ੍ਹਾਂ ਨੇ ਕਿਹਾ ਕਿ ਇਸ ਸਕੀਮ ਨੂੰ ਪਾੜ ਕੇ ਰੱਦੀ ਦੀ ਟੋਕਰੀ ਵਿੱਚ ਸੁੱਟ ਦੇਣਗੇ। ਰਾਹੁਲ ਗਾਂਧੀ ਨੇ ਲਗਪਗ 20 ਮਿੰਟ ਕਮਰੇ ਵਿੱਚ ਸ਼ਹੀਦ ਦੇ ਪਰਿਵਾਰ ਨਾਲ ਮੁਲਾਕਾਤ ਕੀਤੀ। ਸਭ ਤੋਂ ਪਹਿਲਾਂ ਰਾਹੁਲ ਨੇ ਪਰਿਵਾਰ ਕੋਲੋਂ ਅਜੈ ਦੇ ਫੌਜ ’ਚ ਭਰਤੀ ਹੋਣ ਦੀ ਜਾਣਕਾਰੀ ਲਈ। ਪਰਿਵਾਰ ਨੇ ਦੱਸਿਆ ਕਿ ਅਜੈ ਗਰੀਬੀ ਤੋਂ ਉੱਠ ਕੇ ਕਿਵੇਂ ਅਗਨੀਵੀਰ ਬਣਿਆ। ਅਜੈ ਦੀ ਮਿਹਨਤ ਦੀ ਕਹਾਣੀ ਸੁਣ ਕੇ ਰਾਹੁਲ ਵੀ ਭਾਵੁਕ ਹੋ ਗਏ। ਰਾਹੁਲ ਨੇ ਆਖਰ ਵਿੱਚ ਪਰਿਵਾਰ ਨੂੰ ਭਰੋਸਾ ਦਿਵਾਇਆ ਕਿ ਜੇਕਰ ਇੰਡੀਆ ਗੱਠਜੋੜ ਸਰਕਾਰ ਸੱਤਾ ਵਿੱਚ ਆਉਂਦੀ ਹੈ ਤਾਂ ਅਗਨੀਵੀਰ ਸਕੀਮ ਨੂੰ ਰੱਦ ਕਰ ਦਿੱਤਾ ਜਾਏਗਾ।

ਪ੍ਰੋ. ਨਵ ਸੰਗੀਤ ਸਿੰਘ

**ਅਮੀਰ ਤੋਂ ਅਮੀਰ ਅਤੇ ਸਧਾਰਨ ਤੋਂ ਸਧਾਰਨ ਬੰਦਾ ਵਿਖਾਵੇ ਦੀ ਲਪੇਟ ਵਿਚ ਆ ਰਿਹਾ ਹੈ। ਇਸ ਪੂੰਜੀਵਾਦੀ ਨਿਜ਼ਾਮ ਵਿਚ ਹਰ ਚੀਜ਼ ਉਪਲੱਬਧ ਹੈ, ਬੱਸ ਤੁਹਾਡੇ ਕੋਲ ਪੈਸਾ ਹੋਣਾ ਚਾਹੀਦਾ ਹੈ ਇਸ ਨੂੰ ਖ਼ਰੀਦਣ ਲਈ ਬੇਸ਼ੱਕ ਇਹ ਪੈਸਾ ਤੁਸੀਂ ਕਰਜ਼ ਹੀ ਕਿਉਂ ਨਾ ਲਿਆ ਹੋਵੇ।**

# ਵਿਖਾਵੇ ਦੀ ਹੋੜ 'ਚ ਪਿਆ ਮਨੁੱਖ

ਆਧੁਨਿਕ ਯੁੱਗ ਪ੍ਰਤੀਯੋਗਤਾ ਦਾ ਯੁੱਗ ਹੈ। ਪ੍ਰਤੀਯੋਗਤਾ ਦੇ ਇਸ ਦੌਰ ਵਿਚ ਹਰ ਕੋਈ ਇਕ ਦੂਜੇ ਤੋਂ ਵੱਧ ਕੇ ਵਿਖਾਵਾ ਕਰਨਾ ਲੋਚਦਾ ਹੈ, ਚਾਹੇ ਇਸ ਦੇ ਲਈ ਉਹ ਨੂੰ ਕਰਜ਼ਾ ਵੀ ਕਿਉਂ ਨਾ ਚੁੱਕਣਾ ਪਵੇ। ਅਮੀਰ ਤੋਂ ਅਮੀਰ ਤੇ ਸਧਾਰਨ ਤੋਂ ਸਧਾਰਨ ਬੰਦਾ ਵੀ ਇਸ ਵਿਖਾਵੇ ਦੀ ਲਪੇਟ ਵਿਚ ਆ ਗਿਆ ਹੈ। ਇਸ ਪੂੰਜੀਵਾਦੀ ਨਿਜ਼ਾਮ ਵਿਚ ਹਰ ਚੀਜ਼ ਉਪਲੱਬਧ ਹੈ, ਬੱਸ ਤੁਹਾਡੇ ਕੋਲ ਪੈਸਾ ਹੋਣਾ ਚਾਹੀਦਾ ਹੈ। ਇਸ ਲੇਖ ਵਿਚ ਅਸੀਂ ਸਿਰਫ਼ ਵਿਆਹਾਂ 'ਤੇ ਹੁੰਦੀਆਂ ਫ਼ਜ਼ੂਲ-ਖ਼ਰਚੀਆਂ ਬਾਰੇ ਗੱਲ ਕਰਾਂਗੇ। ਮੈਂ ਆਪਣੇ ਵਿਆਹ ਦੀ ਗੱਲ ਦੱਸਦਾ ਹਾਂ। ਮੈਂ ਵਿਆਹ ਤੇ ਵਿਖਾਵੇ ਦੀ ਕੋਈ ਚੀਜ਼ ਨਹੀਂ ਸੀ ਕੀਤੀ। ਨਾ ਬੈਂਡ-ਵਾਜਾ ਲੈ ਕੇ ਗਿਆ ਤੇ ਨਾ ਹੀ ਵੀਡੀਓ ਜਾਂ ਫੋਟੋਗ੍ਰਾਫਰ। ਮੇਰੇ ਵੱਲੋਂ ਆਪਣੇ ਵਿਆਹ ਵਿਚ ਸਧਾਰਨਤਾ ਨੂੰ ਪਹਿਲ ਦਿੱਤੀ ਗਈ ਤੇ ਅਸੀਂ ਸਿਰਫ਼ ਇੱਕੀ ਮੈਂਬਰ ਵਿਆਹ ਵਿਚ ਸ਼ਾਮਲ ਹੋਏ। ਇਸ ਸਧਾਰਨਤਾ ਕਰਕੇ ਮੇਰੇ ਸਹੁਰੇ-ਪਰਿਵਾਰ ਵਾਲੇ ਬਹੁਤ ਸਾਰੀਆਂ ਵਿਖਾਵੇ ਦੀਆਂ ਰਸਮਾਂ ਕਰਨ ਤੋਂ ਵੀ ਵਾਂਝੇ ਰਹਿ ਗਏ। ਮੈਨੂੰ ਸ਼ਹਿਰੀ ਸਮਝ ਕੇ ਲੜਕੀ ਵਾਲਿਆਂ ਵੱਲੋਂ ਮੇਰਾ ਵਿਆਹ ਹੋਟਲ ਵਿਚ ਰੱਖਿਆ ਗਿਆ, ਜਦਕਿ ਪਿੰਡ ਵਿਚ ਮੇਰੇ ਸਹੁਰੇ-ਪਰਿਵਾਰ ਦਾ ਕਾਫ਼ੀ ਖੁੱਲ੍ਹਾ- ਡੁੱਲ੍ਹਾ ਘਰ ਸੀ ਜਿੱਥੇ ਬੜੇ ਆਰਾਮ ਨਾਲ ਬਰਾਤ ਤੇ ਮੈਂਬਰਾਂ ਦੀ ਆਓ-ਭਗਤ ਕੀਤੀ ਜਾ ਸਕਦੀ ਸੀ।

ਇਹੋ ਜਿਹੀ ਹੀ ਇਕ ਹੋਰ ਝਾਕੀ ਬੀਤੇ ਦਿਨੀਂ ਮੈਨੂੰ ਵੇਖਣ ਨੂੰ ਮਿਲੀ। ਮੇਰੀ ਇਕ ਵਿਦਿਆਰਥਣ ਦੀ ਸ਼ਾਦੀ ਸੀ। ਉਹਨੇ ਮੈਨੂੰ ਸ਼ਾਦੀ ਦਾ ਕਾਰਡ ਦਿੱਤਾ ਤੇ ਸ਼ਾਦੀ 'ਤੇ ਪਹੁੰਚਣ ਦੀ ਤਾਕੀਦ ਕੀਤੀ ਸੀ। ਉਂਝ ਤਾਂ ਮੈਂ ਵਿਆਹਾਂ-ਸ਼ਾਦੀਆਂ ਦੇ ਸਮਾਗਮਾਂ ਵਿਚ ਘੱਟ ਹੀ ਜਾਂਦਾ ਹਾਂ ਪਰ ਲੜਕੀ ਦੇ ਵਾਰ-ਵਾਰ ਕਹਿਣ ਤੇ ਮਜਬੂਰਨ ਮੈਨੂੰ ਜਾਣਾ ਪਿਆ। ਹਾਲਾਂਕਿ ਮੇਰੇ ਵਰਗੇ ਬੰਦੇ ਲਈ ਉੱਥੇ ਕੁਝ ਨਹੀਂ ਹੁੰਦ, ਖੈਰ...।

ਲੜਕੀ ਵਾਲਿਆਂ ਵੱਲੋਂ ਘਰ ਵਿਚ ਹੀ ਬਰਾਤ ਦਾ ਸਵਾਗਤ ਕੀਤਾ ਜਾਣਾ ਸੀ, ਜਿਸ ਦਾ ਜ਼ਿਕਰ ਕਾਰਡ ਵਿਚ ਵੀ ਕੀਤਾ ਹੋਇਆ ਸੀ ਪਰ ਐਨ ਮੌਕੇ 'ਤੇ ਮੌਸਮ ਖ਼ਰਾਬ ਹੋਣ ਕਰਕ`(ਮੀਂਹ ਪੈਣ ਕਰਕੇ) ਲੜਕੀ ਵਾਲਿਆਂ ਨੇ ਨੇੜੇ ਦਾ ਇਕ ਮੈਰਿਜ ਪੈਲੇਸ ਖੜ੍ਹੇ ਪੈਰ ਮਹਿੰਗੇ ਮੁੱਲ 'ਤੇ ਬੁੱਕ ਕਰਵਾ ਲਿਆ। ਹਾਲਾਂਕਿ ਇਹਦੀ ਕੋਈ ਲੋੜ ਨਹੀਂ ਸੀ। ਵਿਆਹ ਵਾਲੀ ਲੜਕੀ ਦੀਆਂ ਕੁਝ ਸਹੇਲੀਆਂ (ਮੇਰੀਆਂ ਹੋਰ ਵਿਦਿਆਰਥਣਾਂ) ਵੀ ਵਿਆਹ ਵਿਚ ਪੂਰਾ ਸਜ-ਧੱਜ ਕੇ ਪੁੱਜੀਆਂ ਹੋਈਆਂ ਸਨ। ਠੰਢ ਬਹੁਤ ਪੈ ਰਹੀ ਸੀ ਤੇ ਉੱਤੋਂ ਮੀਂਹ ਵੀ ਪੈਣ ਲੱਗਾ ਪਰ ਮੈਂ ਇਹ ਵੇਖ ਕੇ ਹੈਰਾਨ ਰਹਿ ਗਿਆ ਕਿ ਵਿਆਹ ਵਾਲੀ ਲੜਕੀ, ਜੋ ਉਂਜ ਵੀ ਨਾਜ਼ਕ/ ਪਤਲੀ ਜਿਹੀ ਸੀ, ਨੇ ਲਹਿੰਗਾ ਪਹਿਨਿਆ ਹੋਇਆ ਸੀ ਤੇ ਉੱਤੋਂ ਟਾਪ, ਬਿਨਾਂ ਬਾਹਵਾਂ ਦਾ। ਉਹਦੀਆਂ ਹੋਰ ਸਹੇਲੀਆਂ ਨੇ ਵੀ ਕਢਾਈ ਵਾਲੇ ਸੂਟ ਪਹਿਨੇ ਹੋਏ ਸਨ ਤੇ ਹੇਠਾਂ ਪੈਨਸਲ-ਹੀਲ ਦੇ ਸੈਂਡਲ। ਮੀਂਹ ਤੇ ਠੰਢ ਕਾਰਨ ਲੋਕ ਕੰਬਦੇ ਜਾ ਰਹੇ ਸਨ ਪਰ ਇਨ੍ਹਾਂ ਕੁੜੀਆਂ ਵੱਲ ਵੇਖ ਕੇ ਮੈਨੂੰ ਹੈਰਾਨੀ ਹੋ ਰਹੀ ਸੀ ਕਿ ਉਨ੍ਹਾਂ ਨੇ ਦਿਖਾਵੇ ਦੀ ਖ਼ਾਤਰ ਕਿੰਨਾ ਹਾਰ-ਸ਼ਿੰਗਾਰ ਕੀਤਾ ਹੋਇਆ ਸੀ ਤੇ ਸੂਟਾਂ ਦੀ ਕਢਾਈ ਵਿਖਾਉਣ ਲਈ ਕੋਈ ਵੀ ਜੈਕਿਟ ਵਗੈਰਾ ਨਹੀਂ ਸੀ ਪਹਿਨੀ। ਮੈਂ ਬਾਅਦ ਵਿਚ ਉਨ੍ਹਾਂ ਵਿਦਿਆਰਥਣਾਂ ਤੋਂ ਇਹੋ-ਜਿਹੀ ਸ਼ਾਨੋ- ਸ਼ੌਕਤ ਕਰਨ ਦਾ ਕਾਰਨ ਪੁੱਛਿਆ ਤਾਂ ਉਨ੍ਹਾਂ ਨੇ ਬਿਨਾਂ ਝਿਜਕ ਤੋਂ ਜਵਾਬ ਦਿੱਤਾ ਸਰ, ਇਹੋ ਤਾਂ ਮੌਕੇ ਹੁੰਦੇ ਨੇ ਸੱਜਣ-ਸੰਵਰਨ ਦੇ। ਕਦੇ-ਕਦਾਈਂ ਤਾਂ ਵਿਆਹਾਂ 'ਤੇ ਜਾਈਦੈ। ਜੇ ਬੰਦਾ ਸਧਾਰਨ ਜਿਹਾ ਬਣ ਕੇ ਜਾਵੇ ਤਾਂ ਉਹਨੂੰ ਕੋਈ ਵਿੰਹਦਾ ਹੀ ਨਹੀਂ। ਮੈਂ ਸੋਚਣ ਲੱਗਿਆ ਕੀ ਇਹੋ ਸਾਡਾ ਵਿਰਸਾ ਹੈ? ਸਾਡਾ ਵਿਰਸਾ ਇੰਨਾ ਸਮਰੱਥ ਹੈ ਕਿ ਅਸੀਂ ਪੰਜਾਬੀ ਪਹਿਰਾਵਾ (ਸਲਵਾਰ-ਕਮੀਜ਼, ਬਾਗ਼, ਫੁਲਕਾਰੀ) ਪਹਿਨ ਕੇ ਵੀ ਆਪਣਾ ਹਾਰ-ਸ਼ਿੰਗਾਰ ਪ੍ਰਗਟਾ ਸਕਦੇ ਹਾਂ। ਇਹੋ ਜਿਹੇ ਹੀ ਇਕ ਹੋਰ ਵਿਆਹ ਦੀ ਮੈਨੂੰ ਯਾਦ ਆ ਰਹੀ ਹੈ, ਜਿਸ ਵਿਚ ਕੁੜੀ ਵਾਲਿਆਂ ਨੇ 65 ਪ੍ਰਕਾਰ ਦੀਆਂ ਚੀਜ਼ਾਂ ਤਿਆਰ ਕੀਤੀਆਂ ਹੋਈਆਂ ਸਨ। ਕੁੜੀ ਵਾਲੇ ਤੇ ਕੁੜੀ ਵੀ ਮੇਰੀ ਜਾਣਕਾਰ ਸੀ ਤੇ ਇਹ ਗੱਲ ਕੁੜੀ ਨੇ ਮੈਨੂੰ ਖ਼ਾਸ ਤੌਰ 'ਤੇ ਦੱਸੀ ਸੀ ਕਿ ਉਹਦੇ ਵਿਆਹ ਵਿਚ ਕਿੰਨੀਆਂ ਖਾਣ-ਪੀਣ ਦੀਆਂ ਚੀਜ਼ਾਂ ਹਨ। ਜਦ ਮੈਂ ਉਹਨੂੰ ਪੁੱਛਿਆ ਕਿ ਤੂੰ ਕਿੰਨੀਆਂ ਚੀਜ਼ਾਂ ਦਾ ਸੁਆਦ ਵੇਖਿਆ ਤਾਂ ਉਹਨੇ ਦੱਸਿਆ ਕਿ ਇਕ ਦਾ ਵੀ ਨਹੀਂ। ਫਿਰ ਮੈਂ ਜਾਣਨਾ ਚਾਹਿਆ ਕਿ ਜੇ ਤੂੰ ਇਕ ਵੀ ਚੀਜ਼ ਨਹੀਂ ਖਾਧੀ ਤਾਂ ਫਿਰ ਇੰਨੀਆਂ ਚੀਜ਼ਾਂ ਬਣਾਉਣ ਦਾ ਕੀ ਫਾਇਦਾ। ਉਹਨੇ ਮਾਣ ਨਾਲ ਕਿਹਾ ਸੀ, 'ਬਰਾਤੀਆਂ ਨੂੰ ਤਾਂ ਦੱਸਣਾ ਸੀ, ਵਿਖਾਉਣਾ ਸੀ ਕਿ ਅਸੀਂ ਵੀ ਕੋਈ ਚੀਜ਼ ਹਾਂ।'

ਇਵੇਂ ਹੀ ਇਕ ਹੋਰ ਮਿੱਤਰ ਦੇ ਵਿਆਹ ਦੀ ਘਟਨਾ ਹੈ। ਉਹਨੇ ਦਾਜ-ਦਹੇਜ ਲੈਣ ਤੋਂ ਸਾਫ਼ ਇਨਕਾਰ ਕਰਦਿਆਂ ਕੁੜੀ ਵਾਲਿਆਂ ਨੂੰ ਇੰਨਾ ਹੀ ਕਿਹਾ ਕਿ ਮੈਨੂੰ ਕਿਸੇ ਚੀਜ਼ ਦੀ ਲੋੜ ਨਹੀਂ ਪਰ ਇੰਨਾ ਜ਼ਰੂਰ ਕਰਿਓ ਕਿ ਬਰਾਤ ਦੀ ਸੇਵਾ ਰੱਜ ਕੇ ਹੋਵੇ। ਉਹ ਵੀ ਇਹੋ ਵਿਖਾਉਣਾ ਚਾਹੁੰਦਾ ਸੀ ਕਿ ਬਰਾਤੀ ਕਿਸੇ ਗੱਲੋਂ ਨਾਰਾਜ਼ ਨਾ ਹੋ ਜਾਣ। ਮਤਲਬ ਦਾਰੂ ਵੀ ਹੋਵੇ ਤੇ ਮੁਰਗ-ਮੁਸੱਲਮ ਵੀ। ਅੱਜ ਕੱਲ੍ਹ ਦੇ ਵਿਆਹਾਂ ਦੀ ਤਾਂ ਗੱਲ ਛੱਡੋ, ਭੋਗਾਂ, ਮਰਨਿਆਂ-ਪਰਨਿਆਂ ਦੇ ਸਮਾਗਮਾਂ ਵਿਚ ਵੀ ਪੂਰਾ ਵਿਖਾਵਾ ਹੁੰਦਾ ਹੈ। ਮੌਤ ਦੇ ਭੋਗ ਤੇ ਲੱਡੂ, ਜਲੇਬੀਆਂ, ਪਕੌੜੇ ਪਰੋਸੇ ਜਾਂਦੇ ਹਨ। ਪਤਾ ਨਹੀਂ ਉਹ ਮੌਤ ਦੀ ਖ਼ੁਸ਼ੀ ਪ੍ਰਗਟ ਕਰ ਰਹੇ ਹੁੰਦੇ ਨੇ ਜਾਂ ਗ਼ਮੀ। ਜਦਕਿ ਮਰਗ ਦੇ ਭੋਗ ਤਾਂ ਬਹੁਤ ਹੀ ਸਧਾਰਨ ਹੋਣੇ ਚਾਹੀਦੇ ਹਨ, ਜਿੱਥੇ ਸਿਰਫ਼ ਬਾਹਰੋਂ ਆਏ ਮਹਿਮਾਨਾਂ ਲਈ ਹੀ ਰੋਟੀ-ਦਾਲ ਪਰੋਸੀ ਜਾਵੇ। ਵਿਆਹਾਂ ਉੱਤੇ ਮਹਿੰਗੇ ਮੈਰਿਜ ਪੈਲੇਸ, ਮਹਿੰਗੀਆਂ ਗੱਡੀਆਂ ਦੇ ਤੋਹਫ਼ੇ, ਸ਼ਰਾਬਾਂ, ਫਾਲਤੂ ਭੋਜਨ, ਖਾਣੇ ਦੀਆਂ ਸਟਾਲਾਂ, ਡੀਜੇ, ਲਾਈਟਾਂ ਦੀ ਚਕਾਚੌਂਧ, ਬੰਦੂਕਾਂ ਦੇ ਫਾਇਰ ਆਦਿ ਸਾਡੀ ਆਪ ਸਹੇੜੀ ਬਰਬਾਦੀ ਦੇ ਕਾਰਨ ਹਨ ਜਿਹਨੂੰ ਆਮ ਸ਼ਬਦਾਂ ਵਿਚ 'ਅੱਡੀਆਂ ਚੁੱਕ ਕੇ ਫਾਹਾ ਲੈਣਾ' ਕਿਹਾ ਜਾਂਦਾ ਹੈ। ਅਜੇ ਵੀ ਡੁੱਲ੍ਹੇ ਬੇਰਾਂ ਦਾ ਕੁਝ ਨਹੀਂ ਵਿਗੜਿਆ। ਸਾਨੂੰ ਸੁਚੇਤ ਹੋਣ ਦੀ ਲੋੜ ਹੈ। ਇਹੋ ਜਿਹੇ ਸਮਾਗਮਾਂ ਵਿਚ ਕੀਤੀ ਫ਼ਜ਼ੂਲ ਖ਼ਰਚੀ ਅਤੇ ਲੋੜ ਤੋਂ ਵੱਧ ਵਿਖਾਵਾ ਸਾਡੀ ਬਰਬਾਦੀ ਦਾ ਕਾਰਨ ਬਣ ਸਕਦੀ ਹੈ। •

94176-92015



### ਦਾਜ ਲੈਣ ਤੋਂ ਇਨਕਾਰ

*ਇਕ ਮਿੱਤਰ ਦੇ ਵਿਆਹ ਦੀ ਘਟਨਾ ਹੈ। ਉਹਨੇ ਦਾਜ-ਦਹੇਜ ਲੈਣ ਤੋਂ ਸਾਫ਼ ਇਨਕਾਰ ਕਰਦਿਆਂ ਕੁੜੀ ਵਾਲਿਆਂ ਨੂੰ ਇੰਨਾ ਹੀ ਕਿਹਾ ਕਿ ਮੈਨੂੰ ਕਿਸੇ ਚੀਜ਼ ਦੀ ਲੋੜ ਨਹੀਂ ਪਰ ਇੰਨਾ ਜ਼ਰੂਰ ਕਰਿਓ ਕਿ ਬਰਾਤ ਦੀ ਸੇਵਾ ਰੱਜ ਕੇ ਹੋਵੇ। ਉਹ ਵੀ ਇਹੋ ਵਿਖਾਉਣਾ ਚਾਹੁੰਦਾ ਸੀ ਕਿ ਬਰਾਤੀ ਕਿਸੇ ਗੱਲੋਂ ਨਾਰਾਜ਼ ਨਾ ਹੋ ਜਾਣ। ਮਤਲਬ ਦਾਰੂ ਵੀ ਹੋਵੇ ਤੇ ਮੁਰਗ-ਮੁਸੱਲਮ ਵੀ। ਦੱਸੋ ਭਲਾ ਇਹ ਕੀ ਗੱਲ ਹੋਈ। ਜੇ ਅਸਲੀਅਤ ਵਿਚ ਤੁਸੀ ਚਾਹੁੰਦੇ ਹੋ ਕਿ ਵਿਖਾਵਾ ਨਾ ਕੀਤਾ ਜਾਵੇ ਤਾਂ ਸੱਚ ਮੁੱਚ ਹੀ ਅਜਿਹੀਆਂ ਰਸਮਾਂ ਤੋਂ ਪ੍ਰਹੇਜ਼ ਕਰੋ ਜੋ ਖ਼ਰਚੀਲੀਆਂ ਹਨ।*

---

ਜੀਤ ਹਰਜੀਤ

# ਇਨਸਾਨ ਜੋ ਬੀਜਦਾ ਓਹੀ ਵੱਢਦੈ



ਸਮੇਂ ਅਤੇ ਜ਼ਿੰਦਗੀ ਵਿਚਕਾਰ ਇਕ ਸਮਾਨਤਾ ਜੋ ਮੈਨੂੰ ਨਜ਼ਰ ਆਉਂਦੀ ਹੈ ਉਹ ਇਹ ਹੈ ਕਿ ਇਹ ਦੋਨੋਂ ਕਦੇ ਕਿਸੇ ਲਈ ਰੁਕਦੇ ਨਹੀਂ ਜਾਂ ਇਹ ਕਹਿ ਲਓ ਕਿ ਰੁਕਣਾ ਇਨ੍ਹਾਂ ਦੇ ਸੁਭਾਅ ਵਿਚ ਹੀ ਨਹੀਂ। ਸਮੇਂ ਨੂੰ ਬੇਸ਼ੱਕ ਤਕਨੀਕੀ ਮਾਹਿਰਾਂ ਨੇ ਘੜੀਆਂ ਵਿਚ ਬੰਨ੍ਹਣ ਦੀ ਵੀ ਕੋਸ਼ਿਸ਼ ਕੀਤੀ ਪਰ ਇਸ ਨੇ ਆਪਣਾ ਸੁਭਾਅ ਨਹੀਂ ਬਦਲਿਆ। ਤਕਨੀਕ ਨਾਲ ਬਣੀਆਂ ਘੜੀਆਂ ਭਾਵੇਂ ਰੁੱਕ ਗਈਆਂ ਪਰ ਸਮਾਂ ਨਹੀਂ ਰੁਕਿਆ। ਇਸ ਤਰ੍ਹਾਂ ਹੀ ਜ਼ਿੰਦਗੀ ਹੈ। ਇਹ ਸਦਾ ਹੀ ਚਲਦੀ ਰਹਿੰਦੀ ਹੈ। ਕਿਸੇ ਦੇ ਜਾਣ-ਆਉਣ, ਹੋਣ ਨਾ ਹੋਣ ਦਾ ਇਸ 'ਤੇ ਕੋਈ ਅਸਰ ਨਹੀਂ ਹੁੰਦਾ। ਮਾਹੌਲ ਕੋਈ ਵੀ ਹੋਵੇ ਦੁੱਖ ਹੋਣ ਜਾਂ ਫਿਰ ਖ਼ੁਸ਼ੀਆਂ ਨਾਲ ਪੱਲੇ ਲੱਦੇ ਹੋਣ ਜ਼ਿੰਦਗੀ ਸਦਾ ਚਲਦੀ ਰਹਿੰਦੀ ਹੈ। ਸ਼ਾਇਦ ਇਸ ਲਈ ਹੀ ਬੁਰੇ ਵਕਤ ਵਿਚ ਹੌਸਲਾ ਦਿੰਦੇ ਹੋਏ ਸਿਆਣੇ ਕਹਿੰਦੇ ਹਨ, 'ਕੋਈ ਨਾ ਭਾਈ ਜੇ ਦਿਨ ਉਹ ਨ੍ਹੀਂ ਰਹੇ ਤਾਂ ਰਹਿਣੇ ਇਹ ਵੀ ਨਹੀਂ ਹੌਸਲਾ ਰੱਖੋ, ਇਹ ਸਮਾਂ ਵੀ ਲੰਘ ਜਾਏਗਾ।' ਉਨ੍ਹਾਂ ਦਾ ਇਹ ਕਥਨ ਸਦਾ ਚਲਦੇ ਰਹਿਣ ਵਾਲੇ ਸਮੇਂ ਦੇ ਸੁਭਾਅ ਦੀ ਬਾਤ ਪਾਉਂਦਾ ਹੈ। ਮੈਂ 'ਬਾਲ ਦਿਵਸ' 'ਤੇ ਛਪੀ ਇਕ ਰਿਪੋਰਟ ਵਿਚ ਪੜ੍ਹਿਆ ਕਿ ਜਿਨਾ ਨਵ-ਜੰਮਿਆਂ ਬੱਚਿਆਂ ਨੂੰ ਜੰਮਣ ਵਾਲੇ ਰੂੜੀਆਂ, ਗਲੀਆਂ, ਨਾਲੀਆਂ 'ਚ ਸੁੱਟ ਗਏ ਸੀ ਉਨ੍ਹਾਂ ਦੀ ਜ਼ਿੰਦਗੀ ਨੇ ਵੀ ਉਨ੍ਹਾਂ ਨੂੰ ਵਿਦੇਸ਼ਾਂ ਤੱਕ ਦੀਆਂ ਉਡਾਣਾਂ ਭਰਾਈਆਂ ਹਨ। ਉਨ੍ਹਾਂ ਵਿੱਚੋਂ ਕਈ ਅਜਿਹੇ ਵੀ ਸਨ ਜਿਨ੍ਹਾਂ ਦਾ ਪਾਲਣ-ਪੋਸ਼ਣ ਕਰਨ ਤੋਂ ਉਨ੍ਹਾਂ ਦੇ ਮਾਪਿਆਂ ਨੇ ਆਰਥਿਕ ਮੰਦੀ ਕਾਰਨ ਹੱਥ ਖੜ੍ਹੇ ਕਰ ਦਿੱਤੇ ਸਨ ਤੇ ਕੁਝ ਬੱਚੇ ਅਜਿਹੇ ਵੀ ਸਨ ਜੋ ਨਜ਼ਾਇਜ ਤਰੀਕਿਆਂ ਨਾਲ ਪੈਦਾ ਹੋਏ ਸਨ। ਇਸ ਰਿਪੋਰਟ ਨੇ ਮੈਨੂੰ ਬਹੁਤ ਪ੍ਰਭਾਵਿਤ ਕੀਤਾ।

ਇਕੱਲੇ ਪੰਜਾਬ ਦੀ ਗੱਲ ਕਰੀਏ ਤਾਂ ਪਿਛਲੇ ਪੰਜ ਸਾਲਾਂ ਵਿਚ ਅਜਿਹੇ ਕੇਸਾਂ ਵਿੱਚੋਂ ਚਾਰ ਸੌ ਦੇ ਕਰੀਬ ਬੱਚੇ ਆਪਣੇ ਮੁਕੱਦਰ ਕਾਰਨ ਸਿਕੰਦਰ ਬਣਨ ਵਿਚ ਕਾਮਯਾਬ ਰਹੇ। ਇਨ੍ਹਾਂ ਸਾਰਿਆਂ ਨੇ ਆਪਣੇ-ਆਪਣੇ ਲੇਖਾਂ ਦੀਆਂ ਲਿਖੀਆਂ ਮੁਤਾਬਿਕ ਕਿੱਥੋਂ ਵਿਛੜ ਕੇ ਕਿੱਥੇ ਜਾਣਾ ਸੀ ਉਸ ਬਾਰੇ ਕਿਸੇ ਨੂੰ ਨਹੀਂ ਪਤਾ ਸੀ। ਇਨ੍ਹਾਂ ਵਿੱਚੋਂ ਇਕ ਬੱਚੇ ਦੇ ਲੇਖ ਤਾਂ ਦੇਖੋ ਜਿਸ ਨੂੰ ਇਕ ਨਾਬਾਲਗ ਮਾਂ ਨੇ ਜਨਮ ਦਿੱਤਾ, ਇਸ ਤੋਂ ਪਹਿਲਾਂ ਕਿ ਉਸ ਦੇ ਮੱਥੇ 'ਤੇ ਗ਼ੈਰਕਾਨੂੰਨੀ ਹੋਣ ਦਾ ਦਾਗ਼ ਲੱਗਦਾ ਉਸ ਨੂੰ ਹਾਈਕੋਰਟ ਦੇ ਜੱਜ ਨੇ ਗੋਦ ਲੈ ਲਿਆ। ਲੁਧਿਆਣਾ ਦੇ ਰੇਲਵੇ ਸਟੇਸ਼ਨ ਲਾਗੇ ਕੂੜੇ ਦੇ ਢੇਰ ਵਿੱਚੋਂ ਜਦੋਂ ਕਿਸੇ ਬੱਚੇ ਦੇ ਰੋਣ ਦੀ ਆਵਾਜ਼ ਇਕ ਰਾਹਗੀਰ ਦੇ ਕੰਨੀ ਪਈ ਤਾਂ ਉਸ ਨੇ ਉੱਥੇ ਦੇ ਲੋਕਾਂ ਦੀ ਮੱਦਦ ਉਸ ਨੂੰ ਫੌਰੀ ਹਸਪਤਾਲ ਪਹੁੰਚਾਇਆ, ਜੋ ਸਿਰਫ਼ 600 ਕਿਲੋਗਰਾਮ ਦਾ ਸੀ ਤੇ ਅੱਜ ਕੱਲ੍ਹ ਉਹ ਪੂਰੀ ਤਰ੍ਹਾਂ ਤੰਦਰੁਸਤ ਕਰੀਬ 10 ਕਿੱਲੋ ਦਾ ਹੋ ਗਿਆ ਹੈ ਤੇ ਉਸ ਨੂੰ ਅਮਰੀਕਾ ਦੇ ਇਕ ਗੋਰੇ ਨੇ ਗੋਦ ਲੈ ਲਿਆ ਹੈ। ਅਜਿਹੇ ਹੀ ਹੋਰ ਅਨੇਕਾਂ ਕੇਸ ਸਾਹਮਣੇ ਆਏ ਹਨ ਜਿਨ੍ਹਾਂ ਨੂੰ ਜਨਮ ਦੇਣ ਵਾਲਿਆਂ ਨੇ ਨਕਾਰਿਆ ਪਰ ਉਹ ਹੁਣ ਖ਼ੁਸ਼ੀਆਂ ਭਰਿਆ ਬਚਪਨ ਬਤੀਤ ਕਰ ਰਹੇ ਹਨ। ਇਨ੍ਹਾਂ ਸਾਰਿਆਂ ਬੱਚਿਆਂ ਦਾ ਜੀਵਨ ਸਾਡੇ ਸਭ ਲਈ ਪ੍ਰੇਰਨਾ ਸਰੋਤ ਹੈ ਕਿ ਸਾਡੇ ਹੱਥਾਂ ਵਿਚ ਸਿਰਫ਼ 'ਅੱਜ' ਹੈ, ਜਿਸ ਨੂੰ ਵਧੀਆ ਕਰ ਕੇ ਗੁਜ਼ਾਰਾ ਸਾਡੇ ਅਸਲੀ ਫ਼ਰਜ਼ ਅਤੇ ਇਨਸਾਨੀਅਤ ਦਾ ਮੁੱਢਲਾ ਧਰਮ ਹੈ

ਪਰ ਅਫ਼ਸੋਸ ਇਸ ਗੱਲ ਦਾ ਹੈ ਕਿ ਇਸ ਸਭ ਦੇ ਉਲਟ ਦੂਸਰੇ ਪਾਸੇ ਉਹ ਲੋਕ ਹਨ ਜੋ ਸਮੱਸਿਆਵਾਂ ਕਾਰਨ ਖ਼ੂਬਸੂਰਤ ਜ਼ਿੰਦਗੀ ਤੋਂ ਨਿਰਾਸ਼ ਹੋ ਕੇ ਬੈਠ ਜਾਂਦੇ ਹਨ। ਜ਼ਿੰਦਗੀ ਦੀ ਜੰਗ ਜਿੱਤਣ ਵਾਲੇ ਇਨ੍ਹਾਂ ਬੱਚਿਆਂ ਦਾ ਜੀਵਨ ਉਨ੍ਹਾਂ ਲੋਕਾਂ ਲਈ ਖ਼ਾਸ ਤੌਰ 'ਤੇ ਪ੍ਰੇਰਨਾਦਾਇਕ ਹੈ ਜੋ ਸਭ ਕੁਝ ਹੋਣ ਦੇ ਬਾਵਜੂਦ ਵੀ ਨਿਰਾਸ਼ਾ ਭਰਿਆ ਜੀਵਨ ਬਿਤਾ ਰਹੇ ਹਨ। ਜਿਸ ਤਰ੍ਹਾਂ ਮੈਂ ਪਹਿਲਾਂ ਕਹਿ ਚੁੱਕਾ ਹਾਂ ਕਿ ਜ਼ਿੰਦਗੀ ਕਦੇ ਨਹੀਂ ਰੁਕਦੀ। ਹਾਂ ਕਈ ਵਾਰ ਇਹ ਜ਼ਰੂਰ ਹੁੰਦਾ ਹੈ ਕਿ ਕੁਝ ਤੁਹਾਡੀ ਸੋਚ ਤੋਂ ਉਲਟ ਵਾਪਰ ਜਾਂਦਾ ਹੈ ਜਿਸ ਨੂੰ ਆਪਾਂ ਮਾੜਾ ਵਕਤ ਆਖ ਲੈਂਦੇ ਹਾਂ ਪਰ ਲੰਘ ਇਹ ਮਾੜਾ ਵਕਤ ਵੀ ਜਾਂਦਾ ਹੈ ਕਿਉਂਕਿ ਜਦੋਂ ਚੰਗੇ ਸਮੇਂ ਨੂੰ ਕੋਈ ਰੋਕ ਨਹੀ ਸਕਿਆ ਤਾਂ ਨਹੀਂ ਰੁਕਣਾ ਮਾੜੇ ਨੇ ਵੀ ਨਹੀਂ, ਜ਼ਰੂਰਤ ਹੈ ਉਸ ਵਕਤ ਆਪਣੇ ਹੌਸਲੇ ਨੂੰ ਬਣਾ ਕੇ ਰੱਖਣ ਦੀ। ਸਾਨੂੰ ਆਪਣੇ ਮਨ ਨੂੰ ਇਸ ਕਦਰ ਕੋਮਲ ਰੱਖਣਾ ਚਾਹੀਦਾ ਹੈ ਕਿ ਜਦੋਂ ਕਦੇ ਪ੍ਰਸਥਿਤੀਆਂ ਸਾਡੀ ਸੋਚ ਦੇ ਵਿਰੁੱਧ ਬਣਨ ਅਸੀ ਉਨ੍ਹਾਂ ਨੂੰ ਸਹਿਣ ਕਰ ਸਕੀਏ। ਇਹ ਹੋ ਸਕਦਾ ਹੈ ਕਿ 'ਅੱਜ' ਤੁਹਾਡੀ ਸੋਚ ਦੇ ਹਾਣ ਦਾ ਨਾ ਹੋਵੇ ਪਰ ਇਹ ਨਹੀਂ ਹੋ ਸਕਦਾ ਕਿ ਆਉਣ ਵਾਲਾ ਸਮਾਂ ਤੁਹਾਡੀ ਸੋਚ ਮੁਤਾਬਕ ਨਹੀਂ ਹੋਵੇਗਾ। ਆਪਣੀ ਮਿੱਥੀ ਮੰਜ਼ਿਲ ਲਈ ਸਦਾ ਮਿਹਨਤ ਕਰਦੇ ਰਹੋ। ਸੱਚੀ ਲਗਨ ਇਕ ਨਾ ਇਕ ਦਿਨ ਜ਼ਰੂਰ ਤੁਹਾਨੂੰ ਤੁਹਾਡੀ ਮੰਜ਼ਿਲ 'ਤੇ ਲੈ ਪਹੁੰਚੇਗੀ।

ਨਿਰਾਸ਼ ਹੋਣਾ, ਥੱਕ ਹਾਰ ਕੇ ਬੈਠਣਾ ਇਨਸਾਨ ਹਿੱਸੇ ਨਹੀਂ ਆਉਂਦਾ। ਇਨਸਾਨ ਦਾ ਧਰਮ ਹੈ ਸਦਾ ਚਲਦੇ ਰਹਿਣਾ। ਮਾਨਸ ਜਨਮ ਬਹੁਤ ਕੀਮਤੀ ਹੈ ਇਸ ਨੂੰ ਜ਼ਾਇਆ ਨਾ ਗਵਾਓ। ਤੁਹਾਡਾ ਆਉਣ ਵਾਲਾ ਕੱਲ੍ਹ ਤੁਹਾਡੇ ਹੱਥ ਵਿਚ ਨਹੀਂ, ਅੱਜ ਜ਼ਰੂਰ ਤੁਹਾਡੇ ਕੋਲ ਹੈ। ਕਿਸੇ ਵਿਦਵਾਨ ਦਾ ਕਹਿਣਾ ਹੈ ਕਿ ਜੇ ਤੁਸੀਂ ਆਉਣ ਵਾਲਾ ਸਮਾਂ ਸੋਹਣਾ ਦੇਖਣਾ ਚਾਹੁੰਦੇ ਹੋ ਤਾਂ ਆਪਣੇ ਅੱਜ ਨੂੰ ਸੋਹਣਾ ਕਰਕੇ ਗੁਜ਼ਾਰੋ। ਹਰ ਇਨਸਾਨ ਨੂੰ ਹਰ ਰੋਜ਼ ਇਕ ਜ਼ਿੰਦਗੀ ਰੂਪੀ ਸਾਫ਼ ਕਾਗ਼ਜ਼ ਮਿਲਦਾ ਹੈ ਇਹ ਉਸ ਇਨਸਾਨ ਦੇ ਹਿੱਸੇ ਹੈ ਉਸ ਨੇ ਇਸ ਕਾਗ਼ਜ਼ ਉੱਤੇ ਕਿਹੋ ਜਿਹੀਆਂ ਲੀਕਾਂ ਵਾਹੁਣੀਆਂ ਹਨ। ਇਨਸਾਨ ਉਸ ਕਾਗ਼ਜ਼ ਉੱਤੇ ਜਿਹੋ ਜਿਹਾ ਲਿਖਦਾ ਹੈ ਓਵੇਂ ਦਾ ਹੀ ਫ਼ਲ ਉਸ ਨੂੰ ਜੀਵਨ ਦੇ ਰੂਪ ਵਿਚ ਮਿਲਦਾ ਹੈ ਜਾਂ ਇੰਝ ਵੀ ਕਹਿ ਸਕਦੇ ਹਾਂ ਕਿਇਨਸਾਨ ਜੋ ਬੀਜਦਾ ਓਹੀ ਵੱਢਦੈ। •

97816-77772





---

# ਔਰਤ ਲਈ ਮਾਣ ਵਾਲੀ ਗੱਲ ਹੈ ਸਿਰ ਕੱਜਣਾ

ਰਾਜਿੰਦਰ ਕੌਰ ਚੌਹਕਾ

ਇਸਤਰੀਆਂ ਲਈ ਪਰਦਾ, ਬੁਰਕਾ, ਘੁੰਡ, ਹਿਜ਼ਾਬ ਰਾਹੀਂ ਆਪਣਾ ਚਿਹਰਾ ਛੁਪਾਉਣ ਨੇ ? ਮੌਜੂਦਾ ਉਸਾਰੂ ਸੋਚ, ਤਰਕਸ਼ੀਲਤਾ ਅਤੇ ਇਸਤਰੀ ਦੀ ਮਾਣ-ਮਰਿਆਦਾ ਜਿਹੇ ਸਵਾਲਾਂ ਪ੍ਰਤੀ ਸਮਾਜ ਅੰਦਰ ਅੱਜ ! 'ਇਸਤਰੀ ਅਧਿਕਾਰਾਂ' ਲਈ ਇਕ ਨਵੀਂ ਚੁਣੌਤੀ ਦੇ ਪ੍ਰਤੀ ਇਕ ਨਵੀਂ ਬਹਿਸ ਛੇੜ ਦਿੱਤੀ ਹੈ ? ਸ੍ਰੀਲੰਕਾ ਵਿਚ ਦਹਿਸ਼ਤਗਰਦੀ ਦੀ ਘਟਨਾ ਤੋਂ ਬਾਅਦ ਬੁਰਕੇ 'ਤੇ ਲੱਗੀ ਪਾਬੰਦੀ ਨੇ ਭਾਰਤ ਵਿਚ 'ਬੁਰਕਾ ਬਨਾਮ ਘੁੰਡ' ਨੂੰ ਇਕ ਨਵੇਂ ਵਾਦ-ਵਿਵਾਦ ਨੂੰ ਜਨਮ ਦਿੱਤਾ ਹੈ ਪ੍ਰੰਤੂ ! ਬੁਰਕੇ 'ਤੇ ਪਾਬੰਦੀ ਦੇ 'ਹੱਕ ਤੇ ਵਿਰੋਧ' ਵਿਚ ਉੱਠੀ ਬਹਿਸ ਦੇ ਨਾਲ 'ਆਸਕਰ-ਪੁਰਸਕਾਰ' ਜਿਤਣ ਵਾਲੇ ਸੰਗੀਤਕਾਰ ਏਆਰਰਹਿਮਾਨ ਦੀ ਲੜਕੀ 'ਖ਼ਦੀਜ਼ਾ' ਦੇ ਨਕਾਬ ਪਾਏ ਜਾਣ ਤੇ ਉਸ ਦੀ ਇਹ ਵਾਇਰਲ ਹੋਈ ਤਸਵੀਰ ਨੇ ਬਹਿਸ ਦਾ ਰੁੱਖ ਹੀ ਬਦਲ ਦਿੱਤਾ ਹੈ ! ਇਹ ਸਵਾਲ ਵੀ ਉਭਰ ਕੇ ਸਾਹਮਣੇ ਆਇਆ ਕਿ ਕੀ ਪਰਦੇ ਦੇ ਰਿਵਾਜ ਤੇ ਪਾਬੰਦੀ ਉੱਪਰ ਇਸਤਰੀਆਂ ਦੇ ਅਧਿਕਾਰਾਂ ਦੀ ਉਲੰਘਣਾ ਤਾਂ ਨਹੀਂ ਹੋ ਰਹੀ ਹੈ ? ਜਿਸ ਤਰ੍ਹਾਂ ਕਿ ਪਿਛਲੇ ਸਾਲ 'ਸੰਯੁਕਤ ਰਾਸ਼ਟਰ' ਦੀ ਮਨੁੱਖੀ ਅਧਿਕਾਰ ਸੰਮਤੀ ਨੇ ਬੁਰਕੇ ਉੱਪਰ ਲਾਈ ਪਾਬੰਦੀ ਨੂੰ ਨਾ-ਬਾਜਵ ਦੱਸਦਿਆਂ ਕਿਹਾ ਸੀ ਕਿ 'ਇਹ ਨਾ ਸਿਰਫ਼ ਇਸਤਰੀਆਂ ਦੇ ਅਧਿਕਾਰਾਂ ਦੀ ਉਲੰਘਣਾ ਹੈ ਬਲਕਿ ਉਨ੍ਹਾਂ ਦੇ ਧਾਰਮਿਕ-ਵਿਸ਼ਵਾਸ ਨੂੰ ਵੀ ਧੱਕਾ ਲੱਗਦਾ ਹੈ ? 'ਉੱਥੇ ਹੀ 'ਅਮੈਨੇਸਟੀ-ਇੰਟਰਨੈਸ਼ਨਲ' ਵੀ ਬੁਰਕੇ ਦੇ ਰੋਕ ਦੇ ਵਿਰੋਧ ਵਿਚ ਹੈ! ਇਸ ਜਥੇਬੰਦੀ ਦਾ ਇਹ ਵੀ ਮੰਨਣਾ ਹੈ ਕਿ, 'ਇਸਤਰੀਆਂ ਲਈ ਸਸ਼ਕਤੀਕਰਨ ਦਾ ਉਦੇਸ਼, ਉਨ੍ਹਾਂ ਲਈ ਮੌਜੂਦਾ ਮੌਕਿਆਂ ਨੂੰ ਵਧਾਉਣਾ ਹੈ, ਨਾ ਕਿ ਮੌਜੂਦਾ ਮੌਕਿਆਂ ਨੂੰ ਹੋਰ ਵੀ ਸੀਮਤ ਕਰ ਦੇਣਾ ਹੈ ?'

### ਔਰਤ ਦੀ ਮਰਜ਼ੀ

ਕੇਰਲ ਦੀ ਬਾਡੀ ਬਿਲਡਰ 'ਮਜੀਜ਼ੀਆ ਭਾਨੂੰ ਦੇ ਮੁਤਾਬਿਕ' ਜੇਕਰ ਕੋਈ ਇਸਤਰੀ ਆਪਣੇ ਸਰੀਰ ਨੂੰ ਦਿਖਾਉਣ ਲਈ ਆਜ਼ਾਦ ਹੈ ਤਾਂ ਉਸ ਨੂੰ ਆਪਣੇ ਸਰੀਰ ਨੂੰ ਢੱਕਣ ਲਈ ਵੀ ਆਜ਼ਾਦੀ ਚਾਹੀਦੀ ਹੈ ?' ਇਸ ਤਰ੍ਹਾਂ ਪਰਦੇ ਦਾ ਅਧਿਕਾਰ ਸਿਰਫ਼ ਔਰਤ ਦੀ ਮਰਜ਼ੀ ਤੇ ਹੀ ਛੱਡ ਦੇਣਾ ਮੁਨਾਸਿਬ ਨਹੀਂ ਹੋਵੇਗਾ? ਅੱਜ ਦੇ ਇਸ ਪ੍ਰਗਤੀਸ਼ੀਲ ਸਮਾਜ ਦਾ ਭਾਵੇਂ! ਇਕ ਵਰਗ ਇਸ ਨੂੰ ਪੁਰਾਣੀ ਪਰੰਪਰਾਵਾਂ ਦੇ ਨਾਲ ਜੋੜ ਕੇ ਦੇਖ ਰਿਹਾ ਹੈ ਪਰ ਵਿਕਾਸਸ਼ੀਲ-ਭਾਰਤ ਤੇ ਅਮਰੀਕਾ ਸਮੇਤ ਕਈ ਵਿਕਸਤ ਦੇਸ਼ਾਂ ਵਿਚ ਵੀ ਉਨ੍ਹਾਂ ਇਸਤਰੀਆਂ ਦੀਆਂ ਉਦਾਹਰਣਾਂ ਸਾਡੇ ਸਾਹਮਣੇ ਹਨ, ਜਿਨ੍ਹਾਂ ਨੇ ਇਸ ਪਰੰਪਰਾ ਨੂੰ ਸਦਾ ਹੀ ਆਪਣੇ ਅਧਿਕਾਰਾਂ ਤਹਿਤ ਨਿਭਾਉਂਦੇ ਹੋਏ ਹਿਜ਼ਾਬ ਪਾ ਕੇ ਸਿਰਫ਼ ਮਾਡਲਿੰਗ ਹੀ ਨਹੀਂ ਕੀਤੀ ਸੀ ? ਬਲਕਿ, ਵਾਕਈ 'ਬਾਡੀ ਬਿਲਡਰ ਚੈਂਪੀਅਨ ਪ੍ਰਤੀਯੋਗਤਾ' ਵਿਚ ਵੀ ਆਪਣੀ ਬੁਲੰਦੀ ਦਾ ਝੰਡਾ ਵੀ ਗੱਡਿਆ। ਕੁਝ ਸਮੇਂ ਪਹਿਲਾਂ ਫਿਲਮ 'ਦੰਗਲ' ਵਿਚ ਆਪਣੀ ਭੂਮਿਕਾ ਨਿਭਾ ਚੁੱਕੀ 'ਜਾਇਰਾ-ਵਸੀਮ' ਨੇ ਇਹ ਕਹਿ ਕੇ, ਹਿਜ਼ਾਬ ਪਾ ਕੇ ਇਸਤਰੀਆਂ, ਖ਼ੂਬਸੂਰਤ ਅਤੇ ਸੁਤੰਤਰ ਹੁੰਦੀਆਂ ਹਨ।

ਲੋਕਾਂ ਨੂੰ ਸੋਚਣ ਲਈ ਮਜਬੂਰ ਕਰ ਦਿੱਤਾ ਕਿ ਬੁਰਕਾ, ਘੁੰਡ ਜਾਂ ਹਿਜ਼ਾਬ ਇਸਤਰੀਆਂ ਦੀ ਆਜ਼ਾਦੀ ਵਿਚ ਸ਼ਾਮਲ ਹੋਣਾ ਚਾਹੀਦਾ ਹੈ ਜਾਂ ਪਰਦੇ ਨੂੰ ਇਸਤਰੀਆਂ ਦੀ ਆਜ਼ਾਦੀ ਦੇ ਰਾਹ ਵਿਚ ਪਈਆਂ ਬੇੜੀਆਂ ਵਾਂਗ ਦੇਖਣਾ ਚਾਹੀਦਾ ਹੈ ? ਸਮੇਂ ਦੀ ਮੰਗ ਇਹ ਹੈ, 'ਕਿ ਇਸ ਲਈ ਫ਼ੈਸਲਾ ਲੈਣ ਦਾ ਅਧਿਕਾਰ ਇਸਤਰੀ ਉੱਪਰ ਛੱਡ ਦੇਣਾ ਚਾਹੀਦਾ ਹੈ। ਆਪਣੇ ਹਾਲਾਤ ਮੁਤਾਬਿਕ ਸੋਚ ਕੇ ਉਹ ਸਭ ਕੁਝ ਤੈਅ ਕਰੇ ਕਿ, ਕੀ ਪਰਦਾ ਉਸ ਦੀ ਪੁਰਾਤਨ ਹੋ ਰਹੀ ਸੰਸਕ੍ਰਿਤੀ ਦਾ ਇਕ ਹਿੱਸਾ ਹੈ? ਜਾਂ ਉਸ ਦੀ ਆਜ਼ਾਦੀ ਜਾਂ ਉਸ ਦੇ ਵਿਅਕਤੀਤਵ ਦੇ ਰਸਤੇ ਵਿਚ ਰੋੜਾ ਹੈ ?' ਕਿਉਂਕਿ ਭਾਰਤ ਵਿਚ ਘੁੰਡ ਜਿੱਥੇ ਇਕ ਸੰਸਕ੍ਰਿਤੀ ਨਾਲ ਜੁੜੀ ਹੋਈ ਪਰੰਪਰਾ ਹੀ ਨਹੀਂ? ਸਗੋਂ ਇਹ ਇਕ ਗ਼ੁਲਾਮੀ ਦਾ ਵੀ ਪ੍ਰਤੀਕ ਹੈ ?'

### ਪੀੜ੍ਹੀ-ਦਰ ਪੀੜ੍ਹੀ ਚਲਣ ਵਾਲੀ ਗ਼ੁਲਾਮੀ

ਪਰਦਾ ਪੀੜ੍ਹੀ-ਦਰ ਪੀੜ੍ਹੀ ਚਲਣ ਵਾਲੀ 'ਗ਼ੁਲਾਮੀ' ਦੀ ਇਕ ਲਕੀਰ ਵੀ ਹੈ, ਜੋ ਅੱਗੋਂ ਇਹੋ ਜਿਹੀ ਪਰੰਪਰਾ ਰੂਪ ਧਾਰ ਗਈ, 'ਜਿੱਥੇ ਆਪਣੇ ਤੋਂ ਵੱਡਿਆਂ ਦਾ ਆਦਰ ਕਰਨ ਦੇ ਰੂਪ ਵਿਚ ਦੇਖਿਆ ਜਾਂਦਾ ਸੀ ਅਤੇ ਸਿਰ ਢੱਕ ਕੇ ਰੱਖਣ ਦੀ ਪਰੰਪਰਾ ਚਲਦੀ ਹੀ ਰਹੀ। ਸਾਮੰਤਵਾਦੀ ਅਤੇ ਗ਼ੁਲਾਮਦਾਰੀ ਦੌਰ ਅੰਦਰ ਕੁਝ ਇਸਤਰੀਆਂ ਦੀਆਂ ਉਦਾਹਰਣਾਂ ਵੀ ਮਿਲਦੀਆਂ ਹਨ, ਜਿੱਥੇ ਅਮੀਰ ਘਰਾਂ ਦੀਆਂ ਇਸਤਰੀਆਂ ਆਪਣੀ 'ਸੁੰਦਰਤਾ ਨੂੰ ਛੁਪਾਉਣ ਤੇ ਆਬਰੂ (ਇੱਜ਼ਤ) ਬਣਾਈ ਰੱਖਣ ਲਈ ਪਰਦੇ ਦਾ ਸਹਾਰਾ ਲੈਂਦੀਆਂ ਸਨ। ਅਰਬ ਦੇਸ਼ਾਂ ਵਿਚ ਵੀ ਰੇਤਾ, ਧੂੜ ਤੇ ਧੁੱਪ ਤੋਂ ਆਪਣੇ ਵਾਲਾਂ (ਸਿਰ) ਤੇ ਚਮੜੀ ਨੂੰ ਬਚਾਉਣ ਲਈ ਇਸਤਰੀਆਂ ਸਿਰ ਤੇ ਚਿਹਰੇ ਨੂੰ ਕੱਪੜੇ ਨਾਲ ਬੰਨ੍ਹ ਕੇ ਰੱਖਦੀਆਂ ਸਨ। ਅੱਜ ਇਸ ਦਾ ਬਦਲਿਆ ਹੋਇਆ ਰੂਪ ਸਾਡੇ ਸਾਹਮਣੇ ਹੈ। ਹੱਥਾਂ ਤੇ ਚਿਹਰੇ ਦੀ ਸੁਰੱਖਿਆ ਦੇ ਤੌਰ 'ਤੇ ਹਿਜ਼ਾਬ, ਸਕਾਰਫ਼, ਚੁੰਨੀ ਜਿਹੇ ਕਪੜੇ ਪਹਿਨੇ ਦੇਖਣ ਨੂੰ ਮਿਲਦੇ ਹਨ।

### ਦਾਰਸ਼ਨਿਕ ਅਤੇ ਇਤਿਹਾਸਕਾਰ

ਗਰੀਕ ਦਾਰਸ਼ਨਿਕ ਅਤੇ ਇਤਿਹਾਸਕਾਰ ਸਤਾਬੋ ਨੇ ਵੀ ਪਹਿਲੀ ਸਦੀ ਵਿਚ ਮੱਧ ਦੁਨੀਆ ਦੇ ਦੇਸ਼ਾਂ ਵਿਚ ਇਸਤਰੀਆਂ ਵੱਲੋਂ ਆਪਣਾ ਚਿਹਰਾ ਢੱਕਣ ਦਾ ਜ਼ਿਕਰ ਕੀਤਾ ਹੈ। ਉੱਥੇ ਹੀ ਉੱਚ ਵਰਗ ਦੇ ਅਮੀਰ ਲੋਕਾਂ ਵਿਚ ਇਸਤਰੀਆਂ ਨੇ ਪਰਦੇ ਦੀ ਰੀਤ ਇੱਜ਼ਤ ਦੇ ਤੌਰ 'ਤੇ ਵੀ ਕੀਤੀ। ਕੁਝ ਵਰਗਾਂ ਵਿਚ ਚਿਹਰੇ ਨੂੰ ਠੀਕ ਤਰ੍ਹਾਂ ਬਣਾਈ ਰੱਖਣ ਲਈ ਬੜੀ ਹੀ ਸਖ਼ਤਾਈ ਨਾਲ ਮੂੰਹ ਢੱਕਣ ਦੀ ਪਾਲਣਾ ਕੀਤੀ ਗਈ। ਆਚਾਰੀਆ ਨਰਾਇਣ ਦੱਤ ਤਿਵਾਰੀ, ਸ਼ਾਸਤਰੀ, ਰਾਮ ਚਰਿਤ੍ਰਮਾਨਸ ਨੇ ਇਕ ਅਧਿਆਏ ਦਾ ਜ਼ਿਕਰ ਕਰਦਿਆਂ ਕਹਿੰਦੇ ਹਨ ਕਿ ਇਸ ਤਰ੍ਹਾਂ ਦੇ ਸਿਰ ਢੱਕਣ ਦਾ ਰਿਵਾਜ ਪੁਰਾਣਾ ਹੈ ? ਰਮਾਇਣ ਵਿਚ ਜਦੋਂ ਰਾਮ ਚੰਦਰ ਤੇ ਸੀਤਾ ਬਨਵਾਸ ਜਾ ਰਹੇ ਸੀ ਤਾਂ ਰਸਤੇ ਵਿਚ ਇਸਤਰੀਆਂ ਨੇ ਸੀਤਾ ਤੋਂ ਰਾਮਚੰਦਰ ਵਾਰੇ ਪੁੱਛਿਆ ਤਾਂ ਪਹਿਲਾਂ ਸੀਤਾ ਨੇ ਆਪਣੀ ਚੁੰਨੀ ਨੂੰ ਮੱਥੇ ਤੋਂ ਥੱਲੇ ਸਰਕਾ ਕੇ ਘੁੰਡ ਕੱਢਿਆ ਅਤੇ ਸਿਰ ਨੂੰ ਨੀਵਾਂ ਕਰ ਕੇ ਇਸ਼ਾਰਾ ਕਰ ਕੇ ਉਸ ਦਾ ਪਤੀ ਹੋਣ ਦਾ ਸਬੂਤ ਦਿੱਤਾ। ਉੱਥੇ ਤਾਂ ਉਸ ਸਮੇਂ ਕੋਈ ਵੀ ਸਿਆਣਾ ਬਜ਼ੁਰਗ ਨਹੀਂ ਸੀ ? ਲੇਕਿਨ ਆਦਰ ਕਰਦਿਆਂ ਆਪਣੇ ਰਿਸ਼ਤੇ ਵਾਰੇ ਦੱਸਣ ਲਈ ਸੀਤਾ ਨੇ ਆਪਣਾ ਸਿਰ ਢੱਕਿਆ। ਇਸ ਤਰ੍ਹਾਂ ਪਰਦਾ ਕਰਨਾ, ਇਕ ਘ੍ਰਿਣਾ ਕਰਕੇ ਨਹੀਂ ਕੀਤਾ। ਇਸ ਨੂੰ ਤਰਕ ਨਾਲ ਦੇਖਣਾ ਪਏਗਾ ਕਿ ਇਹ ਇਕ ਮਰਿਯਾਦਾ ਦੇ ਤੌਰ 'ਤੇ ਕੀਤਾ ਗਿਆ ਸੀ।

### ਸੁਆਣੀ ਦਾ ਰੁਤਬਾ

ਵਿਆਹ ਉਪਰੰਤ ਸੁਆਣੀ ਦਾ ਰੁਤਬਾ ਆਦਿਕਾਲ ਸਮੇਂ ਵਿਆਹ ਤੋਂ ਬਾਅਦ ਵੀ ਸੁਆਣੀ ਪਰਦੇ ਵਿਚ ਰਹਿਣਾ ਪਸੰਦ ਕਰਦੀ ਸੀ। ਭਵ ਭੂਤੇ ਅਤੇ ਮਾਘ ਦੀਆਂ ਰਚਨਾਵਾਂ ਵਿਚ ਵੀ ਪਰਦੇ 'ਚ ਰਹਿ ਕੇ ਚੱਲਣ ਦੇ ਰਿਵਾਜ ਬਾਰੇ ਪਤਾ ਚਲਦਾ ਹੈ। ਉੱਥੇ ਹੀ ਬਾਲਮੀਕ ਰਮਾਇਣ ਵਿਚ ਵੀ ਘੁੰਡ ਵਾਰੇ ਜਾਣਕਾਰੀ ਕਈ ਵਾਰੀ ਦਿੱਤੀ ਗਈ ਹੈ। ਇਸ ਤਰ੍ਹਾਂ ਇਕ ਜਗਾ ਕਿਹਾ ਗਿਆ ਹੈ ਕਿ ਹੇ ਪ੍ਰਭੂ ਮੇਰੇ ਮੂੰਹ ਤੇ ਘੁੰਡ ਨਹੀ ਹੈ। ਮੈਂ ਆਪਣੇ ਪਿੰਡ ਤੋਂ ਪੈਦਲ ਚੱਲ ਕੇ ਇੱਥੇ ਆਈ ਹਾਂ। ਇਹੋ ਜਿਹੀ ਅਵਸਥਾ ਵਿਚ ਦੇਖ ਕੇ ਤੁਸੀ ਮੈਨੂੰ ਕ੍ਰੋਧਿਤ ਕਿਉਂ ਨਹੀਂ ਹੁੰਦੇ? ਘੁੰਡ ਇਕ ਆਪਣੀ ਮਰਜ਼ੀ ਨਾਲ ਕੱਢਿਆ ਜਾਂਦਾ ਹੈ, ਨਾ ਕਿ ਘੁੰਡ ਕੱਢਣ ਲਈ ਮਜਬੂਰ ਕੀਤਾ ਗਿਆ ? ਇਹ ਪ੍ਰਾਚੀਨ ਕਾਲ ਤੋਂ ਹੀ ਰੀਤ ਚਲਦੀ ਆਈ ਹੈ। ਜੇਕਰ ਪੁਰਾਣੀਆਂ ਕਥਾਵਾਂ ਨੂੰ ਖੋਜਿਆ ਜਾਵੇ ਤਾਂ ਇਸਤਰੀ ਪੁਰਸ਼ ਦੋਵੇਂ ਹੀ ਸਿਰ ਢੱਕਣ ਲਈ ਮੁਕਟ ਪਾਉਂਦੇ ਸਨ।

ਦਰਅਸਲ ਇਸ ਤਰ੍ਹਾਂ ਸਿਰ ਢੱਕਣ ਦੇ ਪਿੱਛੇ ਇਕ ਵਿਗਿਆਨਕ ਤਰਕ ਇਹ ਵੀ ਦਿੱਤਾ ਜਾਂਦਾ ਹੈ ਕਿ ਇਸ ਨਾਲ ਮਸਤਿਕ ਨੂੰ ਇਕਾਗਰਤਾ ਨਾਲ ਰੱਖਣ 'ਚ ਮਦਦ ਮਿਲਦੀ ਹੈ। ਉੱਤਰੀ ਭਾਰਤ ਅੰਦਰ ਘੁੰਡ ਇਕ ਪਰਦਾ ਅਤੇ ਸਰੀਰ ਨੂੰ ਕੱਜਣਾ (ਢੱਕ ਕੇ ਰੱਖਣਾ) ਇਕ ਰੀਤ ਸੀ। ਬਾਅਦ 'ਚ ਮਗ਼ਲਾਂ ਦੇ ਆਉਣ ਨਾਲ ਇਕ ਰਵਾਇਤੀ, ਧਾਰਮਿਕ ਰਸਮ ਵਜੋਂ ਇਸਤਰੀ ਲਈ ਇਕ ਬੇੜੀ, ਬੰਦਸ਼ ਬਣ ਗਈ ? ਜੋ ਅੱਜ ਤਕ ਜਾਰੀ ਹੈ।

### ਇਨਕਲਾਬ ਦੀ ਗੱਲ

ਕਵੀਆਂ ਤੇ ਸ਼ਾਇਰਾਂ ਨੇ ਵੀ ਘੁੰਡ ਬਨਾਮ ਪਰਦੇ ਨੂੰ ਔਰਤਾਂ ਦੀ ਸੁੰਦਰਤਾ ਨਾਲ ਜੋੜਿਆ ਹੈ। ਭਗਤ ਕਬੀਰ ਜੀ ਨੇ ਇਸ ਨੂੰ ਰੂਹਾਨੀਅਤ ਨਾਲ ਜੋੜ ਕੇ ਦੇਖਿਆ ਹੈ। ਇਨਕਲਾਬ ਦੀ ਗੱਲ ਕਰਦੇ ਹੋਏ ਮਜਾਜ਼ ਨੇ ਇਸ ਰਾਹੀ ਬਗ਼ਾਵਤ ਦੀ ਗੱਲ ਕੀਤੀ ਹੈ, 'ਤੇਰੇ ਮਾਥੇ ਪੇ ਯਹ ਆਂਚਲ ਸੇ ਇਕ ਪਰਚਮ ਬਨਾ ਲੇਤੀ ਤੋ ਅੱਛਾ ਥਾ?' ਸਿੱਖ ਧਰਮ ਅੰਦਰ ਘੁੰਡ ਨੂੰ ਕੋਈ ਮਾਨਤਾ ਨਹੀ ਦਿੱਤੀ ਗਈ ਹੈ। ਮੁਗ਼ਲ ਕਾਲ ਵੇਲੇ, ਮੁਗ਼ਲ ਵਧੀਕੀਆਂ ਕਰਕੇ ਲੜਕੀਆਂ ਦੇ ਕੰਨ, ਨੱਕ ਵਿੰਨ੍ਹਣੇ ਅਤੇ ਘੁੰਡ ਕੱਢਣਾ ਇਸਤਰੀਆਂ ਲਈ ਇਕ ਬਚਾਅ ਦਾ ਢੰਗ-ਤਰੀਕਾ ਸੀ। ਜੋ ਹੌਲੀ-ਹੌਲੀ ਖ਼ਤਮ ਹੋ ਗਿਆ। ਸਿੱਖ ਇਤਿਹਾਸ ਅੰਦਰ ਕਈ ਜੁਝਾਰੂ ਇਸਤਰੀਆਂ ਸਾਹਮਣੇ ਆਈਆਂ ਹਨ, ਜਿਨ੍ਹਾਂ ਨੇ ਹਾਕਮਾਂ ਦੇ ਜ਼ੁਲਮਾਂ ਵਿਰੁੱਧ 'ਮਰਦਾਨਾ' ਭੇਸ ਧਾਰ ਕੇ ਲੜਾਈ ਲੜੀ ! ਬਰਤਾਨਵੀ ਸਾਮਰਾਜ ਵਿਰੁੱਧ ਕਈ ਇਸਤਰੀਆਂ ਆਜ਼ਾਦੀ ਦੀ ਜੰਗ ਅੰਦਰ ਵੀ ਘੁੰਡ ਕੱਢ ਕੇ ਮੈਦਾਨੇ ਜੰਗ ਵਿਚ ਨਿੱਤਰੀਆਂ। ਕਿਹਾ ਇਹ ਵੀ ਜਾਂਦਾ ਹੈ ਕਿ ਇਸਤਰੀਆਂ ਘੁੰਡ ਆਪਣੀ ਸੁੰਦਰਤਾ ਨੂੰ ਛੁਪਾਣ ਲਈ ਵੀ ਕੱਢਦੀਆਂ ਸਨ? ਇਹੀ ਕਾਰਨ ਹੈ ਕਿ ਰੂਪ-ਸੁੰਦਰਤਾ ਦੇ ਵਾਰੇ ਘੁੰਡ ਦਾ ਜ਼ਿਕਰ ਵਾਰ-ਵਾਰ ਕਵੀਆਂ ਵੱਲੋਂ ਕੀਤਾ ਗਿਆ ਹੈ।

ਚਾਹੇ ਕਵੀ ਹਰੀ ਰਾਮ ਵਿਆਸ ਹੋਵੇ, ਜਾਂ ਕਾਲੀਦਾਸ ਹੋਵੇ। ਇਹੀ ਕਾਰਨ ਹੈ ਕਿ ਇਨ੍ਹਾਂ ਕਵੀਆਂ ਨੇ ਘੁੰਡ ਨੂੰ ਇਕ ਸੁੰਦਰਤਾ ਦੇ ਪ੍ਰਤੀਕ ਵਜੋਂ ਪੇਸ਼ ਕੀਤਾ ਹੈ।

### ਅਗਾਂਹ-ਵਧੂ ਸਮਾਜ

ਅਗਾਂਹ-ਵਧੂ ਆਧੁਨਿਕ ਸਮਾਜ ਅੰਦਰ, ਇਸਤਰੀਆਂ ਨੇ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਹੋ ਕੇ ਆਪਣੇ ਹੱਕਾਂ ਪ੍ਰਤੀ ਸੰਘਰਸ਼ ਕੀਤੇ ਹਨ। ਭੂਤ ਤੇ ਵਰਤਮਾਨ ਸਮੇਂ ਦੀਆਂ, ਦਮ ਘੁੱਟਣ ਵਾਲੀਆਂ, ਇਸਤਰੀ ਵਰਗ-ਵਿਰੋਧੀ ਪਰੰਪਰਾਵਾਂ ਤੋਂ ਛੁਟਕਾਰਾ ਪਾਉਣ ਲਈ ਅਤੇ ਨਵੀਆਂ ਪਰੰਪਰਾਵਾਂ ਨੂੰ ਬਣਾਉਣ ਤੇ ਅਪਨਾਉਣ ਲਈ ਵੀ ਅੱਜ ਸਾਡੇ ਸਾਹਮਣੇ ਅਗਾਂਹ-ਵਧੂ ਇਸਤਰੀਆਂ ਦੀਆਂ ਮਿਸਾਲਾਂ ਹਨ ? ਜਿਨ੍ਹਾਂ ਨੇ ਆਪਣੀਆਂ ਇਨਕਲਾਬੀ ਪਰੰਪਰਾਵਾਂ ਰਾਹੀਂ ਸਮਾਜ ਅੰਦਰ ਇਸਤਰੀ ਵਰਗ ਨੂੰ ਬਰਾਬਰਤਾ ਦੇਣ ਲਈ ਉਹ, ਉਨ੍ਹਾਂ ਸਥਾਨਾਂ ਤੇ ਪਹੁੰਚੀਆਂ, ਜਿੱਥੇ ਬਹੁਤ ਹੀ ਘੱਟ ਉਮੀਦ ਰੱਖੀ ਜਾਂਦੀ ਸੀ। ਇਸ ਦੀ ਮਿਸਾਲ ਸਾਡੇ ਸਾਹਮਣੇ ਪੇਸ਼ ਹੈ।

### ਅਨੋਖੀ ਮਿਸਾਲ

ਇਕ ਖ਼ਬਰ ਮੁਤਾਬਿਕ ਪਿਛਲੇ ਸਾਲ ਕੇਰਲ ਦੀ ਹਿਜ਼ਾਬ ਪਾਉਣ ਵਾਲੀ, ਬਹਾਦਰ ਤੇ ਦਲੇਰਾਨਾ ਇਸਤਰੀ 'ਬਾਡੀ-ਬਿਲਡਰ ਮਜੀਜ਼ੀਆ-ਭਾਨੂੰ ਨਾਂ ਸਿਰਫ਼ ਹਿਜ਼ਾਬ ਪਾ ਕੇ ਰਿੰਗ ਵਿਚ ਉੱਤਰੀ, ਬਲਕਿ ਬਾਡੀ ਬਿਲਡਰ ਚੈਂਪੀਅਨ ਪ੍ਰਤਿਯੋਗਤਾ ਵਿਚ ਹਿੱਸਾ ਲਿਆ ਅਤੇ ਜਿੱਤ ਵੀ ਪ੍ਰਾਪਤ ਕੀਤੀ। ਇੱਥੇ ਹੀ ਬਸ ਨਹੀ ? ਬ੍ਰਿਟਿਸ਼ ਦੀ ਸੁੰਦਰਤਾ ਦੀ ਬਲਾਗਰ ਅਤੇ ਮਾਡਲ ਅਮੀਨਾ ਖਾਨ ਨੇ ਵੀ ਆਪਣੀਆਂ ਪਰੰਪਰਾਵਾਂ ਨੂੰ ਕਾਇਮ ਰੱਖਦਿਆਂ ਇਕ ਅਨੋਖੀ ਮਿਸਾਲ ਪੇਸ਼ ਕੀਤੀ। 2018 'ਚ ਉਸ ਨੇ ਫਰਾਂਸੀਸੀ ਸੁੰਦਰਤਾ ਪ੍ਰਸਥਾਨ ਕੰਪਨੀ ਲਾਰਿਆਲ ਦੇ ਵਿਗਿਆਪਨ ਦੇ ਲਈ ਹਿਜ਼ਾਬ ਪਾਉਣ ਵਾਲੀ ਪਹਿਲੀ ਇਸਤਰੀ ਮਾਡਲ ਦੇ ਤੌਰ 'ਤੇ ਚੁਣੀ ਗਈ ? ਇਹੋ ਜਿਹੀ ਹੀ ਇਕ ਹੋਰ ਮਿਸਾਲ ਅਮਰੀਕੀ ਮਾਡਲ ਹਲੀਮਾਅਡੇਨ ਨੇ ਅਮਰੀਕਾ ਪੱਤਿਰਕਾ ਸਪੋਰਟਸ ਇਲੈਸਟਰਡ ਦੇ ਲਈ ਹਿਜ਼ਾਬ, ਬੁਕਰੀਨੀ ਪਾਉਣ ਵਾਲੀ ਮਾਡਲ ਬਣ ਕੇ ਇਕ ਇਤਿਹਾਸ ਸਿਰਜ ਦਿੱਤਾ ? ਇਸੇ ਤਰ੍ਹਾਂ ਪਿਛਲੇ ਸਾਲ ਅਮਰੀਕਾ ਵਿਚ ਹੋਈਆਂ ਮੱਧਕਾਲੀ ਚੋਣਾਂ ਵਿਚ ਜਿੱਤਣ ਵਾਲੀ ਇਲਹਾਨ ਨੇ ਹਿਜ਼ਾਬ ਪਾ ਕੇ ਸੌਂਹ ਚੁੱਕਣ ਵਾਲੀ ਪਹਿਲੀ ਮੁਸਲਿਮ ਇਸਤਰੀ ਬਣ ਕੇ ਇਤਿਹਾਸ ਰਚਿਆ। ਜਿਸ ਦੀ ਚਰਚਾ ਅੱਜ ਤੱਕ ਹੁੰਦੀ ਹੈ।

ਬੁੰਦੇਲਖੰਡ ਦੇ ਮੁਸਕਰਾ ਇਲਾਕੇ ਦੇ ਲੋਦੀਪੁਰ ਨਿਵਾਦਾ ਪਿੰਡ ਘੁੰਡ ਵਾਲੀਆਂ ਔਰਤਾਂ ਦੀ ਕੁਸ਼ਤੀ ਲਈ ਹੀ ਪ੍ਰਸਿੱਧ ਹੈ। ਰੱਖੜੀ ਤੋਂ ਇਕ ਦਿਨ ਬਾਅਦ ਹੋਣ ਵਾਲੀ ਕੁਸ਼ਤੀ ਦੇ ਆਯੋਜਨ ਵਿਚ ਸੈਂਕੜਿਆਂ ਦੀ ਗਿਣਤੀ ਵਿਚ ਇਸਤਰੀਆਂ ਘੁੰਡ ਕੱਢ ਕੇ ਅਖਾੜੇ ਵਿਚ ਉਤਰਦੀਆਂ ਹਨ। ਸਾਨੂੰ ਇਸ ਦਾ ਇਤਿਹਾਸਕ ਪਿਛੋਕੜ ਵੀ ਦੇਖਣਾ ਪਏਗਾ ? ਦਰ-ਅਸਲ ਅਗਰੇਜ਼ੀ ਰਾਜ ਸਮੇਂ, ਇਸ ਰਸਮ ਘੁੰਡ, ਬੁਰਕਾ ਹਿਜ਼ਾਬ ਦੀ ਸ਼ੁਰੂਆਤ ਅੰਗਰੇਜ਼ ਫ਼ੌਜ ਦੇ ਖਿਲਾਫ਼ ਇਸਤਰੀਆਂ ਨੂੰ ਲੜਨ ਦੇ ਲਈ ਤਿਆਰ ਕਰਨ ਲਈ ਹੀ ਕੀਤੀ ਗਈ ਸੀ ! ਪ੍ਰੰਤੂ ਇਹ ਰਸਮ ਅੱਜ ਵੀ 21ਵੀਂ ਸਦੀ ਵਿਚ ਵੀ, ਇਸਤਰੀ ਦੇ ਸਸ਼ਤਰੀਕਰਨ ਦੇ ਲਈ ਇਕ ਲਾ-ਮਿਸਾਲ, ਅਹਿਮ ਉਦਾਹਰਣ ਦੇ ਤੌਰ 'ਤੇ ਜਾਰੀ ਹੈ। ਇਹੋ ਜਿਹੀ ਹੀ ਇਕ ਬਹਾਦਰੀ ਦੀ ਮਿਸਾਲ ਸਾਡੇ ਸਾਹਮਣੇ ਹੈ ਭੂਪਾਲ ਵਿਚ ਬੁਰਕੇ ਤੇ ਹਿਜ਼ਾਬ ਦੇ ਵਿਚ ਹੀ ਇਸਤਰੀਆਂ ਵੱਲੋਂ ਜਿੰਮ ਵਿਚ ਜਾ ਕੇ ਕਸਰਤ ਕਰਨ ਦੀ ਹੈ। ਮੁਸਲਿਮ ਸਮਾਜ ਦੀਆਂ ਇਹੋ ਜਿਹੀਆਂ ਪ੍ਰਗਤੀਸ਼ੀਲ, ਅਗਾਂਹ-ਵਧੂ ਇਸਤਰੀਆਂ ਨੂੰ ਆਪਣੇ-ਆਪ ਨੂੰ ਫਿੱਟ ਰੱਖਣ ਲਈ ਪਰਦਾ ਉਨ੍ਹਾਂ ਲਈ ਕੋਈ ਬੰਦਿਸ਼ ਨਹੀਂ ਹੈ?

### ਅਧਿਕਾਰਾਂ ਦਾ ਹਨਨ

ਪਰਦਾ, ਹਿਜ਼ਾਬ, ਬੁਰਕਾ, ਘੁੰਡ ਆਦਿ ਕਿਸੇ ਧਰਮ, ਆਸਥਾ ਅਧੀਨ ਇਕ ਬੰਦਿਸ਼ ਵਜੋਂ ਜੋ ਗ਼ੁਲਾਮੀ, ਔਰਤਾਂ ਦੇ ਦੂਸਰੇ ਦਰਜੇ ਦੀ ਨਾਗਰਿਕ ਲਈ ਅਤੇ ਹੀਨ ਬਣਾਉਣ ਲਈ ਇਕ ਚਿੰਨ੍ਹ ਬਣੇ ? ਉਹ ਔਰਤਾਂ ਦੇ ਅਧਿਕਾਰਾਂ ਦਾ ਹਨਨ ਹੈ ? ਇਸਤਰੀ ਦੀ ਆਪਣੀ ਸ਼ਖ਼ਸੀ-ਅਜ਼ਾਦੀ, ਉਸ ਨੂੰ ਮਰਦ ਦੇ ਬਰਾਬਰਤਾ ਦੇ ਅਧਿਕਾਰਾਂ ਅਤੇ ਸਮਾਜ ਅੰਦਰ ਇਕ ਮੁਕੰਮਲ ਨਾਗਰਿਕ ਵੱਲੋਂ ਉਸ ਦੇ ਹੱਕਾਂ ਤੇ ਕੋਈ ਰੋਕ ਨਾ ਲਾਵੇ ? ਉਹੀ ਰਿਵਾਜ, ਪਰੰਪਰਤਾ ਅਤੇ ਪ੍ਰਥਾ, ਰਿਵਾਜ ਨੂੰ ਹੰਢਣਸਾਰ ਕਿਹਾ ਜਾ ਸਕਦਾ ਹੈ। ਪਰ ਜੋ ਰੀਤੀ-ਰਿਵਾਜ ਉਸ ਦੇ ਹੱਕਾਂ, ਅਜ਼ਾਦੀ ਅਤੇ ਵਿਚਰਨ 'ਚ ਰੋਕਾਂ ਪੈਦਾ ਕਰੇ, ਇਸਤਰੀ ਨੂੰ ਹੀਣ ਭਾਵਨਾ ਦੇ ਪ੍ਰਭਾਵ ਹੇਠ ਲਿਆਵੇ, ਉਹ ਰੀਤੀ-ਰਿਵਾਜ ਕਦੀ ਵੀ ਮੰਨਣਯੋਗ ਨਹੀਂ ਹਨ। ਸਮਾਜ ਅੰਦਰ ਇਸਤਰੀ ਦੀ ਬਰਾਬਰਤਾ ਲਈ ਬਹੁਤ ਸਾਰੀਆਂ ਉਹ ਰੋਕਾਂ ਜੋ ਸਾਮੰਤਵਾਦ ਤੋਂ ਚੱਲ ਕੇ ਪੂੰਜੀਵਾਦ ਨੇ ਆਪਣੇ ਹਿੱਤ ਲਈ ਖੜ੍ਹੀਆਂ ਕੀਤੀਆਂ ਹਨ ਉਹ ਜ਼ਰ-ਜ਼ਰ ਕਰ ਕੇ ਹੌਲੀ-ਹੌਲੀ ਖ਼ਤਮ ਤਾਂ ਹੋਣਗੀਆਂ ।

### ਬਰਾਬਰੀ ਦੇ ਸਿਧਾਂਤ

ਲਿੰਗਕ ਬਰਾਬਰੀ ਦੇ ਸਿਧਾਂਤ ਅਤੇ ਸਮਾਜਿਕ ਨਿਆਂ ਅਧੀਨ ਇਸਤਰੀ-ਵਰਗ ਨੂੰ ਮਰਦ ਦੇ ਬਰਾਬਰ, ਹਰ ਤਰ੍ਹਾਂ ਦੇ ਅਧਿਕਾਰ ਦੇਣ, ਪਿਛਾਂਹ-ਖਿਚੂ, ਫਿਰਕੂ ਅਤੇ ਹਨੇਰ ਬਿਰਤੀ-ਵਾਦੀ ਪ੍ਰਭਾਵਾਂ ਨੂੰ ਰੋਕਣ ਤੇ ਲੋਕ ਕਲਾਵਾਂ ਅਤੇ ਪਰੰਪਰਾਵਾਂ ਨੂੰ ਪ੍ਰਫੁਲਤ ਕਰਨਾ ਚਾਹੀਦਾ ਹੈ।

ਧਾਰਮਿਕ-ਵਿਸ਼ਵਾਸਾਂ ਅਤੇ ਪ੍ਰੰਪਰਾਵਾਂ ਦੇ ਕਿਸੇ ਵੀ ਪਰਦੇ ਅੰਦਰ ਇਸਤਰੀਆਂ ਦੇ ਜਨ ਸਮੂਹਾਂ ਵਿਚ ਘੱਸੇ-ਪਿੱਟੇ ਜਾਗੀਰੂ ਸੰਸਕਰਨਾਂ ਰਾਹੀ ਇਸਤਰੀਆਂ ਦੀ ਬਰਾਬਰਤਾ ਦਾ ਦਰਜਾ ਘਟਾਉਣ ਅਤੇ ਉਸ ਦੇ ਨਾਗਰਿਕ ਅਧਿਕਾਰਾਂ ਨੂੰ ਦੋਹਾਂ ਪਾਸਿਆਂ ਤੋਂ ਨਿਸ਼ਾਨਾ ਬਣਾਉਣ ਦੀ ਕਿਸੇ ਤਰ੍ਹਾਂ ਦੀ ਕੋਸ਼ਿਸ਼ ਕਦੀ ਵੀ ਨਾ ਪ੍ਰਵਾਨ ਅਤੇ ਨਾ ਹੀ ਲਾਗੂ ਕਰਨ ਦੀ ਆਗਿਆ ਦਿੱਤੀ ਜਾਵੇਗੀ। ਉਹ ਕੋਈ ਵੀ ਕਾਰਵਾਈ, ਸੋਚ ਅਤੇ ਆਡੰਬਰ, ਜਿਹੜਾ ਵੀ ਇਸਤਰੀ ਦੀ ਮਾਣ-ਮਰਿਆਦਾ, ਰੁਤਬੇ ਅਤੇ ਉਸ ਦੇ ਹੱਕਾਂ ਨੂੰ ਆਂਚ ਪਹੁੰਚਾਵੇ, ਸਮਾਜਿਕ ਤੌਰ 'ਤੇ ਪ੍ਰਵਾਨ ਨਹੀ ਹੋਣੇ ਚਾਹੀਦੇ। •



### ਚੁੰਨੀ ਲੈਣਾ ਜਾਂ ਪਰਦਾ ਕਰਨਾ

*ਪਾਕਿਸਤਾਨ ਦੀ ਸਾਬਕਾ ਵਿਦੇਸ਼-ਮੰਤਰੀ ਹਿਨਾ-ਰਬਾਨੀ-ਖਾਰ ਹੋਵੇ ਜਾਂ ਫਿਲਮਾਂ 'ਚ ਕੰਮ ਕਰਨ ਵਾਲੀਆਂ ਹਸਤੀਆਂ ਹੋਣ, ਇਸਾਈ, ਸਿੱਖ, ਹਿੰਦੂ ਧਰਮ ਦੀਆਂ ਲੜਕੀਆਂ ਵੀ ਵਿਆਹਾਂ ਤੇ ਹੋਰ ਖ਼ਾਸ ਸਮਿਆਂ ਉੱਪਰ ਸਿਰ 'ਤੇ ਚੁੰਨੀ ਲੈ ਕੇ ਸਮਾਜ ਵਿਚ ਇਕ ਇੱਜ਼ਤਵਾਨ ਵਾਲੀ ਨਜ਼ਰ ਆਉਣ ਵਾਲੀ ਦੇ ਰੂਪ ਵਿਚ ਪਰਦੇ ਦੇ ਰੂਪ ਵਿਚ ਉਹ ਵਿਚਰੀਆਂ ਤੇ 21ਵੀਂ ਸਦੀ ਵਿਚ ਵੀ ਵਿਚਰ ਰਹੀਆਂ ਹਨ। ਭਾਵੇਂ ਇਸ ਤਰ੍ਹਾਂ ਕਰਨਾ, ਇਸ ਪ੍ਰਥਾ ਨੂੰ ਪੂਰੀ ਤਰ੍ਹਾਂ ਇਕ ਦਬਾਓ, ਜਾਂ ਪੱਛੜੇਪਨ ਨਾਲ ਜੋੜ ਕੇ ਨਹੀਂ ਦੇਖਿਆ ਜਾ ਸਕਦਾ ਹੈ ? ਕਿਉਂਕਿ, ਪੂਰੀ ਤਰ੍ਹਾਂ ਇਸ ਪਰੰਪਰਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਹੈ। ਅੱਜ ਵੀ ਮੱਧ-ਵਰਗੀ ਤੇ ਛੋਟੇ ਤਬਕੇ ਵਿਚ ਰਹਿ ਰਹੀਆਂ ਇਸਤਰੀਆਂ ਅੰਦਰ ਪਰਦੇ ਦਾ ਰਿਵਾਜ, ਇਸਤਰੀਆਂ ਉੱਪਰ ਜ਼ਬਰਦਸਤੀ ਨਾਲ ਪਾਲਣ ਕਰਨ ਦਾ ਹੁਕਮ ਬਣਿਆ ਹੋਇਆ ਹੈ। ਜੋ ਬਹੁਤ ਵਾਰੀ, ਅਗਿਆਨਤਾ ਅਤੇ ਪੱਛੜੇਪਨ ਕਰਕੇ ਹੁੰਦਾ ਹੈ। ਪੜਦੇ ਦੇ ਹੱਕ ਤੇ ਵਿਰੋਧ ਦੀ ਬਹਿਸ ਵਿਚ ਇਹ ਸਵਾਲ ਜ਼ਰੂਰ ਉੱਠਦਾ ਹੈ ਕਿ ਕੀ ਇਸਤਰੀਆਂ ਨੂੰ ਇਸ ਮਾਮਲੇ ਵਿਚ ਆਪਣੀ ਮਰਜ਼ੀ ਕਰਨ ਜਾਂ ਜਾਨਣ ਦਾ ਫ਼ੈਸਲਾ ਨਹੀਂ ਦਿੱਤਾ ਜਾਣਾ ਚਾਹੀਦਾ ਹੈ ? ਇਸਤਰੀਆਂ ਲਈ ਚਿਹਰਾ ਢੱਕਣ ਦਾ ਰਿਵਾਜ ਪੁਰਾਣਾ ਹੈ ? ਇਹ ਧਾਰਨਾ ਬਿਲਕੁਲ ਗ਼ਲਤ ਹੈ ਕਿ ਪਰਦੇ ਦਾ ਰਿਵਾਜ (ਪਰੰਪਰਾ) ਮੁਗ਼ਲਾਂ ਦੇ ਰਾਜ ਸਮੇਂ ਤੋਂ ਸ਼ੁਰੂ ਹੋਇਆ ਸੀ। ਇਸ ਗੱਲ ਨੂੰ ਵੀ ਨਜ਼ਰ ਅੰਦਾਜ਼ ਨਹੀਂ ਕੀਤਾ ਜਾ ਸਕਦਾ ਕਿ ਕੁਝ ਰਾਜਿਆਂ ਤੇ ਹਾਕਮਾਂ ਨੇ ਇਸ ਰਿਵਾਜ ਨੂੰ ਸਖ਼ਤੀ ਨਾਲ ਲਾਗੂ ਕਰਵਾਇਆ ਅਤੇ ਇਸਲਾਮ ਅਤੇ ਸੰਸਕ੍ਰਿਤੀ ਦੇ ਪ੍ਰਭਾਵ ਸਵਰੂਪ ਸ਼ਿਰਾਇਤ ਪਰਦੇ ਦੀ ਪ੍ਰਥਾ ਨੂੰ ਹੋਰ ਵੀ ਹਲਾਸ਼ੇਰੀ ਦਿੱਤੀ ਜਦ ਕਿ ਰਜ਼ੀਆ ਸੁਲਤਾਨਾ ਜਿਹੀ ਇਸਤਰੀ ਨੇ ਬਿਨਾਂ ਪਰਦਾ ਸ਼ਾਸ਼ਨ ਚਲਾਇਆ ਤੇ ਇਕ ਚੁਣੌਤੀ ਵੀ ਪੇਸ਼ ਕੀਤੀ। ਉੱਥੇ ਹੀ ਨੂਰ-ਜਹਾਂ ਨੇ ਵੀ ਪਰਦੇ ਤੋਂ ਬਿਨ੍ਹਾਂ ਆਪਣੇ ਪਤੀ ਦੇ ਨਾਲ, ਬਿਨ੍ਹਾਂ ਪਰਦੇ ਤੋਂ ਖੁੱਲ੍ਹੇ ਦਰਬਾਰ ਵਿਚ ਹਾਜ਼ਰ ਹੁੰਦੀ ਸੀ। ਪਹਿਲੀ ਸਦੀ ਤੋਂ ਪਹਿਲਾਂ ਵੇਜਾਣਾਈਨ ਸਾਮਰਾਜ (ਜਿਸ ਨੂੰ ਪੂਰਵ ਰੋਮਨ ਸਾਮਰਾਜ) ਵੀ ਕਿਹਾ ਜਾਂਦਾ ਸੀ। ਉਸ ਸਮੇਂ ਵੀ ਇਸਤਰੀਆਂ ਆਪਣੇ ਸਿਰ ਨੂੰ ਢੱਕ ਦੇ ਰੱਖਦੀਆਂ ਸਨ।*

# ਸਪੈਸ਼ਲ ਜਨਰਲ ਆਬਜ਼ਰਵਰ ਰਾਮ ਮੋਹਨ ਮਿਸ਼ਰਾ ਨੇ ਪਟਿਆਲਾ ਵਿੱਚ ਚੋਣ ਤਿਆਰੀਆਂ ਦਾ ਜਾਇਜ਼ਾ ਲਿਆ

**ਪਟਿਆਲਾ, 3 ਜੂਨ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**



ਲੋਕ ਸਭਾ ਚੋਣਾਂ 2024 ਨੂੰ ਆਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਨ ਕਰਵਾਉਣ ਅਤੇ 3 ਜੂਨ ਨੂੰ ਪੈਣ ਵਾਲੀਆਂ ਵੋਟਾਂ ਦੇ ਮੱਦੇਨਜ਼ਰ ਚੋਣ ਤਿਆਰੀਆਂ ਦੀ ਸਮੀਖਿਆ ਕਰਨ ਲਈ ਭਾਰਤੀ ਚੋਣ ਕਮਿਸ਼ਨ ਵੱਲੋਂ ਹਰਿਆਣਾ ਅਤੇ ਪੰਜਾਬ ਲਈ ਵਿਸ਼ੇਸ਼ ਜਨਰਲ ਆਬਜ਼ਰਵਰ ਵਜੋਂ ਨਿਯੁਕਤ 1987 ਬੈਚ ਦੇ ਸੇਵਾਮੁਕਤ ਆਈ.ਏ.ਐਸ. ਸ੍ਰੀ ਰਾਮ ਮੋਹਨ ਮਿਸ਼ਰਾ ਨੇ ਅੱਜ ਆਪਣੀ ਪਟਿਆਲਾ ਫੇਰੀ ਦੌਰਾਨ ਚੋਣ ਪ੍ਰਕਿਰਿਆ ਵਿੱਚ ਸ਼ਾਮਲ ਸਾਰੇ ਪ੍ਰਮੁੱਖ ਅਧਿਕਾਰੀਆਂ ਨਾਲ ਇੱਕ ਵਿਆਪਕ ਮੀਟਿੰਗ ਕੀਤੀ। ਲੋਕ ਸਭਾ ਚੋਣਾਂ ਲਈ ਪਟਿਆਲਾ ਲਈ ਤਾਇਨਾਤ ਤਿੰਨੋ ਅਬਜ਼ਰਵਰਾਂ, ਜ਼ਿਲ੍ਹਾ ਚੋਣ ਅਫ਼ਸਰ, ਸੀਨੀਅਰ ਪੁਲਿਸ ਕਪਤਾਨ ਅਤੇ ਪਟਿਆਲਾ ਲੋਕ ਸਭਾ ਹਲਕੇ ਦੇ ਹੋਰ ਨੋਡਲ ਅਫ਼ਸਰਾਂ ਨਾਲ ਮੀਟਿੰਗ ਮੌਕੇ ਸ੍ਰੀ ਰਾਮ ਮੋਹਨ ਮਿਸ਼ਰਾ ਨੇ ਪਟਿਆਲਾ ਲੋਕ ਸਭਾ ਹਲਕੇ ਵਿੱਚ ਚੋਣ ਪ੍ਰਕਿਰਿਆ ਦੇ ਵੱਖ-ਵੱਖ ਪਹਿਲੂਆਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਜਨਰਲ ਅਬਜ਼ਰਵਰ ਓਮ ਪ੍ਰਕਾਸ਼ ਬਕੋਰੀਆ, ਖਰਚਾ ਨਿਗਰਾਨ ਮੀਤੂ ਅਗਰਵਾਲ, ਪੁਲਿਸ ਅਬਜ਼ਰਵਰ ਆਮਿਰ ਜਾਵੇਦ, ਡੀਸੀ ਸ਼ੌਕਤ ਅਹਿਮਦ ਪੈਰੇ ਅਤੇ ਐਸਐਸਪੀ ਵਰੁਣ ਸ਼ਰਮਾ ਨਾਲ ਵਿਸਥਾਰਪੂਰਵਕ ਗੱਲਬਾਤ ਕੀਤੀ।

ਸਪੈਸ਼ਲ ਜਨਰਲ ਆਬਜ਼ਰਵਰ ਨੇ 3 ਜੂਨ ਨੂੰ ਵੋਟਾਂ ਪੈਣ ਦੇ ਸਮੇਂ ਦੌਰਾਨ ਵੋਟਰਾਂ ਲਈ ਲੋੜੀਂਦੀਆਂ ਸਹੂਲਤਾਂ ਪ੍ਰਦਾਨ ਕਰਨ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਵੋਟਰਾਂ ਨੂੰ ਲੁਭਾਉਣ ਲਈ ਸਿਆਸੀ ਪਾਰਟੀਆਂ ਤੇ ਉਮੀਦਵਾਰਾਂ ਵੱਲੋਂ ਮੁਫ਼ਤ, ਨਕਦੀ ਅਤੇ ਸ਼ਰਾਬ ਦੀ ਵੰਡ 'ਤੇ ਸਖ਼ਤ ਨਿਯੰਤਰਣ ਕਰਨ ਦੇ ਨਾਲ-ਨਾਲ ਇੱਕ ਆਜ਼ਾਦ ਅਤੇ ਨਿਰਪੱਖ ਪੋਲਿੰਗ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਸ੍ਰੀ ਰਾਮ ਮੋਹਨ ਮਿਸ਼ਰਾ ਨੇ ਚੋਣ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਪ੍ਰਸ਼ਾਸਨ ਅਤੇ ਪੁਲਿਸ ਵੱਲੋਂ ਸ਼ਾਨਦਾਰ ਵਿਉਂਤਬੰਦੀ ਅਤੇ ਕਾਰਜਸ਼ੀਲ ਪਹੁੰਚ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਵੀ ਕੀਤੀ।

ਉਨ੍ਹਾਂ ਨੇ ਇਸ ਮੌਕੇ ਮੌਜੂਦ ਸਾਰੇ ਅਧਿਕਾਰੀਆਂ ਦੇ ਤਾਲਮੇਲ ਵਾਲੇ ਯਤਨਾਂ ਅਤੇ ਸਮਰਪਣ ਦੀ ਸ਼ਲਾਘਾ ਕੀਤੀ ਅਤੇ ਪਟਿਆਲਾ ਵਿੱਚ ਲੋਕ ਸਭਾ ਚੋਣਾਂ 2024 ਦੇ ਸਫਲ ਆਯੋਜਨ ਵਿੱਚ ਭਰੋਸਾ ਪ੍ਰਗਟਾਇਆ।

ਇਸ ਤੋਂ ਇਲਾਵਾ, ਚੱਲ ਰਹੀ ਗਰਮ ਲੂਅ ਦੇ ਮੱਦੇਨਜ਼ਰ, ਸ੍ਰੀ ਰਾਮ ਮੋਹਨ ਮਿਸ਼ਰਾ ਨੇ ਵੋਟਰਾਂ ਦੀ ਸੁਰੱਖਿਆ ਅਤੇ ਆਰਾਮ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਅਧਿਕਾਰੀਆਂ ਨੂੰ ਵਿਸ਼ੇਸ਼ ਨਿਰਦੇਸ਼ ਦਿੱਤੇ।ਉਨ੍ਹਾਂ ਹਦਾਇਤ ਕੀਤੀ ਕਿ ਪੋਲਿੰਗ ਸਟੇਸ਼ਨਾਂ 'ਤੇ ਗਰਮੀ ਨਾਲ ਸਬੰਧਤ ਕਿਸੇ ਵੀ ਸਿਹਤ ਸਮੱਸਿਆ ਦੇ ਹੱਲ ਲਈ ਛਾਂਦਾਰ ਵੇਟਿੰਗ ਏਰੀਆ, ਪੀਣ ਵਾਲੇ ਪਾਣੀ ਦੀ ਉਪਲਬਧਤਾ ਅਤੇ ਡਾਕਟਰੀ ਸਹਾਇਤਾ ਦੀ ਸਹੂਲਤ ਵਰਗੇ ਪੁਖਤਾ ਪ੍ਰਬੰਧ ਕੀਤੇ ਜਾਣ।

ਡੀ.ਸੀ. ਸ਼ੌਕਤ ਅਹਿਮਦ ਪਰੇ ਨੇ 3 ਜੂਨ, 2024 ਨੂੰ ਚੋਣਾਂ ਕਰਵਾਉਣ ਲਈ ਕੀਤੇ ਜਾ ਰਹੇ ਵਿਆਪਕ ਪ੍ਰਬੰਧਾਂ ਬਾਰੇ ਜਾਣਕਾਰੀ ਦਿੱਤੀ, ਜਦਕਿ ਐਸਐਸਪੀ ਵਰੁਣ ਸ਼ਰਮਾ ਨੇ ਚੋਣਾਂ ਦੌਰਾਨ ਵੋਟਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਅਮਨ-ਕਾਨੂੰਨ ਬਣਾਈ ਰੱਖਣ ਲਈ ਕੀਤੇ ਜਾ ਰਹੇ ਸੁਰੱਖਿਆ ਉਪਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿ

# ਪੀਆਰਟੀਸੀ ਕਾਮਿਆਂ ਵੱਲੋਂ ਬੱਸਾਂ ਦਾ ਚੱਕਾ ਜਾਮ

**ਪਟਿਆਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਪੀਆਰਟੀਸੀ 'ਚ ਆਊਟਸੋਰਸ ਆਧਾਰ 'ਤੇ ਕਾਰਜਸ਼ੀਲ ਮਕੈਨਿਕ ਸੰਜੀਵ ਕੁਮਾਰ ਦੀ 28 ਮਈ ਨੂੰ ਡਿਊਟੀ ਦੌਰਾਨ ਗਰਮੀ ਕਾਰਨ ਹੋਈ ਮੌਤ ਸਬੰਧੀ ਉਸ ਦੇ ਵਾਰਸਾਂ ਲਈ 25 ਲੱਖ ਰੁਪਏ ਮੁਆਵਜ਼ੇ ਦੀ ਮੰਗ ਪੂਰੀ ਨਾ ਹੋਣ 'ਤੇ ਪੀਆਰਟੀਸੀ ਦੀ ਕੰਟਰੈਕਟ ਵਰਕਰ ਯੂਨੀਅਨ ਵੱਲੋਂ ਪੀਆਰਟੀਸੀ ਦੇ ਮੁੱਖ ਦਫ਼ਤਰ ਪਟਿਆਲਾ ਸਮੇਤ ਸੂਬੇ 'ਚ ਡਿੱਪੂਆਂ ਵਾਲੇ ਸ਼ਹਿਰਾਂ ਵਿਚਲੇ ਮੁੱਖ ਬੱਸ ਅੱਡਿਆਂ ਨੂੰ ਬੰਦ ਕਰ ਕੇ ਬੱਸਾਂ ਦਾ ਚੱਕਾ ਜਾਮ ਕੀਤਾ ਗਿਆ। ਚੱਕਾ ਜਾਮ ਕਾਰਨ ਬਾਅਦ ਦੁਪਹਿਰ ਸਵਾਰੀਆਂ ਨੂੰ ਆਪਣੀਆਂ ਮੰਜ਼ਿਲਾਂ 'ਤੇ ਜਾਣ ਵਿੱਚ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ।

ਜਾਣਕਾਰੀ ਅਨੁਸਾਰ ਰੋਡਵੇਜ਼ ਕਾਮਿਆਂ ਨੇ ਪਟਿਆਲਾ ਦੇ ਮੁੱਖ ਬੱਸ ਅੱਡੇ ਨੂੰ ਬੰਦ ਕਰ ਕੇ ਬੱਸਾਂ ਇੱਥੇ ਬੱਸ ਅੱਡੇ ਦੁਆਲੇ ਬਣੇ ਪੁਲ ਉਪਰ ਕਤਾਰਾਂ 'ਚ ਖੜ੍ਹਾ ਦਿੱਤੀਆਂ। ਇਸ ਦੌਰਾਨ ਮੁਲਾਜ਼ਮਾਂ ਨੇ ਕਾਲੇ ਝੰਡਿਆਂ ਨਾਲ ਪੰਜਾਬ ਸਰਕਾਰ ਅਤੇ ਪੀਆਰਟੀਸੀ ਮੈਨੇਜਮੈਂਟ ਖ਼ਿਲਾਫ਼ ਖੂਬ ਨਾਅਰੇਬਾਜ਼ੀ ਕੀਤੀ। ਯੂਨੀਅਨ ਦੇ ਬੁਲਾਰੇ ਗੁਰਧਿਆਨ ਭਾਨਰਾ ਅਤੇ ਵਿੱਕੀ ਖਨਾਲ ਨੇ ਕਿਹਾ ਕਿ ਇਸ ਮੁਲਾਜ਼ਮ ਦੀ ਮੌਤ ਡਿਊਟੀ ਦੌਰਾਨ ਲੂ ਲੱਗਣ ਕਾਰਨ ਹੋਈ ਹੈ, ਜਿਸ ਕਰਕੇ ਹੀ ਉਹ ਪਰਿਵਾਰ ਵਾਸਤੇ 25 ਲੱਖ ਮੁਆਵਜ਼ਾ ਰਾਸ਼ੀ ਅਤੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ ਦੀ ਮੰਗ ਕਰ ਰਹੇ ਹਨ।

ਇਸ ਮੌਕੇ ਠੇਕਾ/ਰੈਗੂਲਰ ਕਰਮਚਾਰੀਆਂ ਦੀਆਂ ਯੂਨੀਅਨਾਂ, ਆਜ਼ਾਦ ਪਨਬੱਸ, ਸੀਟੂ, ਏਟਕ, ਇੰਟਕ, ਕਰਮਚਾਰੀ ਦਲ ਤੇ ਐੱਸਸੀਬੀਸੀ ਮੁਲਾਜ਼ਮ ਯੂਨੀਅਨ ਵੱਲੋਂ ਵੀ ਹੜਤਾਲ ਦੀ ਹਮਾਇਤ ਕੀਤੀ ਗਈ। ਮੁਲਾਜ਼ਮਾਂ ਨੇ ਕਿਹਾ ਕਿ ਮੰਗ ਪੂਰੀ ਹੋਣ ਤੱਕ ਇਹ ਹੜਤਾਲ ਜਾਰੀ ਰਹੇਗੀ। ਆਗੂਆਂ ਗੁਰਧਿਆਨ ਭਾਨਰਾ, ਜਾਨਪਾਲ ਸਿੰਘ, ਸ਼ਹਿਜਪਾਲ ਸਿੰਘ, ਹਰਕੇਸ਼ ਵਿੱਕੀ ਤੇ ਗੁਰਦੀਪ ਸਿੰਘ ਸਮੇਤ ਹੋਰਨਾਂ ਨੇ ਕਿਹਾ ਕਿ ਛੇ ਮਹੀਨੇ ਪਹਿਲਾਂ ਮੈਨੇਜਮੈਂਟ ਨੇ ਲਿਖਤੀ ਬੇਨਤੀ ਕੀਤੀ ਸੀ ਕਿ ਉਨ੍ਹਾਂ ਦੀ ਤਨਖਾਹ ਵਿੱਚੋਂ ਕਟੌਤੀ ਕਰ ਕੇ ਅਜਿਹੀਆਂ ਘਟਨਾਵਾਂ ਮੌਕੇ ਪੀੜਤ ਪਰਿਵਾਰਾਂ ਲਈ ਮੁਆਵਜ਼ਾ ਰਾਸ਼ੀ ਦੀ ਵਿਵਸਥਾ ਕੀਤੀ ਜਾਵੇ, ਪਰ ਮੈਨੇਜਮੈਂਟ ਵੱਲੋਂ ਅਜਿਹਾ ਨਾ ਕਰਨ ਕਰਕੇ ਹੀ ਅੱਜ ਹੜਤਾਲ ਦੀ ਨੌਬਤ ਆਈ ਹੈ।

ਪੀਆਰਟੀਸੀ ਦੇ ਚੇਅਰਮੈਨ ਰਣਜੋਧ ਸਿੰਘ ਹਡਾਣਾ ਨੇ ਮ੍ਰਿਤਕ ਮੁਲਾਜ਼ਮ ਤੇ ਪਰਿਵਾਰ ਪ੍ਰਤੀ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਨਿਯਮਾਂ ਅਨੁਸਾਰ ਮ੍ਰਿਤਕ ਨੂੰ ਮੁਆਵਜ਼ਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਯੂਨੀਅਨ ਆਗੂਆਂ ਨਾਲ ਗੱਲਬਾਤ ਜਾਰੀ ਹੈ ਤੇ ਇਹ ਮਾਮਲਾ ਜਲਦੀ ਹੱਲ ਕਰ ਲਿਆ ਜਾਵੇਗਾ।

# ਫਰੀਦਕੋਟ ਦਾ ਤਾਪਮਾਨ 48 ਡਿਗਰੀ ਸੈਲਸੀਅਸ ਤੋਂ ਪਾਰ



**ਚੰਡੀਗੜ੍ਹ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ, ਹਰਿਆਣਾ ਸਣੇ ਪੂਰੇ ਉੱਤਰੀ ਭਾਰਤ ਵਿੱਚ ਗਰਮੀ ਦਾ ਕਹਿਰ ਜਾਰੀ ਹੈ। ਅੱਜ ਜਿੱਥੇ ਪੰਜਾਬ ਵਿੱਚ ਲਗਾਤਾਰ ਤੀਜੇ ਦਿਨ ਤਾਪਮਾਨ 48 ਡਿਗਰੀ ਸੈਲਸੀਅਸ ਤੋਂ ਪਾਰ ਰਿਹਾ ਉੱਥੇ ਕੌਮੀ ਰਾਜਧਾਨੀ ਦਿੱਲੀ 'ਚ ਮਾਮੂਲੀ ਮੀਂਹ ਪੈਣ ਮਗਰੋਂ ਲੋਕਾਂ ਨੂੰ ਭਿਆਨਕ ਗਰਮੀ ਤੋਂ ਕੁਝ ਰਾਹਤ ਮਿਲੀ ਹੈ।

ਰਾਜਸਥਾਨ 'ਚ 3 ਜੂਨ ਮਗਰੋਂ ਗਰਮੀ ਤੋਂ ਕੁਝ ਰਾਹਤ ਮਿਲਣ ਦੀ ਆਸ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਅੱਜ ਪੰਜਾਬ ਦਾ ਫਰੀਦਕੋਟ ਸ਼ਹਿਰ ਸਭ ਤੋਂ ਗਰਮ ਰਿਹਾ ਜਿੱਥੇ ਵੱਧ ਤੋਂ ਵੱਧ ਤਾਪਮਾਨ 48.3 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।

ਇਸੇ ਤਰ੍ਹਾਂ 49.1 ਡਿਗਰੀ ਤਾਪਮਾਨ ਨਾਲ ਹਰਿਆਣਾ ਦਾ ਸਿਰਸਾ ਸਭ ਤੋਂ ਗਰਮ ਰਿਹਾ। ਪੰਜਾਬ ਵਿੱਚ ਅਗਲੇ 2-3 ਦਿਨ ਗਰਮੀ ਤੋਂ ਮਾਮੂਲੀ ਜਿਹੀ ਰਾਹਤ ਮਿਲ ਸਕਦੀ ਹੈ।

ਮੌਸਮ ਵਿਭਾਗ ਨੇ ਪੱਛਮੀ ਗੜਬੜੀ ਦੇ ਚਲਦਿਆਂ 3 ਜੂਨ ਤੇ 3 ਜੂਨ ਨੂੰ ਕਈ ਥਾਵਾਂ 'ਤੇ ਹਲਕਾ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਹੈ। ਮੌਸਮ ਵਿਭਾਗ ਅਨੁਸਾਰ ਇਸ ਸਮੇਂ ਦਰਮਿਆਨ ਤੇਜ਼ ਰਫ਼ਤਾਰ ਹਵਾਵਾਂ ਚੱਲਣ ਦੇ ਨਾਲ ਨਾਲ ਕਿਣਮਿਣ ਵੀ ਹੋ ਸਕਦੀ ਹੈ।

ਉੱਧਰ ਕੌਮੀ ਰਾਜਧਾਨੀ ਦਿੱਲੀ ਵਿੱਚ ਕੱਲ੍ਹ ਦੇਰ ਸ਼ਾਮ ਪਏ ਹਲਕੇ ਮੀਂਹ ਨਾਲ ਲੋਕਾਂ ਨੂੰ ਗਰਮੀ ਤੋਂ ਮਾਮੂਲੀ ਰਾਹਤ ਮਿਲੀ ਹੈ। ਵਿਭਾਗ ਅਨੁਸਾਰ ਤਾਪਮਾਨ ਵਿੱਚ ਕੱਲ੍ਹ ਦੇ ਮੁਕਾਬਲੇ ਅੱਜ ਮਾਮੂਲੀ ਗਿਰਾਵਟ ਦੇਖੀ ਗਈ।

ਮੌਸਮ ਵਿਭਾਗ ਨੇ ਰੈੱਡ ਅਲਰਟ ਨੂੰ ਹੁਣ ਸੰਤਰੀ ਅਲਰਟ 'ਚ ਤਬਦੀਲ ਕਰ ਦਿੱਤਾ ਹੈ। 3 ਜੂਨ ਅਤੇ 3 ਜੂਨ ਤੱਕ ਤਾਪਮਾਨ 3-4 ਡਿਗਰੀ ਘਟਣ ਦੀ ਸੰਭਾਵਨਾ ਹੈ।

ਰਾਜਸਥਾਨ 'ਚ ਤਾਪਮਾਨ 'ਚ ਤਿੰਨ ਡਿਗਰੀ ਤੱਕ ਦੀ ਗਿਰਾਵਟ ਦੇ ਬਾਵਜੂਦ ਭਿਆਨਕ ਗਰਮੀ ਦਾ ਦੌਰ ਜਾਰੀ ਹੈ।

ਮੌਸਮ ਵਿਭਾਗ ਨੇ 3 ਜੂਨ ਤੋਂ ਲੂ ਤੋਂ ਰਾਹਤ ਮਿਲਣ ਦੇ ਸੰਕੇਤ ਦਿੱਤੇ ਹਨ। ਅਗਲੇ 48 ਘੰਟਿਆਂ ਅੰਦਰ ਇਸ ਵਿੱਚ 2-3 ਡਿਗਰੀ ਸੈਲਸੀਅਸ ਦੀ ਕਮੀ ਆਉਣ ਦੀ ਸੰਭਾਵਨਾ ਹੈ।

# ਕੌਮੀ ਸਬ-ਜੂਨੀਅਰ ਥਰੋਅ ਬਾਲ ਚੈਂਪੀਅਨਸ਼ਿਪ ਸਮਾਪਤ




ਜੇਤੂ ਟੀਮ ਦਾ ਸਨਮਾਨ ਕਰਦੇ ਹੋਏ ਏਕੇ ਸ਼ਰਮਾ, ਡਾਇਰੈਕਟਰ ਭੁਪਿੰਦਰ ਸਿੰਘ, ਰਵਿੰਦਰ ਕੌਰ ਤੇ ਹੋਰ।

**ਦੇਵੀਗੜ੍ਹ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਗੁਥਮੜਾ ਨੇੜੇ ਦੇਵੀਗੜ੍ਹ ਵਿੱਚ 29ਵੀਂ ਨੈਸ਼ਨਲ ਸਬ ਜੂਨੀਅਰ ਥਰੋਅ ਬਾਲ ਚੈਂਪੀਅਨਸ਼ਿਪ ਵਿੱਚ 16 ਸੂਬਿਆਂ ਤੋਂ 19 ਟੀਮਾਂ ਅਤੇ 700 ਤੋਂ ਵੱਧ ਖਿਡਾਰੀਆਂ ਨੇ ਹਿੱਸਾ ਲਿਆ। ਇਸ ਖੇਡ ਦਾ ਉਦਘਾਟਨ ਹਲਕਾ ਸਨੌਰ ਦੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਅਤੇ ਡਾ. ਜਗਜੀਤ ਸਿੰਘ ਧੂਰੀ (ਪ੍ਰੈਜ਼ੀਡੈਂਟ ਆਫ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਐਂਡ ਐਸੋਸੀਏਸ਼ਨ) ਵੱਲੋਂ ਕੀਤਾ ਗਿਆ ਸੀ। ਦੂਜੇ ਦਿਨ ਵੱਖ-ਵੱਖ ਰਾਜਾਂ ਤੋਂ ਆਏ ਖਿਡਾਰੀਆਂ ਨੇ ਇੱਕ ਦੂਜੇ ਨਾਲ ਮੈਚ ਖੇਡੇ ਅਤੇ ਆਪਣੀ ਚੰਗੀ ਖੇਡ ਦਾ ਪ੍ਰਦਰਸ਼ਨ ਕੀਤਾ। ਅੱਜ ਸਮਾਪਤੀ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਏ.ਕੇ. ਸ਼ਰਮਾ ਆਈ.ਆਰ.ਐਸ ਪ੍ਰੈਜ਼ੀਡੈਂਟ ਆਫ ਪੀ.ਏ.ਏ ਅਤੇ ਪੀ.ਟੀ.ਏ. ਮੈਂਬਰ ਆਫ ਫੂਡ ਕਮਿਸ਼ਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਚੈਂਪੀਅਨਸ਼ਿਪ ਵਿੱਚ ਲੜਕਿਆਂ ਦੀ ਟੀਮ ਵਿੱਚ ਦਿੱਲੀ ਦੀ ਟੀਮ ਨੇ ਪਹਿਲਾ ਸਥਾਨ, ਹਰਿਆਣਾ ਨੇ ਦੂਜਾ ਅਤੇ ਰਾਜਸਥਾਨ ਤੇ ਆਂਧਰਾ ਪ੍ਰਦੇਸ਼ ਦੀ ਟੀਮ ਨੇ ਤੀਜਾ ਪਾਰਟਨਰ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਲੜਕੀਆਂ ਦੀ ਟੀਮ ਵਿੱਚ ਪਹਿਲਾ ਸਥਾਨ ਦਿੱਲੀ, ਦੂਸਰਾ ਸਥਾਨ ਤਾਮਿਲਨਾਡੂ ਅਤੇ ਤੀਜੇ ਸਥਾਨ ਤੇ ਕੇਰਲਾ ਅਤੇ ਰਾਜਸਥਾਨ ਦੀ ਟੀਮ ਰਹੀ। ਜਿਨ੍ਹਾਂ ਨੂੰ ਮੁੱਖ ਮਹਿਮਾਨ ਵੱਲੋਂ ਟਰਾਫੀ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਏ.ਕੇ. ਸ਼ਰਮਾ ਆਈ.ਆਰ.ਐਸ ਨੇ ਵੱਖ-ਵੱਖ ਰਾਜਾਂ ਤੋਂ ਆਏ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ ਅਤੇ ਇਸ ਖੇਡ ਮੁਕਾਬਲਿਆਂ ਵਿੱਚ ਜੇਤੂ ਟੀਮਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਸਕੂਲ ਡਾਇਰੈਕਟਰ ਭੁਪਿੰਦਰ ਸਿੰਘ ਅਤੇ ਸਮੂਹ ਸਕੂਲ ਮੈਨੇਜਮੈਂਟ ਵੱਲੋਂ ਏ.ਕੇ. ਸ਼ਰਮਾ ਆਈ.ਆਰ.ਐਸ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ।

# ਲੋਕ ਸਭਾ ਹਲਕਾ ਪਟਿਆਲਾ 'ਚ ਬਣਾਏ 43 ਮਾਡਲ ਪੋਲਿੰਗ ਸਟੇਸ਼ਨ : ਰਿਟਰਨਿੰਗ ਅ.ਫਸਰ

## ਵੋਟਰਾਂ ਦਾ ਰੰਗ ਬਿਰੰਗੇ ਸ਼ਾਮਿਆਨਿਆਂ ਨਾਲ ਕੀਤਾ ਜਾਵੇਗਾ ਸੁਆਗਤ, ਕਰੈੱਚ ਦੀ ਮਿਲੇਗੀ ਸਹੂਲਤ, ਏ.ਸੀ. ਸਮੇਤ ਥੀਮ ਅਧਾਰਤ ਹੋਵੇਗਾ ਮਾਡਲ ਪੋਲਿੰਗ ਸਟੇਸ਼ਨ

**ਪਟਿਆਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਲੋਕ ਸਭਾ ਚੋਣਾਂ ਲਈ ਪਟਿਆਲਾ ਜ਼ਿਲ੍ਹੇ ਵਿੱਚ ਬਣਾਏ ਗਏ 1786 ਪੋਲਿੰਗ ਸਟੇਸ਼ਨਾਂ ਵਿਚੋਂ 43 ਮਾਡਲ (ਆਦਰਸ਼) ਪੋਲਿੰਗ ਸਟੇਸ਼ਨ ਬਣਾਏ ਗਏ ਹਨ, ਜਿਥੇ ਵੋਟਰਾਂ ਦਾ ਰੰਗ ਬਿਰੰਗੇ ਸ਼ਾਮਿਆਨਿਆਂ ਨਾਲ ਸੁਆਗਤ ਕੀਤਾ ਜਾਵੇਗਾ ਅਤੇ ਛੋਟੇ ਬੱਚਿਆਂ ਲਈ ਕਰੈੱਚ ਦੀ ਸਹੂਲਤ ਦੇ ਨਾਲ ਨਾਲ ਪੋਲਿੰਗ ਸਟੇਸ਼ਨ ਅੰਦਰ ਏ.ਸੀ. ਸਮੇਤ ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਥੀਮ ਅਧਾਰਤ ਮਾਡਲ (ਸਭਿਆਚਾਰ ਨੂੰ ਦਰਸਾਉਂਦੇ) ਪੋਲਿੰਗ ਸਟੇਸ਼ਨਾਂ 'ਤੇ ਵੋਟਰ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਕਰ ਸਕਣਗੇ। ਇਹ ਪ੍ਰਗਟਾਵਾ ਰਿਟਰਨਿੰਗ ਅਫ਼ਸਰ -ਕਮ-ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਅੱਜ ਇਥੇ ਕੀਤਾ।

ਰਿਟਰਨਿੰਗ ਅਫ਼ਸਰ ਸ਼ੌਕਤ ਅਹਿਮਦ ਪਰੇ ਨੇ ਲੋਕ ਸਭਾ ਹਲਕਾ ਪਟਿਆਲਾ ਵਿੱਚ ਸਥਾਪਤ 43 ਮਾਡਲ ਪੋਲਿੰਗ ਸਟੇਸ਼ਨਾਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ 109-ਨਾਭਾ ਵਿਖੇ ਸਰਕਾਰੀ ਰਿਪੁਦਮਨ ਕਾਲਜ ਨਾਭਾ (ਸਾਊਥ ਸਾਈਡ), ਅਰਿਆ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਨਾਭਾ (ਵੈਸਟ ਸਾਈਡ), ਸਰਕਾਰੀ ਸੀ.ਸੈ. ਸਕੂਲ (ਲੜਕੀਆਂ) ਬੈਂਕ ਸਟਰੀਟ ਅਲੌਹਾ ਗੇਟ, ਨਾਭਾ (ਈਸਟ ਸਾਈਡ), ਸਰਕਾਰੀ ਸੀ.ਸੈ. ਸਕੂਲ ਲੜਕੇ, ਨਾਭਾ (ਨੌਰਥ ਸਾਈਡ) ਵਿਖੇ ਮਾਡਲ ਪੋਲਿੰਗ ਸਟੇਸ਼ਨ ਬਣਾਏ ਗਏ ਹਨ। 110-ਪਟਿਆਲਾ ਦਿਹਾਤੀ ਵਿਖੇ ਸਰਕਾਰੀ ਹਾਈ ਸਕੂਲ ਮਡੌਰ, ਸਰਕਾਰੀ ਸੀ.ਸੈ. ਸਕੂਲ ਸਿਊਣਾ, ਥਾਪਰ ਬਹੁਤਕਨੀਕੀ ਕਾਲਜ, ਪਟਿਆਲਾ, ਮਾਈਲਸਟੋਨ ਪਬਲਿਕ ਸਕੂਲ, ਹਰਿੰਦਰ ਨਗਰ ਅਤੇ ਰਿਆਨ ਇੰਟਰਨੈਸ਼ਨਲ ਪਬਲਿਕ ਸਕੂਲ, ਅਰਬਨ ਅਸਟੇਟ ਫੇਜ-2 ਪਟਿਆਲਾ ਵਿਖੇ ਮਾਡਲ ਪੋਲਿੰਗ ਸਟੇਸ਼ਨ ਹੋਣਗੇ। 111-ਰਾਜਪੁਰਾ ਵਿਖੇ ਪੰਜਾਬ ਇੰਸਟੀਚਿਊਟ ਆਫ਼ ਟੈਕਨਾਲੋਜੀ, ਰਾਜਪੁਰਾ, ਪਟੇਲ ਮੈਮੋਰੀਅਲ ਨੈਸ਼ਨਲ ਕਾਲਜ, ਸਰਕਾਰੀ ਹਾਈ ਸਕੂਲ ਰਾਜਪੁਰਾ ਟਾਊਨ, ਸਰਕਾਰੀ ਲੜਕੀਆਂ ਸੀ.ਸੈ. ਸਕੂਲ ਕਸਤੂਰਬਾ ਸੇਵਾ ਮੰਦਰ ਰੋਡ, ਰਾਜਪੁਰਾ ਟਾਊਨ, ਰੋਟਰੀ ਭਵਨ, ਰਾਜਪੁਰਾ ਟਾਊਨ, ਸਰਕਾਰੀ ਸੀ.ਸੈ. ਸਕੂਲ ਰਾਮਗੜ੍ਹ ਉਰਫ਼ ਬੂਟਾ ਸਿੰਘ ਵਾਲਾ ਅਤੇ ਸਰਕਾਰੀ ਸੀ.ਸੈ. ਸਕੂਲ (ਲੜਕੇ) ਬਨੂੜ ਵਿਖੇ ਮਾਡਲ ਪੋਲਿੰਗ ਬੂਥ ਬਣਾਏ ਗਏ ਹਨ।

113-ਘਨੌਰ ਵਿਖੇ ਸਰਕਾਰੀ ਸੀ.ਸੈ. ਸਕੂਲ ਪਬਰੀ, ਸਰਕਾਰੀ ਐਲੀ. ਸਕੂਲ ਸੈਦਖੇੜੀ, ਸਰਕਾਰੀ ਐਲ. ਸਕੂਲ ਖੇੜੀ ਮੰਡਲਾ, ਸਰਕਾਰੀ ਸੀ.ਸੈ. ਸਕੂਲ ਹਰਪਾਲਪੁਰ ਅਤੇ ਸਰਕਾਰੀ ਸੀ.ਸੈ. ਸਕੂਲ ਕਪੂਰੀ ਵਿਖੇ ਮਾਡਲ ਪੋਲਿੰਗ ਬੂਥ ਬਣਾਏ ਗਏ ਹਨ। 114-ਸਨੌਰ ਵਿਖੇ ਸਰਕਾਰੀ ਸੀ.ਸੈ. ਸਮਾਰਟ ਸਕੂਲ ਬਹਾਦਰਗੜ੍ਹ (ਨਾਰਥ), ਸਰਕਾਰੀ ਐਲੀ. ਸਕੂਲ ਜੋਗੀਪੁਰ (ਈਸਟ), ਸਰਕਾਰੀ ਐਲੀ. ਸਕੂਲ ਨੇੜੇ ਪੁਰਾਣੀ ਅਨਾਜ ਮੰਡੀ ਸਨੌਰ (ਈਸਟ), ਸਰਕਾਰੀ ਸੀ.ਸੈ. ਸਕੂਲ (ਲੜਕੇ) ਸਨੌਰ (ਵੈਸਟ) ਅਤੇ ਸਰਕਾਰੀ ਸੀ.ਸੈਕ ਸਮਾਰਟ ਸਕੂਲ (ਲੜਕੀਆਂ) ਨੇੜੇ ਬੱਸ ਸਟੈਂਡ ਸਨੌਰ (ਸੈਂਟਰ) ਬਣਾਏ ਗਏ ਹਨ। 115-ਪਟਿਆਲਾ ਵਿਖੇ ਸਰਕਾਰੀ ਸਟੇਟ ਕਾਲਜ ਆਫ਼ ਐਜੂਕੇਸ਼ਨ ਪਟਿਆਲਾ, ਪਲੇਅ ਵੇਅ ਸੀ.ਸੈ. ਸਕੂਲ ਆਰਿਆ ਸਮਾਜ ਅਤੇ ਖਾਲਸਾ ਕਾਲਜ ਪਟਿਆਲਾ ਵਿਖੇ ਵੋਟਰ ਮਾਡਲ ਪੋਲਿੰਗ ਸਟੇਸ਼ਨਾਂ 'ਤੇ ਵੋਟ ਪਾਉਣਗੇ।

116-ਸਮਾਣਾ ਵਿਖੇ ਸਰਕਾਰੀ ਸੀ.ਸੈ. ਸਕੂਲ ਕਲਿਆਣ, ਸਰਕਾਰੀ ਸੀ.ਸੈ. ਸਕੂਲ ਵਜੀਦਪੁਰ, ਸਰਕਾਰੀ ਐਲੀ. ਸਕੂਲ ਸੇਖਪੁਰਾ, ਸਰਕਾਰੀ ਸੀ.ਸੈ. ਸਕੂਲ ਫ਼ਤਿਹਗੜ੍ਹ ਛੰਨਾ, ਪਬਲਿਕ ਕਾਲਜ ਸਮਾਣਾ, ਸਰਕਾਰੀ ਐਲੀ. ਧਨੌਰੀ ਅਤੇ ਸਰਕਾਰੀ ਸੀ.ਸੈ. ਸਕੂਲ ਬੀਬੀਪੁਰ। 117-ਸ਼ੁਤਰਾਣਾ ਵਿਖੇ ਸਰਕਾਰੀ ਹਾਈ ਸਕੂਲ ਕੁਲਾਰਾ, ਸਰਕਾਰੀ ਹਾਈ ਸਕੂਲ ਧਨੇਠਾ, ਸਰਕਾਰੀ ਸੀ.ਸੈ. ਸਕੂਲ ਘੱਗਾ, ਸਰਕਾਰੀ ਸੀ.ਸੈ. ਪਾਤੜਾਂ, ਸਰਕਾਰੀ ਐਲੀ. ਸਕੂਲ ਦਿਓਗੜ੍ਹ, ਸਰਕਾਰੀ ਸੀ.ਸੈ. ਬਨਵਾਲਾ ਅਤੇ ਸਰਕਾਰੀ ਸੀ.ਸੈ. ਸਕੂਲ ਸ਼ੁਤਰਾਣਾ ਵਿਖੇ ਮਾਡਲ ਪੋਲਿੰਗ ਸਟੇਸ਼ਨ ਬਣਾਏ ਗਏ ਹਨ।

ਉਨ੍ਹਾਂ ਪਟਿਆਲਾ ਜ਼ਿਲ੍ਹੇ ਦੇ ਵੋਟਰਾਂ ਨੂੰ ਇਸ ਲੋਕਤੰਤਰ ਦੇ ਸਭ ਤੋਂ ਵੱਡੇ ਤਿਉਹਾਰ ਵਿੱਚ ਹਿੱਸਾ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਹਰੇਕ ਵੋਟਰ ਦੀ ਵੋਟ ਕੀਮਤੀ ਹੈ ਤੇ ਉਹ ਪੋਲਿੰਗ ਸਟੇਸ਼ਨ 'ਤੇ ਜਾ ਕੇ ਆਪਣੀ ਇਸ ਲੋਕਤੰਤਰਿਕ ਅਧਿਕਾਰ ਦੀ ਵਰਤੋਂ ਜ਼ਰੂਰ ਕਰੇ।

# ਰਜਬਾਹਾ ਟੁੱਟਣ ਕਾਰਨ ਪਾੜ ਪਿਆ

**ਮਾਨਸਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਪਿੰਡ ਮਾਖਾ ਵਿਖੇ ਰਜਬਾਹਾ 'ਚ 50 ਫੁੱਟ ਪਾੜ ਪੈਣ ਕਾਰਨ ਜਿੱਥੇ ਕਿਸਾਨਾਂ ਦੇ ਨਰਮਾ, ਝੋਨੇ ਦੀ ਪਨੀਰੀ, ਮੱਕੀ, ਮੂੰਗੀ ਦੀ ਫ਼ਸਲ ਸਮੇਤ ਪਸ਼ੂਆਂ ਦਾ ਹਰਾ-ਚਾਰਾ ਪਾਣੀ ਵਿੱਚ ਡੁੱਬ ਗਿਆ, ਉਥੇ ਹੀ ਮਜ਼ਦੂਰ ਲੋਕਾਂ ਦੇ ਘਰਾਂ ਤੱਕ ਵੀ ਪਾਣੀ ਪਹੁੰਚ ਗਿਆ ਹੈ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਰਜਬਾਹੇ ਦੀ ਸਫ਼ਾਈ ਨਾ ਕੀਤੇ ਜਾਣ ਕਾਰਨ ਦੂਜੀ ਵਾਰ ਇਹ ਰਜਬਾਹਾ ਟੁੱਟ ਚੁੱਕਿਆ ਹੈ, ਜਿਸ ਕਾਰਨ ਉਨ੍ਹਾਂ ਦਾ ਭਾਰੀ ਨੁਕਸਾਨ ਹੋਇਆ ਹੈ।

ਮਿਲੀ ਜਾਣਕਾਰੀ ਅਨੁਸਾਰ ਪਿੰਡ ਮਾਖਾ ਵਿੱਚ ਅੱਜ ਸਵੇਰੇ ਰਜਬਾਹਾ ਟੁੱਟਣ ਕਾਰਨ ਕਿਸਾਨਾਂ ਦੇ ਖੇਤਾਂ ਵਿੱਚ ਪਾਣੀ ਭਰ ਗਿਆ ਹੈ ਅਤੇ ਨਾਲ ਲੱਗਦੇ ਮਜ਼ਦੂਰ ਲੋਕਾਂ ਦੇ ਘਰਾਂ ਨਾਲ ਵੀ ਪਾਣੀ ਲੱਗ ਚੁੱਕਿਆ ਹੈ। ਪਾਣੀ ਦੇ ਵਹਾਂ ਨੂੰ ਰੋਕਣ ਦੇ ਲਈ ਕਿਸਾਨ ਤੇ ਮਜ਼ਦੂਰ ਘਰਾਂ ਦੇ ਨਾਲ ਮਿੱਟੀ ਲਗਾ ਰਹੇ ਹਨ, ਉੱਥੇ ਹੀ ਕਿਸਾਨਾਂ ਨੇ ਕਿਹਾ ਕਿ ਉਹਨਾਂ ਦੀ ਖੇਤਾਂ ਵਿੱਚ ਝੋਨੇ ਦੀ ਪਨੀਰੀ,ਮੂੰਗੀ,ਮੱਕੀ ਦੀ ਫ਼ਸਲ ਪਾਣੀ ਭਰ ਜਾਣ ਕਾਰਨ ਖ਼ਰਾਬ ਹੋਈ ਹੈ।

ਕਿਸਾਨਾਂ ਨੇ ਕਿਹਾ ਕਿ ਰਜਬਾਹੇ ਦੇ ਪੁੱਲ ਦੀ ਸਫਾਈ ਨਾ ਹੋਣ ਕਾਰਨ ਪੁਲ ਬੰਦ ਹੈ, ਜਿਸ ਕਾਰਨ ਰਜਬਾਹਾ ਟੁੱਟਿਆ ਹੈ। ਉਨ੍ਹਾਂ ਕਿਹਾ ਕਿ ਰਜਬਾਹੇ 'ਤੇ ਕੰਮ ਕਰਨ ਵਾਲੇ ਬੇਲਦਾਰਾਂ ਅਤੇ ਨਹਿਰੀ ਵਿਭਾਗ ਦੇ ਅਧਿਕਾਰੀਆਂ ਦੀ ਅਣਗਹਿਲੀ ਕਾਰਨ ਰਜਵਾਹਾ ਟੁੱਟਿਆ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਰਜਬਾਹਾ ਟੁੱਟਣ ਕਾਰਨ ਉਨ੍ਹਾਂ ਦੀ ਕਣਕ ਦੀ ਫਸਲ ਬਰਬਾਦ ਹੋ ਚੁੱਕੀ ਸੀ। ਉਨ੍ਹਾਂ ਕਿਹਾ ਕਿ ਇਹ ਰਜਬਾਹਾ ਨਵੇਂ ਸਿਰੇ ਤੋਂ ਬਣਿਆ ਹੈ ਅਤੇ ਉਸ ਤੋਂ ਬਾਅਦ ਹੀ ਦੋ ਵਾਰ ਲਗਾਤਾਰ ਟੁੱਟ ਚੁੱਕਿਆ ਹੈ। ਉਨ੍ਹਾਂ ਸਰਕਾਰ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਇਸ ਰਜਬਾਹੇ ਨੂੰ ਬਣਾਉਣ ਵਾਲੇ ਠੇਕੇਦਾਰ ਵੱਲੋਂ ਘਟੀਆ ਮਟੀਰੀਅਲ ਦਾ ਇਸਤੇਮਾਲ ਕੀਤਾ ਗਿਆ ਹੈ ਅਤੇ ਇਸ ਦੀ ਜਾਂਚ ਕਰਕੇ ਕਾਰਵਾਈ ਕੀਤੀ ਜਾਵੇ।

ਇਸੇ ਦੌਰਾਨ ਨਹਿਰੀ ਵਿਭਾਗ ਦੇ ਮਾਨਸਾ ਸਥਿਤ ਐਕਸੀਅਨ ਜਗਮੀਤ ਸਿੰਘ ਭਾਖਰ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਪਿੱਛੋਂ ਪਾਣੀ ਬੰਦ ਕਰਵਾਇਆ ਗਿਆ ਹੈ ਅਤੇ ਪਾੜ ਨੂੰ ਕੱਲ੍ਹ ਤੱਕ ਪੂਰ ਲਿਆ ਜਾਵੇਗਾ।

# ਸੇਵਾ ਸੁਸਾਇਟੀ ਨੇ ਗੁਰਦੁਆਰੇ ਨੂੰ ਏਸੀ ਦਿੱਤਾ

**ਭਗਤਾ ਭਾਈ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹੀਦ ਹਰਜੀਤ ਸਿੰਘ ਸਿੱਧੂ ਸੇਵਾ ਸੁਸਾਇਟੀ ਭਗਤਾ ਭਾਈ ਦੇ ਪ੍ਰਧਾਨ ਜਗਸੀਰ ਸਿੰਘ ਸਿੱਧੂ (ਕੈਨੇਡਾ) ਨੇ ਸੁਸਾਇਟੀ ਮੈਂਬਰਾਂ ਰਾਹੀਂ ਸ਼ਹੀਦ ਹਰਜੀਤ ਸਿੰਘ ਸਿੱਧੂ ਦੀ ਯਾਦ ਵਿੱਚ ਗੁਰਦੁਆਰਾ ਬਾਬਾ ਜੀਵਨ ਸਿੰਘ ਸੁਰਜੀਤ ਨਗਰ ਭਗਤਾ ਭਾਈ ਨੂੰ ਇਕ ਏਸੀ ਦਾਨ ਦਿੱਤਾ ਹੈ।

ਇਸ ਤੋਂ ਇਲਾਵਾ ਇਸ ਗੁਰਦੁਆਰਾ ਸਾਹਿਬ ਦੀ ਉਸਾਰੀ ਲਈ 21000 ਰੁਪਏ ਭੇਜੇ ਗਏ ਹਨ।




ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਮੈਂਬਰ ਹੰਸ ਸਿੰਘ ਸੋਹੀ ਨੇ ਜਗਸੀਰ ਸਿੰਘ ਸਿੱਧੂ ਕੈਨੇਡਾ ਦਾ ਧੰਨਵਾਦ ਕੀਤਾ ਹੈ। ਇਸ ਮੌਕੇ ਗੁਰਦੁਆਰਾ ਕਮੇਟੀ ਵੱਲੋਂ ਮਾਤਾ ਗੁਰਦੇਵ ਕੌਰ ਸਿੱਧੂ ਦਾ ਸਨਮਾਨ ਵੀ ਕੀਤਾ ਗਿਆ।

ਇਸ ਸਮੇਂ ਸੰਮੀ ਡੋਡ, ਮਲਕੀਤ ਸਿੰਘ ਸਿੱਧੂ, ਜਗਰੂਪ ਸਿੰਘ ਖੇਮੂਆਣਾ, ਜਸਮੇਲ ਸੋਨੀ, ਕੁਲਦੀਪ ਸਿੰਘ, ਰਾਜਬੀਰ ਸਿੰਘ, ਕਮਲਦੀਪ ਸੋਨੀ ਹਾਜ਼ਰ ਸਨ।

# ਤਰੁਣ ਬਾਂਸਲ ਸਿਟੀ ਪ੍ਰੈਸ ਕਲੱਬ ਦੇ ਪ੍ਰਧਾਨ ਵਜੋਂ ਅਹੁਦਾ ਸੰਭਾਲਣਗੇ ਕਲੱਬ ਦੀ ਸਾਲਾਨਾ ਮੀਟਿੰਗ ਵਿੱਚ ਹੋਇਆ ਫੈਸਲਾ



**ਸੁਨਾਮ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਟੀ ਪ੍ਰੈਸ ਕਲੱਬ ਸੁਨਾਮ ਦਾ ਸਲਾਨਾ ਇਜਲਾਸ ਕਲੱਬ ਦੇ ਪ੍ਰਧਾਨ ਤਰੁਣ ਬਾਂਸਲ ਦੀ ਪ੍ਰਧਾਨਗੀ ਹੇਠ ਵਿਕਰਮ ਰੈਸਟੋਰੈਂਟ ਵਿਖੇ ਹੋਇਆ ਸੀ ਮੀਟਿੰਗ ਵਿੱਚ ਹਾਜ਼ਰ ਸਾਰੇ ਮੈਂਬਰਾਂ ਨੇ ਤਰੁਣ ਬਾਂਸਲ ਨੂੰ ਪ੍ਰਧਾਨ ਰੱਖਣ ਲਈ ਸਹਿਮਤੀ ਜਤਾਈ। ਸਾਲਾਨਾ ਮੀਟਿੰਗ ਫੈਸਲੇ ਮੁਤਾਬਿਕ ਤਰੁਣ ਬਾਂਸਲ ਪ੍ਰਧਾਨ ਦੇ ਅਹੁਦੇ ਤੇ ਬਣੇ ਰਹਿਣਗੇ। ਇਸ ਮੌਕੇ @ਤੇ ਕ੍ਰਿਸ਼ਨ ਸੰਦੋਹਾ, ਅਜਾਇਬ ਸਿੰਘ ਮੋਰਾਂਵਾਲੀ, ਭਗਵੰਤ ਸਿੰਘ ਚੰਦੜ, ਰਮੇਸ਼ ਗਰਗ, ਅੰਸ਼ੂ ਡੋਗਰਾ ,ਅਸ਼ੋਕ ਕੁਮਾਰ ਅਤੇ ਆਰ ਐਨ ਕਾਂਸਲ ਦੀ ਛੇ ਮੈਂਬਰਾਂ ਦੀ ਟੀਮ ਬਣਾਈ ਗਈ ਜੋ ਇੱਕ ਹਫ਼ਤੇ ਦੇ ਅੰਦਰ ਕਲੱਬ ਦੀ ਕਾਰਜਕਾਰਨੀ ਬਣਾ ਕੇ ਜਰਨਲ ਹਾਊਸ ਵਿੱਚ ਰੱਖੇਗੀ। ਇਸ ਮੀਟਿੰਗ ਵਿੱਚ ਪ੍ਰੈਸ ਕਲੱਬ ਦੇ ਕੰਮਕਾਜ ਵਿੱਚ ਹੋਰ ਸੁਧਾਰ ਲਿਆਉਣ ਲਈ ਵੀ ਵਿਚਾਰਾਂ ਕੀਤੀਆਂ ਗਈਆਂ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਦਿਗਵਿਜੇ ਕਲਿਆਣ, ਰਾਜੇਸ਼ ਬਾਂਸਲ, ਵਿਨੋਦ ਚੀਮਾ, ਵਰੁਣ ਬਾਂਸਲ, ਪ੍ਰਦੀਪ ਕੁਮਾਰ, ਹਾਕਮ ਸਿੰਘ ਭੱਟੀ, ਹਰਮੇਸ਼ ਕੁਮਾਰ, ਅਭਿਸ਼ੇਕ ਜਿੰਦਲ, ਕਰਮਾ ਥਿੰਦ, ਅਸ਼ੋਕ ਬਾਂਸਲ, ਮਨਪ੍ਰੀਤ ਢਿੱਲੋਂ, ਰਜਿੰਦਰ ਸ਼ਾਹ, ਵਿਸ਼ਾਲ ਗਰਗ, ਕੁਲਦੀਪ ਖਿੱਪਲ ਅਤੇ ਮੰਗਤ ਰਾਏ ਹਾਜ਼ਰ ਸਨ।

# ਪੈਨਸ਼ਨਰਾਂ ਤੇ ਮੁਲਾਜ਼ਮਾਂ ਨੂੰ ਵੋਟ ਪਾਉਣ ਦੀ ਅਪੀਲ

**ਚੰਡੀਗੜ੍ਹ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਸੋਸ਼ਲ ਮੀਡੀਆ ਉੱਤੇ ਕੁਝ ਮੁਲਾਜ਼ਮ ਆਗੂਆਂ ਵੱਲੋਂ 'ਆਪ' ਸਰਕਾਰ ਖਿਲਾਫ਼ ਕੀਤੀਆਂ ਜਾ ਰਹੀਆਂ ਟਿੱਪਣੀਆਂ ਨੂੰ ਆਮ ਆਦਮੀ ਪਾਰਟੀ ਦੇ ਐਕਸ ਐਂਪਲਾਈਜ਼ ਵਿੰਗ ਦੇ ਆਗੂਆਂ ਨੇ ਕਾਹਲੀ ਦੀ ਬਿਆਨਬਾਜ਼ੀ ਗਰਦਾਨਿਆ ਹੈ। ਅੱਜ ਐਕਸ ਐਂਪਲਾਈਜ਼ ਵਿੰਗ ਦੇ ਸਰਪ੍ਰਸਤ ਅਤੇ ਹਲਕਾ ਬੁਢਲਾਡਾ ਤੋਂ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ, ਸੂਬਾਈ ਜਨਰਲ ਸਕੱਤਰ ਹਰਮੰਦਰ ਸਿੰਘ ਬਰਾੜ, ਗੁਰਦਰਸ਼ਨ ਸਿੰਘ ਪਟਵਾਰੀ, ਸੀਨੀਅਰ ਮੀਤ ਪ੍ਰਧਾਨ ਗੁਰਮੇਲ ਸਿੰਘ ਸਿੱਧੂ, ਸੂਬਾ ਜੁਆਇੰਟ ਸਕੱਤਰ ਬਚਿੱਤਰ ਸਿੰਘ, ਖੁਸ਼ਿਵੰਦਰ ਕਪਿਲਾ, ਜ਼ਿਲ੍ਹਾ ਮੁਹਾਲੀ ਦੇ ਪ੍ਰਧਾਨ ਰਣਜੀਤ ਸਿੰਘ ਢਿੱਲੋਂ ਹਾਜ਼ਰ ਸਨ।

# ਸਾਕਾ ਨੀਲਾ ਤਾਰਾ: ਫਲੈਕਸਾਂ ਕਾਰਨ ਸ਼੍ਰੋਮਣੀ ਕਮੇਟੀ ਸਵਾਲਾਂ ਦੇ ਘੇਰੇ ਵਿੱਚ ਆਈ

**ਅੰਮ੍ਰਿਤਸਰ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਕਾ ਨੀਲਾ ਤਾਰਾ ਫ਼ੌਜੀ ਹਮਲੇ ਦੇ ਸਬੰਧ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਸ਼ਹਿਰ ਵਿੱਚ ਅਤੇ ਪੰਜਾਬ ਵਿੱਚ ਵੱਖ-ਵੱਖ ਥਾਵਾਂ 'ਤੇ ਲਾਏ ਫਲੈਕਸਾਂ ਨੂੰ ਲੈ ਕੇ ਸਿੱਖ ਸੰਸਥਾ ਨੂੰ ਸਵਾਲਾਂ ਦੇ ਘੇਰੇ ਵਿੱਚ ਖੜ੍ਹਾ ਕੀਤਾ ਜਾ ਰਿਹਾ ਹੈ। ਪੋਸਟਰਾਂ ਵਿੱਚ ਢਾਹ ਢੇਰੀ ਹੋਏ ਸ੍ਰੀ ਅਕਾਲ ਤਖਤ ਦੀ ਤਸਵੀਰ ਵੀ ਸ਼ਾਮਲ ਹੈ। ਅਜਿਹੇ ਫਲੈਕਸ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਿਆਂ ਦੇ ਨੇੜੇ ਲਾਏ ਗਏ ਹਨ। ਸ਼ਹਿਰ ਵਿੱਚੋਂ ਇੱਕ ਦੋ ਥਾਵਾਂ ਤੋਂ ਅਜਿਹੇ ਪੋਸਟਰ ਪਾੜੇ ਵੀ ਗਏ ਹਨ।

ਵੱਖ-ਵੱਖ ਸਿਆਸੀ ਧਿਰਾਂ ਦੇ ਉਮੀਦਵਾਰਾਂ ਵੱਲੋਂ ਇਸ ਮਾਮਲੇ ਵਿੱਚ ਸ਼੍ਰੋਮਣੀ ਕਮੇਟੀ 'ਤੇ ਦੋਸ਼ ਲਾਇਆ ਜਾ ਰਿਹਾ ਹੈ ਕਿ ਉਹ ਅਕਾਲੀ ਦਲ ਦਾ ਪੱਖ ਮਜ਼ਬੂਤ ਕਰਨ ਲਈ ਅਜਿਹਾ ਕਰ ਰਹੀ ਹੈ।

ਕਾਂਗਰਸ ਦੇ ਉਮੀਦਵਾਰ ਗੁਰਜੀਤ ਸਿੰਘ ਔਜਲਾ, 'ਆਪ' ਉਮੀਦਵਾਰ ਕੁਲਦੀਪ ਸਿੰਘ ਧਾਲੀਵਾਲ ਅਤੇ ਭਾਜਪਾ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਵੱਲੋਂ ਇਸ ਸਬੰਧੀ ਸਿੱਖ ਸੰਸਥਾ 'ਤੇ ਸਵਾਲ ਖੜ੍ਹੇ ਕੀਤੇ ਗਏ ਹਨ। ਉਧਰ, ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਕਿਹਾ ਕਿ ਸ੍ਰੀ ਅਕਾਲ ਤਖਤ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਪੰਜ ਸਿੰਘ ਸਾਹਿਬਾਨ ਦੀ ਮੀਟਿੰਗ ਮਗਰੋਂ ਸਿੱਖ ਸੰਸਥਾ ਅਤੇ ਸਮੂਹ ਸਿੱਖ ਜਥੇਬੰਦੀਆਂ ਤੇ ਸਿੱਖ ਜਗਤ ਨੂੰ ਆਦੇਸ਼ ਦਿੱਤਾ ਸੀ ਕਿ ਸਾਕਾ ਨੀਲਾ ਤਾਰਾ ਦੀ 40ਵੀਂ ਯਾਦ ਨੂੰ ਵੱਡੇ ਪੱਧਰ 'ਤੇ ਮਨਾਇਆ ਜਾਵੇ। ਇਸੇ ਤਹਿਤ ਸ਼੍ਰੋਮਣੀ ਕਮੇਟੀ ਵੱਲੋਂ ਉਪਰਾਲੇ ਸ਼ੁਰੂ ਕੀਤੇ ਗਏ ਹਨ।

ਇਸ ਨੂੰ ਕਿਸੇ ਵੀ ਤਰ੍ਹਾਂ ਸਿਆਸੀ ਰੰਗ ਦੇਣਾ ਉਚਿਤ ਨਹੀਂ ਹੈ। ਸ਼੍ਰੋਮਣੀ ਕਮੇਟੀ ਵੱਲੋਂ ਲਗਪਗ 1500 ਅਜਿਹੇ ਫਲੈਕਸ ਬੋਰਡ ਪੰਜਾਬ ਵਿੱਚ ਵੱਖ-ਵੱਖ ਗੁਰਦੁਆਰਿਆਂ ਅਤੇ ਹੋਰ ਥਾਵਾਂ 'ਤੇ ਲਾਏ ਗਏ ਹਨ।

# ਵੋਟ ਪਾਉਣ ਦੀ ਬਜਾਏ ਡੀਸੀ ਦਫ਼ਤਰਾਂ ਦਾ ਘਿਰਾਓ ਕਰਨਗੇ ਨਰੇਗਾ ਕਾਮੇ



**ਫਾਜ਼ਿਲਕਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਫਾਜ਼ਿਲਕਾ ਵੱਲੋਂ ਡੀਸੀ ਦਫਤਰ ਦੇ ਬਾਹਰ ਨਰੇਗਾ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਬੀਤੇ ਦਿਨੀਂ ਕੀਤੇ ਧਰਨੇ ਪ੍ਰਦਰਸ਼ਨ ਤੋਂ ਬਾਅਦ ਵੀ ਪ੍ਰਸ਼ਾਸਨ ਵੱਲੋਂ ਕੋਈ ਤਵੱਜੋ ਨਾ ਦਿੱਤੇ ਜਾਣ ਦੇ ਵਿਰੋਧ 'ਚ ਕੀਤੀ ਜਾ ਰਹੀ ਲੜੀਵਾਰ ਭੁੱਖ ਹੜਤਾਲ ਅੱਜ ਤੀਜੇ ਦਿਨ ਵੀ ਜਾਰੀ ਰਹੀ। ਜ਼ਿਲ੍ਹਾ ਪ੍ਰਸ਼ਾਸਨ ਤੋਂ ਅੱਕੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਆਗੂਆਂ ਨੇ ਵੋਟਾਂ ਨਾ ਪਾਉਣ ਦਾ ਐਲਾਨ ਕਰਦਿਆਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਤੋਂ ਅੱਕੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਤੇ ਆਗੂ ਨਰਿੰਦਰ ਢਾਬਾਂ, ਸੁਬੇਗ ਝੰਗੜਭੈਣੀ, ਬਲਵਿੰਦਰ ਮਹਾਲਮ, ਜਰਨੈਲ ਢਾਬਾਂ ਨੇ ਵੋਟਾਂ ਪਾਉਣ ਲਈ ਮਜਬੂਰ ਕਰਨ ਲਈ ਚੋਣ ਅਧਿਕਾਰੀ 'ਤੇ ਸਿੱਧੇ ਦੋਸ਼ ਲਗਾਏ ਹਨ। ਆਗੂਆਂ ਨੇ ਐਲਾਨ ਕੀਤਾ ਕਿ ਚੋਣਾਂ ਵਿੱਚ ਭਾਗ ਲੈਣ ਦੀ ਬਜਾਏ ਦਰਜਨਾਂ ਪਿੰਡਾਂ ਦੇ ਸੈਂਕੜੇ ਨਰੇਗਾ ਕਾਮੇ ਫਾਜ਼ਿਲਕਾ ਡੀਸੀ ਦਫਤਰ ਸਾਹਮਣੇ ਪ੍ਰਦਰਸ਼ਨ ਕਰਨ ਆਉਣਗੇ।

# ਕਿਸਾਨਾਂ ਦਾ ਥਾਣੇ ਅੱਗੇ ਧਰਨਾ ਜਾਰੀ

**ਜੈਤੋ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਕਿਸਾਨ ਯੂਨੀਅਨ (ਉਗਰਾਹਾਂ) ਵੱਲੋਂ ਇਥੇ ਥਾਣੇ ਅੱਗੇ ਦਿੱਤਾ ਜਾ ਰਿਹਾ ਬੇਮਿਆਦੀ ਧਰਨਾ ਅੱਜ ਦੂਜੇ ਦਿਨ ਵੀ ਜਾਰੀ ਰਿਹਾ।

ਧਰਨਾਕਾਰੀ ਕਿਸਾਨਾਂ ਦਾ ਦੋਸ਼ ਹੈ ਕਿ ਕਥਿਤ 24 ਮਈ ਦੀ ਰਾਤ ਨੂੰ ਪਿੰਡ ਦਲ ਸਿੰਘ ਵਾਲਾ 'ਚ ਇਕ ਵਿਧਵਾ ਦੇ ਘਰ ਪੁਲੀਸ ਟੀਮ ਵੱਲੋਂ ਕੀਤੀ ਗਈ ਕਾਰਵਾਈ ਗ਼ੈਰ-ਕਾਨੂੰਨੀ ਸੀ। ਉਹ ਮੰਗ ਕਰ ਰਹੇ ਹਨ ਕਿ ਉਸ ਕਾਰਵਾਈ 'ਚ ਸ਼ਾਮਿਲ ਪੁਲੀਸ ਅਧਿਕਾਰੀਆਂ ਤੇ ਕਰਮਚਾਰੀਆਂ ਖ਼ਿਲਾਫ਼ ਪੁਲੀਸ ਪ੍ਰਸ਼ਾਸਨ ਵਿਭਾਗੀ ਕਾਰਵਾਈ ਕਰੇ। ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਨੰਗਲ ਨੇ ਦੋਸ਼ ਲਾਇਆ ਕਿ ਜੈਤੋ ਪੁਲੀਸ ਲੰਘੀ 24 ਮਈ ਦੀ ਅੱਧੀ ਰਾਤ ਨੂੰ ਪਿੰਡ ਦਲ ਸਿੰਘ ਵਾਲਾ ਵਿੱਚ ਵਿਧਵਾ ਰਜਿੰਦਰ ਕੌਰ ਦੇ ਘਰ ਦੀ ਚਾਰਦੀਵਾਰੀ ਉਲੰਘ ਕੇ ਘਰ ਵਿੱਚ ਦਾਖ਼ਲ ਹੋਈ ਅਤੇ ਘਰ ਅੰਦਰ ਔਰਤਾਂ ਅਤੇ ਬੱਚੀਆਂ ਨਾਲ ਦੁਰਵਿਹਾਰ ਅਤੇ ਕੁੱਟਮਾਰ ਕੀਤੀ। ਉਨ੍ਹਾਂ ਨੂੰ ਪਤਾ ਲੱਗਾ ਹੈ ਕਿ ਪੁਲੀਸ ਦੇ ਆਹਲਾ ਅਧਿਕਾਰੀ ਵੀ ਇਸ ਗ਼ੈਰ ਕਾਨੂੰਨੀ ਕਾਰਵਾਈ ਦੀ ਪੁਸ਼ਤ ਪਨਾਹੀ ਕਰਨ 'ਚ ਜੁਟੇ ਹੋਏ ਹਨ।

# ਭਾਅ ਜੀ ਗੁਰਸ਼ਰਨ ਸਿੰਘ ਕਲਾ ਸਲਾਮ ਕਾਫ਼ਲੇ ਦੀ ਮੀਟਿੰਗ

**ਬਰਨਾਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪਿਛਲੇ ਦਿਨੀ ਵਿਛੋੜਾ ਦੇ ਗਏ ਉੱਘੇ ਪੰਜਾਬੀ ਕਵੀ ਸੁਰਜੀਤ ਪਾਤਰ ਨੂੰ ਜਨਤਕ ਸ਼ਰਧਾਂਜਲੀ ਤੇ ਸਨਮਾਨ ਲਈ ਬਰਨਾਲਾ ਵਿਖੇ 9 ਜੂਨ ਨੂੰ ਸੂਬਾ ਪੱਧਰੀ ਸਮਾਗਮ ਕੀਤਾ ਜਾ ਰਿਹਾ ਹੈ। 'ਗੁਰਸ਼ਰਨ ਸਿੰਘ ਲੋਕ ਕਲਾ ਸਲਾਮ ਕਾਫ਼ਲਾ' ਵੱਲੋਂ ਕੀਤੇ ਜਾ ਰਹੇ ਇਸ ਸਮਾਗਮ ਦੀ ਤਿਆਰੀ ਲਈ ਅੱਜ ਇੱਥੇ ਤਰਕਸ਼ੀਲ ਭਵਨ ਵਿਖੇ ਜਨਤਕ ਕਾਰਕੁਨਾਂ ਦੀ ਭਰਵੀਂ ਇਕੱਤਰਤਾ ਕੀਤੀ ਗਈ ਜਿਸ ਵਿੱਚ ਇਸ ਸਮਾਗਮ ਦੇ ਉਦੇਸ਼ ਅਤੇ ਸੁਰਜੀਤ ਪਾਤਰ ਦੀ ਸਾਹਿਤਕ ਦੇਣ ਬਾਰੇ ਚਰਚਾ ਕੀਤੀ ਗਈ ਅਤੇ ਸਮਾਗਮ ਦੀ ਲਾਮਬੰਦੀ/ਤਿਆਰੀਆਂ ਸਬੰਧੀ ਵਿਉਂਤਬੰਦੀ ਉਲੀਕੀ ਗਈ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸਲਾਮ ਕਾਫ਼ਲਾ ਦੇ ਕਨਵੀਨਰ ਜਸਪਾਲ ਜੱਸੀ, ਕਾਫ਼ਲਾ ਟੀਮ ਮੈਂਬਰ ਅਮੋਲਕ ਸਿੰਘ, ਪਾਵੇਲ ਕੁੱਸਾ ਤੇ ਝੰਡਾ ਸਿੰਘ ਜੇਠੂਕੇ ਨੇ ਕਿਹਾ ਕਿ ਸੁਰਜੀਤ ਪਾਤਰ ਲੋਕਾਂ ਪੱਖੀ ਕਵੀ ਸਨ।

# ਫੀਲਡ 'ਚ ਉਤਰੇ ਡਿਪਟੀ ਕਮਿਸ਼ਨਰ; ਵੋਟ ਪ੍ਰਕਿਰਿਆ ਅਤੇ ਇੰਤਜ਼ਾਮਾਂ ਦਾ ਲਿਆ ਜਾਇਜ਼ਾ

## ➢ ਚੋਣ ਅਮਲੇ ਦੀ ਕੀਤੀ ਹੌਸਲਾ ਅਫ਼ਜ਼ਾਈ ਅਤੇ ਵੋਟਰਾਂ ਦੇ ਉਤਸ਼ਾਹ ਸਲਾਹਿਆ ➢ ਸਰਕਾਰੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਵੈਬ ਕਾਸਟਿੰਗ 'ਤੇ ਨਿਭਾਈ ਜਾ ਰਹੀ ਡਿਊਟੀ ਦਾ ਮੁਆਇਨਾ





**ਪਟਿਆਲਾ, 3 ਜੂਨ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਅਮਨ ਅਮਾਨ ਨਾਲ ਸ਼ੁਰੂ ਹੋਈ ਵੋਟਿੰਗ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਫੀਲਡ 'ਚ ਗਏ ਅਤੇ ਜਿਥੇ ਉਨ੍ਹਾਂ ਨੇ ਵੋਟ ਪ੍ਰਕਿਰਿਆ ਅਤੇ ਪੋਲਿੰਗ ਬੂਥਾਂ 'ਤੇ ਕੀਤੇ ਇੰਤਜ਼ਾਮਾਂ ਦਾ ਨਿਰੀਖਣ ਕੀਤਾ, ਉਥੇ ਵੋਟਰਾਂ ਅਤੇ ਚੋਣ ਅਮਲੇ ਸਮੇਤ ਵਲੰਟੀਅਰਾਂ ਦੀ ਹੌਸਲਾ ਅਫ਼ਜ਼ਾਈ ਵੀ ਕੀਤੀ।

ਰਿਟਰਨਿੰਗ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਵੱਖ ਵੱਖ ਪੋਲਿੰਗ ਬੂਥਾਂ ਦਾ ਦੌਰਾ ਕਰਨ ਦੌਰਾਨ ਵੋਟਰਾਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਲੋਕਤੰਤਰ ਦਾ ਹਿੱਸਾ ਬਣਨ ਲਈ ਆਪ ਸਭ ਦਾ ਯੋਗਦਾਨ ਅਹਿਮ ਹੈ। ਉਨ੍ਹਾਂ ਕਿਹਾ ਕਿ ਗਰਮੀ ਦੇ ਬਾਵਜੂਦ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਵੋਟਰਾਂ ਦਾ ਘਰਾਂ ਤੋਂ ਬਾਹਰ ਆਉਣਾ ਪਟਿਆਲਾ ਜ਼ਿਲ੍ਹੇ ਲਈ ਮਾਣ ਵਾਲੀ ਗੱਲ ਹੈ।

ਸ਼ੌਕਤ ਅਹਿਮਦ ਪਰੇ ਨੇ ਪੋਲਿੰਗ ਬੂਥਾਂ 'ਤੇ ਚੱਲ ਰਹੀ ਚੋਣ ਪ੍ਰਕਿਰਿਆ ਦਾ ਜਾਇਜ਼ਾ ਲੈਂਦਿਆਂ ਚੋਣ ਅਮਲੇ ਦਾ ਉਤਸ਼ਾਹ ਵਧਾਇਆ। ਉਨ੍ਹਾਂ ਕਿਹਾ ਕਿ ਵੋਟ ਪ੍ਰਕਿਰਿਆ ਨੂੰ ਨੇਪਰੇ ਚਾੜ੍ਹਨ ਲਈ ਤਾਇਨਾਤ ਸਮੁੱਚੇ ਅਮਲਾ ਵਧਾਈ ਦਾ ਪਾਤਰ ਹੈ। ਉਨ੍ਹਾਂ ਕਿਹਾ ਕਿ ਚੋਣ ਡਿਊਟੀ ਇਮਾਨਦਾਰੀ ਅਤੇ ਲਗਨ ਨਾਲ ਨਿਭਾਉਣੀ ਲੋਕਤੰਤਰ ਵਿੱਚ ਸੱਚੀ ਦ੍ਰਿੜ੍ਹਤਾ ਨੂੰ ਦਰਸਾਉਂਦੀ ਹੈ। ਡਿਪਟੀ ਕਮਿਸ਼ਨਰ ਨੇ ਸਰਕਾਰੀ ਸਕੂਲਾਂ ਦੇ 200 ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਵੀ ਕੀਤੀ, ਜਿਹੜੇ ਜ਼ਿਲ੍ਹਾ ਪ੍ਰੀਸ਼ਦ ਵਿਖੇ ਵੈਬਕਾਸ ?ਟਿੰਗ ਜਰੀਏ ਪੋਲਿੰਗ ਬੂਥਾਂ 'ਤੇ ਨਜ਼ਰਸਾਨੀ ਦੀ ਡਿਊਟੀ ਨਿਭਾਅ ਰਹੇ ਸਨ।

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਨੇ ਗਰਮੀ ਦੇ ਮੱਦੇਨਜ਼ਰ ਵੱਖ ਵੱਖ ਐਨ.ਜੀ.ਓਜ਼, ਰੈੱਡ ਕਰਾਸ ਸੁਸਾਇਟੀ ਅਤੇ ਵਲੰਟੀਅਰਾਂ ਵੱਲੋਂ ਵੱਖ ਵੱਖ ਥਾਵਾਂ 'ਤੇ ਲਗਾਈਆਂ ਛਬੀਲਾ ਦਾ ਵੀ ਦੌਰਾ ਕੀਤਾ। ਉਨ੍ਹਾਂ ਹੌਸਲਾ ਅਫ਼ਜ਼ਾਈ ਲਈ ਛਬੀਲ ਨੂੰ ਵਰਤਾਇਆ ਅਤੇ ਆਪ ਵੀ ਟੇਸਟ ਕੀਤਾ।

# ਚੋਣਾਂ ਦਾ ਪਰਵ; ਗਰੀਨ ਪੋਲਿੰਗ ਬੂਥਾਂ 'ਤੇ ਵੰਡੇ ਬੂਟ; ਬੱਚਿਆਂ ਲਈ ਆਕਰਸ਼ਿਤ ਰਹੇ ਕਿਡਜ਼ ਪਲੇਅ ਜ਼ੋਨ

**ਪਟਿਆਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਲੋਕ ਸਭਾ ਹਲਕੇ ਵਿੱਚ ਜਿਥੇ ਅਮਨ ਅਮਾਨ ਨਾਲ ਵੋਟ ਪ੍ਰਕਿਰਿਆ ਸ਼ੁਰੂ ਹੋਈ, ਉਥੇ ਹੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਗਏ ਇੰਤਜਾਮਾਂ ਦੀ ਚੁਫੇਰਿਓਂ ਸ਼ਲਾਘਾ ਹੋ ਰਹੀ ਹੈ। ਸਮੇਂ ਦੀ ਨਜ਼ਾਕਤ ਸਮਝਦਿਆਂ ਛਬੀਲਾਂ ਲਗਾਉਣ ਤੋਂ ਇਲਾਵਾ ਵੱਧ ਤੋਂ ਵੱਧ ਬੂਟੇ ਲਗਾਉਣ ਦਾ ਸੁਨੇਹਾ ਵੀ ਦਿੱਤਾ ਗਿਆ। ਪ੍ਰਸ਼ਾਸਨ ਵੱਲੋਂ ਗਰੀਨ ਬੂਥ ਵੀ ਸਥਾਪਤ ਕੀਤੇ ਗਏ, ਜਿਥੇ ਵੋਟਰਾਂ ਨੂੰ ਮੁਫ਼ਤ ਬੂਟੇ ਵੰਡੇ ਗਏ, ਤਾਂ ਜੋ ਵਾਤਾਵਰਣ ਨੂੰ ਹਰਿਆ ਭਰਿਆ ਬਣਾਇਆ ਜਾ ਸਕੇ। ਇਸ ਤੋਂ ਇਲਾਵਾ ਵਾਤਾਵਰਣ ਦੀ ਸ਼ੁੱਧਤਾ ਬਰਕਰਾਰ ਰੱਖਣ ਲਈ ਪ੍ਰਦੂਸ਼ਣ ਰੋਕਥਾਮ ਬੋਰਡ ਵੱਲੋਂ ਵਾਤਾਵਰਣ ਅਨੁਕੂਲ ਥੈਲੇ ਵੀ ਵੰਡੇ ਗਏ। ਬੱਚਿਆਂ ਦੇ ਖੇਡਣ ਲਈ ਕਿਡਜ਼ ਪਲੇਅ ਜ਼ੋਨ ਬਣਾਏ ਗਏ ਅਤੇ ਇਹ ਜ਼ੋਨ ਬੱਚਿਆਂ ਲਈ ਕਾਫ਼ੀ ਆਕਰਸ਼ਿਤ ਰਹੇ।



ਰਿਟਰਨਿੰਗ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਪਟਿਆਲਾ ਲੋਕ ਸਭਾ ਹਲਕੇ ਅਧੀਨ ਪੈਂਦੇ 9 ਵਿਧਾਨ ਸਭਾ ਹਲਕਿਆਂ ਵਿੱਚ ਸ਼ਾਂਤੀਪੂਰਵਕ ਤਰੀਕੇ ਨਾਲ ਵੋਟਿੰਗ ਹੋਈ।

# ਪਵਨ ਕੁਮਾਰ ਗੁਪਤਾ ਨੇ ਆਪਣੇ ਪਰਿਵਾਰ ਸਮੇਤ ਕੀਤਾ ਵੋਟ ਦਾ ਅਧਿਕਾਰ



**ਪਟਿਆਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਸ਼ਿਵ ਸੈਨਾ ਹਿੰਦੁਸਤਾਨ ਅਤੇ ਹਿੰਦੁਸਤਾਨ ਸ਼ਕਤੀ ਸੈਨਾ ਦੇ ਕੌਮੀ ਪ੍ਰਧਾਨ ਪਵਨ ਕੁਮਾਰ ਗੁਪਤਾ ਨੇ ਆਪਣੇ ਪਰਿਵਾਰ ਸਮੇਤ ਅਲੀਪੁਰ ਰਈਆ ਦੇ ਸਰਕਾਰੀ ਸਕੂਲ ਵਿੱਚ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕੀਤੀ। ਉਨ੍ਹਾਂ ਦੇ ਨਾਲ ਉਨ੍ਹਾਂ ਦੇ ਪਰਿਵਾਰ ਵਿੱਚ ਉਨ੍ਹਾਂ ਦੇ ਪਿਤਾ ਸ਼੍ਰੀ ਹੀਰਾਲਾਲ, ਮਾਤਾ ਸ਼੍ਰੀਮਤੀ ਸ਼ਿਵ ਰਤੀ ਜੀ, ਸ਼੍ਰੀ ਪਵਨ ਗੁਪਤਾ ਦੀ ਧਰਮ ਪਤਨੀ ਸ਼੍ਰੀਮਤੀ ਸੁਮਨ ਗੁਪਤਾ, ਦੋਵੇਂ ਬੇਟੀਆਂ ਕੁਮਾਰੀ ਸ਼ੋਭਾ ਗੁਪਤਾ ਅਤੇ ਕੁਮਾਰੀ ਕਿਰਨ ਗੁਪਤਾ ਨੇ ਵੀ ਆਪਣੀ ਵੋਟ ਪਾਈ।

ਇਸ ਮੌਕੇ ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਾਰੇ ਵੋਟਰ ਆਪਣਾ ਕੀਮਤੀ ਸਮਾਂ ਕੱਢ ਕੇ ਵੋਟ ਪਾਉਣ ਲਈ ਜ਼ਰੂਰ ਜਾਣ ਤਾਂ ਜੋ ਇੱਕ ਚੰਗੀ ਸਰਕਾਰ ਦੇਸ਼ ਦੀ ਅਗਵਾਈ ਕਰ ਸਕੇ । ਅਜਿਹਾ ਉਮੀਦਵਾਰ ਹੀ ਚੁਣਿਆ ਜਾ ਸਕਦਾ ਹੈ ਜੋ ਆਮ ਲੋਕਾਂ ਦੇ ਦੁੱਖ-ਦਰਦ ਨੂੰ ਸਮਝਦਾ ਹੋਵੇ ਅਤੇ ਉਨ੍ਹਾਂ ਦੇ ਦੁੱਖ-ਸੁੱਖ ਵਿੱਚ ਹਰ ਵੇਲੇ ਸ਼ਾਮਲ ਹੋਵੇ।

ਅੰਤ ਵਿੱਚ ਉਨ੍ਹਾਂ ਕਿਹਾ ਕਿ ਵੋਟ ਪਾਉਣਾ ਸਾਡਾ ਕੌਮੀ ਫਰਜ਼ ਵੀ ਹੈ।

# ਪਾਤੜਾਂ ਵਿਖੇ ਸਟੇਸ਼ਨਰੀ ਦੇ ਵੱਡੇ ਸ਼ੋ ਰੂਮ 'ਚ ਲੱਗੀ ਭਿਆਨਕ ਅੱਗ ਨਾਲ ਕਰੋੜਾਂ ਦਾ ਨੁਕਸਾਨ

**ਪਾਤੜਾਂ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਪਾਤੜਾਂ ਸ਼ਹਿਰ ਚ ਬਹੁਤ ਦੁਖਦਾਈ ਘਟਨਾ ਵਾਪਰੀ ਹੈ। ਜਾਖਲ ਰੋਡ ਸਥਿਤ ਕੌਹਰੀਆਂ ਵਾਲਿਆਂ ਦੇ ਕਈ ਮੰਜ਼ਿਲੇ ਕਿਤਾਬਾਂ ਦੇ ਸ਼ੋਅਰੂਮ ਚ ਭਿਆਨਕ ਅੱਗ ਲੱਗਣ ਕਾਰਨ ਕਰੋੜਾਂ ਦਾ ਨੁਕਸਾਨ ਹੋਇਆ ਹੈ।ਅੱਗ ਇੰਨੀ ਭਿਆਨਕ ਸੀ ਕਿ ਉਸਨੇ ਨਾਲ ਲਗਦੀਆਂ ਦੁਕਾਨਾਂ ਨੂੰ ਵੀ ਆਪਣੀ ਲਪੇਟ ਵਿੱਚ ਲੈ ਲਿਆ।ਮੌਕੇ ਤੇ ਸਭ ਤੋਂ ਪਹਿਲਾਂ ਪਹੁੰਚੇ ਜੀ ਗ੍ਰੀਨ ਐਸ ਵੈਲਫੇਅਰ ਫੋਰਸ ਵਿੰਗ ਦੇ ਸੇਵਾਦਾਰਾਂ ਨੇ ਕਈ ਘੰਟਿਆਂ ਦੀ ਜੱਦੋ ਜਹਿਦ ਤੋਂ ਬਾਅਦ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਜਿੱਥੇ ਅੱਗ ਤੇ ਕਾਬੂ ਪਾਇਆ ਉਥੇ ਹੀ ਨਾਲ ਲੱਗਦੇ ਦੁਕਾਨਦਾਰਾਂ ਦਾ ਸਾਰਾ ਸਮਾਨ ਸੁਰੱਖਿਅਤ ਬਾਹਰ ਕਢਵਾਇਆ। ਜਾਣਕਾਰੀ ਅਨੁਸਾਰ ਅੱਜ ਸਵੇਰੇ ਲਗਭਗ 6 ਵਜੇ ਜਾਖਲ ਰੋਡ ਤੋਂ ਲੰਘ ਰਹੇ ਵਿਨੋਦ ਕੁਮਾਰ ਅੰਬੇ ਮੋਟਰਜ਼ ਨੇ ਦੁਕਾਨ ਚ ਅੱਗ ਲੱਗਣ ਦੀ ਸੂਚਨਾ ਡੇਰਾ ਪ੍ਰੇਮੀਆਂ ਨੂੰ ਦਿੱਤੀ ਸੂਚਨਾ ਮਿਲਦੇ ਹੀ ਸੈਂਕੜੇ ਲੋਕਾਂ ਨੇ ਮੌਕੇ ਤੇ ਪੁੱਜ ਕੇ ਅੱਗ ਬੁਝਾਉਣ ਵਿੱਚ ਜੁਟ ਗਏ। ਪ੍ਰਸ਼ਾਸ਼ਨ ਵੱਲੋਂ ਭੇਜੀਆਂ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੇ ਵੀ ਅੱਗ ਤੇ ਕਾਬੂ ਪਾਉਣ ਚ ਪੂਰੀ ਮਦਦ ਕੀਤੀ। ਅੱਗ ਇੰਨੀ ਭਿਆਨਕ ਸੀ ਕਿ ਚਾਰੇ ਪਾਸੇ ਧੂਏਂ ਦਾ ਗੁਬਾਰ ਨਜ਼ਰ ਆਉਣ ਲੱਗਾ।ਗਨੀਮਤ ਇਹ ਰਹੀ ਕਿ ਕਿਸੇ ਵੀ ਤਰਾਂ ਦਾ ਜਾਨੀ ਨੁਕਸਾਨ ਹੋਣੋਂ ਬਚਾਅ ਹੋ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਸੁਰਿੰਦਰ ਪੈਂਦ ਨੇ ਡੇਰਾ ਪ੍ਰੇਮੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸ਼ਹਿਰ ਅਤੇ ਇਲਾਕੇ ਅੰਦਰ ਕਿਸੇ ਵੀ ਕਿਸਮ ਦੀ ਕੁਦਰਤੀ ਆਫ਼ਤ ਜਾਂ ਹੋਰ ਮੁਸੀਬਤ ਦੀ ਘੜੀ ਵਿੱਚ ਡੇਰਾ ਪ੍ਰੇਮੀ ਸਭ ਤੋਂ ਅੱਗੇ ਹੋ ਕੇ ਮਨੁੱਖਤਾ ਦਾ ਫ਼ਰਜ਼ ਨਿਭਾਉਂਦੇ ਹਨ ਜੋਂ ਸਭ ਤੋਂ ਵੱਡੀ ਸੇਵਾ ਹੈ ਅੱਜ ਲੱਗੀ ਇਸ ਭਿਆਨਕ ਅੱਗ ਚ ਜੇਕਰ ਸਮੇਂ ਸਿਰ ਪੁੱਜ ਕੇ ਡੇਰਾ ਲੋਕ ਮਦਦ ਨਾ ਕਰਦੇ ਤਾਂ ਇਸ ਨਾਲ ਨਾਲ ਲਗਦੀਆਂ ਕਈ ਦੁਕਾਨਾਂ ਵੀ ਅੱਗ ਦੀ ਭੇਂਟ ਚੜ੍ਹ ਜਾਣੀਆਂ ਸਨ।ਉਨਾਂ ਪੂਜਨੀਕ ਗੁਰੂ ਜੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਗ੍ਰੀਨ ਐਸ ਵੈਲਫੇਅਰ ਫੋਰਸ ਵਿੰਗ ਬਾਬਾ ਰਾਮ ਰਹੀਮ ਜੀ ਦੁਆਰਾ ਸਮਾਜ ਨੂੰ ਦਿੱਤਾ ਸਭ ਤੋਂ ਵੱਡਾ ਤੋਹਫਾ ਹੈ ਜੋਂ ਹਰ ਔਖੇ ਸਮੇਂ ਸਮਾਜ ਦੀ ਅੱਗੇ ਹੋ ਕੇ ਮਦਦ ਕਰਦਾ ਹੈ।

# ਵਿਸ਼ਵ ਤੰਬਾਕੂ ਰਹਿਤ ਦਿਵਸ ਮੌਕੇ ਜਾਗਰੂਕਤਾ ਸਮਾਗਮ ਦਾ ਆਯੋਜਨ

**ਰੂਪਨਗਰ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਸ਼ਟਰੀ ਤੰਬਾਕੂ ਕੰਟਰੋਲ ਪ੍ਰੋਗਰਾਮ ਤਹਿਤ ਵਿਸ਼ਵ ਤੰਬਾਕੂ ਰਹਿਤ ਦਿਵਸ ਦੇ ਮੌਕੇ ਤੇ ਸਿਵਲ ਸਰਜਨ ਰੂਪਨਗਰ ਡਾ. ਮਨੂ ਵਿਜ ਦੇ ਦਿਸ਼ਾ ਨਿਰਦੇਸ਼ਾਂ ਹੇਠ ਬੱਚਿਆਂ ਨੂੰ ਤੰਬਾਕੂ ਉਦਯੋਗ ਦੇ ਦਖਲ ਤੋਂ ਬਚਾਉਣਾ ਦੇ ਥੀਮ ਤਹਿਤ ਜਾਗਰੂਕਤਾ ਸਮਾਗਮ ਦਾ ਆਯੋਜਨ ਸਥਾਨਕ ਡੈਂਟਲ ਓ.ਪੀ.ਡੀ. ਸਿਵਲ ਹਸਪਤਾਲ ਰੂਪਨਗਰ ਵਿਖੇ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਡਾ ਰਿਕੀ ਬਾਂਸਲ ਬੱਚਿਆਂ ਦੇ ਦੰਦਾਂ ਦੇ ਰੋਗਾਂ ਦੇ ਮਾਹਿਰ ਨੇ ਦੱਸਿਆ ਕਿ ਤੰਬਾਕੂ ਦੇ ਸੇਵਨ ਨਾਲ ਹੋਣ ਵਾਲੇ ਨੁਕਸਾਨਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ 3 ਜੂਨ ਨੂੰ ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਇਆ ਜਾਂਦਾ ਹੈ। ਤੰਬਾਕੂ ਦਾ ਸੇਵਨ ਕਰਨ ਨਾਲ ਹਰ ਸਾਲ ਦੁਨੀਆ ਭਰ ਵਿੱਚ 80 ਲੱਖ ਤੋਂ ਵੱਧ ਲੋਕਾਂ ਦੀ ਮੌਤ ਹੋ ਜਾਂਦੀ ਹੈ। ਮਨੁੱਖੀ ਖਰਚੇ ਤੋਂ ਇਲਾਵਾ, ਤੰਬਾਕੂ ਦਾ ਸੇਵਨ ਵੀ ਵਾਤਾਵਰਣ ਨੂੰ ਖਰਾਬ ਕਰਨ ਦਾ ਕਾਰਨ ਬਣਦਾ ਹੈ। ਉਹਨਾਂ ਦੱਸਿਆ ਕਿ ਤੰਬਾਕੂ ਖਾਣ ਨਾਲ ਤਕਰੀਬਨ 90 ਪ੍ਰਤੀਸ਼ਤ ਮੂੰਹ ਦੇ ਕੈਂਸਰ ਹੁੰਦੇ ਹਨ। ਇਸ ਤੋਂ ਇਲਾਵਾ ਕੈਂਸਰ, ਦਿਲ ਦੇ ਰੋਗ ਅਤੇ ਫੇਫੜ੍ਹੇ ਆਦਿ ਦੀਆਂ ਬਿਮਾਰੀਆਂ ਦਾ ਸਭ ਤੋਂ ਵੱਡਾ ਕਾਰਨ ਤੰਬਾਕੂ ਦੀ ਵਰਤੋਂ ਹੀ ਹੈ।



# ਪਲੇਅਵੇਅ ਸੀਨੀਅਰ ਸੈਕੰਡਰੀ ਸਕੂਲ ਵਿਚ ਬਣੇ ਮਾਡਲ ਬੂਥਾਂ ਦੇ ਹਰ ਪਾਸੇ ਰਹੇ ਚਰਚੇ







**ਪਟਿਆਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੀਆਂ 13 ਸੀਟਾਂ ਲਈ ਲੋਕ ਸਭਾ ਚੋਣਾਂ ਦੇ ਆਖਰੀ ਪੜਾਅ ਲਈ 3 ਜੂਨ 2024 ਨੂੰ ਵੋਟਿੰਗ ਹੋਈ।ਇਸ ਵੋਟਿੰਗ ਤਹਿਤ ਪਟਿਆਲਾ ਸ਼ਹਿਰ ਦੇ ਪਲੇ ਵੇਅਜ਼ ਸੀਨੀਅਰ ਸੈਕੰਡਰੀ ਸਕੂਲ ਨੂੰ ਬੂਥ ਨੰਬਰ 138, 139 ਮਾਡਲ ਵੋਟਿੰਗ ਬੂਥ ਬਣਾਇਆ ਗਿਆ। ਸਕੂਲ ਦੇ ਚੇਅਰਮੈਨ ਡਾ: ਰਾਜਦੀਪ ਸਿੰਘ ਜੀ ਨੇ ਅੱਤ ਦੀ ਗਰਮੀ ਨੂੰ ਧਿਆਨ ਵਿੱਚ ਰੱਖਦੇ ਹੋਏ ਸਕੂਲ ਵਿੱਚ ਸਮੂਹ ਵੋਟਰਾਂ ਦੇ ਆਰਾਮ ਅਤੇ ਸਹੂਲਤਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ। ਸਕੂਲ ਨੇ ਗੇਟ ਨੰ. 2 ਅਤੇ 3, ਸੀਨੀਅਰ ਸਿਟੀਜ਼ਨ, ਅਪਾਹਜ ਵਿਅਕਤੀਆਂ ਅਤੇ ਔਰਤਾਂ ਦੀ ਸਹੂਲਤ ਲਈ ਸਕੂਲ ਨੇ ਵ੍ਹੀਲ ਚੇਅਰ, ਹੈਲਪ ਡੈਸਕ ਅਤੇ ਚਾਈਲਡ ਕੇਅਰ ਸੈਂਟਰ ਬਣਾਇਆ, ਜਿਸ ਵਿੱਚ ਸਕੂਲ ਦੇ ਅਧਿਆਪਕਾਂ ਅਤੇ ਪ੍ਰੀਫੈਕਟ ਵਿਦਿਆਰਥੀਆਂ ਨੇ ਕਾਨੂੰਨ ਦੀ ਪਾਲਣਾ ਕਰਦੇ ਹੋਏ ਵੋਟਰਾਂ ਨੂੰ ਬੂਥ ਤੱਕ ਪਹੁੰਚਣ ਵਿੱਚ ਮਦਦ ਕੀਤੀ। ਇਸ ਤੋਂ ਇਲਾਵਾ ਸੈਲਫੀ ਕਾਊਂਟਰ, ਸਿਗਨੇਚਰ ਕਾਊਂਟਰ ਅਤੇ ਫਸਟ ਏਡ ਕਾਊਂਟਰ ਆਦਿ ਵਿਸ਼ੇਸ਼ ਕਾਊਂਟਰ ਬਣਾਏ ਗਏ ਸਨ। ਗਰਮੀ ਤੋਂ ਰਾਹਤ ਦਿਵਾਉਣ ਲਈ ਸਕੂਲ ਵੱਲੋਂ ਸਵੇਰ ਤੋਂ ਸ਼ਾਮ ਤੱਕ ਪਾਣੀ, ਨਮਕੀਨ ਲੱਸੀ, ਛਬੀਲ ਅਤੇ ਪਾਣੀ ਦੀਆਂ ਛਬੀਲਾਂ ਦਾ ਪੂਰਾ ਪ੍ਰਬੰਧ ਕੀਤਾ ਗਿਆ। ਸਕੂਲ ਵਿੱਚ ਵੋਟਰਾਂ ਨੂੰ ਉਤਸ਼ਾਹਿਤ ਕਰਨ ਲਈ ਪਹਿਲੇ ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲੇ ਵੋਟਰਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਪਹਿਲੇ 500 ਵੋਟਰਾਂ ਨੂੰ ਮੈਡਲ, ਟੋਪੀਆਂ ਅਤੇ ਵੱਟਾਂ ਦੀ ਵੰਡ ਕੀਤੀ ਗਈ।

ਇਹ ਸਾਰੇ ਪ੍ਰਬੰਧ ਸਕੂਲ ਦੇ ਚੇਅਰਮੈਨ ਡਾ: ਰਾਜਦੀਪ ਸਿੰਘ, ਹਰਲੀਨ ਕੌਰ ਅਤੇ ਪ੍ਰਿੰਸੀਪਲ ਸ੍ਰੀਮਤੀ ਰਕਸ਼ਾ ਵਰਮਾ ਦੀ ਸਿੱਧੀ ਨਿਗਰਾਨੀ ਹੇਠ ਕਰਵਾਏ ਗਏ ਅਤੇ ਸਕੂਲ ਦੇ ਸਮੂਹ ਅਧਿਆਪਕਾਂ ਨੇ ਯੋਗਦਾਨ ਪਾਇਆ ।

# ਲੋਕ ਸਭਾ ਚੋਣਾਂ ਦੌਰਾਨ ਪਟਿਆਲਾ ਵਿੱਚ ਬੋਲਣ ਤੇ ਸੁਨਣ ਤੋਂ ਅਸਮਰਥ ਵੋਟਰਾਂ ਲਈ ਡੈਫ਼ ਹੈਲਪਲਾਈਨ ਦੀ ਇਤਿਹਾਸਕ ਪਹਿਲਕਦਮੀ



**ਪਟਿਆਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਚੋਣਾਂ ਦੌਰਾਨ ਪਟਿਆਲਾ ਵਿੱਚ ਬੋਲਣ ਤੇ ਸੁਨਣ ਤੋਂ ਅਸਮਰਥ ਵੋਟਰਾਂ ਲਈ ਡੈਫ਼ ਹੈਲਪਲਾਈਨ ਦੀ ਇਤਿਹਾਸਕ ਪਹਿਲਕਦਮੀ ਲਈ ਬੋਲਣ ਤੇ ਸੁਨਣ ਤੋਂ ਅਸਮਰਥ ਦਿਵਾਂ ?ਆਂਗਜਨਾਂ ਨੇ ਡਿਪਟੀ ਕਮਿਸ਼ਨਰ ਦਾ ਧੰਨਵਾਦ ਕੀਤਾ ਹੈ।ਡਿਸਟ੍ਰਿਕਟ ਆਈਕਨ ਫਾਰ ਪਰਸਨਜ਼ ਵਿਦ ਡਿਸੇਬਿਲਿਟੀਜ਼ (ਪੀ.ਡਬਲਿਊ.ਡੀ.) ਜਗਦੀਪ ਸਿੰਘ ਸੋਢੀ ਦੀ ਅਗਵਾਈ ਹੇਠ ਪਟਿਆਲਾ ਦੇ 20 ਅਜਿਹੇ ਦਿਵਿਆਂਗਜਨਾਂ ਨੇ, ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਦਾ ਉਨ੍ਹਾਂ ਦੀ ਇਸ ਪਹਿਲਕਦਮੀ ਲਈ ਤਹਿ ਦਿਲੋਂ ਧੰਨਵਾਦ ਕੀਤਾ।

ਇਨ੍ਹਾਂ ਨੇ ਸੰਕੇਤ ਭਾਸ਼ਾ ਨਾਲ ਆਪਣੇ ਇੰਟਰਪ੍ਰੇਟਰ ਰਾਹੀਂ ਡਿਪਟੀ ਕਮਿਸ਼ਨਰ ਨੂੰ ਕਿਹਾ ਕਿ ਚੋਣਾਂ ਦੌਰਾਨ ਭਾਰਤੀ ਸੰਕੇਤਿਕ ਭਾਸ਼ਾ (ਭਾਰਤੀ ਸੰਕੇਤਕ ਭਾਸ਼ਾ) ਰਾਹੀਂ ਪਹੁੰਚਯੋਗਤਾ ਨੂੰ ਵਧਾਉਣਾ ਬਹੁਤ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਜ਼ਿਲ੍ਹੇ ਲਈ ਪਹਿਲੀ ਇਤਿਹਾਸਕ ਪਹਿਲਕਦਮੀ ਦੀ ਨਿਸ਼ਾਨਦੇਹੀ ਕਰਦੀ ਹੋਈ ਇਹ ਯਕੀਨੀ ਬਣਾਉਂਦੀ ਹੈ ਕਿ ਬੋਲ਼ੇ ਅਤੇ ਗੂੰਗੇ ਵੋਟਰ ਚੋਣ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਭਾਗ ਲੈ ਸਕਦੇ ਹਨ।

ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਕਿਹਾ, ਸਾਡਾ ਟੀਚਾ ਚੋਣ ਪ੍ਰਕਿਰਿਆ ਨੂੰ ਵੱਧ ਤੋਂ ਵੱਧ ਲੋਕਾਂ ਦੀ ਪਹੁੰਚਯੋਗ ਬਣਾਉਣਾ ਹੈ, ਇਹ ਯਕੀਨੀ ਬਣਾਉਣਾ ਕਿ ਹਰੇਕ ਨਾਗਰਿਕ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਦਾ ਮੌਕਾ ਮਿਲੇ ਅਤੇ ਇਹ ਪਹਿਲਕਦਮੀ ਉਸ ਟੀਚੇ ਨੂੰ ਪ੍ਰਾਪਤ ਕਰਨ ਵੱਲ ਇੱਕ ਕਦਮ ਹੈ।

ਜਗਦੀਪ ਸਿੰਘ ਸੋਢੀ ਨੇ ਕਿਹਾਕਿ ਬੋਲਣ ਤੇ ਸੁਨਣ ਤੋਂ ਅਸਮਰਥ ਵੋਟਰਾਂ ਲਈ ਵਿਸ਼ੇਸ਼ ਤੌਰ 'ਤੇ ਤਿਆਰ ਕੀਤੇ ਗਏ ਹੈਲਪਲਾਈਨ ਨੰਬਰਾਂ ਨੂੰ ਲਾਗੂ ਕਰਨਾ ਪ੍ਰਸ਼ਾਸਨ ਦੀ ਦਿਵਿਆਂਗਜਨਾਂ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ, ਜਿਸ ਨਾਲ ਉਨ੍ਹਾਂ ਨੂੰ ਭਾਰਤੀ ਸੰਕੇਤਕ ਭਾਸ਼ਾ ਵਿੱਚ ਲੋੜੀਂਦੀ ਸਹਾਇਤਾ ਅਤੇ ਜਾਣਕਾਰੀ ਪ੍ਰਾਪਤ ਕਰਨ ਦੇ ਯੋਗ ਬਣਾਇਆ ਗਿਅ ਹੈ।

# 81 ਸਾਲਾ ਦ੍ਰਿਸ਼ਟੀਹੀਣ ਬਜ਼ੁਰਗ ਨੇ ਲੋਕਤੰਤਰ ਨੂੰ ਰੁਸ਼ਨਾਇਆ

## ਵੋਟ ਪਾ ਕੇ ਲੋਕਤੰਤਰ 'ਚ ਸ਼ਮੂਲੀਅਤ ਕਰਨ ਵਾਲੇ ਵੋਟਰਾਂ ਦਾ ਯੋਗਦਾਨ ਅਹਿਮ : ਸ਼ੌਕਤ ਅਹਿਮਦ ਪਰੇ

**ਪਟਿਆਲਾ, 3 ਜੂਨ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**



ਪਟਿਆਲਾ ਲੋਕ ਸਭਾ ਹਲਕੇ 'ਚ ਪਈਆਂ ਵੋਟਾਂ ਦੌਰਾਨ ਜਿਥੇ ਹਰੇਕ ਉਮਰ ਵਰਗ ਦੇ ਵੋਟਰਾਂ ਨੇ ਉਤਸ਼ਾਹ ਦਿਖਾਇਆ, ਉਥੇ 81 ਸਾਲਾ ਦ੍ਰਿਸ਼ਟੀਹੀਣ ਕੁਲਭੂਸ਼ਣ ਲਾਲ ਨੇ ਗਰਮੀ ਦੇ ਬਾਵਜੂਦ ਵੋਟ ਪਾ ਕੇ ਮਜ਼ਬੂਤ ਲੋਕਤੰਤਰ ਨੂੰ ਰੁਸ਼ਨਾਉਣ ਵਿੱਚ ਅਹਿਮ ਕਦਮ ਪੁੱਟਿਆ। 115-ਪਟਿਆਲਾ ਸ਼ਹਿਰੀ ਦੇ ਬੂਥ ਨੰਬਰ 64 'ਤੇ ਜਦੋਂ ਛੋਟਾ ਅਰਾਈ ਮਾਜਰਾ ਦੇ ਵਸਨੀਕ ਕੁਲਭੂਸ਼ਣ ਲਾਲ ਪਹੁੰਚੇ ਤਾਂ ਸਭ ਦੀਆਂ ਨਜ਼ਰਾਂ ਉਨ੍ਹਾਂ ਵੱਲ ਸਨ। ਸ੍ਰੀ ਲਾਲ ਦੇ ਲੋਕਤੰਤਰ ਪ੍ਰਤੀ ਦ੍ਰਿੜ ਵਿਸ਼ਵਾਸ ਨੇ ਹੋਰਨਾਂ ਵੋਟਰਾਂ ਨੂੰ ਵੀ ਪ੍ਰਭਾਵਿਤ ਕੀਤਾ। ਜ਼ਿਕਰਯੋਗ ਹੈ ਕਿ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਪਟਿਆਲਾ ਸ਼ੌਕਤ ਅਹਿਮਦ ਪਰੇ ਦੀ ਅਗਵਾਈ ਵਾਲੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬਜ਼ੁਰਗਾਂ ਲਈ ਬੂਥਾਂ 'ਤੇ ਵਿਸ਼ੇਸ਼ ਸਹੂਲਤਾਂ ਦਾ ਪ੍ਰਬੰਧ ਕੀਤਾ ਗਿਆ ਸੀ। ਹਰ ਬੂਥ 'ਤੇ ਸਭ ਤੋਂ ਪਹਿਲਾਂ ਵੋਟ ਪਾਉਣ ਵਾਲੇ ਪਹਿਲੇ ਪੰਜ ਬਜ਼ੁਰਗਾਂ ਨੂੰ ਪ੍ਰਸੰਸਾ ਪੱਤਰ ਵੀ ਪ੍ਰਦਾਨ ਕੀਤੇ ਗਏ।

ਇਸ ਤੋਂ ਇਲਾਵਾ ਪਟਿਆਲਾ ਦੇ ਹੀ ਬੂਥ ਨੰਬਰ 43 ਵਿਖੇ ਪਹਿਲੀ ਵਾਰ ਵੋਟ ਪਾਉਣ ਵਾਲੀ ਪਰਾਂਜਲ ਪੁੱਤਰੀ ਰਾਜਕੁਮਾਰ ਵਾਸੀ ਪੁਰਾਣਾ ਬੱਸ ਅੱਡਾ ਨੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਬਾਕੀ ਨੌਜਵਾਨਾਂ ਨੂੰ ਵੀ ਵੱਧ ਤੋਂ ਵੱਧ ਵੋਟ ਪਾਉਣ ਦੇ ਅਧਿਕਾਰੀ ਦੀ ਵਰਤੋਂ ਕਰਨ ਦੀ ਅਪੀਲ ਕੀਤੀ।

ਪਰਾਂਜਲ ਨੂੰ ਪ੍ਰੀਜਾਈਡਿੰਗ ਅਫ਼ਸਰ ਵੱਲੋਂ ਪ੍ਰਸੰਸਾ ਪੱਤਰ ਵੀ ਸੌਂਪਿਆਂ ਗਿਆ। ਪ੍ਰਸ਼ਾਸਨ ਵੱਲ ਹਰ ਬੂਥ 'ਤੇ ਸਭ ਤੋਂ ਪਹਿਲਾਂ ਪਹਿਲੀ ਵਾਰ ਵੋਟ ਪਾਉਣ ਵਾਲੇ ਪੰਜ ਨੌਜਵਾਨ ਨੂੰ ਪ੍ਰਸੰਸਾ ਪੱਤਰ ਸੌਂਪੇ ਗਏ।

ਸ਼ੌਕਤ ਅਹਿਮਦ ਪਰੇ ਨੇ ਕਿਹਾ ਕਿ ਪਹਿਲੇ ਪੰਜ ਬਜ਼ੁਰਗਾਂ, ਪਹਿਲੀ ਵਾਰ ਵੋਟ ਪਾਉਣ ਵਾਲੇ ਨੌਜਵਾਨਾਂ ਅਤੇ ਦਿਵਿਆਂਗਜਨ ਨੂੰ ਹਰ ਬੂਥ 'ਤੇ ਪ੍ਰਸੰਸਾ ਪੱਤਰ ਸੌਂਪੇ ਗਏ ਹਨ। ਇਸ ਤੋਂ ਇਲਾਵਾ ਵੋਟ ਪਾਉਣ ਵਾਲੇ ਪਹਿਲੇ ਪੰਜ ਟਰਾਂਸਜੈਂਡਰ ਨੂੰ ਵੀ ਬੂਥ 'ਤੇ ਹੀ ਪ੍ਰਸੰਸਾ ਪੱਤਰ ਸੌਂਪਣ ਦੇ ਪ੍ਰਬੰਧ ਕੀਤੇ ਗਏ।

# ਨੇਚਰ ਪਾਰਕ ਨਾਭਾ ਰੋਡ ਵਿਖੇ ਪੂਰਾ ਹ.ਫਤਾ ਚਲਾਈ ਜਾਵੇਗੀ ਸਫਾਈ ਮੁਹਿੰਮ :ਉਪਕਾਰ ਸਿੰਘ

**ਪਟਿਆਲਾ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**




ਨੇਚਰ ਪਾਰਕ ਨਾਭਾ ਰੋਡ ਪਟਿਆਲਾ ਵਿਖੇ ਯੂਨਾਈਟਡ ਨੇਸ਼ਨਸ ਐਨਵਾਇਰਮੇਂਟ ਪ੍ਰੋਗਰਾਮ ਅਧੀਨ ਸੈਰ ਪ੍ਰੇਮੀਆਂ , ਪਾਵਰ ਹਾਊਸ ਯੂਥ ਕਲੱਬ ਅਤੇ ਯੂਥ ਫੈਡਰੇਸ਼ਨ ਆਫ ਇੰਡੀਆ ਦੇ ਸਹਿਯੋਗ ਨਾਲ ਸਮੁੱਚੀ ਪਾਰਕ ਨੂੰ ਪਲਾਸਟਿਕ ਰਹਿਤ ਬਣਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ। ਪੂਰੇ ਵਿਸ਼ਵ ਵਿਚ ਪੰਜ ਜੂਨ ਨੂੰ ਵਾਤਾਵਰਨ ਪ੍ਰੇਮੀਆਂ ਵਲੋਂ ਜਾਗਰੂਕਤਾ ਦਿਵਸ ਵਜੋਂ ਮਨਾਇਆ ਜਾਂਦਾ ਹੈ , ਇਸੇ ਲੜੀ ਤਹਿਤ ਸਮਾਜ ਸੇਵੀ ਸੰਸਥਾਵਾਂ ਵਲੋਂ ਪੂਰਾ ਹਫਤਾ ਪਟਿਆਲਾ ਸ਼ਹਿਰ ਦੇ ਪਾਰਕਾਂ ਵਿੱਚੋਂ ਪਲਾਸਟਿਕ ਖਤਮ ਕਰਨ ਦਾ ਬੀੜਾ ਚੁੱਕਿਆ ਗਿਆ ਹੈ। ਪ੍ਰੋਗਰਾਮ ਵਿੱਚ ਬਤੌਰ ਮੁੱਖ ਮਹਿਮਾਨ ਉਪਕਾਰ ਸਿੰਘ ਪ੍ਰਧਾਨ ਗਿਆਨ ਜਯੋਤੀ ਐਜੂਕੇਸ਼ਨ ਸੁਸਾਇਟੀ ਨੇ ਸ਼ਿਰਕਤ ਕੀਤੀ। ਇਸ ਮੌਕੇ ਸੈਰ ਪ੍ਰੇਮੀਆਂ ਨਾਲ ਗੱਲਬਾਤ ਕਰਦਿਆਂ ਉਹਨਾਂ ਕਿਹਾ ਕਿ ਅੱਜ ਪੂਰਾ ਵਿਸ਼ਵ ਵਾਤਾਵਰਨ ਤਬਦੀਲੀ ਨਾਲ ਜੂਝ ਰਿਹਾ ਹੈ ਅਤੇ ਖੁਦ ਇਨਸਾਨ ਇਸ ਲਈ ਪੂਰਾ ਜ਼ੁੰਮੇਵਾਰ ਹੈ। ਦਰੱਖਤਾਂ ਦੀ ਬੇਲੋੜੀ ਕਟਾਈ ਅਤੇ ਪਾਣੀ ਦੀ ਦੁਰਵਰਤੋਂ ਕਾਰਣ ਅੱਜ ਪੂਰੇ ਵਿਸ਼ਵ ਵਿਚ ਤ੍ਰਾਹੀ ਤ੍ਰਾਹੀ ਹੋਈ ਪਈ ਹੈ । ਯੂਥ ਕਲੱਬ ਮੈਂਬਰ ਗਰੇਵਾਲ ਨੇ ਦਸਿਆ ਕਿ ਪੂਰਾ ਹਫਤਾ ਇਸ ਪਾਰਕ ਵਿੱਚ ਵੱਖ ਵੱਖ ਪ੍ਰੋਗਰਾਮਾਂ ਦਾ ਆਯੋਜਨ ਕਰਕੇ ਲੋਕਾਂ ਨੂੰ ਵਾਤਾਵਰਨ ਸਬੰਧੀ ਜਾਗਰੁਕ ਕੀਤਾ ਜਾਵੇਗਾ ਅਤੇ ਲੋਕਾਂ ਨੂੰ ਪਾਣੀ ਦੇ ਕਸੋਰੇ ਵੰਡੇ ਜਾਣਗੇ। ਸੈਰ ਪ੍ਰੇਮੀਆਂ ਵੱਲੋਂ ਯੂਥ ਕਲੱਬਾਂ ਦੇ ਇਸ ਉੱਦਮ ਦੀ ਸ਼ਲਾਘਾ ਕੀਤੀ ਗਈ।

# ਇਲੈਕਸ਼ਨ ਕਮਿਸ਼ਨ ਦੀਆਂ ਹਦਾਇਤਾਂ ਨੂੰ ਅਣਗੌਲਿਆਂ ਕਰ ਪ੍ਰਾਈਵੇਟ ਕੰਪਨੀਆਂ ਕਰਵਾਉਂਦੀਆਂ ਰਹੀਆਂ ਧੜਾਧੜ ਕੰਮ

## ਜਾਂਚ ਤੋਂ ਬਾਅਦ ਕੀਤੀ ਜਾਵੇਗੀ ਸਖਤ ਕਾਰਵਾਈ : ਐੱਸ.ਡੀ.ਐੱਮ. ਸਮਰਾਲਾ

**ਮਾਛੀਵਾੜਾ ਸਾਹਿਬ, 3 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**










ਕੁਹਾੜਾ ਰੋਡ 'ਤੇ ਸਥਿਤ ਇੱਕ ਵੱਡੀ ਉਦਯੋਗਿਕ ਇਕਾਈ.ਵਿਚ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੇ ਉਲਟ ਜਾ ਕੇ ਫੈਕਟਰੀ ਵਿਚ ਮਜ਼ਦੂਰ ਕੰਮ ਕਰ ਰਹੇ ਸਨ। ਇਸ ਵਿੱਚ ਇਹ ਵੀ ਦੇਖਣ ਨੂੰ ਆਇਆ ਕਿ ਇਲਾਕੇ ਦੀਆਂ ਤਕਰੀਬਨ ਸਾਰੀਆਂ ਹੀ ਫੈਕਟਰੀਆਂ ਦੇ ਵਿੱਚ ਧੜਾ ਧੜ ਕੰਮ ਚੱਲ ਰਿਹਾ ਸੀ। ਸਵੇਰ ਤੋਂ ਹੀ ਵਰਕਰਾਂ ਦਾ ਫੈਕਟਰੀ ਦੇ ਅੰਦਰ ਆਉਣਾ ਜਾਣਾ ਲਗਾਤਾਰ ਜਾਰੀ ਰਿਹਾ। ਜਦੋਂ ਪੱਤਰਕਾਰਾਂ ਨੂੰ ਇਸ ਦੀ ਭਿਣਕ ਲੱਗੀ ਤਾਂ ਉਨ੍ਹਾਂ ਮੌਕੇ 'ਤੇ ਜਾ ਕੇ ਸਥਿਤੀ ਦਾ ਜਾਇਜ਼ਾ ਲਿਆ। ਮਿੱਲ ਦੇ ਅੰਦਰ ਕੰਮ ਕਰ ਰਹੇ ਕੁਝ ਮਜ਼ਦੂਰਾਂ ਵਲੋਂ ਮੀਡੀਆ ਨੂੰ ਸੂਚਨਾ ਦਿੱਤੀ ਕਿ ਅੱਜ ਵੋਟਾਂ ਵਾਲੇ ਦਿਨ ਮੁਕੰਮਲ ਤੌਰ 'ਤੇ ਛੁੱਟੀ ਹੁੰਦੀ ਹੈ, ਪਰ ਅੱਜ ਇਹ ਫੈਕਟਰੀ ਚੱਲ ਰਹੀ ਹੈ। ਦੂਸਰੇ ਪਾਸੇ ਫੈਕਟਰੀ ਦੇ ਪ੍ਰਬੰਧਕ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਆਪਣੇ ਪੱਖ ਵਿੱਚ ਕਿਹਾ ਕਿ ਮਿੱਲ ਵਿਚ ਰਾਤ ਦੀ ਸ਼ਿਫਟ ਚੱਲ ਰਹੀ ਸੀ ਜੋ ਸਵੇਰੇ 7 ਵਜੇ ਬੰਦ ਕਰ ਦਿੱਤੀ ਗਈ ਹੈ। ਜਿਸ ਤੋਂ ਬਾਅਦ ਵਰਕਰ ਆਪੋ-ਆਪਣੇ ਘਰਾਂ ਨੂੰ ਰਵਾਨਾ ਹੋ ਗਏ ਹਨ। ਉਨ੍ਹਾਂ ਕਿਹਾ ਕਿ ਮਿੱਲ ਦੇ ਅੰਦਰ ਕਰੀਬ 800 ਤੋਂ ਵੱਧ ਕਰਮਚਾਰੀ ਜੋ ਕਿ ਬਾਹਰਲੇ ਸੂਬਿਆਂ ਦੇ ਹਨ, ਉਹ ਅੰਦਰ ਬਣੀ ਕਾਲੋਨੀ ਵਿਚ ਰਹਿੰਦੇ ਹਨ ਅਤੇ ਉਹ ਹੀ ਅੰਦਰ ਮੌਜੂਦ ਹਨ ਜਦਕਿ ਬਾਕੀ ਫੈਕਟਰੀ ਵਿਚ ਕੋਈ ਵੀ ਕੰਮ ਨਹੀਂ ਚੱਲ ਰਿਹਾ। ਉਨ੍ਹਾਂ ਕਿਹਾ ਕਿ ਮਿੱਲ ਦੇ ਅੰਦਰ ਜੋ ਪੰਜਾਬ ਤੋਂ ਇਲਾਵਾ ਬਾਹਰਲੇ ਸੂਬਿਆਂ ਦੇ ਮਜ਼ਦੂਰ ਹਨ, ਉਨ੍ਹਾਂ ਵਲੋਂ ਛੁੱਟੀ ਹੋਣ ਕਰਕੇ ਕੁਝ ਮਸ਼ੀਨਾਂ ਦੀ ਸਫ਼ਾਈ ਜ਼ਰੂਰ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਉਹ ਚੋਣ ਕਮਿਸ਼ਨ ਦੇ ਨਿਯਮਾਂ ਦੀ ਪਾਲਣਾ ਕਰਦੇ ਹਨ ਅਤੇ ਪੰਜਾਬ ਦੇ ਕਿਸੇ ਵੀ ਸਬੰਧਿਤ ਵੋਟਰ ਨੂੰ ਅੱਜ ਡਿਊਟੀ 'ਤੇ ਆਉਣ ਦੀ ਬਜਾਏ ਵੋਟਾਂ ਪਾਉਣ ਲਈ ਹੀ ਕਿਹਾ ਗਿਆ ਹੈ।

**ਜਾਂਚ ਉਪਰੰਤ ਕੀਤੀ ਜਾਵੇਗੀ ਅਗਲੇਰੀ ਕਾਰਵਾਈ -ਐੱਸ.ਡੀ.ਐੱਮ.**

ਸਰਕਾਰ ਵੱਲੋਂ ਅੱਜ ਦੇ ਦਿਨ ਨੂੰ ਇੱਕ ਤਿਉਹਾਰ ਦੀ ਤਰ੍ਹਾਂ ਮਨਾਉਂਦਿਆਂ ਹਰ ਵੋਟਰ ਨੂੰ ਵੋਟ ਪਾਉਣ ਲਈ ਉਤਸਾਹਿਤ ਕਰਨ ਹਿੱਤ ਅਨੇਕਾਂ ਕਾਰਜ ਕੀਤੇ ਗਏ। ਪਰ ਕੁਝ ਪ੍ਰਾਈਵੇਟ ਅਦਾਰਿਆਂ ਵਿੱਚ ਵਰਕਰਾਂ ਵੱਲੋਂ ਕੰਮ ਕਰਵਾਉਂਦਾ ਜਾਂਦਾ ਰਿਹਾ ਜਦੋਂ ਮਾਛੀਵਾੜਾ ਖੇਤਰ ਨਾਲ ਸੰਬੰਧਿਤ ਫੈਕਟਰੀ ਵਿੱਚ ਚੱਲ ਰਹੇ ਕੰਮ ਸਬੰਧੀ ਐਸ.ਡੀ.ਐਮ. ਸਮਰਾਲਾ ਰਜਨੀਸ਼ ਅਰੋੜਾ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਮੀਡੀਆ ਰਾਹੀਂ ਹੀ ਉਹਨਾਂ ਦੇ ਧਿਆਨ ਵਿੱਚ ਇਹ ਮਾਮਲਾ ਆਇਆ ਹੈ। ਫਿਲਹਾਲ ਉਹਨਾਂ ਮੈਨੇਜਰ ਨਾਲ ਗੱਲ ਕੀਤੀ ਜਿਨਾਂ ਦੱਸਿਆ ਕਿ ਫੈਕਟਰੀ ਵਿੱਚ ਕੁਝ ਪ੍ਰਵਾਸੀ ਮਜ਼ਦੂਰ ਹੀ ਹਨ ਜੋ ਮਸ਼ੀਨਾਂ ਦੀ ਸਾਫ ਸਫਾਈ ਲਈ ਰੁਕੇ ਹੋਏ ਹਨ ਬਾਕੀ ਵੋਟ ਪਾਉਣ ਵਾਲੇ ਸਾਰੇ ਮੁਲਾਜ਼ਮਾਂ ਨੂੰ ਅੱਜ ਦੇ ਦਿਨ ਦੀ ਛੁੱਟੀ ਦਿੱਤੀ ਗਈ ਹੈ। ਫਿਰ ਵੀ ਉਹ ਇਸ ਮਾਮਲੇ ਦੀ ਜਾਂਚ ਕਰਨਗੇ ਜੇਕਰ ਜਾਂਚ ਦੇ ਵਿੱਚ ਕੋਈ ਦੋਸ਼ੀ ਪਾਇਆ ਗਿਆ ਤਾਂ ਉਸ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।

**ਜਦੋਂ ਕੀਤੀ ਕੁਝ ਮਜ਼ਦੂਰਾਂ ਨਾਲ ਗੱਲਬਾਤ**

ਇਸ ਸਬੰਧੀ ਮਾਛੀਵਾੜਾ ਕੁਹਾੜਾ ਰੋਡ ਸਥਿਤ ਫੈਕਟਰੀ ਤੇ ਲੁਧਿਆਣਾ ਚੰਡੀਗੜ੍ਹ ਰੋਡ ਤੇ ਸਥਿਤ ਵਿੱਚ ਫੈਕਟਰੀ 'ਚ ਕੰਮ ਕਰਦੇ ਕੁਝ ਮਜ਼ਦੂਰਾਂ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਨੇ ਕਿਹਾ ਕਿ ਉਹ ਸਵੇਰ ਤੋਂ ਆਪਣੇ ਕੰਮ ਤੇ ਆਏ ਹੋਏ ਹਨ। ਉਹ ਵੋਟ ਪਾਉਣ ਲਈ ਨਹੀਂ ਗਏ ਤੇ ਉਹਨਾਂ ਨੂੰ ਫੈਕਟਰੀ ਵੱਲੋਂ ਅੱਜ ਦੇ ਦਿਨ ਦੀ ਕੋਈ ਛੁੱਟੀ ਨਹੀਂ ਦਿੱਤੀ ਗਈ। ਮਜ਼ਦੂਰਾਂ ਨੇ ਇਸ ਗੱਲ ਦਾ ਵੀ ਜ਼ਿਕਰ ਕੀਤਾ ਕਿ ਫੈਕਟਰੀ ਦੇ ਅੰਦਰ ਪੰਜਾਬੀ ਅਤੇ ਹੋਰਨਾਂ ਰਾਜਾਂ ਤੋਂ ਆਏ ਹੋਏ ਮਜ਼ਦੂਰ ਸਾਰੀਆਂ ਫੈਕਟਰੀਆਂ ਲਗਾਤਾਰ ਕੰਮ ਕਰ ਰਹੇ ਹਨ।

# ਮਿੱਟੀ ਤੋਂ ਸੋਨਾ ਉਪਜਾਉਣ ਵਾਲੀਆਂ ਛੇ ਸ਼ਖ਼ਸੀਅਤਾਂ



## ਖੇਤੀ ਵਿਰਾਸਤ ਦਾ ਝੰਡਾ ਬਰਦਾਰ

### ਪਦਮਸ਼੍ਰੀ ਜਗਜੀਤ ਸਿੰਘ ਹਾਰਾ

*ਜਗਜੀਤ ਸਿੰਘ ਹਾਰਾ ਦਰਜਨਾਂ ਰਾਸ਼ਟਰੀ ਤੇ ਅੰਤਰਰਾਸ਼ਟਰੀ ਕਾਨਫਰੰਸਾਂ 'ਚ ਹਿੱਸਾ ਲੈ ਚੁੱਕੇ ਹਨ। ਅਨੇਕਾਂ ਵੱਡੀਆਂ ਹਸਤੀਆਂ ਤੇ ਨਾਮਵਰ ਖੇਤੀ ਵਿਗਿਆਨੀ ਉਨ੍ਹਾਂ ਦੇ 'ਹਾਰਾ ਬੀਜ ਫਾਰਮ' 'ਤੇ ਆਏ, ਜਿਸ ਨੂੰ ਉਨ੍ਹਾਂ ਨੇ 'ਵਿਜ਼ਿਟਰ ਬੁੱਕ' ਸਿਰਲੇਖ ਅਧੀਨ ਕਲਮਬੱਧ ਕੀਤਾ ਹੈ। ਇੱਥੋਂ ਤਕ ਕਿ ਮਸ਼ਹੂਰ ਖੇਤੀ ਵਿਗਿਆਨੀ ਨੋਬਲ ਪੁਰਸਕਾਰ ਜੇਤੂ ਡਾ. ਨਾਰਮਨ ਈ ਬੋਰਲਾਗ ਨੇ ਵੀ ਉਨ੍ਹਾਂ ਦੀ ਸ਼ਲਾਘਾ ਕੀਤੀ...*

ਜਗਜੀਤ ਸਿੰਘ ਹਾਰਾ ਖੇਤੀਬਾੜੀ ਦੇ ਖੇਤਰ 'ਚ ਸਤਿਕਾਰਤ ਨਾਂ ਹੈ। ਉਨ੍ਹਾਂ ਦੇ ਚਾਚਾ ਸਰਦਾਰ ਬਹਾਦਰ ਲਾਲ ਸਿੰਘ ਨੇ ਪੰਜਾਬ ਨੂੰ ਬਾਗ਼ਬਾਨੀ ਦੇ ਖੇਤਰ 'ਚ ਨਵੀਆਂ ਲੀਹਾਂ ਉੱਪਰ ਤੋਰਨ 'ਚ ਅਹਿਮ ਭੂਮਿਕਾ ਨਿਭਾਈ। ਜਗਜੀਤ ਸਿੰਘ ਹਾਰ ਨੇ ਆਪਣੇ ਪਿਤਾ ਸਰਦਾਰ ਰਾਮ ਸਿੰਘ ਪਾਸੋਂ ਖੇਤੀ ਤਕਨੀਕਾਂ ਹਾਸਲ ਕੀਤੀਆਂ। ਸਰਦਾਰ ਰਾਮ ਸਿੰਘ ਨੂੰ ਆਜ਼ਾਦੀ ਤੋਂ ਪਹਿਲਾਂ ਮੁਲਤਾਨ ਜ਼ਿਲ੍ਹੇ 'ਚ ਸਰਕਾਰ ਵੱਲੋਂ 25 ਏਕੜ ਬੰਜਰ ਜ਼ਮੀਨ ਆਬਾਦ ਕਰਨ ਲਈ ਅਲਾਟ ਕੀਤੀ ਗਈ ਸੀ। ਜਿਸ ਨੂੰ ਉਨ੍ਹਾਂ ਨੇ ਸਿਰੜ ਤੇ ਸਿਦਕ ਨਾਲ ਲਹਿਲਹਾਉਂਦੀ ਬਣਾਇਆ ਸੀ। ਖੇਤੀ ਦੀ ਇਸ ਵਿਰਾਸਤ ਨੂੰ ਅੱਜ ਜਗਜੀਤ ਸਿੰਘ ਹਾਰਾ ਉਸੇ ਲਗਨ ਨਾਲ ਅੱਗੇ ਤੋਰ ਰਹੇ ਹਨ।



ਉਨ੍ਹਾਂ ਦਾ ਜਨਮ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਨੰਦਪੁਰ ਵਿਖੇ ਹੋਇਆ। ਉਨ੍ਹਾਂ ਦੇ ਫਾਰਮ ਦੀਆਂ ਮੁੱਖ ਫ਼ਸਲਾਂ ਕਣਕ, ਝੋਨਾ, ਖਰਬੂਜ਼ਾ, ਆਲੂ ਆਦਿ ਹਨ। ਉਨ੍ਹਾਂ ਦਾ ਫਾਰਮ ਇਨ੍ਹਾਂ ਫ਼ਸਲਾਂ ਦੇ ਬੀਜਾਂ ਲਈ ਪੰਜਾਬ ਵਿਚ ਹੀ ਨਹੀਂ ਸਗੋਂ ਸਾਰੇ ਭਾਰਤ ਵਿਚ ਮਸ਼ਹੂਰ ਹੈ। ਉਨ੍ਹਾਂ ਦੀਆਂ ਖੇਤੀ ਵਿਚ ਪ੍ਰਾਪਤੀਆਂ ਕਰਕੇ ਉਨ੍ਹਾਂ ਨੂੰ ਕਈ ਸੂਬਾਈ, ਰਾਸ਼ਟਰੀ ਅਤੇ ਕੌਮਾਂਤਰੀ ਪੱਧਰ ਦੇ ਇਨਾਮ-ਸਨਮਾਨ ਮਿਲ ਚੁੱਕੇ ਹਨ। ਉਹ ਕਈ ਸਲਾਹਕਾਰ ਕਮੇਟੀਆਂ ਦੇ ਮੈਂਬਰ ਵੀ ਰਹੇ ਹਨ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਉਨ੍ਹਾਂ ਨੂੰ ਪਹਿਲੀ ਵਾਰ 1977 ਵਿਚ ਸਨਮਾਨਤ ਕੀਤਾ ਗਿਆ।

ਖੇਤੀ ਸਬੰਧੀ ਨਵੀਆਂ ਤਕਨੀਕਾਂ ਅਤੇ ਨਵੀਨਤਮ ਗਿਆਨ ਪ੍ਰਾਪਤ ਕਰਨ ਲਈ ਉਹ ਕਈ ਦੇਸ਼ਾਂ ਦਾ ਦੌਰਾ ਕਰ ਚੁੱਕੇ ਹਨ। ਉਹ ਖੇਤੀ ਯੂਨੀਵਰਸਿਟੀ ਦੀ ਕਿਸਾਨ ਸਲਾਹਕਾਰ ਕਮੇਟੀ ਦੇ ਮੈਂਬਰ ਵੀ ਰਹੇ ਅਤੇ ਕਿਸਾਨਾਂ ਨੂੰ ਪੇਸ਼ ਆਉਂਦੀਆਂ ਤਕਨੀਕੀ ਮੁਸ਼ਕਿਲਾਂ ਨੂੰ ਖੇਤੀ ਮਾਹਿਰਾਂ ਸਾਹਮਣੇ ਬੜੇ ਸੁਚੱਜੇ ਢੰਗ ਨਾਲ ਪੇਸ਼ ਕਰਦੇ ਰਹੇ। ਮਨੀਲਾ ਸਥਿਤ ਅੰਤਰਰਾਸ਼ਟਰੀ ਝੋਨਾ ਖੋਜ ਕੇਂਦਰ ਨੇ 1985 ਵਿਚ ਆਪਣੇ ਸਿਲਵਰ ਜੁਬਲੀ ਸਮਾਗਮ ਮੌਕੇ ਦੁਨੀਆ ਦੇ 14 ਉੱਤਮ ਝੋਨਾ ਉਤਪਾਦਕਾਂ ਨੂੰ 'ਆਊਟਸਟੈਂਡਿੰਗ ਫਾਰਮਰ ਆਫ ਦਿ ਵਰਲਡ' ਦਾ ਸਨਮਾਨ ਦਿੱਤਾ ਗਿਆ, ਜਿਨ੍ਹਾਂ ਵਿੱਚੋਂ ਜਗਜੀਤ ਸਿੰਘ ਹਾਰਾ ਵੀ ਇਕ ਸਨ। ਉਹ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ 'ਵਿਜ਼ਟਿੰਗ ਫਾਰਮਰ ਪ੍ਰੋਫ਼ੈਸਰ' ਵੀ ਰਹੇ। ਮਾਸਕੋ ਸਟੇਟ ਐਗਰੋ ਇੰਜੀਨੀਅਰਿੰਗ ਯੂਨੀਵਰਸਿਟੀ ਵੱਲੋਂ 1993 ਵਿਚ ਉਨ੍ਹਾਂ ਨੂੰ 'ਪ੍ਰੋਫ਼ੈਸਰ ਆਫ ਆਨਰ' ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। 1992 ਵਿਚ ਭਾਰਤ ਸਰਕਾਰ ਵੱਲੋਂ ਉਨ੍ਹਾਂ ਨੂੰ 'ਪਦਮਸ਼੍ਰੀ' ਦੇ ਕੇ ਸਨਮਾਨਤ ਕੀਤਾ ਗਿਆ। ਇਹ ਇਨਾਮ ਹਾਸਲ ਕਰਨ ਵਾਲੇ ਉਹ ਸਭ ਤੋਂ ਛੋਟੀ ਉਮਰ ਦੇ ਨੌਜਵਾਨ ਸਨ। •

*ਮਹਿੰਦਰ ਸਿੰਘ ਗਰੇਵਾਲ ਨੇ ਛੋਟੀ ਕਿਸਾਨੀ ਦੇ ਬਾਵਜੂਦ ਵੱਡਾ ਨਾਮਣਾ ਖੱਟਿਆ ਹੈ। ਉਨ੍ਹਾਂ ਨੂੰ 5 ਅੰਤਰਰਾਸ਼ਟਰੀ, 7 ਰਾਸ਼ਟਰੀ ਅਤੇ 16 ਸੂਬਾ ਪੱਧਰੀ ਇਨਾਮਾਂ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ...*

## ਫਸਟ ਫੈਲੋ ਫਾਰਮਰ

### ਮਹਿੰਦਰ ਸਿੰਘ ਗਰੇਵਾਲ

ਕਿਸਾਨ ਮਹਿੰਦਰ ਸਿੰਘ ਗਰੇਵਾਲ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਕੰਗਣਵਾਲ ਦੇ ਵਸਨੀਕ ਹਨ। ਉਨ੍ਹਾਂ ਨੇ ਸੱਤ ਸਾਲ ਨੇਵੀ ਦੀ ਨੌਕਰੀ ਕਰਨ ਪਿੱਛੋਂ 1966 ਵਿਚ ਖੇਤੀ ਦਾ ਧੰਦਾ ਸ਼ੁਰੂ ਕੀਤਾ ਤੇ ਅੱਜ ਉਨ੍ਹਾਂ ਕੋਲ 53 ਸਾਲ ਦਾ ਖੇਤੀ ਤਜ਼ਰਬਾ ਹੈ। ਉਨ੍ਹਾਂ ਨੇ ਛੇ ਏਕੜ ਜ਼ਮੀਨ ਤੋਂ ਖੇਤੀ ਕਰਨੀ ਸ਼ੁਰੂ ਕੀਤੀ ਤੇ ਖੇਤੀ ਮਾਹਿਰਾਂ ਦੀ ਮਦਦ ਨਾਲ ਅਨੇਕਾਂ ਤਜ਼ਰਬੇ ਕੀਤੇ ਆਪਣੇ ਅਣਥੱਕ ਯਤਨਾਂ ਨਾਲ ਸਾਲ ਵਿਚ 3 ਤੋਂ 5 ਫ਼ਸਲਾਂ ਲੈਣ ਲੱਗੇ। ਬਹੁ-ਫ਼ਸਲੀ ਚੱਕਰ ਨੂੰ ਅਪਣਾ ਕੇ ਉਨ੍ਹਾਂ ਨੇ ਆਪਣੀ ਆਮਦਨ ਵਿਚ ਵਾਧਾ ਹੀ ਨਹੀਂ ਕੀਤਾ ਸਗੋਂ ਆਪਣੇ ਖੇਤੀ ਖ਼ਰਚੇ ਵੀ ਘਟਾ ਲਏ। ਇਸ ਨਾਲ ਖਾਦ ਦੀ ਵਰਤੋਂ ਘਟੀ, ਵਹਾਈ ਦਾ ਖ਼ਰਚਾ ਘਟਿਆ, ਖੇਤਾਂ ਵਿੱਚੋਂ ਨਦੀਨਾਂ ਦੀ ਮੁਸ਼ਕਿਲ ਦੂਰ ਹੋਈ ਅਤੇ ਜ਼ਮੀਨ ਦੀ ਤਾਕਤ ਵਿਚ ਵੀ ਵਾਧਾ ਹੋਇਆ।



ਮਹਿੰਦਰ ਸਿੰਘ ਗਰੇਵਾਲ ਨੇ ਖੇਤੀ ਦੇ ਨਾਲ-ਨਾਲ ਸ਼ਹਿਦ ਮੱਖੀਆਂ ਪਾਲਣਾ, ਫਲਦਾਰ ਬੂਟਿਆਂ ਦੀ ਨਰਸਰੀ ਲਗਾਉਣ, ਸਬਜ਼ੀਆਂ ਦੀ ਕਾਸ਼ਤ ਵਰਗੇ ਖੇਤੀ ਸਹਾਇਕ ਧੰਦਿਆਂ ਨੂੰ ਵੀ ਅਪਣਾਇਆ। ਛੋਟੀ ਕਿਸਾਨੀ ਦੇ ਬਾਵਜੂਦ ਉਨ੍ਹਾਂ ਨੇ ਖੇਤੀ ਦੇ ਖੇਤਰ ਵਿਚ ਵੱਡੀਆਂ ਪ੍ਰਾਪਤੀਆਂ ਕੀਤੀਆਂ ਅਤੇ ਪੰਜਾਬ ਸਰਕਾਰ ਵੱਲੋਂ ਰਾਸ਼ਟਰੀ ਪੱਧਰ ਦੇ ਐਗਰੀਕਲਚਰ ਕਮਿਸ਼ਨ ਦੇ ਮੈਂਬਰ ਬਣੇ। ਉਹ ਕਈ ਹੋਰ ਸੂਬਾ ਪੱਧਰੀ ਅਤੇ ਰਾਸ਼ਟਰੀ ਪੱਧਰ ਦੀਆਂ ਸੰਸਥਾਵਾਂ ਦੇ ਵੀ ਮੈਂਬਰ ਵੀ ਰਹੇ ਹਨ। ਬਹੁਤ ਸਾਰੇ ਭਾਰਤੀ ਅਤੇ ਵਿਦੇਸ਼ੀ ਕਿਸਾਨ ਉਨ੍ਹਾਂ ਦੇ ਫਾਰਮ ਨੂੰ ਵੇਖਣ ਲਈ ਆਉਂਦੇ ਹਨ ਤੇ ਉਹ ਕਿਸੇ ਵੀ ਵੇਲੇ ਸਲਾਹ ਮਸ਼ਵਰੇ ਲਈ ਹਾਜ਼ਰ ਰਹਿੰਦੇ ਹਨ। ਉਨ੍ਹਾਂ ਨੂੰ 5 ਅੰਤਰਰਾਸ਼ਟਰੀ, 7 ਰਾਸ਼ਟਰੀ ਅਤੇ 16 ਸੂਬਾ ਪੱਧਰੀ ਇਨਾਮਾਂ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ। ਮਹਿੰਦਰ ਸਿੰਘ ਗਰੇਵਾਲ ਬਤੌਰ 'ਵਿਗਿਆਨਕ ਕਿਸਾਨ' ਅਮਰੀਕਾ, ਕੈਨੇਡਾ, ਮੈਕਸੀਕੋ, ਥਾਈਲੈਂਡ, ਇੰਗਲੈਂਡ ਅਤੇ ਪਾਕਿਸਤਾਨ ਆਦਿ ਦੇਸ਼ਾਂ ਦਾ ਦੌਰਾ ਕਰ ਚੁੱਕੇ ਹਨ। ਉਹ ਕਈ ਸਾਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਕਿਸਾਨ ਕਲੱਬ ਦੇ ਪ੍ਰਧਾਨ ਵੀ ਰਹੇ। ਸਾਲ 2016-17 ਵਿਚ ਉਨ੍ਹਾਂ ਨੂੰ ਪੀਏਯੂ ਲੁਧਿਆਣਾ ਦੇ ਪਹਿਲੇ 'ਫੈਲੋ ਫਾਰਮਰ' ਹੋਣ ਦਾ ਮਾਣ ਹਾਸਲ ਹੋਇਆ ਹੈ। •





## ਵਿਗਿਆਨਕ ਲੀਹਾਂ ਦਾ ਪਾਂਧੀ

### ਜਗਤਾਰ ਸਿੰਘ ਬਰਾੜ

*ਜਗਤਾਰ ਸਿੰਘ ਬਰਾੜ ਨੇ ਆਪਣੇ ਖੇਤਾਂ ਵਿਚ ਫ਼ਸਲੀ ਚੱਕਰ ਨੂੰ ਇਸ ਢੰਗ ਨਾਲ ਅਪਣਾਇਆ ਹੈ ਕਿ ਉਨ੍ਹਾਂ ਨੇ 300 ਫ਼ੀਸਦੀ ਤੋਂ ਵੱਧ ਫ਼ਸਲੀ ਘਣਤਾ ਅਪਣਾਈ ਹੈ। 1999 ਵਿਚ ਜਿਸ ਸਮੇਂ ਜ਼ਿਆਦਾਤਰ ਕਿਸਾਨਾਂ ਨੂੰ ਪੌਲੀ ਹਾਊਸ ਬਾਰੇ ਜਾਣਕਾਰੀ ਵੀ ਨਹੀਂ ਸੀ, ਉਸ ਸਮੇਂ ਉਨ੍ਹਾਂ ਨੇ ਖ਼ੁਦ ਇਸ ਨੂੰ ਤਿਆਰ ਕੀਤਾ ਸੀ...*

58 ਵਰ੍ਹਿਆਂ ਦੇ ਜਗਤਾਰ ਸਿੰਘ ਬਰਾੜ ਨੇ ਆਪਣੀ 40 ਏਕੜ ਜ਼ਮੀਨ ਤੋਂ ਇਲਾਵਾ 35 ਏਕੜ ਜ਼ਮੀਨ ਠੇਕੇ 'ਤੇ ਲਈ ਹੋਈ ਹੈ। ਸਾਲ 1977 ਤੋਂ ਉਨ੍ਹਾਂ ਨੇ ਆਲੂਆਂ ਦੀ ਕਾਸ਼ਤ ਕਰਨੀ ਸ਼ੁਰੂ ਕੀਤੀ ਤੇ ਇਲਾਕੇ ਦੇ ਕਿਸਾਨਾਂ ਲਈ ਚਾਨਣ-ਮੁਨਾਰਾ ਬਣ ਕੇ ਉੱਭਰੇ ਹਨ। ਸਖ਼ਤ ਮਿਹਨਤ ਅਤੇ ਲਗਨ ਨਾਲ ਉਨ੍ਹਾਂ ਨੇ ਆਪਣੇ ਫ਼ਸਲੀ-ਚੱਕਰ ਨੂੰ ਇਸ ਤਰ੍ਹਾਂ ਵਿਓਂਤਿਆ ਹੈ ਕਿ ਆਪਣੇ ਖੇਤਾਂ ਵਿਚ ਉਨ੍ਹਾਂ ਨੇ 300 ਫ਼ੀਸਦੀ ਤੋਂ ਵੀ ਵੱਧ ਫ਼ਸਲੀ ਘਣਤਾ ਅਪਣਾਈ ਹੈ।

ਸਾਲ 1996 ਵਿਚ ਉਨ੍ਹਾਂ ਨੇ ਮਿਰਚਾਂ ਦੀ ਕਾਸ਼ਤ ਸ਼ੁਰੂ ਕੀਤੀ ਤੇ ਅੱਜ 15 ਏਕੜ ਰਕਬੇ 'ਚ ਮਿਰਚਾਂ ਦੀ ਸਫਲ ਕਾਸ਼ਤ ਕਰ ਰਹੇ ਹਨ। ਉਸਾਰੂ ਸੋਚ ਦੇ ਮਾਲਕ ਜਗਤਾਰ ਸਿੰਘ ਬਰਾੜ ਨੇ 1999 ਵਿਚ ਖ਼ੁਦ ਡਿਜ਼ਾਈਨ ਕਰ ਕੇ ਪੌਲੀ-ਹਾਊਸ ਤਿਆਰ ਕੀਤਾ। ਇਹ ਉਹ ਸਮਾਂ ਸੀ ਜਦੋਂ ਪੰਜਾਬ ਵਿਚ ਅਜੇ ਕਿਸਾਨਾਂ ਨੂੰ ਪੌਲੀ ਹਾਊਸ ਤਕਨੀਕ ਬਾਰੇ ਵਧੇਰੇ ਜਾਣਕਾਰੀ ਨਹੀ ਸੀ। ਇਸ ਪੌਲੀ ਹਾਊਸ ਵਿਚ ਉਹ ਆਪਣੇ ਤੇ ਆਪਣੇ ਸਾਥੀਆਂ ਲਈ ਸਬਜ਼ੀਆਂ ਦੀ ਪਨੀਰੀ ਤਿਆਰ ਕਰਦੇ ਹਨ। ਉਨ੍ਹਾਂ ਨੇ ਨਵੀਆਂ ਖੇਤੀ ਤਕਨੀਕਾਂ ਤੇ ਵਿਗਿਆਨਕ ਜਾਣਕਾਰੀ ਪ੍ਰਾਪਤ ਕਰਨ ਤੇ ਖੇਤੀ ਨੂੰ ਤਰੱਕੀ ਦੇ ਰਾਹ ਤੋਰਨ ਲਈ ਦੇਸ਼ ਦੇ ਵੱਖ-ਵੱਖ ਅਦਾਰਿਆਂ ਪਾਸੋਂ ਸਿਖਲਾਈ ਪ੍ਰਾਪਤ ਕੀਤੀ ਤੇ ਇਨ੍ਹਾਂ ਤਕਨੀਕਾਂ ਨੂੰ ਆਪਣੇ ਖੇਤਾਂ ਵਿਚ ਸਾਕਾਰ ਰੂਪ ਦਿੱਤਾ।



ਉਹ ਯੂਨੀਵਰਸਿਟੀ ਦੀਆਂ ਸਿਫਾਰਸ਼ਾਂ ਅਤੇ ਕੀੜਿਆਂ ਦੇ ਆਰਥਿਕ ਕਗਾਰ ਅਨੁਸਾਰ ਕੀਟ ਨਾਸ਼ਕਾਂ ਦੀ ਸੰਜਮੀ ਵਰਤੋਂ ਕਰਦੇ ਹਨ ਅਤੇ ਖੇਤਾਂ ਵਿਚ ਮਿੱਟੀ ਦੀ ਪਰਖ ਦੇ ਆਧਾਰ 'ਤੇ ਲੋੜ ਅਨੁਸਾਰ ਖਾਦਾਂ ਦੀ ਵਰਤੋਂ ਕਰਦੇ ਹਨ। ਇਸ ਨਾਲ ਜਿੱਥੇ ਕੀਟਨਾਸ਼ਕਾਂ ਉੱਪਰ ਹੋਣ ਵਾਲੇ ਖ਼ਰਚੇ 'ਚ ਗਿਰਾਵਟ ਆਉਂਦੀ ਹੈ, ਉੱਥੇ ਇਨ੍ਹਾਂ ਜ਼ਹਿਰਾਂ ਕਾਰਨ ਕੁਦਰਤੀ ਵਸੀਲਿਆਂ ਤੇ ਮਨੁੱਖੀ ਸਿਹਤ ਨੂੰ ਪੁੱਜਣ ਵਾਲੇ ਨੁਕਸਾਨ ਤੋਂ ਵੀ ਬਚਾਅ ਰਹਿੰਦਾ ਹੈ। ਉਹ ਝੋਨੇ ਵਿਚ ਪੱਤਾ ਰੰਗ ਚਾਰਟ ਅਤੇ ਟੈਂਸ਼ੀਓਮੀਟਰ ਦੀ ਵਰਤੋਂ ਕਰਦੇ ਹਨ ਅਤੇ ਉਸ ਅਨੁਸਾਰ ਹੀ ਖਾਦਾਂ ਤੇ ਪਾਣੀ ਦੀ ਵਰਤੋਂ ਕਰਦੇ ਹਨ। ਜਗਤਾਰ ਸਿੰਘ ਆਪਣੀ ਜਿਣਸ ਦੀ ਦਰਜਾਬੰਦੀ ਕਰ ਕੇ ਖ਼ੁਦ ਮੰਡੀਕਰਨ ਕਰਦੇ ਹਨ। ਪੰਜਾਬ ਦੇ ਕਿਸਾਨਾਂ ਲਈ ਚਾਨਣ ਮੁਨਾਰਾ ਬਣਨ ਵਾਲੇ ਜਗਤਾਰ ਸਿੰਘ ਬਰਾੜ ਬਠਿੰਡਾ ਜ਼ਿਲ੍ਹੇ ਦੇ ਪਿੰਡ ਮਹਿਮਾ ਸਿਰਜਾ ਨਾਲ ਸਬੰਧ ਰੱਖਦੇ ਹਨ ਅਤੇ ਉਨ੍ਹਾਂ ਨੇ ਐੱਮਏ ਅੰਗਰੇਜ਼ੀ ਤਕ ਦੀ ਤਾਲੀਮ ਹਾਸਲ ਕੀਤੀ ਹੈ। ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਦੀਆਂ ਖੇਤੀ ਤਕਨੀਕਾਂ ਅਤੇ ਖੇਤੀ ਸਹਾਇਕ ਧੰਦਿਆਂ ਨੂੰ ਅਪਨਾਉਣ ਵਾਲੇ ਜਗਤਾਰ ਸਿੰਘ ਨੂੰ ਖੇਤੀ ਦੇ ਖੇਤਰ 'ਚ ਪਏ ਅਹਿਮ ਯੋਗਦਾਨ ਲਈ ਇਸ ਸਾਲ 'ਮੁੱਖ ਮੰਤਰੀ ਪੁਰਸਕਾਰ' ਨਾਲ ਸਨਮਾਨਿਤ ਕੀਤਾ ਗਿਆ ਹੈ। •

## ਘਾਹ ਨੂੰ ਨੋਟਾਂ 'ਚ ਬਦਲਣ ਵਾਲਾ ਕਿਸਾਨ

### ਰਜਿੰਦਰ ਸਿੰਘ ਧਾਲੀਵਾਲ

ਨਵੀਂ ਸੋਚ ਦੇ ਧਾਰਨੀ ਰਜਿੰਦਰ ਸਿੰਘ ਧਾਲੀਵਾਲ ਪਿੰਡ ਆਬੂਵਾਲ, ਜ਼ਿਲ੍ਹਾ ਲੁਧਿਆਣਾ ਦੇ ਨਿਵਾਸੀ ਹਨ ਅਤੇ ਵਿਗਿਆਨਕ ਲੀਹਾਂ 'ਤੇ ਖੇਤੀਬਾੜੀ ਕਰਨ ਵਾਲੇ ਅਗਾਂਹਵਧੂ ਕਿਸਾਨ ਹਨ। ਰਜਿੰਦਰ ਸਿੰਘ ਕਣਕ-ਝੋਨੇ ਦੇ ਰਵਾਇਤੀ ਫ਼ਸਲੀ ਚੱਕਰ ਨੂੰ ਤਿਆਗ ਕੇ ਘਾਹ ਦੀ ਖੇਤੀ ਕਰ ਰਹੇ ਹਨ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਫਲੋਰੀਕਲਚਰ ਅਤੇ ਲੈਂਡਸਕੇਪਿੰਗ ਵਿਭਾਗ ਦੇ ਮਾਹਿਰਾਂ ਦੇ ਸਹਿਯੋਗ ਨਾਲ ਸਾਲ 2006 ਦੌਰਾਨ ਉਨ੍ਹਾਂ ਨੇ ਇਕ ਏਕੜ ਰਕਬੇ ਤੋਂ ਘਾਹ ਦੀ ਖੇਤੀ ਸ਼ੁਰੂ ਕੀਤੀ ਅਤੇ ਇਸ ਤੋਂ ਬਾਅਦ ਨਦੀਨਾਂ ਤੋਂ ਮੁਕਤ ਉੱਤਮ ਕਿਸਮ ਦੇ ਘਾਹ ਦੇ ਰੋਲ ਤਿਆਰ ਕੀਤੇ, ਜਿਨ੍ਹਾਂ ਨੂੰ ਪੰਜਾਬ ਭਰ ਦੀਆਂ ਨਰਸਰੀਆਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ।



*ਰਜਿੰਦਰ ਸਿੰਘ ਧਾਲੀਵਾਲ ਨੇ ਕਣਕ ਅਤੇ ਝੋਨੇ ਦੇ ਰਵਾਇਤੀ ਫ਼ਸਲੀ ਚੱਕਰ ਨੂੰ ਨਾ ਅਪਣਾ ਕੇ ਘਾਹ ਦੀ ਖੇਤੀ ਦਾ ਰਸਤਾ ਅਪਣਾਇਆ ਅਤੇ ਅੱਜ ਉਹ 17 ਏਕੜ ਰਕਬੇ ਵਿਚ ਸੱਤ ਕਿਸਮਾਂ ਦਾ ਘਾਹ ਉਗਾ ਰਹੇ ਹਨ...*

ਰਜਿੰਦਰ ਸਿੰਘ ਆਪਣੀ ਪੰਜ ਏਕੜ ਅਤੇ ਠੇਕੇ 'ਤੇ ਲਈ 12 ਏਕੜ ਜ਼ਮੀਨ ਉੱਪਰ ਸੱਤ ਕਿਸਮਾਂ ਦਾ ਘਾਹ ਪੈਦਾ ਕਰ ਰਹੇ ਹਨ। ਉਨ੍ਹਾਂ ਨੇ ਇਸ ਕਿੱਤੇ ਨੂੰ ਅਪਣਾ ਕੇ ਚੰਗਾ ਮੁਨਾਫ਼ਾ ਅਤੇ ਨਾਮਣਾ ਖੱਟਿਆ ਹੈ। ਕੰਪਿਊਟਰ ਅਤੇ ਇੰਟਰਨੈੱਟ ਵਰਗੀਆਂ ਆਧੁਨਿਕ ਤਕਨੀਕਾਂ ਦੇ ਸਹਾਰੇ ਉਹ ਘਾਹ ਦਾ ਖ਼ੁਦ ਮੰਡੀਕਰਨ ਕਰਦੇ ਹਨ। ਰਜਿੰਦਰ ਸਿੰਘ ਨੇ ਆਪਣੀ ਵੈੱਬਸਾਈਟ ਵੀ ਬਣਾਈ ਹੋਈ ਹੈ।।ਜ਼ਮੀਨ ਦੀ ਸਿਹਤ ਨੂੰ ਬਰਕਰਾਰ ਰੱਖਣ ਲਈ ਉਹ ਦੇਸੀ ਰੂੜੀ ਦੀ ਵਰਤੋਂ ਕਰਦੇ ਹਨ। ਵਾਤਾਵਰਨ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਰਸਾਇਣਾਂ ਦੀ ਬੇਹੱਦ ਸੰਜਮ ਨਾਲ ਵਰਤੋਂ ਕਰਦੇ ਹਨ। ਜਲ-ਸੋਮਿਆਂ ਦੀ ਸਾਂਭ-ਸੰਭਾਲ ਹੋ ਸਕੇ, ਇਸ ਦੇ ਲਈ ਉਹ ਘਾਹ ਦੀ ਫ਼ਸਲ ਨੂੰ ਫ਼ੁਹਾਰਿਆਂ ਰਾਹੀਂ ਸਿੰਚਾਈ ਕਰਦੇ ਹਨ।

ਉਹ ਕਿਸਾਨ ਕਲੱਬ ਦੇ ਮੈਂਬਰ ਹਨ ਅਤੇ ਪੰਜਾਬ ਭਰ ਦੇ ਕਿਸਾਨ ਉਨ੍ਹਾਂ ਦੇ ਇਸ ਵਿਲੱਖਣ ਉਪਰਾਲੇ ਤੋਂ ਪ੍ਰੇਰਿਤ ਹਨ। ਰਜਿੰਦਰ ਸਿੰਘ ਨੂੰ ਘਾਹ ਉਤਪਾਦਨ ਵਿਚ ਚੰਗੀ ਕਾਰਗੁਜ਼ਾਰੀ ਵਿਖਾਉਣ ਲਈ 'ਬਾਰਲਾਗ ਫਾਰਮਰਜ਼ ਐਸੋਸੀਏਸ਼ਨ ਫਾਰ ਸਾਊਥ ਏਸ਼ੀਆ', 'ਨਿਊਫ਼ੀਲਡ ਆਸਟ੍ਰੇਲੀਆ ਫਾਰਮਿੰਗ ਸਕਾਲਰਜ਼' ਸਮੇਤ ਕਈ ਕੌਮੀ ਅਤੇ ਵਿਦੇਸ਼ੀ ਸੰਸਥਾਵਾਂ ਵੱਲੋਂ ਸਨਮਾਨਿਤ ਕੀਤਾ ਜਾ ਚੁੱਕਾ ਹੈ। ਬਾਗ਼ਬਾਨੀ ਨੂੰ ਵਿਸ਼ੇਸ਼ ਹੁਲਾਰਾ ਦੇਣ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਉਨ੍ਹਾਂ ਨੂੰ ਮੁੱਖ ਮੰਤਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ। •





## ਸਬਜ਼ੀਆਂ ਦਾ ਸਰਤਾਜ

### ਵਿੰਦਰ ਸਿੰਘ

ਵਿੰਦਰ ਸਿੰਘ ਨੇ ਕਣਕ ਅਤੇ ਝੋਨੇ ਦੇ ਰਵਾਇਤੀ ਚੱਕਰ ਨੂੰ ਛੱਡ ਕੇ ਸਬਜ਼ੀਆਂ ਦੀ ਪੈਦਾਵਾਰ ਨੂੰ ਅਪਣਾਇਆ ਅਤੇ ਖੇਤੀ ਵਿਭਿੰਨਤਾ ਨੂੰ ਵਿਸ਼ੇਸ਼ ਹੁਲਾਰਾ ਦੇਣ ਵਾਲੇ ਅਗਾਂਹਵਧੂ ਕਿਸਾਨ ਬਣੇ। ਸਾਲ 1996 ਵਿਚ ਸਿਰਫ਼ ਇਕ ਏਕੜ ਜ਼ਮੀਨ ਉੱਪਰ ਮਿਰਚਾਂ ਦੀ ਠੇਕੇ 'ਤੇ ਕਾਸ਼ਤ ਕਰਨ ਵਾਲੇ ਵਿੰਦਰ ਸਿੰਘ ਨੇ ਫਾਰਮ ਸਲਾਹਕਾਰ ਸੇਵਾ ਕੇਂਦਰ, ਸੰਗਰੂਰ ਤੋਂ ਹਾਈਬ੍ਰਿਡ ਬੀਜਾਂ ਦੇ ਉਤਪਾਦਨ ਦੀ ਸਿਖਲਾਈ ਪ੍ਰਾਪਤ ਕੀਤੀ ਅਤੇ।ਅੱਜ ਉਹ ਆਪਣੀ ਅੱਠ ਏਕੜ ਜ਼ਮੀਨ ਤੋਂ ਇਲਾਵਾ ਠੇਕੇ 'ਤੇ ਲਈ ਸੱਤ ਏਕੜ ਜ਼ਮੀਨ ਉੱਤੇ ਮਿਰਚਾਂ ਦੀਆਂ ਹਾਈਬ੍ਰਿਡ ਕਿਸਮਾਂ ਦੇ ਬੀਜ ਅਤੇ ਅਗੇਤੀਆਂ ਸਬਜ਼ੀਆਂ ਦਾ ਸਫਲਤਾ-ਪੂਰਵਕ ਉਤਪਾਦਨ ਕਰ ਰਹੇ ਹਨ।



*ਵਿੰਦਰ ਸਿੰਘ ਲੋਅ ਟਨਲ, ਪੌਲੀ ਨੈੱਟ ਅਤੇ ਹੋਰ ਵਿਗਿਆਨਕ ਤਕਨੀਕਾਂ ਨੂੰ ਅਪਣਾ ਕੇ ਅਗੇਤੀਆਂ ਸਬਜ਼ੀਆਂ ਦੀ ਪੈਦਾਵਾਰ ਕਰਦੇ ਹਨ। ਇਨ੍ਹਾਂ ਤਕਨੀਕਾਂ ਨੇ ਉਨ੍ਹਾਂ ਨੂੰ ਮੁੱਖ ਮੰਤਰੀ ਖੇਤੀ ਪੁਰਸਕਾਰ ਤਕ ਪਹੁੰਚਾਇਆ ਹੈ...*

ਅਗੇਤੀਆਂ ਸਬਜ਼ੀਆਂ ਪੈਦਾ ਕਰਨ ਲਈ ਵਿੰਦਰ ਸਿੰਘ ਜਿੱਥੇ ਲੋਅ-ਟਨਲ ਵਿਧੀ ਦੀ ਵਰਤੋਂ ਕਰਦੇ ਹਨ ਉੱਥੇ ਬੀਜ ਰਹਿਤ ਖੀਰਾ, ਸ਼ਿਮਲਾ ਮਿਰਚ ਅਤੇ ਟਮਾਟਰਾਂ ਦੀ ਕਾਸ਼ਤ ਲਈ ਪੌਲੀ-ਨੈੱਟ ਹਾਊਸ ਦੀ ਵਰਤੋਂ ਕਰ ਰਹੇ ਹਨ। ਸੰਯੁਕਤ ਪਰਿਵਾਰ ਵਿਚ ਰਹਿਣ ਵਾਲੇ ਵਿੰਦਰ ਸਿੰਘ ਸਬਜ਼ੀਆਂ ਦੀਆਂ ਫ਼ਸਲਾਂ ਦੀ ਗਰੇਡਿੰਗ ਅਤੇ ਡੱਬਾਬੰਦੀ ਕਰ ਕੇ ਉਨ੍ਹਾਂ ਦਾ ਖ਼ੁਦ ਮੰਡੀਕਰਨ ਕਰ ਕੇ ਚੰਗਾ ਮੁਨਾਫ਼ਾ ਕਮਾ ਰਹੇ ਹਨ। ਉਨ੍ਹਾਂ ਦਾ ਮੰਨਣਾ ਹੈ ਕਿ ਜਦ ਤਕ ਅਸੀ ਨਵੀਨਤਮ ਤੇ ਵਿਗਿਆਨਕ ਖੇਤੀ ਤਕਨੀਕਾਂ ਨੂੰ ਨਹੀ ਅਪਣਾਉਂਦੇ, ਤਦ ਤਕ ਖੇਤੀ ਸਬੰਧੀ ਪੈਦਾ ਹੋ ਰਹੀਆਂ ਮੁਸ਼ਕਿਲਾਂ ਤੋਂ ਛੁਟਕਾਰਾ ਨਹੀ ਪਾਇਆ ਜਾ ਸਕਦਾ।

ਸੰਗਰੂਰ ਜ਼ਿਲ੍ਹੇ ਦੇ ਪਿੰਡ ਚੱਠਾ ਨਨਹੇੜਾ ਦੇ ਰਹਿਣ ਵਾਲੇ ਵਿੰਦਰ ਸਿੰਘ ਵੱਲੋਂ ਰਵਾਇਤੀ ਖੇਤੀ ਤੋਂ ਹਟ ਕੇ ਕੀਤੇ ਗਏ ਇਸ ਅਹਿਮ ਉਪਰਾਲੇ ਨੇ ਉਨ੍ਹਾਂ ਨੂੰ ਅੱਜ 'ਸਬਜ਼ੀਆਂ ਦਾ ਸਿਰਤਾਜ' ਬਣਾ ਦਿੱਤਾ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ ਡੇਅਰੀ, ਖੁੰਭ ਉਤਪਾਦਨ ਅਤੇ ਸ਼ਹਿਦ ਮੱਖੀਆਂ ਪਾਲਣ ਦੇ ਸਹਾਇਕ ਧੰਦਿਆਂ ਨੂੰ ਵੀ ਅਪਣਾਇਆ ਹੋਇਆ ਹੈ। ਇਹ ਸਹਾਇਕ ਧੰਦੇ ਉਨ੍ਹਾਂ ਦੀ ਪਰਿਵਾਰਕ ਆਮਦਨ ਵਿਚ ਕਾਫੀ ਵਾਧਾ ਕਰ ਰਹੇ ਹਨ।

ਪੀਏਯੂ ਵੱਲੋਂ ਪ੍ਰਕਾਸ਼ਿਤ ਹੁੰਦੇ ਮਹੀਨਾਵਾਰ ਰਸਾਲੇ 'ਚੰਗੀ ਖੇਤੀ' ਅਤੇ ਹੋਰ ਖੇਤੀ ਪ੍ਰਕਾਸ਼ਨਾਵਾਂ ਰਾਹੀਂ ਉਹ ਆਪਣੇ ਆਪਣੇ ਗਿਆਨ ਵਿਚ ਜਿੱਥੇ ਨਿਰੰਤਰ ਵਾਧਾ ਕਰਦੇ ਰਹਿੰਦੇ ਹਨ, ਉੱਥੇ ਖੇਤੀ ਮੇਲਿਆਂ ਅਤੇ ਸੈਮੀਨਾਰਾਂ ਤੇ ਵਰਕਸ਼ਾਪਾਂ ਵਿਚ ਵੀ ਸਰਗਰਮੀ ਨਾਲ ਹਿੱਸਾ ਲੈਂਦੇ ਹਨ। ਵਿੰਦਰ ਸਿੰਘ ਆਪਣੇ ਖੇਤਾਂ ਵਿਚ ਕ੍ਰਿਸ਼ੀ ਵਿਗਿਆਨ ਕੇਂਦਰ ਅਤੇ ਫਾਰਮ ਸਲਾਹਕਾਰ ਸੇਵਾ ਕੇਂਦਰ ਦੇ ਸਹਿਯੋਗ ਨਾਲ ਖੇਤ ਦਿਵਸ ਵੀ ਮਨਾਉਂਦੇ ਹਨ ਅਤੇ ਖੇਤ ਪ੍ਰਦਰਸ਼ਨੀਆਂ ਲਗਾ ਕੇ ਇਲਾਕੇ ਦੇ ਕਿਸਾਨਾਂ ਨੂੰ ਵੀ ਨਵੀਨਤਮ ਖੇਤੀ ਤਕਨੀਕਾਂ ਨੂੰ ਅਪਨਾਉਣ ਲਈ ਜਾਗਰੂਕ ਵੀ ਕਰਦੇ ਹਨ। ਬਾਗ਼ਬਾਨੀ ਨੂੰ ਉਤਸ਼ਾਹਿਤ ਕਰਨ ਅਤੇ ਖੇਤੀ ਵਿਭਿੰਨਤਾ ਨੂੰ ਸਫਲਤਾ-ਪੂਰਵਕ ਅਪਨਾਉਣ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਉਨ੍ਹਾਂ ਨੂੰ ਮੁੱਖ ਮੰਤਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ। •

## ਇਸਤਰੀ ਸ਼ਕਤੀ ਦੀ ਜਗਦੀ ਮਸ਼ਾਲ

### ਸ਼ਹਿਨਾਜ਼

*ਮਾਤਾ-ਪਿਤਾ ਦੀ ਬਿਮਾਰੀ ਕਾਰਨ ਸ਼ਹਿਨਾਜ਼ ਨੇ ਮਹਿਸੂਸ ਕੀਤਾ ਕਿ ਜੇ ਬਿਮਾਰੀ ਦਾ ਕਾਰਨ ਭੋਜਨ ਹੋ ਸਕਦਾ ਹੈ ਤਾਂ ਸਹੀ ਭੋਜਨ ਇਸ ਨੂੰ ਠੀਕ ਵੀ ਕਰ ਸਕਦਾ ਹੈ। ਇਸ ਖ਼ਿਆਲ ਨੇ ਉਨ੍ਹਾਂ ਨੂੰ ਖ਼ੁਰਾਕੀ ਪਦਾਰਥਾਂ ਦੇ ਕਿੱਤੇ ਵੱਲ ਪ੍ਰੇਰਿਤ ਕੀਤਾ...*

ਸ਼ਹਿਨਾਜ਼ ਮਹਿਜ਼ ਇਕ ਨਾਂ ਨਾ ਹੋ ਕੇ ਅੱਜ ਇਕ ਮਸ਼ਾਲ ਦਾ ਰੂਪ ਧਾਰਨ ਕਰ ਚੁੱਕਾ ਹੈ, ਜਿਸ ਨਾਲ ਸੈਂਕੜੇ ਹੋਰਨਾਂ ਔਰਤਾਂ ਦੀ ਜ਼ਿੰਦਗੀ ਵਿਚ ਵੀ ਚਾਨਣ ਦਾ ਪਸਾਰ ਹੋ ਰਿਹਾ ਹੈ। ਸ਼ਹਿਨਾਜ਼ ਨੇ ਗਰੈਜੂਏਸ਼ਨ ਤੋਂ ਇਲਾਵਾ ਬੀਐੱਡ, ਐੱਮਏ ਅਤੇ ਐੱਮਐੱਸਸੀ (ਫੈਸ਼ਨ ਡਿਜ਼ਾਈਨਿੰਗ) ਕਰ ਕੇ ਬਠਿੰਡਾ ਜ਼ਿਲ੍ਹੇ ਦੇ ਮਹਿਮਾ ਸਿਰਜਾ ਪਿੰਡ ਵਿਚ ਫਾਰਮਰਜ਼ ਸੈਲਫ ਹੈਲਪ ਗਰੁੱਪ ਅਤੇ ਵੈਲਫੇਅਰ ਗਰੁੱਪ ਦੀ ਸ਼ੁਰੂਆਤ ਕੀਤੀ ਅਤੇ ਆਪਣੇ ਕਰੀਅਰ ਨੂੰ ਨਵੀਂ ਦਿਸ਼ਾ ਦੇਣ ਦੇ ਨਾਲ-ਨਾਲ ਦੂਸਰੀਆਂ ਔਰਤਾਂ ਨੂੰ ਆਤਮ ਨਿਰਭਰ ਬਣਾਉਣ 'ਚ ਵੀ ਅਹਿਮ ਭੂਮਿਕਾ ਨਿਭਾਈ ਹੈ।

ਸ਼ਹਿਨਾਜ਼ 2012 ਤੋਂ ਕ੍ਰਿਸ਼ੀ ਵਿਗਿਆਨ ਕੇਂਦਰ ਅਤੇ ਫਾਰਮ ਸਲਾਹਕਾਰ ਕੇਂਦਰ ਬਠਿੰਡਾ ਦੇ ਮਾਹਿਰਾਂ ਨਾਲ ਜੁੜੇ ਹੋਏ ਹਨ। ਉਨ੍ਹਾਂ ਨੇ 2014 ਵਿਚ ਕੇਵੀਕੇ ਬਠਿੰਡਾ ਤੋਂ ਸ਼ਹਿਦ ਮੱਖੀਆਂ ਪਾਲਣ ਦੀ ਸਿਖਲਾਈ ਫਿਰ ਫਲਾਂ ਅਤੇ ਸਬਜ਼ੀਆਂ ਦੀ ਪੈਦਾਵਾਰ, ਸਾਂਭ-ਸੰਭਾਲ, ਉਚਿਤ ਰੱਖ ਰਖਾਓ, ਡੱਬਾਬੰਦੀ ਅਤੇ ਮਾਰਕੀਟਿੰਗ ਬਾਰੇ ਸਿਖਲਾਈ ਪ੍ਰਾਪਤ ਕੀਤੀ। ਇਸ ਤੋਂ ਬਾਅਦ ਉਨ੍ਹਾਂ ਨੇ ਆਨਲਾਈਨ ਵਸੀਲਿਆਂ ਤੋਂ ਫੂਡ ਪ੍ਰੋਸੈਸਿੰਗ ਦੀ ਸਿਖਲਾਈ ਲੈ ਕੇ ਅਚਾਰ, ਚਟਣੀ ਅਤੇ ਮੁਰੱਬੇ, ਸਕੁਐਸ਼ ਆਦਿ ਖ਼ੁਰਾਕੀ ਪਦਾਰਥ ਬਣਾ ਕੇ ਵੇਚਣੇ ਸ਼ੁਰੂ ਕੀਤੇ। ਉਨ੍ਹਾਂ ਦੀਆਂ ਤਿਆਰ ਕੀਤੀਆਂ ਵਸਤਾਂ ਨੂੰ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਵੱਲੋਂ ਲਗਾਏ ਜਾਂਦੇ ਮੇਲਿਆਂ ਵਿਚ ਗਾਹਕਾਂ ਦਾ ਭਰਵਾਂ ਹੁੰਗਾਰਾ ਮਿਲਿਆ ਅਤੇ ਉਨ੍ਹਾਂ ਨੇ ਇਸ ਨੂੰ ਵੱਡੇ ਪੱਧਰ 'ਤੇ ਸ਼ੁਰੂ ਕੀਤਾ। ਅੱਜ ਉਹ ਅਜਿਹੇ ਅਨੇਕਾਂ ਖ਼ੁਰਾਕੀ ਪਦਾਰਥਾਂ ਨੂੰ ਖ਼ੁਦ ਤਿਆਰ ਕਰ ਕੇ, ਖ਼ੁਦ ਪੈਕੇਜਿੰਗ ਅਤੇ ਮੰਡੀਕਰਨ ਕਰ ਕੇ 10 ਲੱਖ ਰੁਪੇ ਤੋਂ ਵੱਧ ਆਮਦਨ ਕਮਾ ਰਹੇ ਹਨ।



ਔਰਤਾਂ ਨੂੰ ਆਤਮ ਨਿਰਭਰ ਬਣਾਉਣ ਲਈ ਉਹ ਉਨ੍ਹਾਂ ਲਈ ਜਾਗਰੂਕਤਾ ਮੁਹਿੰਮ ਵੀ ਚਲਾ ਰਹੇ ਹਨ ਅਤੇ ਉਨ੍ਹਾਂ ਵੱਲੋਂ ਟੀਵੀ, ਰੇਡੀਓ ਅਤੇ ਅਖ਼ਬਾਰਾਂ ਜ਼ਰੀਏ ਕਿਸਾਨ ਬੀਬੀਆਂ ਨੂੰ ਸਹਾਇਕ ਧੰਦਿਆਂ ਬਾਰੇ ਜਾਣਕਾਰੀ ਵੀ ਦਿੱਤੀ ਜਾਂਦੀ ਹੈ। ਇਨ੍ਹਾਂ ਖ਼ੁਰਾਕੀ ਪਦਾਰਥਾਂ ਨੂੰ ਤਿਆਰ ਕਰਨ ਤੋਂ ਇਲਾਵਾ ਉਨ੍ਹਾਂ ਵੱਲੋਂ ਕਾਲਜਾਂ 'ਚ ਪੜ੍ਹਦੇ ਵਿਦਿਆਰਥੀਆਂ ਲਈ ਟਿਫਨ ਸਰਵਿਸ ਦਾ ਕੰਮ ਵੀ ਕੀਤਾ ਜਾਂਦਾ ਹੈ।।ਇਸ ਜ਼ਰੀਏ ਉਨ੍ਹਾਂ ਨੇ ਇਲਾਕੇ ਦੀਆਂ ਕਈ ਔਰਤਾਂ ਨੂੰ ਰੁਜ਼ਗਾਰ ਵੀ ਮੁਹੱਈਆ ਕਰਵਾਇਆ ਹੈ। ਸਾਲ 2015 ਦੌਰਾਨ ਸਹਾਇਕ ਖੇਤੀ ਧੰਦਿਆਂ ਪ੍ਰਤੀ ਸ਼ਲਾਘਾਯੋਗ ਉੱਦਮ ਕਰਨ ਲਈ ਫੂਡ ਪ੍ਰੋਸੈਸਿੰਗ ਮੰਤਰਾਲਾ ਵੱਲੋਂ ਉਨ੍ਹਾਂ ਨੂੰ ਮੁਕਤਸਰ ਸਾਹਿਬ ਵਿਖੇ ਸਨਮਾਨਿਤ ਕੀਤਾ ਜਾ ਚੁੱਕਾ ਹੈ। ਇਸ ਤੋਂ ਇਲਾਵਾ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਵੀ ਉਨ੍ਹਾਂ ਨੂੰ 'ਜਗਬੀਰ ਕੌਰ ਗਰੇਵਾਲ ਯਾਦਗਾਰੀ ਪੁਰਸਕਾਰ' ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ। •



## ਪਹਿਲੀ ਵਾਰ ਵੋਟ ਕਰਨ ਵਾਲੇ ਵੋਟਰਾਂ ਨੂੰ ਕਰਵਾਇਆ ਹੋਟਲ 'ਚ ਮੁਫਤ ਭੋਜਨ

ਗੁਰਦਾਸਪੁਰ 3 ਜੂਨ। ਲੋਕਤੰਤਰ ਨੂੰ ਮਜਬੂਤ ਕਰਨ ਲਈ ਅਤੇ ਵੱਧ ਤੋਂ ਵੱਧ ਯੋਗ ਵੋਟਰਾਂ ਨੂੰ ਆਪਣੀ ਕੀਮਤੀ ਵੋਟ ਪਾਉਣ ਲਈ ਉਤਸਾਹਿਤ ਕਰਨ ਲਈ ਰੋਮੇਸ ਮਹਾਜਨ ਨੈਸਨਲ ਐਵਾਰਡੀ ਵੱਲੋਂ ਇਕ ਨਵੀਂ ਪਹਿਲਕਦਮੀ ਕੀਤੀ ਗਈ ਹੈ ਜਿਸ ਤਹਿਤ ਪਹਿਲੀ ਵਾਰ ਵੋਟ ਕਰਨ ਵਾਲੇ ਵੋਟਰਾਂ ਨੂੰ ਹੋਟਲ ਆਰ. ਕੇ. ਰੀਜੈਂਸੀ ਵਿੱਚ ਮੁਫਤ ਦੁਪਹਿਰ ਦਾ ਖਾਣਾ ਪਰੋਸਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਪਹਿਲੀ ਵਾਰ 185 ਵੋਟਰਾਂ ਨੇ ਇਸ ਪੇਸਕਸ ਦਾ ਲਾਭ ਉਠਾ ਕੇ



ਸਵਾਦਿਸਟ ਦੁਪਹਿਰ ਦੇ ਖਾਣੇ ਦਾ ਆਨੰਦ ਲਿਆ ਹੈ ਅਤੇ ਉਨ੍ਹਾਂ ਨੂੰ ਵੋਟ ਪਾਉਣ ਉਪਰੰਤ ਅੱਜ ਹੋਟਲ ਪ੍ਰਬੰਧਕਾਂ ਵੱਲੋਂ ਸੁੰਦਰ ਫਲਦਾਰ ਬੂਟਿਆਂ ਨਾਲ ਸਨਮਾਨਿਤ ਵੀ ਕੀਤਾ ਗਿਆ। ਮਹਾਜਨ ਨੇ ਦੱਸਿਆ ਕਿ ਇਹ ਉਪਰਾਲਾ ਡਿਪਟੀ ਕਮਿਸਨਰ ਗੁਰਦਾਸਪੁਰ ਡਾ.ਵਿਸੇਸ ਸਾਰੰਗਲ ਆਈ.ਏ.ਐੱਸ ਅਤੇ ਸਮੁੱਚੇ ਜ਼ਿਲ੍ਹਾ ਪ੍ਰਸਾਸਨ ਦੀ ਪ੍ਰੇਰਨਾ ਅਤੇ ਸਹਿਯੋਗ ਨਾਲ ਕੀਤਾ ਗਿਆ ਹੈ। ਉਨ੍ਹਾਂ ਇਹ ਵੀ ਕਿਹਾ ਕਿ ਦੇਸ ਦੇ ਜ਼ਿੰਮੇਵਾਰ ਨਾਗਰਿਕ ਹੋਣ ਦੇ ਨਾਤੇ ਹਰੇਕ ਨੂੰ ਲੋਕਤੰਤਰ ਦੀ ਮਜਬੂਤੀ ਲਈ ਆਪਣੇ-ਆਪਣੇ ਸਥਾਨ 'ਤੇ ਸਾਰੇ ਲੋੜੀਂਦੇ ਕਦਮ ਅਤੇ ਯਤਨ ਕਰਨੇ ਚਾਹੀਦੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਇਸ ਤਰ੍ਹਾਂ ਦੀ ਖਿੱਚ ਨੇ ਵੋਟ ਪ੍ਰਤੀਸਤਤਾ ਨੂੰ ਵਧਾਉਣ ਵਿੱਚ ਸੱਚਮੁੱਚ ਮਦਦ ਕੀਤੀ ਹੈ।

## ਅਮਰੀਕਾ 'ਚ ਲਾਪਤਾ ਹੋਇਆ ਪੰਜਾਬੀ ਨੌਜਵਾਨ, ਪਰਿਵਾਰ ਨੇ ਕਰਜਾ ਚੁੱਕ ਭੇਜਿਆ ਸੀ ਵਿਦੇਸ਼

ਸ੍ਰੀ ਹਰਗੋਬਿੰਦਪੁਰ ਸਾਹਿਬ 3 ਜੂਨ। ਇਥੋਂ ਦੇ ਨਜ਼ਦੀਕੀ ਪਿੰਡ ਪੁਰਾਣਾ ਬੱਲੜਵਾਲ ਦੇ ਨੌਜਵਾਨ ਮਲਕੀਤ ਸਿੰਘ ਦੀ ਪਤਨੀ ਕਰਮਜੀਤ ਕੌਰ ਨੇ ਦੱਸਿਆ ਕਿ ਉਸ ਦਾ ਪਤੀ 2022 'ਚ ਅਮਰੀਕਾ ਵਿਖੇ ਰੋਜ਼ੀ-ਰੋਟੀ ਕਮਾਉਣ ਲਈ ਗਿਆ ਸੀ ਤੇ ਕਰੀਬ 10 ਦਿਨ ਪਹਿਲਾਂ ਉਨ੍ਹਾਂ ਦੀ ਗੱਲ ਮਲਕੀਅਤ ਸਿੰਘ ਨਾਲ ਫੋਨ 'ਤੇ ਹੋਈ ਸੀ। ਇਸ ਉਪਰੰਤ ਉਨ੍ਹਾਂ ਨਾਲ ਸੰਪਰਕ ਨਹੀਂ ਹੋਇਆ। ਸੂਬੇਦਾਰ ਲਖਵਿੰਦਰ ਸਿੰਘ ਨੇ ਕਿਹਾ ਕਿ ਇਸ ਸਬੰਧੀ ਅਮਰੀਕਾ 'ਚ ਰਿਪੋਰਟ ਦੇ ਦਿੱਤੀ ਗਈ ਹੈ ਤੇ ਪੁਲਸ ਨੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪਰਿਵਾਰ ਦਾ ਇਥੇ ਬੁਰਾ ਹਾਲ ਹੈ ਤੇ ਮਲਕੀਤ ਸਿੰਘ ਦੇ ਮਾਲਕ ਨੇ ਕਿਹਾ ਕਿ ਉਹ ਉਸ ਕੋਲੋਂ ਪੈਸੇ ਲੈ ਕੇ ਗੱਡੀ ਲੈਣ ਲਈ ਗਿਆ ਸੀ। ਉਨ੍ਹਾਂ ਦੱਸਿਆ ਕਿ ਪਰਿਵਾਰ ਨੇ ਕਰਜ਼ਾ ਚੁੱਕ ਕੇ ਮਲਕੀਤ ਸਿੰਘ ਨੂੰ ਅਮਰੀਕਾ ਭੇਜਿਆ ਸੀ।

# ਸਰਕਾਰ ਨੇ ਕੱਚੇ ਤੇਲ 'ਤੇ ਘਟਾਇਆ ਵਿੰਡਫਾਲ ਟੈਕਸ

ਕਿਸ਼ਨ ਪਾਲ

ਨਵੀਂ ਦਿੱਲੀ 3 ਜੂਨ। ਜੂਨ ਮਹੀਨੇ ਦੀ ਸ਼ੁਰੂਆਤ ਲੋਕਾਂ ਲਈ ਦੋਹਰੀ ਖੁਸ਼ਖਬਰੀ ਦੇ ਨਾਲ ਹੋਈ ਹੈ। ਮਹੀਨੇ ਦੀ ਪਹਿਲੀ ਤਰੀਕ ਨੂੰ ਕਈ ਚੀਜਾਂ ਦੀਆਂ ਕੀਮਤਾਂ ਘੱਟ ਹੋ ਗਈਆਂ ਹਨ। ਸਭ ਤੋਂ ਪਹਿਲਾਂ ਐੱਲ. ਪੀ. ਜੀ. ਸਿਲੰਡਰਾਂ ਦੇ ਮਾਮਲੇ 'ਚ ਲਗਾਤਾਰ ਤੀਸਰੀ ਕਟੌਤੀ ਕੀਤੀ ਗਈ। ਹੁਣ ਜਹਾਜੀ ਈਂਧਨ ਦੀਆਂ ਕੀਮਤਾਂ 'ਚ ਵੀ ਭਾਰੀ-ਭਰਕਮ ਕਟੌਤੀ ਕੀਤੀ ਗਈ ਹੈ। ਉੱਥੇ ਹੀ ਕੱਚੇ ਤੇਲ 'ਤੇ ਵੀ ਟੈਕਸ ਘਟਾਇਆ ਗਿਆ ਹੈ। ਭਾਰਤ ਸਰਕਾਰ ਨੇ ਪੈਟ੍ਰੋਲੀਅਮ ਕਰੂਡ 'ਤੇ ਵਿੰਡਫਾਲ ਟੈਕਸ ਨੂੰ 5,700 ਰੁਪਏ ਤੋਂ ਘਟਾ ਕੇ 5,200 ਰੁਪਏ ਪ੍ਰਤੀ ਮੀਟ੍ਰਿਕ ਟਨ ਕਰ ਦਿੱਤਾ ਹੈ। ਨਵੀਆਂ ਦਰਾਂ ਅੱਜ ਭਾਵ 1 ਜੂਨ ਤੋਂ ਲਾਗੂ ਹੋ ਗਈਆਂ ਹਨ। ਸਰਕਾਰ ਨੇ ਇਸ ਨੂੰ ਲੈ ਕੇ 31 ਮਈ ਨੂੰ ਇਕ ਨੋਟੀਫਿਕੇਸ਼ਨ ਜਾਰੀ ਕੀਤਾ ਸੀ। ਅਧਿਕਾਰਕ ਨੋਟੀਫਿਕੇਸ਼ਨ ਅਨੁਸਾਰ ਡੀਜਲ, ਪੈਟਰੋਲ ਅਤੇ ਜਹਾਜੀ ਈਂਧਨ ਜਾਂ ਏ. ਟੀ. ਐੱਫ. ਦੀ ਬਰਾਮਦ 'ਤੇ ਸਪੈਸ਼ਲ ਐਡੀਸ਼ਨਲ ਐਕਸਾਈਜ ਡਿਊਟੀ (ਐੱਸ. ਏ. ਈ. ਡੀ.) ਨੂੰ ਜੀਰੋ 'ਤੇ ਬਰਕਰਾਰ ਰੱਖਿਆ ਗਿਆ ਹੈ। ਅੰਤਰਰਾਸ਼ਟਰੀ ਬਾਜਾਰ 'ਚ ਕੱਚੇ ਤੇਲ ਦੀਆਂ ਕੀਮਤਾਂ 'ਚ ਗਿਰਾਵਟ ਦੇ ਮੱਦੇਨਜਰ ਅਜਿਹਾ ਕੀਤਾ ਗਿਆ ਹੈ। ਸਰਕਾਰੀ ਤੇਲ ਤੇ ਗੈਸ ਕੰਪਨੀਆਂ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਅੱਜ ਭਾਵ 1 ਜੂਨ ਤੋਂ ਜਹਾਜੀ ਈਂਧਨ (ਏ. ਟੀ. ਐੱਫ.) ਦੀਆਂ ਦਰਾਂ 'ਚ 6,673.87 ਰੁਪਏ ਪ੍ਰਤੀ ਕਿਲੋਲੀਟਰ ਦੀ ਭਾਰੀ ਕਟੌਤੀ ਕੀਤੀ ਗਈ ਹੈ। ਇੰਡੀਅਨ ਆਇਲ ਦੀ ਵੈੱਬਸਾਈਟ 'ਤੇ ਮੁਹੱਈਆ ਜਾਣਕਾਰੀ ਦੇ ਅਨੁਸਾਰ ਅੱਜ ਤੋਂ ਦਿੱਲੀ 'ਚ ਏ. ਟੀ. ਐੱਫ. ਸਸਤਾ ਹੋ ਕੇ 94,969.01 ਰੁਪਏ ਪ੍ਰਤੀ ਕਿਲੋਲੀਟਰ ਰਹਿ ਗਿਆ ਹੈ।



ਇਸ ਤੋਂ ਪਹਿਲਾਂ 1 ਮਈ ਨੂੰ ਏ. ਟੀ. ਐੱਫ. ਦੀਆਂ ਦਰਾਂ 'ਚ 749.25 ਰੁਪਏ ਪ੍ਰਤੀ ਕਿਲੋਲੀਟਰ ਦਾ ਵਾਧਾ ਕੀਤਾ ਗਿਆ ਸੀ। ਉਸ ਤੋਂ ਬਾਅਦ ਦਿੱਲੀ 'ਚ ਏ. ਟੀ. ਐੱਫ. ਮਹਿੰਗਾ ਹੋ ਕੇ 1,01,642.88 ਰੁਪਏ ਪ੍ਰਤੀ ਕਿਲੋਲੀਟਰ ਹੋ ਗਿਆ ਸੀ। ਹੋਰ ਸ਼ਹਿਰਾਂ 'ਚ ਵੀ ਜਹਾਜੀ ਈਂਧਨ ਦੀ ਕੀਮਤ 'ਚ ਕਮੀ ਆਈ ਹੈ। ਤਾਜੇ ਬਦਲਾਅ ਤੋਂ ਬਾਅਦ ਹੁਣ ਮੁੰਬਈ 'ਚ ਏ. ਟੀ. ਐੱਫ. ਸਸਤਾ ਹੋ ਕੇ 88,834.27 ਰੁਪਏ ਪ੍ਰਤੀ ਕਿਲੋਲੀਟਰ 'ਤੇ ਆ ਗਿਆ ਹੈ। ਚਾਰਾਂ ਮਹਾਨਗਰਾਂ 'ਚ ਦੇਖੀਏ ਤਾਂ ਹੁਣ ਤੱਕ ਸਭ ਤੋਂ ਸਸਤੇ ਜਹਾਜੀ ਈਂਧਨ ਦਾ ਲਾਭ ਮੁੰਬਈ 'ਚ ਹੀ ਮਿਲ ਰਿਹਾ ਹੈ। ਇਸੇ ਤਰ੍ਹਾਂ ਏ. ਟੀ. ਐੱਫ. ਦੀਆਂ ਦਰਾਂ ਘੱਟ ਹੋ ਕੇ ਕੋਲਕਾਤਾ 'ਚ 1,03,715 ਰੁਪਏ ਪ੍ਰਤੀ ਕਿਲੋਲੀਟਰ ਹੋ ਗਈਆਂ ਹਨ। ਇਹ ਚਾਰਾਂ ਮਹਾਨਗਰਾਂ 'ਚ ਏ. ਟੀ. ਐੱਫ. ਦੀ ਸਭ ਤੋਂ ਵੱਧ ਕੀਮਤ ਹੈ। ਉੱਥੇ ਹੀ, ਏ. ਟੀ. ਐੱਫ. ਚੇਨਈ 'ਚ ਸਸਤਾ ਹੋ ਕੇ 98,557.14 ਰੁਪਏ ਪ੍ਰਤੀ ਕਿਲੋਲੀਟਰ 'ਤੇ ਆ ਗਿਆ ਹੈ। ਤੇਲ ਕੰਪਨੀਆਂ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਨਵੀਆਂ ਦਰਾਂ ਅੱਜ ਭਾਵ 1 ਜੂਨ ਤੋਂ ਹੀ ਲਾਗੂ ਹੋ ਗਈਆਂ ਹਨ। ਤੇਲ ਕੰਪਨੀਆਂ ਨੇ 19 ਕਿਲੋਗ੍ਰਾਮ ਵਾਲੇ ਕਾਰੋਬਾਰੀ (ਕਮਰਸ਼ੀਅਲ) ਐੱਲ. ਪੀ. ਜੀ. ਸਿਲੰਡਰ ਦੀ ਕੀਮਤ 69 ਰੁਪਏ ਘਟਾ ਕੇ 1,676 ਰੁਪਏ ਕਰ ਦਿੱਤੀ। ਕਮਰਸ਼ੀਅਲ ਐੱਲ. ਪੀ. ਜੀ. ਸਿਲੰਡਰ ਦੀ ਕੀਮਤ 'ਚ 1 ਮਈ ਨੂੰ 19 ਰੁਪਏ ਅਤੇ 1 ਅਪ੍ਰੈਲ ਨੂੰ 30.5 ਰੁਪਏ ਦੀ ਕਟੌਤੀ ਕੀਤੀ ਗਈ ਸੀ। ਹਾਲਾਂਕਿ, ਘਰੇਲੂ ਵਰਤੋਂ 'ਚ ਆਉਣ ਵਾਲੀ ਰਸੋਈ ਗੈਸ (14.2 ਕਿਲੋਗ੍ਰਾਮ) ਸਿਲੰਡਰ ਦੀ ਕੀਮਤ 803 ਰੁਪਏ ਪ੍ਰਤੀ ਸਿਲੰਡਰ ਹੀ ਰਹੇਗੀ।

## ਜਲੰਧਰ ਤੋਂ ਵੱਡੀ ਖਬਰ: ਵੋਟਾਂ ਤੋਂ ਅਗਲੇ ਹੀ ਦਿਨ ਸ਼ੀਤਲ ਅੰਗੁਰਾਲ ਦਾ ਯੂ-ਟਰਨ

ਜਲੰਧਰ 3 ਜੂਨ। ਲੋਕ ਸਭਾ ਚੋਣਾਂ ਤੋਂ ਅਗਲੇ ਹੀ ਦਿਨ ਜਲੰਧਰ ਦੀ ਸਿਆਸਤ ਵਿਚ ਵੱਡਾ ਉਲਟਫੇਰ ਵੇਖਣ ਨੂੰ ਮਿਲਿਆ ਹੈ। ਦਰਅਸਲ ਉਨ੍ਹਾਂ ਆਗੂਆਂ ਦੀਆਂ ਆਸਾਂ 'ਤੇ ਪਾਣੀ ਫਿਰ ਗਿਆ ਹੈ, ਜੋ ਜਲੰਧਰ ਪੱਛਮੀ ਸੀਟ ਤੋਂ ਜ਼ਿਮਨੀ ਚੋਣ ਲੜਨ ਦੀ ਉਡੀਕ ਕਰ ਰਹੇ ਸਨ। ਦੱਸ ਦੇਈਏ ਕਿ ਜਲੰਧਰ ਪੱਛਮੀ ਤੋਂ ਵਿਧਾਇਕ ਸੀਤਲ ਅੰਗੁਰਾਲ ਵੱਡਾ ਝਟਕਾ ਦਿੰਦੇ ਹੋਏ ਯੂ-ਟਰਨ ਲੈ ਲਿਆ ਹੈ। ਉਨ੍ਹਾਂ ਨੇ ਵਿਧਾਇਕ ਦੇ ਅਹੁਦੇ ਤੋਂ ਦਿੱਤਾ ਅਸਤੀਫਾ ਹੁਣ ਵਾਪਸ ਲੈ ਲਿਆ ਹੈ। ਉਨ੍ਹਾਂ ਵਿਧਾਨ ਸਭਾ ਦੇ ਸਪੀਕਰ ਨੂੰ ਇਕ ਪੱਤਰ ਲਿਖਿਆ ਹੈ, ਜਿਸ ਵਿਚ ਉਨ੍ਹਾਂ ਕਿਹਾ ਹੈ ਕਿ ਜੇਕਰ ਉਨ੍ਹਾਂ ਦਾ ਅਸਤੀਫਾ ਪ੍ਰਵਾਨ ਹੋ ਜਾਂਦਾ ਹੈ ਤਾਂ ਜਲੰਧਰ ਪੱਛਮੀ ਸੀਟ 'ਤੇ ਮੁੜ ਤੋਂ ਚੋਣ ਕਰਵਾਉਣੀ ਪਵੇਗੀ, ਜਿਸ ਕਾਰਨ ਚੋਣ ਖਰਚਾ ਵੀ ਹੋਣਾ ਸੀ। ਫਿਲਹਾਲ ਇਸ 'ਤੇ ਸ਼ੀਤਲ ਅੰਗੁਰਾਲ ਦੀ ਕੋਈ ਪ੍ਰਤੀਕਿਰਿਆ ਨਹੀਂ ਆਈ ਹੈ ਪਰ ਉਨ੍ਹਾਂ ਸੋਸ਼ਲ ਮੀਡੀਆ ਅਕਾਊਂਟ ਤੋਂ ਮੋਦੀ ਦਾ ਪਰਿਵਾਰ ਹਟਾ ਦਿੱਤਾ ਹੈ। ਉਨ੍ਹਾਂ ਦੇ ਭਰਾ ਰਾਜਨ ਅੰਗੁਰਾਲ ਨੇ ਇਕ ਪੋਸਟ ਸ਼ੇਅਰ ਕੀਤੀ ਹੈ, ਜਿਸ ਵਿਚ ਉਨ੍ਹਾਂ ਜੈ ਭਾਜਪਾ ਅਤੇ ਤੈਅ ਭਾਜਪਾ ਲਿਖਿਆ ਹੈ। ਦੱਸ ਦੇਈਏ ਕਿ ਲੋਕ ਸਭਾ ਚੋਣਾਂ ਤੋਂ ਪਹਿਲਾਂ ਸੀਤਲ ਅੰਗੁਰਾਲ ਆਮ ਆਦਮੀ ਪਾਰਟੀ ਛੱਡ ਕੇ ਭਾਜਪਾ 'ਚ ਸਾਮਲ ਹੋ ਗਏ ਸਨ ਅਤੇ ਵਿਧਾਇਕ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ, ਜਿਸ ਨੂੰ ਸਪੀਕਰ ਨੇ ਅਜੇ ਤੱਕ ਸਵੀਕਾਰ ਨਹੀਂ ਕੀਤਾ ਸੀ। ਜਾਣਕਾਰੀ ਮਿਲੀ ਹੈ ਕਿ ਸੀਤਲ ਅੰਗੁਰਾਲ ਨੇ 3 ਜੂਨ ਨੂੰ ਪੇਸ ਹੋਣਾ ਸੀ ਪਰ ਇਸ ਤੋਂ ਪਹਿਲਾਂ ਹੀ ਉਨ੍ਹਾਂ ਨੇ ਸਿਆਸਤ 'ਚ ਵੱਡਾ ਧਮਾਕਾ ਕਰ ਦਿੱਤਾ ਹੈ। ਉਨ੍ਹਾਂ ਨੇ ਵਿਧਾਇਕ ਦੇ ਅਹੁਦੇ ਤੋਂ ਦਿੱਤਾ ਅਸਤੀਫਾ ਵਾਪਸ ਲੈ ਲਿਆ ਹੈ।

## ਪੰਜਾਬ ਦੇ ਇਕ ਹੋਰ ਮੰਤਰੀ ਦਾ ਹੋਣ ਜਾ ਰਿਹਾ ਵਿਆਹ, ਇਸ ਤਾਰੀਖ ਨੂੰ ਲੈਣਗੇ ਲਾਵਾਂ

ਚੰਡੀਗੜ੍ਹ 3 ਜੂਨ। ਪੰਜਾਬ ਦੇ ਇਕ ਹੋਰ ਕੈਬਨਿਟ ਮੰਤਰੀ ਵਿਆਹ ਦੇ ਬੰਧਨ 'ਚ ਬੱਝਣ ਜਾ ਰਹੇ ਹਨ। ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਹੁਣ ਵਿਆਹ ਕਰਵਾਉਣ ਜਾ ਰਹੇ ਹਨ। ਦੱਸਿਆ ਜਾ ਰਿਹਾ ਹੈ ਕਿ 16 ਜੂਨ ਨੂੰ ਉਨ੍ਹਾਂ ਦਾ ਵਿਆਹ ਤੈਅ ਹੋਇਆ ਹੈ। ਜੀਰਕਪੁਰ ਦੇ ਇਕ ਪੈਲਸ 'ਚ ਉਨ੍ਹਾਂ ਦੇ ਵਿਆਹ ਦੀਆਂ ਸਾਰੀਆਂ ਰਸਮਾਂ ਹੋਣਗੀਆਂ। ਅਨਮੋਲ ਗਗਨ ਮਾਨ ਦੇ ਹੋਣ ਵਾਲੇ ਪਤੀ ਪੇਸ਼ੇ ਤੋਂ ਵਕੀਲ ਦੱਸੇ ਜਾ ਰਹੇ ਹਨ ਅਤੇ ਸਹੁਰਾ ਪਰਿਵਾਰ ਮਲੋਟ ਨਾਲ ਸਬੰਧਿਤ ਹੈ। ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਪੰਜਾਬ ਦੇ ਕਈ ਮੰਤਰੀ ਅਤੇ ਵਿਧਾਇਕ ਵਿਆਹ ਕਰਵਾ ਚੁੱਕੇ ਹਨ।

## ਲੁਧਿਆਣਾ 'ਚ ਸਵੇਰੇ-ਸਵੇਰੇ ਹੋਇਆ ਬਲਾਸਟ ! ਮਾਂ-ਪੁੱਤ ਝੁਲਸੇ

ਲੁਧਿਆਣਾ 3 ਜੂਨ। ਫੋਕਲ ਪੁਆਇੰਟ ਰਾਜੀਵ ਗਾਂਧੀ ਕਾਲੋਨੀ ਵਿਖੇ ਗੈਸ ਸਿਲੰਡਰ ਫਟਣ ਨਾਲ ਮਕਾਨ ਢਹਿ ਗਿਆ, ਜਦੋਂਕਿ ਅੱਗ ਦੀ ਲਪੇਟ 'ਚ ਆਉਣ ਨਾਲ ਮਾਂ ਤੇ ਪੁੱਤ ਬੁਰੀ ਤਰ੍ਹਾਂ ਨਾਲ ਝੁਲਸ ਗਏ। ਪ੍ਰਧਾਨ ਵਿਜੇਂਦਰ ਚੰਡਾਲੀਆ ਨੇ ਕਿਹਾ ਕਿ ਸਵੇਰੇ 7 ਵਜੇ ਦੇ ਕਰੀਬ ਇਕ ਘਰ 'ਚ ਜੋਰਦਾਰ ਧਮਾਕਾ ਹੋਇਆ ਤੇ ਮਕਾਨ ਦੀ ਛੱਤ ਉੱਡ ਗਈ, ਜਿਸ ਦਾ ਮਲਬਾ ਲੋਕਾਂ ਦੀਆਂ ਘਰਾਂ ਦੀਆਂ ਛੱਤਾਂ ਉੱਪਰ ਜਾ ਕੇ ਡਿੱਗਾ। ਧਮਾਕੇ ਮਗਰੋਂ ਮਕਾਨ 'ਚ ਅੱਗ ਲੱਗ ਗਈ, ਜਿਸ ਕਾਰਨ ਲੋਕਾਂ ਵਿਚਾਲੇ ਹਫੜਾ-ਦਫੜੀ ਮਚ ਗਈ ਤੇ ਲੋਕ ਆਪਣੇ ਘਰਾਂ ਤੋਂ ਬਾਹਰ ਨਿਕਲ ਕੇ ਸੜਕ ਪਾਸੇ ਦੌੜੇ ਗਏ। ਪ੍ਰਧਾਨ ਚੰਢਾਲੀਆ ਨੇ ਕਿਹਾ ਕਿ ਉਸ ਨੇ ਤੁਰੰਤ ਫਾਇਰ ਬ੍ਰਿਗੇਡ ਨੂੰ ਅੱਗ ਲੱਗਣ ਦੀ ਸੂਚਨਾ ਦਿੱਤੀ, ਜੋ ਕਿ ਮੌਕੇ 'ਤੇ ਪਹੁੰਚ ਗਏ ਤੇ ਅੱਗ ਉੱਪਰ ਕਾਬੂ ਪਾਉਣਾ ਸੁਰੂ ਕਰ ਦਿੱਤਾ। ਲਲਿਤਾ ਦੇਵੀ ਨੇ ਕਿਹਾ ਕਿ ਉਹ ਵਿਧਵਾ ਹੈ ਤੇ ਆਪਣੇ ਪੁੱਤਰ ਸੋਨੂੰ ਪੰਡਿਤ ਨਾਲ ਮਕਾਨ 'ਚ ਰਹਿ ਰਹੀ ਹੈ, ਸੋਨੂੰ ਦਸਵੀਂ ਕਲਾਸ 'ਚ ਪੜ੍ਹਦਾ ਹੈ ਤੇ ਉਹ ਲੇਬਰ ਦਾ ਕੰਮ ਕਰਦੀ ਹੈ। ਸਵੇਰੇ ਜਦੋਂ ਉਹ ਗੈਸ ਚੁੱਲ੍ਹੇ 'ਤੇ ਨਾਸਤਾ ਬਣਾ ਰਹੀ ਸੀ। ਅਚਾਨਕ ਹੀ ਗੈਸ ਸਿਲੰਡਰ ਨੂੰ ਅੱਗ ਲੱਗ ਗਈ। ਅੱਗ ਤੇਜੀ ਨਾਲ ਕਮਰੇ 'ਚ ਫੈਲ ਗਈ। ਇਸ ਦੌਰਾਨ ਉਸ ਦਾ ਬੇਟਾ ਅੱਗ ਦੀ ਲਪੇਟ 'ਚ ਆਉਣ ਨਾਲ ਬੁਰੀ ਤਰ੍ਹਾਂ ਝੁਲਸ ਗਿਆ। ਉਹ ਵੀ ਜਖਮੀ ਹੋ ਗਈ ਅੱਗ ਬੇਕਾਬੂ ਹੋ ਗਈ ਤੇ ਉਹ ਮਕਾਨ ਤੋਂ ਬਾਹਰ ਨਿਕਲ ਆਏ ਓਹ ਬਾਹਰ ਨਿਕਲੇ ਹੀ ਸਨ ਕਿ ਜੋਰਦਾਰ ਧਮਾਕਾ ਹੋਇਆ। ਗੈਸ ਸਿਲੰਡਰ ਫਟ ਗਿਆ ਤੇ ਮਕਾਨ ਦੀ ਛੱਤ ਉੱਡ ਗਈ ਉਥੇ ਅੱਗ ਦੀ ਲਪੇਟ 'ਚ ਆਉਣ ਨਾਲ ਉਨ੍ਹਾਂ ਦਾ ਸਾਰਾ ਸਾਮਾਨ, ਜਰੂਰੀ ਕਾਗਜਾਤ, ਨਕਦੀ ਆਦਿ ਸੜ ਕੇ ਸੁਆਹ ਹੋ ਗਏ। ਬੁਰੀ ਤਰ੍ਹਾਂ ਝੁਲਸ ਗਏ ਬੇਟੇ ਨੂੰ ਪੀ. ਜੀ. ਆਈ. ਰੈਫਰ ਕੀਤਾ ਗਿਆ ਸੀ, ਜਿੱਥੇ ਉਨ੍ਹਾਂ ਮੱਲ੍ਹਮ ਪੱਟੀ ਕਰਨ ਮਗਰੋਂ ਉਨ੍ਹਾਂ ਨੂੰ ਵਾਪਸ ਭੇਜ ਦਿੱਤਾ ਗਿਆ। ਪ੍ਰਧਾਨ ਚੰਡਾਲੀਆ ਨੇ ਕਿਹਾ ਕਿ ਵਿਧਵਾ ਪੀੜਤ ਮਹਿਲਾ ਦੀ ਹਾਲਤ ਨੂੰ ਦੇਖਦੇ ਹੋਏ ਲੋਕਾਂ ਵੱਲੋਂ ਜੋ ਬਣ ਸਕਦਾ ਸੀ, ਮਦਦ ਕੀਤੀ ਗਈ, ਉੱਥੇ ਪੀੜਤ ਮਹਿਲਾ ਨੇ ਪ੍ਰਸਾਸਨ ਤੋਂ ਮਦਦ ਦੀ ਗੁਹਾਰ ਲਗਾਈ ਹੈ।

# ਭਾਰਤ ਨੇ ਕਿਊਬਾ ਨੂੰ ਭੇਜੀ ਮਾਨਵਤਾਵਾਦੀ ਸਹਾਇਤਾ, ਦਿੱਤੀ 90 ਟਨ ਦਵਾਈ ਸਮੱਗਰੀ

ਏਜੰਸੀਆਂ

ਨਵੀਂ ਦਿੱਲੀ 3 ਜੂਨ। ਭਾਰਤ ਨੇ ਕਿਊਬਾ ਨੂੰ ਮਾਨਵਤਾਵਾਦੀ ਸਹਾਇਤਾ ਪ੍ਰਦਾਨ ਕੀਤੀ ਹੈ, ਜਿਸ ਵਿੱਚ ਲਗਭਗ 90 ਟਨ ਮੇਡ ਇਨ ਇੰਡੀਆ ਐਕਟਿਵ ਫਾਰਮਾਸਿਊਟੀਕਲ ਸਮੱਗਰੀ (ਏ.ਪੀ.ਆਈ) ਦੀ ਇੱਕ ਖੇਪ ਸਾਮਲ ਹੈ। ਵਿਦੇਸ ਮੰਤਰਾਲੇ ਨੇ ਐਤਵਾਰ ਨੂੰ ਇੱਕ ਰੀਲੀਜ ਵਿੱਚ ਇਸ ਸਬੰਧੀ ਜਾਣਕਾਰੀ ਦਿੱਤੀ। ਇਹ ਖੇਪ ਐਤਵਾਰ ਨੂੰ ਗੁਜਰਾਤ ਦੇ ਮੁੰਦਰਾ ਬੰਦਰਗਾਹ ਤੋਂ ਰਵਾਨਾ ਹੋਈ। ਇਹਨਾਂ ਦੇ ਲਾਭਾਂ ਨੂੰ ਉਜਾਗਰ ਕਰਦੇ ਹੋਏ, ਨੇ ਆਪਣੀ ਰੀਲੀਜ ਵਿੱਚ ਕਿਹਾ, "ਇਹ ਕਿਊਬਾ ਦੇ ਦਵਾਈ ਨਿਰਮਾਤਾਵਾਂ ਦੁਆਰਾ ਗੰਭੀਰ ਸੰਚਾਰੀ ਬਿਮਾਰੀਆਂ ਦੇ ਇਲਾਜ ਲਈ ਲੋੜੀਂਦੀਆਂ ਗੋਲੀਆਂ, ਕੈਪਸੂਲ, ਸਰਬਤ ਅਤੇ ਟੀਕੇ ਦੇ ਰੂਪ ਵਿੱਚ ਜਰੂਰੀ ਐਂਟੀਬਾਇਓਟਿਕਸ ਤਿਆਰ ਕਰਨ ਲਈ ਵਰਤੇ ਜਾਣਗੇ।" ਇਸ ਦੌਰਾਨ ਦੇ ਅਧਿਕਾਰਤ ਬੁਲਾਰੇ ਰਣਧੀਰ ਜੈਸਵਾਲ ਨੇ 'ਤੇ ਇੱਕ ਪੋਸਟ ਵਿੱਚ ਲਿਖਿਆ, "ਭਾਰਤ ਨੇ ਕਿਊਬਾ ਨੂੰ ਮਾਨਵਤਾਵਾਦੀ ਸਹਾਇਤਾ ਭੇਜੀ ਹੈ। ਨੌ 'ਮੇਡ ਇਨ ਇੰਡੀਆ' ਦੀ 90 ਟਨ ਦੀ ਇੱਕ ਖੇਪ ਅੱਜ ਕਿਊਬਾ ਲਈ ਮੁੰਦਰਾ ਬੰਦਰਗਾਹ ਤੋਂ ਰਵਾਨਾ ਹੋ ਗਈ ਹੈ। ਜਰੂਰੀ ਦਵਾਈਆਂ ਦੇ ਨਿਰਮਾਣ ਵਿੱਚ ਸਹਾਇਤਾ ਕਰੇਗ।' ਨੇ ਇੱਕ ਰੀਲੀਜ ਵਿੱਚ ਕਿਹਾ ਕਿ ਕਿਊਬਾ ਨੂੰ ਦਿੱਤੀ ਗਈ ਸਹਾਇਤਾ ਵਿਸਵ ਦੀ ਫਾਰਮੇਸੀ ਵਜੋਂ ਭਾਰਤ ਦੇ ਦਰਜੇ ਦੀ ਪੁਸਟੀ ਕਰਦੀ ਹੈ।



ਇਸ ਵਿੱਚ ਕਿਹਾ ਗਿਆ ਹੈ, "ਸਹਾਇਤਾ ਭਾਰਤ ਦੀ "ਦੁਨੀਆ ਦੀ ਫਾਰਮੇਸੀ" ਦੇ ਰੁਤਬੇ ਦੀ ਪੁਸਟੀ ਕਰਦੀ ਹੈ ਅਤੇ ਕਿਊਬਾ ਨਾਲ ਇਤਿਹਾਸਕ ਦੋਸਤੀ ਪ੍ਰਤੀ ਸਾਡੀ ਵਚਨਬੱਧਤਾ ਨੂੰ ਰੇਖਾਂਕਿਤ ਕਰਦੀ ਹੈ। ਇਹ ਕਿਊਬਾ ਨਾਲ ਇਤਿਹਾਸਕ ਦੋਸਤੀ ਪ੍ਰਤੀ ਭਾਰਤ ਦੀ ਵਚਨਬੱਧਤਾ ਨੂੰ ਵੀ ਰੇਖਾਂਕਿਤ ਕਰਦਾ ਹੈ। ਭਾਰਤ-ਕਿਊਬਾ ਸਬੰਧ ਰਵਾਇਤੀ ਤੌਰ 'ਤੇ ਨਿੱਘੇ ਅਤੇ ਦੋਸਤਾਨਾ ਰਹੇ ਹਨ। ਵਿਦੇਸ ਮੰਤਰਾਲੇ ਦੇ ਅਨੁਸਾਰ ਭਾਰਤ 1959 ਦੀ ਕ੍ਰਾਂਤੀ ਤੋਂ ਬਾਅਦ ਕਿਊਬਾ ਨੂੰ ਮਾਨਤਾ ਦੇਣ ਵਾਲੇ ਪਹਿਲੇ ਦੇਸਾਂ ਵਿੱਚੋਂ ਇੱਕ ਸੀ। ਕਿਊਬਾ ਨੇ ਸੰਯੁਕਤ ਰਾਸਟਰ ਦੇ ਲੋਕਤੰਤਰੀਕਰਨ ਅਤੇ ਸੰਯੁਕਤ ਰਾਸਟਰ ਸੁਰੱਖਿਆ ਕੌਂਸਲ ਦੇ ਵਿਸਤਾਰ ਬਾਰੇ ਭਾਰਤ ਦੇ ਵਿਚਾਰ ਸਾਂਝੇ ਕੀਤੇ। ਨੇ ਕਿਹਾ ਕਿ ਇਹ ਸੰਯੁਕਤ ਰਾਸਟਰ ਸੁਰੱਖਿਆ ਪ੍ਰੀਸਦ ਦੇ ਸੁਧਾਰ ਨੂੰ ਸਮੁੱਚੀ ਸੁਧਾਰ ਪ੍ਰਕਿਰਿਆ ਲਈ ਕੇਂਦਰੀ ਵਜੋਂ ਰੱਖਦਾ ਹੈ।

# ਯਾਤਰੀ ਵਾਹਨਾਂ ਦੀ ਥੋਕ ਵਿਕਰੀ 'ਚ ਮਾਮੂਲੀ ਵਾਧਾ

ਸਰਦੂਲ ਸਿੰਘ

ਨਵੀਂ ਦਿੱਲੀ 3 ਜੂਨ। ਭਾਰਤ 'ਚ ਯਾਤਰੀ ਵਾਹਨਾਂ ਦੀ ਥੋਕ ਵਿਕਰੀ 'ਚ ਮਈ 'ਚ ਮਾਮੂਲੀ ਵਾਧਾ ਦੇਖਿਆ ਗਿਆ। ਇਸ ਦਾ ਕਾਰਨ ਉੱਚ ਆਧਾਰ ਪ੍ਰਭਾਵ ਅਤੇ ਆਮ ਚੋਣਾਂ ਕਾਰਨ ਮੰਗ ਕਮੀ ਰਿਹਾ। ਕੰਪਨੀਆਂ ਤੋਂ ਡੀਲਰਾਂ ਤੱਕ ਕੁੱਲ ਯਾਤਰੀ ਵਾਹਨਾਂ ਦੀ ਸਪਲਾਈ ਪਿਛਲੇ ਮਹੀਨੇ 4 ਫੀਸਦੀ ਵਾਧੇ ਨਾਲ 3,50,257 ਲੱਖ ਇਕਾਈ ਰਹੀ, ਜਦਕਿ ਪਿਛਲੇ ਸਾਲ ਦੇ ਇਸੇ ਮਹੀਨੇ ਇਹ 3,35,436 ਇਕਾਈ ਸੀ। ਮਾਰੂਤੀ ਸੁਜ਼ੂਕੀ ਇੰਡੀਆ (ਐੱਮ. ਐੱਸ. ਆਈ.) ਦੀ ਘਰੇਲੂ ਬਾਜ਼ਾਰ 'ਚ ਯਾਤਰੀ ਵਾਹਨਾਂ ਸੈਗਮੈਂਟ 'ਚ ਕੁੱਲ ਵਿਕਰੀ ਥੋੜ੍ਹੀ ਵਧ ਕੇ 1,44,002 ਇਕਾਈ ਹੋ ਗਈ, ਜੋ ਪਿਛਲੇ ਸਾਲ ਮਈ 'ਚ 1,43,708 ਇਕਾਈ ਸੀ। ਕੰਪਨੀ ਨੇ ਪਿਛਲੇ ਮਹੀਨੇ ਐਂਟਰੀ-ਲੈਵਲ ਦੀਆਂ ਅਤੇ ਕੰਪੈਕਟ ਕਾਰਾਂ ਦੀ ਵਿਕਰੀ 'ਚ ਸਾਲਾਨਾ ਆਧਾਰ 'ਤੇ ਗਿਰਾਵਟ ਦੇਖੀ। ਮਈ 'ਚ ਬਹੁ-ਉਦੇਸੀ ਵਾਹਨਾਂ- ਬ੍ਰੇਜ਼ਾ, ਗ੍ਰੈਂਡ ਵਿਟਾਰਾ, ਅਰਟਿਗਾ, ਐੱਸ-ਕ੍ਰਾਸ ਅਤੇ ਐਕਸ ਐੱਲ 6 ਦੀ ਵਿਕਰੀ ਵਧ ਕੇ 54,204 ਇਕਾਈ ਹੋ ਗਈ। ਐੱਮ. ਐੱਸ. ਆਈ. ਦੇ ਸੀਨੀਅਰ ਕਾਰਜਕਾਰੀ ਅਧਿਕਾਰੀ (ਵਿਕਰੀ ਅਤੇ ਮਾਰਕੀਟਿੰਗ) ਪਾਰਥੋ ਬੈਨਰਜੀ ਨੇ ਪੱਤਰਕਾਰਾਂ ਨੂੰ ਦੱਸਿਆ, "ਇਸ ਗੱਲ 'ਤੇ ਚਰਚਾ ਹੋਈ ਹੈ ਕਿ ਇਸ ਸਾਲ ਵਾਧਾ ਦਰ ਬਹੁਤ ਜ਼ਿਆਦਾ ਨਹੀਂ ਹੋਵੇਗੀ। ਉੱਚ ਅਧਾਰ ਪ੍ਰਭਾਵ ਕਾਰਨ ਇਹ ਇਕਹਿਰੇ ਅੰਕ 'ਚ ਰਹੇਗੀ। ਦੂਜੀ ਗੱਲ, ਚੋਣਾਂ ਸਨ ਅਤੇ ਅੱਤ ਦੀ ਗਰਮੀ ਦਾ ਵੀ ਮਈ 'ਚ ਸਮੁੱਚੀ



ਵਿਕਰੀ 'ਤੇ ਅਸਰ ਪਿਆ।" ਹੁੰਡਈ ਮੋਟਰ ਇੰਡੀਆ (ਐੱਸ. ਐੱਮ. ਆਈ.) ਦੀ ਮਈ 'ਚ ਘਰੇਲੂ ਵਾਹਨਾਂ ਦੀ ਵਿਕਰੀ 'ਚ 1 ਫੀਸਦੀ ਦਾ ਵਾਧਾ ਹੋਇਆ ਹੈ। ਕੰਪਨੀ ਨੇ ਮਈ 'ਚ 49,151 ਵਾਹਨ ਵੇਚੇ, ਜਦਕਿ ਪਿਛਲੇ ਸਾਲ ਇਸੇ ਮਹੀਨੇ 'ਚ 48,601 ਵਾਹਨਾਂ ਦੀ ਵਿਕਰੀ ਕੀਤੀ ਸੀ। ਐੱਚ. ਐੱਮ. ਆਈ. ਦੇ ਮੁੱਖ ਸੰਚਾਲਨ ਅਧਿਕਾਰੀ (ਸੀ. ਓ. ਓ.) ਤਰੁਣ ਗਰਗ ਨੇ ਕਿਹਾ ਕਿ ਇਸ ਵਿੱਤੀ ਸਾਲ 'ਚ ਵਿਕਰੀ 'ਚ ਵਾਧਾ ਇਕਹਿਰੇ ਅੰਕ ਦੀ ਹੱਦ 'ਚ ਰਹਿਣ ਦਾ ਅੰਦਾਜਾ ਹੈ। ਘਰੇਲੂ ਬਾਜਾਰ 'ਚ ਇਲੈਕਟ੍ਰਿਕ ਵਾਹਨਾਂ ਸਮੇਤ ਕੁੱਲ ਯਾਤਰੀ ਵਾਹਨਾਂ ਦੀ ਕੁੱਲ ਵਿਕਰੀ 2 ਫੀਸਦੀ ਵਧ ਕੇ 47,075 ਇਕਾਈ ਰਹੀ। ਉਧਰ, ਮਹਿੰਦਰਾ ਐਂਡ ਮਹਿੰਦਰਾ (ਐੱਮ. ਐਂਡ ਐੱਮ.) ਦੀ ਘਰੇਲੂ ਬਾਜਾਰ 'ਚ ਯਾਤਰੀ ਵਾਹਨਾਂ ਸੈਗਮੈਂਟ 'ਚ ਵਿਕਰੀ 31 ਫੀਸਦੀ ਵਧ ਕੇ 43,218 ਇਕਾਈ ਹੋ ਗਈ। ਟੋਇਟਾ ਕਿਰਲੋਸਕਰ ਮੋਟਰ (ਟੀ. ਕੇ. ਐੱਮ.) ਦੀ ਮਈ 'ਚ ਕੁੱਲ ਥੋਕ ਵਿਕਰੀ ਸਾਲਾਨਾ ਆਧਾਰ 'ਤੇ 24 ਫੀਸਦੀ ਵਧ ਕੇ 25,273 ਇਕਾਈ ਰਹੀ। ਕੀਆ ਇੰਡੀਆ ਦੀ ਵਾਹਨਾਂ ਦੀ ਵਿਕਰੀ ਮਈ 'ਚ ਸਾਲਾਨਾ ਆਧਾਰ 'ਤੇ 4 ਫੀਸਦੀ ਵਧ ਕੇ 19,500 ਇਕਾਈ ਰਹੀ ਹੈ। ਐੱਮ. ਜੀ. ਮੋਟਰ ਇੰਡੀਆ ਦੀ ਥੋਕ ਵਿਕਰੀ ਮਈ 'ਚ ਸਾਲਾਨਾ ਆਧਾਰ 'ਤੇ 5 ਫੀਸਦੀ ਡਿੱਗ ਕੇ 4,769 ਇਕਾਈ ਰਹਿ ਗਈ। ਕੰਪਨੀ ਨੇ ਪਿਛਲੇ ਸਾਲ ਮਈ 'ਚ 5,006 ਵਾਹਨ ਵੇਚੇ ਸਨ। ਮੋਟਰਸਾਈਕਲ ਨਿਰਮਾਤਾ ਕੰਪਨੀ ਰਾਇਲ ਐਨਫੀਲਡ ਦੀ ਕੁੱਲ ਵਿਕਰੀ ਸਾਲਾਨਾ ਆਧਾਰ 'ਤੇ 8 ਫੀਸਦੀ ਘਟ ਕੇ 71,010 ਇਕਾਈ ਰਹੀ।

## ਸਮਰਾਲਾ 'ਚ ਲਗਾਤਾਰ ਦੂਜੇ ਦਿਨ ਹੋਈ ਬੇਅਦਬੀ, ਅਗਨ ਭੇਟ ਕਰ ਨਹਿਰ 'ਚ ਸੁੱਟੇ ਗੁਟਕਾ ਸਾਹਿਬ ਦੇ ਅੰਗ

ਏਜੰਸੀਆਂ

ਸਮਰਾਲਾ 3 ਜੂਨ। ਸਮਰਾਲਾ ਇਲਾਕੇ 'ਚ ਲਗਾਤਾਰ ਦੂਜੇ ਦਿਨ ਬੇਅਦਬੀ ਦੀ ਘਟਨਾ ਸਾਹਮਣੇ ਆਈ ਹੈ। ਅੱਜ ਸਮਰਾਲਾ ਦੇ ਨੇੜਲੇ ਪਿੰਡ ਬੰਬਾ ਦੇ ਵਿਚ ਇਕ ਔਰਤ ਸਮੇਤ ਤਿੰਨ ਵਿਅਕਤੀਆਂ ਵੱਲੋਂ ਸ੍ਰੀ ਗੁਟਕਾ ਸਾਹਿਬ ਦੇ ਅੰਗਾਂ ਦੀ ਬੇਅਦਬੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਮੁਤਾਬਕ ਉਕਤ ਦੋਸੀਆਂ ਵੱਲੋਂ ਪਹਿਲਾਂ ਸ੍ਰੀ ਗੁਟਕਾ ਸਾਹਿਬ ਜੀ ਨੂੰ ਅਗਨ ਭੇਟ ਕਰ ਨੀਲੋ ਨਹਿਰ ਦੇ ਵਿਚ ਜਲ ਪ੍ਰਵਾਹ ਕੀਤਾ ਗਿਆ ਅਤੇ ਬਾਅਦ ਦੇ ਵਿਚ ਘਰ ਵਿਚ ਰੱਖੇ ਸ੍ਰੀ ਗੁਟਕਾ ਸਾਹਿਬ ਦੇ ਅੰਗਾਂ ਨੂੰ ਫਾੜ ਕੇ ਆਪਣੇ ਘਰ ਦੀ ਛੱਤ ਉੱਤੇ ਸੁੱਟ ਦਿੱਤਾ ਗਿਆ। ਇਸ ਘਟਨਾ ਦਾ ਪਤਾ ਲੱਗਣ 'ਤੇ ਸਤਿਕਾਰ ਕਮੇਟੀ ਦੇ ਸਿੰਘ ਸਾਹਿਬਾਨ, ਨਿਹੰਗ ਸਿੰਘਾਂ ਵੱਲੋਂ ਮੌਕੇ 'ਤੇ ਜਾ ਕੇ ਪੜਤਾਲ ਕੀਤੀ ਗਈ ਅਤੇ ਸਮਰਾਲਾ ਪੁਲਸ ਨੂੰ ਇਸ ਬਾਰੇ ਸੂਚਿਤ ਕੀਤਾ ਗਿਆ। ਸਮਰਾਲਾ ਪੁਲਸ ਵੱਲੋਂ ਉਕਤ ਤਿੰਨ ਦੋਸੀਆਂ ਨੂੰ ਗ੍ਰਿਫਤਾਰ ਕਰ ਮੁਕਦਮਾ ਦਰਜ ਕਰ ਲਿਆ ਗਿਆ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਸਤਿਕਾਰ ਕਮੇਟੀ ਦੇ ਮਨਦੀਪ ਸਿੰਘ ਅਤੇ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਪਿੰਡ ਬੰਬਾਂ ਦੇ ਨਿਵਾਸੀ ਟਹਿਲ ਸਿੰਘ, ਸਰਬਜੀਤ ਸਿੰਘ ਅਤੇ ਅਮਰਜੀਤ ਕੌਰ ਨੇ ਸ੍ਰੀ ਗੁਟਕਾ ਸਾਹਿਬ ਦੇ ਅੰਗਾਂ ਦੀ ਬੇਅਦਬੀ ਕੀਤੀ ਹੈ ਜੋ ਬਹੁਤ ਦੁਖਦਾਇਕ ਹੈ। ਇਨ੍ਹਾਂ ਦੋਸੀਆਂ ਵੱਲੋਂ ਪਹਿਲਾਂ ਸ੍ਰੀ ਗੁਟਕਾ ਸਾਹਿਬ ਨੂੰ ਅਗਨ ਭੇਟ ਕਰ ਨੀਲੋ ਨਹਿਰ ਦੇ ਵਿਚ ਜਲ ਪ੍ਰਵਾਹ ਕਰ ਦਿੱਤਾ ਗਿਆ ਤੇ ਬਾਅਦ ਦੇ ਵਿਚ ਘਰ ਵਿਚ ਰੱਖੇ ਸ੍ਰੀ ਗੁਟਕਾ ਸਾਹਿਬ ਦੇ ਅੰਗਾਂ ਨੂੰ ਫਾੜ ਕੇ ਘਰ ਦੀ ਛੱਤ 'ਤੇ ਸੁੱਟ ਦਿੱਤਾ ਗਿਆ। ਇਸ ਬਾਬਤ ਜਦੋਂ ਆਲੇ-ਦੁਆਲੇ ਲੋਕਾਂ ਨੂੰ ਪਤਾ ਲੱਗਿਆ ਤਾਂ ਉਨ੍ਹਾਂ ਦੀ ਬਹਿਸ ਹੋ ਗਈ। ਸਤਿਕਾਰ ਕਮੇਟੀ ਦੇ ਮੈਂਬਰਾਂ ਨੇ ਦੱਸਿਆ ਕਿ ਇਸ ਸਾਰੀ ਘਟਨਾ ਬਾਰੇ ਲੋਕਲ ਗੁਰਦੁਆਰਾ ਕਮੇਟੀ ਨੂੰ ਪਤਾ ਸੀ, ਪਰ ਉਨ੍ਹਾਂ ਨੇ ਪ੍ਰਸਾਸਨ ਨੂੰ ਨਹੀਂ ਦੱਸਿਆ, ਇਸ ਲਈ ਉਨ੍ਹਾਂ ਨੇ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ 'ਤੇ ਵੀ ਕਾਰਵਾਈ ਦੀ ਮੰਗ ਕੀਤੀ। ਇਸ ਮਾਮਲੇ ਬਾਰੇ ਡੀ.ਐੱਸ.ਪੀ. ਤਰਲੋਚਨ ਸਿੰਘ ਦਾ ਕਹਿਣਾ ਸੀ ਕਿ ਪਿੰਡ ਬੰਬਾ ਦੇ ਵਿਚ ਸ੍ਰੀ ਗੁਟਕਾ ਸਾਹਿਬ ਦੇ ਅੰਗਾਂ ਦੀ ਬੇਅਦਬੀ ਦੇ ਮਾਮਲੇ ਦੇ ਵਿਚ ਉਕਤ ਤਿੰਨ ਦੋਸੀਆਂ ਤੇ ਮੁਕਦਮਾ ਦਰਜ ਕਰ ਦਿੱਤਾ ਗਿਆ ਹੈ ਅਤੇ ਅੱਗੇ ਦੀ ਜਾਂਚ ਜਾਰੀ ਹੈ। ਡੀ.ਐੱਸ.ਪੀ. ਦਾ ਕਹਿਣਾ ਸੀ ਕਿ ਜੇਕਰ ਅੱਗੇ ਤੋਂ ਅਜਿਹੇ ਕੋਈ ਘਟਨਾ ਵਾਪਰੇਗੀ ਤਾਂ ਉਸ ਨਾਲ ਸਬੰਧਤ ਗੁਰਦੁਆਰਾ ਕਮੇਟੀ ਦੇ ਮੈਂਬਰਾਂ 'ਤੇ ਵੀ ਸਖਤ ਕਾਰਵਾਈ ਕੀਤੀ ਜਾਵੇਗੀ।

## ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸ਼ਹੀਦੀ ਹ਼ਫਤੇ ਨੂੰ ਮੁੱਖ ਰੱਖਦਿਆਂ ਲੋਕ ਸਭਾ ਉਮੀਦਵਾਰਾਂ ਲਈ ਜਾਰੀ ਕੀਤੇ ਹੁਕਮ

ਅੰਮ੍ਰਿਤਸਰ 3 ਜੂਨ। ਦੇਸ਼ ਭਰ ਵਿੱਚ ਚੋਣਾਂ ਹੋਣ ਮਗਰੋਂ ਉਮੀਦਵਾਰਾਂ ਦੀਆਂ ਨਜ਼ਰਾਂ ਹੁਣ ਲੋਕ ਸਭਾ ਚੋਣਾਂ 2024 ਦੇ ਨਤੀਜਿਆਂ 'ਤੇ ਟਿਕੀਆਂ ਹੋਈਆਂ ਹਨ। ਉਮੀਦਵਾਰਾਂ ਵਲੋਂ ਆਪਣੀ ਜਿੱਤ ਨੂੰ ਯਕੀਨੀ ਮੰਨਦਿਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਸਭ ਦੇ ਮੱਦੇਨਜਰ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਹੁਕਮ ਜਾਰੀ ਕਰਕੇ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ 4 ਜੂਨ ਨੂੰ ਲੋਕ ਸਭਾ ਚੋਣਾਂ 2024 ਦਾ ਨਤੀਜਾ ਆਉਣਾ ਹੈ। ਇਸ ਦੇ ਨਾਲ ਹੀ ਜੂਨ ਦਾ ਪਹਿਲਾ ਹ਼ਫਤਾ ਵੀ ਸਿੱਖ ਕੌਮ ਵੱਲੋਂ ਸ਼ਹੀਦੀ ਹ਼ਫਤੇ ਦੇ ਨਾਂ ਹੇਠ ਮਨਾਇਆ ਜਾਂਦਾ ਹੈ, ਕਿਉਂਕਿ ਜੂਨ ਮਹੀਨੇ 'ਚ 1984 ਨੂੰ ਸ੍ਰੀ ਅਕਾਲ ਤਖਤ ਸਾਹਿਬ ਅਤੇ ਸ੍ਰੀ ਹਰਮੰਦਿਰ ਸਾਹਿਬ 'ਤੇ ਭਾਰਤੀ ਹਕੂਮਤ ਵੱਲੋਂ ਟੈਂਕਾਂ ਤੋਪਾਂ ਦੇ ਨਾਲ ਹਮਲਾ ਕੀਤਾ, ਜਿਸ ਦੌਰਾਨ ਹਜ਼ਾਰਾਂ ਸਿੰਘ-ਸਿੰਘਣੀਆਂ ਨੇ ਸ਼ਹੀਦੀਆਂ ਪ੍ਰਾਪਤ ਕੀਤੀਆਂ। ਉਨ੍ਹਾਂ ਨੂੰ ਸਮੁੱਚੇ ਸੰਸਾਰ 'ਚ ਵੱਸਦੇ ਸਿੱਖ ਸ਼ਰਧਾਂਜਲੀ ਭੇਂਟ ਕਰਦੇ ਹਨ ਅਤੇ ਜੂਨ ਦੇ ਇਸ ਪਹਿਲੇ ਹ਼ਫਤੇ ਨੂੰ ਦੁਖਦਾਈ ਯਾਦ ਵੱਜੋਂ ਮਨਾਉਂਦਾ ਹੈ। ਉਨ੍ਹਾਂ ਕਿਹਾ ਕਿ ਜੂਨ 84 ਦੇ ਇਸ ਘੱਲੂਘਾਰੇ ਨੂੰ ਤੀਜੇ ਘੱਲੂਘਾਰੇ ਦਾ ਨਾਂ ਸ੍ਰੀ ਅਕਾਲ ਤਖਤ ਸਾਹਿਬ ਤੋਂ ਦਿੱਤਾ ਗਿਆ ਹੈ। ਇਸ ਲਈ ਅਪੀਲ ਕੀਤੀ ਜਾਂਦੀ ਹੈ ਕਿ 4 ਜੂਨ ਨੂੰ ਜਿਹੜੇ ਉਮੀਦਵਾਰ ਲੋਕ ਸਭਾ ਚੋਣਾਂ ਵਿੱਚ ਜਿੱਤ ਕੇ ਆਉਂਦੇ ਹਨ, ਉਹ ਸਹੀਦੀ ਹਫਤੇ ਦੇ ਚਲਦਿਆਂ ਇਨ੍ਹਾਂ ਦਿਹਾੜਿਆਂ ਪ੍ਰਤੀ ਸਿੱਖਾਂ ਭਾਵਨਾਵਾਂ ਦੇ ਮੱਦੇਨਜਰ ਨਤੀਜਿਆਂ ਮਗਰੋਂ ਢੋਲ-ਢਮੱਕੇ ਨਾਲ ਜਾਂ ਸਪੀਕਰ ਲਗਾ ਕੇ ਖੁਸੀ ਦਾ ਜਸਨ ਬਿਲਕੁਲ ਨਾ ਕਰਨ। ਸਗੋਂ ਗੁਰੂ ਘਰ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਸੁਕਰਾਨਾ ਜਰੂਰ ਕਰਨ।

## ਵਿਅਕਤੀ ਨੇ ਰੇਲਗੱਡੀ ਅੱਗੇ ਛਾਲ ਮਾਰ ਕੇ ਕੀਤੀ ਖੁਦਕੁਸ਼ੀ

ਅਬੋਹਰ 3 ਜੂਨ। ਅਬੋਹਰ-ਹਨੂੰਮਾਨਗੜ੍ਹ ਰੋਡ 'ਤੇ ਬੀਤੀ ਰਾਤ ਰੇਲਵੇ ਓਵਰਬ੍ਰਿਜ ਦੇ ਹੇਠਾਂ ਪਿੰਡ ਦੁਤਾਰਾਂਵਾਲੀ ਵਾਸੀ ਇਕ ਵਿਅਕਤੀ ਨੇ ਰੇਲ ਗੱਡੀ ਅੱਗੇ ਛਾਲ ਮਾਰ ਕੇ ਖੁਦਕੁਸ਼ੀ ਕਰ ਲਈ। ਸੂਚਨਾ ਮਿਲਣ 'ਤੇ ਜੀ. ਆਰ. ਪੀ. ਦੇ ਜਵਾਨਾਂ ਨੇ ਸਮਾਜਸੇਵੀ ਸੰਸਥਾ ਨਰ ਸੇਵਾ ਨਰਾਇਣ ਸੇਵਾ ਸੰਮਤੀ ਦੇ ਸਹਿਯੋਗ ਨਾਲ ਲਾਸ਼ ਨੂੰ ਸਿਵਲ ਹਸਪਤਾਲ ਦੇ ਮੁਰਦਾਘਰ 'ਚ ਰਖਵਾ ਕੇ ਮ੍ਰਿਤਕ ਦੇ ਵਾਰਸਾਂ ਦੇ ਬਿਆਨਾਂ 'ਤੇ ਧਾਰਾ 174 ਤਹਿਤ ਕਾਰਵਾਈ ਕਰਦੇ ਹੋਏ ਲਾਸ਼ ਉਨ੍ਹਾਂ ਨੂੰ ਸੌਂਪ ਦਿੱਤੀ। ਜਾਣਕਾਰੀ ਅਨੁਸਾਰ ਪਿੰਡ ਦੁਤਾਰਾਂਵਾਲੀ ਦਾ ਰਹਿਣ ਵਾਲਾ ਕਰੀਬ 50 ਸਾਲਾ ਰਾਜਾਰਾਮ ਬੀਤੇ ਦਿਨ ਆਪਣੀ ਨੂੰਹ ਨੂੰ ਪਹਿਲਾਂ ਪੇਕੇ ਦੇ ਲਈ ਬੱਸ 'ਤੇ ਚੜ੍ਹਾਇਆ ਅਤੇ ਫਿਰ ਖੁਦ ਅਬੋਹਰ ਆ ਗਿਆ। ਜਿੱਥੇ ਦੇਰ ਰਾਤ ਰਾਜਾਰਾਮ ਨੇ ਹਨੂੰਮਾਨਗੜ੍ਹ ਰੋਡ ਓਵਰਬ੍ਰਿਜ ਹੇਠਾਂ ਬਠਿੰਡਾ ਤੋਂ ਸ਼੍ਰੀਗੰਗਾਨਗਰ ਜਾਣ ਵਾਲੀ ਰੇਲਗੱਡੀ ਅੱਗੇ ਛਾਲ ਮਾਰ ਕੇ ਖੁਦਕੁਸ਼ੀ ਕਰ ਲਈ। ਇਸ ਸਬੰਧੀ ਸੂਚਨਾ ਮਿਲਣ 'ਤੇ ਜੀ. ਆਰ. ਪੀ. ਮੁਲਾਜ਼ਮ ਮੌਕੇ 'ਤੇ ਪੁੱਜੇ। ਸੂਚਨਾ ਮਿਲਣ 'ਤੇ ਸਮਾਜਸੇਵੀ ਸੰਸਥਾ ਨਰ ਸੇਵਾ ਨਰਾਇਣ ਸੇਵਾ ਸੰਮਤੀ ਦੇ ਮੈਂਬਰ ਬਿੱਟੂ ਨਰੂਲਾ ਅਤੇ ਸੋਨੂੰ ਗਰੋਵਰ ਨੇ ਮੌਕੇ 'ਤੇ ਪਹੁੰਚ ਕੇ ਮ੍ਰਿਤਕ ਦੀ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਦੀ ਮੋਰਚਰੀ 'ਚ ਰਖਵਾਈ।

# ਇਹ ਕੰਮ ਨਾ ਕੀਤਾ ਤਾਂ ਰੱਦ ਹੋ ਜਾਵੇਗਾ 'ਗੈਸ ਕੁਨੈਕਸ਼ਨ', ਮੁਫਤ 'ਚ ਚੁੱਕੋ ਫਾਇਦਾ

ਸਰਦੂਲ ਸਿੰਘ

ਜਲੰਧਰ 3 ਜੂਨ। ਗੈਸ ਖਪਤਕਾਰਾਂ ਲਈ ਈ.-ਕੇ. ਵਾਈ. ਸੀ. (ਇਲੈਕਟ੍ਰਾਨਿਕ- ਨੋ ਯੂਅਰ ਕਸਟਮਰ) ਕਰਵਾਉਣਾ ਬਹੁਤ ਮਹੱਤਵਪੂਰਨ ਹੈ। ਪੈਟਰੋਲੀਅਮ ਮੰਤਰਾਲੇ ਵਲੋਂ ਗੈਸ ਕੰਪਨੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ, ਜਿਸ ਦੇ ਮੱਦੇਨਜਰ ਗੈਸ ਏਜੰਸੀਆਂ ਨੂੰ ਤੇਜੀ ਨਾਲ ਈ.-ਕੇ. ਵਾਈ.ਸੀ. ਪ੍ਰਕਿਰਿਆ ਪੂਰੀ ਕਰਨੀ ਹੋਵੇਗੀ। ਇਸ ਦੇ ਲਈ ਸਰਕਾਰ ਜਾਂ ਗੈਸ ਏਜੰਸੀਆਂ ਵਲੋਂ ਕੋਈ ਡੈੱਡਲਾਈਨ (ਆਖਰੀ ਤਾਰੀਖ) ਨਹੀਂ ਰੱਖੀ ਗਈ ਹੈ। ਪੈਟਰੋਲੀਅਮ ਮੰਤਰਾਲੇ ਵਲੋਂ ਗੈਸ ਏਜੰਸੀਆਂ ਨੂੰ ਹੁਕਮ ਦਿੱਤੇ ਗਏ ਹਨ ਕਿ ਉਹ ਖਪਤਕਾਰ ਦੇ ਘਰ ਜਾ ਕੇ ਮੁਫਤ 'ਚ ਈ.-ਕੇ. ਵਾਈ. ਸੀ. ਪ੍ਰਕਿਰਿਆ ਪੂਰੀ ਕਰਨ। ਦੂਜੇ ਪਾਸੇ ਇੰਡੀਅਨ ਆਇਲ-1 ਵਰਗੀ ਐਪਲੀਕੇਸ਼ਨ ਜਰੀਏ ਵੀ ਇਸ ਪ੍ਰਕਿਰਿਆ ਨੂੰ ਪੂਰਾ ਕੀਤਾ ਜਾ ਸਕਦਾ ਹੈ। ਇਸ ਦੇ ਲਈ ਆਧਾਰ ਕਾਰਡ ਨੰਬਰ ਤੇ ਲਿੰਕ ਮੋਬਾਇਲ ਨੰਬਰ ਦਾ ਹੋਣਾ ਜਰੂਰੀ ਹੈ। ਲਿੰਕ ਮੋਬਾਇਲ 'ਤੇ ਓ. ਟੀ. ਪੀ. ਆਵੇਗਾ, ਜਿਸ ਤੋਂ ਬਾਅਦ ਇਸ ਪ੍ਰਕਿਰਿਆ ਨੂੰ ਪੂਰਾ ਕੀਤਾ ਜਾ ਸਕਦਾ ਹੈ। ਜਿਹੜੇ ਖਪਤਕਾਰ ਏਜੰਸੀ 'ਚ ਜਾ ਕੇ ਇਸ ਪ੍ਰਕਿਰਿਆ ਨੂੰ ਪੂਰਾ ਕਰਨਾ ਚਾਹੁੰਦੇ ਹਨ, ਉਨ੍ਹਾਂ ਲਈ ਵੀ ਬਦਲ ਮੁਹੱਈਆ ਹੈ। ਖਪਤਕਾਰ ਨੂੰ ਜਦੋਂ ਵੀ ਸਮਾਂ ਮਿਲੇ, ਉਹ ਆਪਣੇ ਕੁਨੈਕਸ਼ਨ ਨਾਲ ਸਬੰਧਤ ਗੈਸ ਏਜੰਸੀ 'ਚ ਜਾ ਕੇ ਈ.-ਕੇ. ਵਾਈ. ਸੀ. ਕਰਵਾ ਸਕਦੇ ਹਨ। ਪਰਿਵਾਰ ਦਾ ਕੋਈ ਹੋਰ ਵਿਅਕਤੀ ਏਜੰਸੀ 'ਚ ਜਾ ਕੇ ਇਸ ਪ੍ਰਕਿਰਿਆ ਨੂੰ ਪੂਰਾ ਨਹੀਂ ਕਰ ਸਕਦਾ। ਇਸ ਦੇ ਲਈ ਖਾਤਾ ਧਾਰਕ ਦਾ ਫਿਜੀਕਲ ਰੂਪ 'ਚ (ਮੌਕੇ 'ਤੇ) ਹਾਜਰ ਹੋਣਾ ਜਰੂਰੀ ਹੈ। ਇਲੈਕਟ੍ਰਾਨਿਕ ਮਸ਼ੀਨ 'ਤੇ ਅੰਗੂਠੇ ਦੇ ਨਾਲ ਬਾਇਓ-ਮੈਟ੍ਰਿਕ ਜਾਂ ਫੇਸ ਰਿਕਾਗਨੀਕੇਸ਼ਨ ਨਾਲ ਈ.-ਕੇ. ਵਾਈ. ਸੀ. ਦੀ ਪ੍ਰਕਿਰਿਆ ਪੂਰੀ ਕੀਤੀ ਜਾਵੇਗੀ। ਸਰਕਾਰ ਵਲੋਂ ਈ.-ਕੇ. ਵਾਈ. ਸੀ. ਰਾਹੀਂ ਖਪਤਕਾਰਾਂ ਦੀ ਤਸਦੀਕ ਪ੍ਰਕਿਰਿਆ ਕੀਤੀ ਜਾ ਰਹੀ ਹੈ। ਸਾਧਾਰਨ ਸਬਦਾਂ 'ਚ ਈ.-ਕੇ. ਵਾਈ. ਸੀ. ਦਾ ਮਤਲਬ ਆਪਣੇ ਗਾਹਕ ਨੂੰ ਜਾਣੋ। ਆਪਣੇ ਗੈਸ ਕੁਨੈਕਸਨ ਨੂੰ ਜਾਰੀ ਰੱਖਣ ਲਈ ਇਸ ਪ੍ਰਕਿਰਿਆ ਨੂੰ ਪੂਰਾ ਕਰਨਾ ਬਹੁਤ ਜਰੂਰੀ ਹੈ, ਨਹੀਂ ਤਾਂ ਭਵਿੱਖ 'ਚ ਗੈਸ ਕੁਨੈਕਸਨ ਬੰਦ ਹੋ ਜਾਵੇਗਾ ਤੇ ਸਬਸਿਡੀ ਵੀ ਬੰਦ ਹੋ ਜਾਵੇਗੀ। ਸੋਸ਼ਲ ਮੀਡੀਆ 'ਤੇ ਕੁਝ ਦਿਨਾਂ ਤੋਂ ਅਫਵਾਹ ਫੈਲੀ ਹੋਈ ਹੈ ਕਿ 31 ਮਈ ਤਕ ਈ.-ਕੇ. ਵਾਈ. ਸੀ. ਨਾ ਕਰਵਾਉਣ ਦੀ ਸੂਰਤ 'ਚ 1 ਜੂਨ ਨੂੰ ਗੈਸ ਕੁਨੈਕਸ਼ਨ ਰੱਦ ਕਰ ਦਿੱਤੇ ਜਾਣਗੇ, ਹਾਲਾਂਕ ਸਰਕਾਰ ਤੇ ਗੈਸ ਏਜੰਸੀਆਂ ਵਲੋਂ ਅਜਿਹਾ ਕੋਈ ਹੁਕਮ ਜਾਰੀ ਨਹੀਂ ਕੀਤਾ ਗਿਆ, ਜਿਸ 'ਚ 31 ਮਈ ਤਕ ਈ.-ਕੇ. ਵਾਈ. ਸੀ. ਕਰਵਾਉਣਾ ਜਰੂਰੀ ਦੱਸਿਆ ਗਿਆ ਹੈ। ਇਸ ਅਫਵਾਹ ਤੋਂ ਘਬਰਾਉਣ ਦੀ ਲੋੜ ਨਹੀਂ ਹੈ ਕਿਉਂਕਿ ਖਪਤਕਾਰ ਆਪਣੇ ਸਮੇਂ ਦੀ ਉਪਲੱਬਧਤਾ ਦੇ ਹਿਸਾਬ ਨਾਲ ਈ.-ਕੇ. ਵਾਈ. ਸੀ. ਕਰਵਾ ਸਕਦੇ ਹਨ। ਕਿਸੇ ਦਾ ਗੈਸ ਕੁਨੈਕਸ਼ਨ ਫਿਲਹਾਲ ਰੱਦ ਨਹੀ ਕੀਤਾ ਜਾਵੇਗਾ। ਦੂਜੇ ਪਾਸੇ ਅਫਵਾਹ ਕਾਰਨ ਕਈ ਗੈਸ ਏਜੰਸੀਆਂ 'ਚ ਲੋਕਾਂ ਦੀ ਭੀੜ ਦੇਖਣ ਨੂੰ ਮਿਲੀ। ਗੈਸ



ਏਜੰਸੀ ਨਾਲ ਸਬੰਧਤ ਕਰਮਚਾਰੀਆਂ ਦਾ ਕਹਿਣਾ ਸੀਂ ਕ ਕਈ ਲੋਕਾਂ ਦੀ ਈ.-ਕੇ. ਵਾਈ. ਸੀ. ਪਹਿਲਾਂ ਤੋਂ ਅਪਡੇਟ ਹੋਣ ਦੇ ਬਾਵਜੂਦ ਲੋਕ ਲੰਮੇ ਸਮੇਂ ਤਕ ਲਾਈਨਾਂ 'ਚ ਲੱਗੇ ਰਹੇ। ਖਪਤਕਾਰ ਦਾ ਈ.-ਕੇ. ਵਾਈ. ਸੀ. ਕਰਨ ਦੀ ਜ਼ਿੰਮੇਵਾਰੀ ਗੈਸ ਏਜੰਸੀਆਂ ਨੂੰ ਦਿੱਤੀ ਗਈ ਹੈ। ਇਸ ਦੇ ਲਈ ਗੈਸ ਏਜੰਸੀ ਦਾ ਪ੍ਰਤੀਨਿਧੀ ਖਪਤਕਾਰ ਦੇ ਘਰ ਜਾਵੇਗਾ ਤੇ ਮੌਕੇ 'ਤੇ ਮੁਫਤ ਈ.-ਕੇ. ਵਾਈ. ਸੀ. ਦੀ ਪ੍ਰਕਿਰਿਆ ਪੂਰੀ ਕੀਤੀ ਜਾਵੇਗੀ। ਇਸ ਦੇ ਲਈ ਗੈਸ ਏਜੰਸੀ ਨੂੰ ਪ੍ਰਤੀ ਖਪਤਕਾਰ 50 ਰੁਪਏ ਗੈਸ ਕੰਪਨੀ ਵਲੋਂ ਦਿੱਤੇ ਜਾਣਗੇ, ਇਸ ਕਾਰਨ ਖਪਤਕਾਰ ਨੂੰ ਟੈਂਸ਼ਨ ਲੈਣ ਦੀ ਲੋੜ ਨਹੀਂ ਹੈ। ਉਥੇ ਹੀ ਪ੍ਰਤੀਨਿਧੀ ਵਲੋਂ ਮੌਕੇ 'ਤੇ ਗੈਸ ਦੀ ਪਾਈਪ ਆਦਿ ਦੀ ਜਾਂਚ ਕੀਤੀ ਜਾਵੇਗੀ ਤੇ 190 ਵਾਲੀ ਪਾਈਪ 140 ਰੁਪਏ 'ਚ ਮੁਹੱਈਆ ਕਰਵਾਈ ਜਾਵੇਗੀ। ਇਲੈਕਟ੍ਰਾਨਿਕ ਜਾਂਚ ਕਨਫਰਮੇਸ਼ਨ ਨੂੰ ਈ.-ਕੇ. ਵਾਈ. ਸੀ. ਦੇ ਤੌਰ 'ਤੇ ਜਾਣਿਆ ਜਾਂਦਾ ਹੈ। ਇਸ ਇਲੈਕਟ੍ਰਾਨਿਕ ਸਿਸਟਮ ਜਰੀਏ ਸਬੰਧਤ ਖਪਤਕਾਰ ਦੇ ਮੌਜੂਦ ਹੋਣ ਦੀ ਪੁਸ਼ਟੀ ਕੀਤੀ ਜਾਂਦੀ ਹੈ। ਇਸ ਜਰੀਏ ਨਿੱਜੀ ਜਾਣਕਾਰੀ ਨੂੰ ਡਿਜੀਟਲ ਰੂਪ 'ਚ ਸਵੀਕਾਰ ਕੀਤਾ ਜਾਂਦਾ ਹੈ। ਗੈਸ ਸਪਲਾਈ ਨਾਲ ਸਬੰਧਤ ਜ਼ਿਲ੍ਹਾ ਨੋਡਲ ਅਫਸਰ ਤੁਸ਼ਾਰ ਸ਼ਰਮਾ ਨੇ ਕਿਹਾ ਕਿ 31 ਮਈ ਤੋਂ ਬਾਅਦ ਗੈਸ ਕੁਨੈਕਸ਼ਨ ਬੰਦ ਹੋਣ ਸਬੰਧੀ ਕੋਈ ਹੁਕਮ ਨਹੀਂ ਹੈ। ਪੈਟਰੋਲੀਅਮ ਮੰਤਰਾਲੇ ਵਲੋਂ ਈ.-ਕੇ. ਵਾਈ. ਸੀ. ਦੀ ਪ੍ਰਕਿਰਿਆ ਪੂਰੀ ਕਰਵਾਉਣ ਦੀਆਂ ਹਦਾਇਤਾਂ ਦਿੱਤੀਆਂ ਗਈਆਂ ਹਨ। ਇਸ ਕਾਰਨ ਗੈਸ ਏਜੰਸੀਆਂ ਨੂੰ ਹੁਕਮ ਦਿੱਤੇ ਗਏ ਹਨ ਕਿ ਉਹ ਖਪਤਕਾਰਾਂ ਦੇ ਘਰ ਜਾ ਕੇ ਈ.-ਕੇ. ਵਾਈ. ਸੀ. ਜਲਦ ਤੋਂ ਜਲਦ ਪੂਰੀ ਕਰਵਾਉਣ।